@Qpatrika | @qaumipatrika punjabi | instagram.com/ qaumipatrika

Largest Circulated

CMYK

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Friday, 21 August 2026

VISIT: www.qaumipatrika.org Email: qpatrika@gmail.com

ਨਵੀਂ ਦਿੱਲੀ: ਸ਼ੁੱਕਰਵਾਰ 21 ਅਗਸਤ 2026, 6 ਭਾਦੋਂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 287, qpatrika@gmail.com ਫੋਨ : 9971359517 www.qaumipatrika.org

# ਪ੍ਰਧਾਨ ਮੰਤਰੀ ਮੋਦੀ ਨੇ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਨੂੰ ਉਨ੍ਹਾਂ ਦੀ ਜਯੰਤੀ ’ਤੇ ਭੇਟ ਕੀਤੀ ਸ਼ਰਧਾਂਜਲੀ

**ਕੌਮੀ ਪਤ੍ਰਿਕਾ**
**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 20 ਅਗਸਤ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਨੂੰ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਨੂੰ ਉਨ੍ਹਾਂ ਦੀ ਜਨਮ ਵਰ੍ਹੇਗੰਢ ’ਤੇ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਨੇ ਕਾਂਗਰਸ ਨੇਤਾ ਰਾਜੀਵ ਗਾਂਧੀ ਨੂੰ ਯਾਦ ਕੀਤਾ, ਜਿਨ੍ਹਾਂ ਨੇ 1984 ਤੋਂ 1989 ਤੱਕ ਭਾਰਤ ਦੇ ਪ੍ਰਧਾਨ ਮੰਤਰੀ ਵਜੋਂ ਸੇਵਾ ਨਿਭਾਈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਸ਼ਲ ਮੀਡੀਆ ਪਲੇਟਫਾਰਮ ‘ਐਕਸ’ ’ਤੇ ਇੱਕ ਪੋਸਟ ਵਿੱਚ ਕਿਹਾ, ਅੱਜ ਉਨ੍ਹਾਂ ਦੀ ਜਨਮ ਵਰ੍ਹੇਗੰਢ ’ਤੇ ਸਾਬਕਾ ਪ੍ਰਧਾਨ ਮੰਤਰੀ ਸ਼੍ਰੀ ਰਾਜੀਵ ਗਾਂਧੀ ਜੀ ਨੂੰ ਮੇਰੀਆਂ ਸ਼ਰਧਾਂਜਲੀਆਂ। 20 ਅਗਸਤ, 1944 ਨੂੰ ਜਨਮੇ ਰਾਜੀਵ ਗਾਂਧੀ ਅਕਤੂਬਰ 1984 ਵਿੱਚ ਆਪਣੀ ਮਾਂ ਅਤੇ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਤੋਂ ਬਾਅਦ 40 ਸਾਲ ਦੀ ਉਮਰ ਵਿੱਚ ਭਾਰਤ ਦੇ ਸਭ ਤੋਂ ਘੱਟ ਉਮਰ ਦੇ ਪ੍ਰਧਾਨ ਮੰਤਰੀ ਬਣੇ। ਇਸ ਤੋਂ ਬਾਅਦ 1989 ਦੀਆਂ ਲੋਕ ਸਭਾ ਚੋਣਾਂ ਵਿੱਚ ਪਾਰਟੀ ਦੀ ਹਾਰ ਤੱਕ ਕਾਂਗਰਸ ਅਤੇ ਦੇਸ਼ ਦੀ ਅਗਵਾਈ ਕੀਤੀ। ਰਾਜੀਵ ਗਾਂਧੀ ਦਾ ਕਾਰਜਕਾਲ ਆਧੁਨਿਕੀਕਰਨ ਅਤੇ ਤਕਨਾਲੋਜੀ ਦੀ ਵਰਤੋਂ ’ਤੇ ਜ਼ੋਰ ਦੇਣ ਲਈ ਜਾਣਿਆ ਜਾਂਦਾ ਹੈ। ਉਨ੍ਹਾਂ ਦੀ ਸਰਕਾਰ ਨੇ ਸਿੱਖਿਆ ਅਤੇ ਪੰਚਾਇਤੀ ਰਾਜ ਵਰਗੇ ਖੇਤਰਾਂ ਵਿੱਚ ਪਹਿਲਕਦਮੀਆਂ ਤੋਂ ਇਲਾਵਾ ਕੰਪਿਊਟਰੀਕਰਨ ਅਤੇ ਦੂਰਸੰਚਾਰ ਦੇ ਵਿਸਥਾਰ ਨੂੰ ਉਤਸ਼ਾਹਿਤ ਕੀਤਾ। ਉਨ੍ਹਾਂ ਦੀ ਸਰਕਾਰ ਨੇ ਵੋਟ ਪਾਉਣ ਦੀ ਉਮਰ ਵੀ 21 ਸਾਲ ਤੋਂ ਘਟਾ ਕੇ



18 ਸਾਲ ਕਰ ਦਿੱਤੀ। 1989 ਵਿੱਚ ਕਾਂਗਰਸ ਦੇ ਸੱਤਾ ਗੁਆਉਣ ਤੋਂ ਬਾਅਦ, ਰਾਜੀਵ ਗਾਂਧੀ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਬਣੇ। 21 ਮਈ, 1991 ਨੂੰ ਤਾਮਿਲਨਾਡੂ ਦੇ ਸ਼੍ਰੀਪੇਰੰਬਦੂਰ ਵਿੱਚ ਲੋਕ ਸਭਾ ਚੋਣਾਂ ਲਈ ਪ੍ਰਚਾਰ ਕਰਦੇ ਸਮੇਂ ਇੱਕ ਬੰਬ ਧਮਾਕੇ ਵਿੱਚ ਉਨ੍ਹਾਂ ਦੀ ਹੱਤਿਆ ਕਰ ਦਿੱਤੀ ਗਈ ਸੀ। ਕਾਂਗਰਸ ਉਨ੍ਹਾਂ ਦੀ ਜਨਮ ਵਰ੍ਹੇਗੰਢ ਨੂੰ ‘ਸੱਚਛਾਗਵਾਨ ਦਿਵਸ’ ਵਜੋਂ ਮਨਾਉਂਦੀ ਹੈ, ਜਿੱਥੇ ਪਾਰਟੀ ਦੇ ਨੇਤਾ ਅਤੇ ਵਰਕਰ ਨਵੀਂ ਦਿੱਲੀ ਵਿਖੇ ਉਨ੍ਹਾਂ ਦੀ ਯਾਦਗਾਰ ‘ਵੀਰ ਭੂਮੀ’ ’ਤੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੰਦੇ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਨਿਯਮਿਤ ਤੌਰ ’ਤੇ ਰਾਜੀਵ ਗਾਂਧੀ ਨੂੰ ਉਨ੍ਹਾਂ ਦੀ ਜਨਮ ਵਰ੍ਹੇਗੰਢ ’ਤੇ ਸ਼ਰਧਾਂਜਲੀ ਦਿੱਤੀ ਹੈ। 2024 ਵਿੱਚ ਉਨ੍ਹਾਂ ਨੇ ਪੋਸਟ ਕੀਤਾ, ਸਾਡੇ ਸਾਬਕਾ ਪ੍ਰਧਾਨ ਮੰਤਰੀ ਸ਼੍ਰੀ ਰਾਜੀਵ ਗਾਂਧੀ ਜੀ ਨੂੰ ਉਨ੍ਹਾਂ ਦੀ ਜਨਮ ਵਰ੍ਹੇਗੰਢ ’ਤੇ ਸ਼ਰਧਾਂਜਲੀ। ਇਹ ਸ਼ਰਧਾਂਜਲੀ ਅਜਿਹੇ ਸਮੇਂ ਦਿੱਤੀ ਗਈ, ਜਦੋਂ ਰਾਜੀਵ ਗਾਂਧੀ ਦੀ ਰਾਜਨੀਤਿਕ ਵਿਰਾਸਤ ਨਹਿਰੂ-ਗਾਂਧੀ ਪਰਿਵਾਰ ਅਤੇ ਕਾਂਗਰਸ ਨਾਲ ਡੂੰਘੀ ਤਰ੍ਹਾਂ ਜੁੜੀ ਹੋਈ ਹੈ। ਉਨ੍ਹਾਂ ਦਾ ਪੁੱਤਰ ਰਾਹੁਲ ਗਾਂਧੀ, ਇਸ ਸਮੇਂ ਲੋਕ ਸਭਾ ਵਿੱਚ ਵਿਰੋਧੀ ਧਿਰ ਦਾ ਨੇਤਾ ਹੈ ਅਤੇ ਪਾਰਟੀ ਦੇ ਪ੍ਰਮੁੱਖ ਨੇਤਾਵਾਂ ਵਿੱਚੋਂ ਇੱਕ ਹੈ।

# ‘ਸਿੱਖ ਕਤਲੇਆਮ ਦਾ ਸਭ ਤੋਂ ਵੱਡਾ ਮਗਰਮੱਛ ਸੀ ਸੱਜਣ ਕੁਮਾਰ’ : ਮਨਜੀਤ ਸਿੰਘ ਜੀਕੇ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 20 ਅਗਸਤ। 1984 ਦੇ ਸਿੱਖ ਕਤਲੇਆਮ ਦੇ ਮੁੱਖ ਦੋਸ਼ੀ ਅਤੇ ਸਾਬਕਾ ਕਾਂਗਰਸੀ ਆਗੂ ਸੱਜਣ ਕੁਮਾਰ ਦੀ ਜੇਲ੍ਹ ’ਚ ਮੌਤ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਇਸ ਖ਼ਬਰ ’ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਮਨਜੀਤ ਸਿੰਘ ਜੀ.ਕੇ. ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਮਨਜੀਤ ਸਿੰਘ ਜੀ.ਕੇ. ਨੇ ਕਿਹਾ ਕਿ ਸੱਜਣ ਕੁਮਾਰ 1984 ਦੇ ਸਿੱਖ ਕਤਲੇਆਮ ਦਾ ਸਭ ਤੋਂ ਵੱਡਾ ਮਗਰਮੱਛ ਸੀ। ਉਨ੍ਹਾਂ ਕਿਹਾ ਕਿ ਕਤਲੇਆਮ ਦੇ ਹੋਰ ਮੁੱਖ ਦੋਸ਼ੀ ਜਿਵੇਂ ਧਰਮਦਾਸ ਸ਼ਾਸਤਰੀ, ਐੱਚ.ਕੇ. ਐੱਲ. ਭਗਤ ਅਤੇ ਅਰਜਨ ਦਾਸ ਬਿਨਾਂ ਜੇਲ੍ਹ ਗਏ ਹੀ ਕੁਦਰਤੀ ਮੌਤ ਮਰ ਗਏ ਸਨ, ਪਰ ਸਿੱਖ ਕੌਮ ਨੇ ਸੱਜਣ ਕੁਮਾਰ ਨੂੰ ਸਜ਼ਾ ਦਿਵਾਉਣ ਲਈ 40 ਸਾਲ ਲੰਬੀ ਲੜਾਈ ਲੜੀ ਹੈ। ਉਨ੍ਹਾਂ ਨੇ ਇਸ ਕਾਨੂੰਨੀ ਲੜਾਈ ’ਚ ਡਟੇ ਰਹਿਣ ਵਾਲੇ ਵਕੀਲਾਂ, ਗਵਾਹਾਂ ਅਤੇ ਪੀੜਤਾਂ ਨੂੰ ਸ਼ਾਬਾਸ਼ੀ ਦਿੱਤੀ, ਜਿਨ੍ਹਾਂ ਦੀ ਬਦੌਲਤ ਸੱਜਣ ਕੁਮਾਰ ਪਿਛਲੇ 6 ਸਾਲਾਂ ਤੋਂ ਜੇਲ੍ਹ ’ਚ ਬੰਦ ਸੀ। ਜੀ.ਕੇ. ਨੇ ਦੋਸ਼ ਲਾਇਆ ਕਿ ਪਿਛਲੀਆਂ ਕਾਂਗਰਸ ਸਰਕਾਰਾਂ ਨੇ ਸੱਜਣ ਕੁਮਾਰ ਨੂੰ ਬਚਾਉਣ ਲਈ



ਸਾਰੇ ਸਬੂਤ ਮਿਟਾ ਦਿੱਤੇ ਸਨ ਅਤੇ ਗਵਾਹਾਂ ਨੂੰ ਡਰਾਇਆ-ਧਮਕਾਇਆ ਗਿਆ ਸੀ। ਉਨ੍ਹਾਂ ਦੱਸਿਆ ਕਿ ਕੇਸਾਂ ਦੀ ਪੈਰਵਾਈ ਕਰਨ ਵਾਲੀ ਉਨ੍ਹਾਂ ਦੀ ਟੀਮ ਅਤੇ ਹੋਰ ਸਹਿਯੋਗੀਆਂ ’ਤੇ ਸਰਕਾਰਾਂ ਵੱਲੋਂ ਕਈ ਮੁਕੱਦਮੇ ਦਰਜ ਕੀਤੇ ਗਏ ਤਾਂ ਜੋ ਕੇਸ ਨੂੰ ਕਮਜ਼ੋਰ ਕੀਤਾ ਜਾ ਸਕੇ ਅਤੇ ਉਨ੍ਹਾਂ ਨੂੰ ਪਿੱਛੇ ਹਟਾਇਆ ਜਾ ਸਕੇ। ਸੱਜਣ ਕੁਮਾਰ ਦੇ ਗੁਨਾਹਾਂ ਦਾ ਜ਼ਿਕਰ ਕਰਦਿਆਂ ਜੀ.ਕੇ. ਨੇ ਕਿਹਾ ਕਿ ਉਸ ਨੇ ਬਹੁਤ ਹੀ ਬੇਰਹਿਮੀ ਨਾਲ 14-15 ਸਾਲ ਦੇ ਜਵਾਨ ਬੱਚਿਆਂ, ਉਨ੍ਹਾਂ ਦੇ ਪਿਤਾ ਅਤੇ ਰਿਸ਼ਤੇਦਾਰਾਂ ਦੇ ਕਤਲ ਕਰਵਾਏ, ਕੁੜੀਆਂ ਨਾਲ ਬਲਾਤਕਾਰ ਕੀਤੇ ਗਏ ਅਤੇ ਮ੍ਰਿਤਕਾਂ ਦਾ ਸਸਕਾਰ ਤੱਕ ਨਹੀਂ ਕਰਨ ਦਿੱਤਾ ਗਿਆ। ਪੀੜਤ ਪਰਿਵਾਰਾਂ ਦੀਆਂ ਬੱਚੀਆਂ ਅਤੇ ਔਰਤਾਂ ਨੂੰ ਸਾੜਨ ਲਈ ਆਪਣੇ ਘਰਾਂ ਦਾ ਫਰਨੀਚਰ ਤੱਕ ਤੋੜਿਆ, ਜਿਸ ਕਾਰਨ ਅੱਧੀਆਂ ਲਾਸ਼ਾਂ ਹੀ ਸੜ ਸਕੀਆਂ ਸਨ।

# ਪੰਜਾਬ ਤੇ ਯੂਪੀ ਲਈ ਐਲਾਨੇ ਗਏ ਨਵੇਂ ਇੰਚਾਰਜ, ਜਾਣੋ ਕਿਸ ਨੂੰ ਮਿਲੀ ਕਿਹੜੀ ਜ਼ਿੰਮੇਵਾਰੀ

ਨਵੀਂ ਦਿੱਲੀ 20 ਅਗਸਤ। ਬੀ.ਜੇ.ਪੀ. ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਨੇ ਉੱਤਰ ਪ੍ਰਦੇਸ਼, ਪੰਜਾਬ ਅਤੇ ਗੁਜਰਾਤ ਲਈ ਨਵੇਂ ਰਾਜ ਇੰਚਾਰਜ ਅਤੇ ਸਹਿ-ਇੰਚਾਰਜ ਨਿਯੁਕਤ ਕੀਤੇ ਹਨ। ਇਨ੍ਹਾਂ ’ਚ ਉੱਤਰ ਪ੍ਰਦੇਸ਼ ਲਈ ਵਿਨੋਦ ਤਾਵੜੇ ਦੀ ਨਿਯੁਕਤੀ ਨੂੰ ਅਹਿਮ ਮੰਨਿਆ ਜਾ ਰਿਹਾ ਹੈ। ਬੀ.ਜੇ.ਪੀ. ਨੇ ਉੱਤਰ ਪ੍ਰਦੇਸ਼ ਲਈ ਵਿਨੋਦ ਤਾਵੜੇ ਨੂੰ ਇੰਚਾਰਜ ਅਤੇ ਜਗਦੀਸ਼ ਈਸ਼ਵਰਭਾਈ ਪਟੇਲ ਨੂੰ ਸਹਿ-ਇੰਚਾਰਜ ਨਿਯੁਕਤ ਕੀਤਾ ਹੈ। ਪੰਜਾਬ ਲਈ ਸਤੀਸ਼ ਪੂਨੀਆ ਇੰਚਾਰਜ ਬਣਾਏ ਗਏ ਹਨ, ਜਦਕਿ ਗੁਜਰਾਤ ਲਈ ਤਰੁਣ ਚੁੱਘ ਨੂੰ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਬੀ.ਜੇ.ਪੀ. ਨੇ ਇਹ ਕਦਮ ਆਗਾਮੀ ਵਿਧਾਨ ਸਭਾ ਚੋਣਾਂ ਨੂੰ ਦੇਖਦਿਆਂ ਚੁੱਕਿਆ ਹੈ। ਇਸ ਦਾ ਮਕਸਦ ਸੰਗਠਨ ਨੂੰ ਮਜ਼ਬੂਤ ਕਰਨਾ ਅਤੇ ਚੋਣ ਨਤੀਜਿਆਂ ਨੂੰ ਬਿਹਤਰ ਬਣਾਉਣਾ ਹੈ। ਇਨ੍ਹਾਂ ਨਿਯੁਕਤੀਆਂ ਨੂੰ ਰਾਜਾਂ ’ਚ ਸੰਗਠਨਾਤਮਕ ਗਤੀਵਿਧੀਆਂ ਨੂੰ ਤੇਜ਼ ਕਰਨ ਅਤੇ ਪਾਰਟੀ ਦੀਆਂ ਚੋਣ ਤਿਆਰੀਆਂ ਨੂੰ ਧਾਰ ਦੇਣ ਦੀ ਦਿਸ਼ਾ ’ਚ ਅਹਿਮ ਕਦਮ ਮੰਨਿਆ ਜਾ ਰਿਹਾ ਹੈ। ਦਰਅਸਲ, ਬੀ.ਜੇ.ਪੀ. ’ਚ ਪ੍ਰਦੇਸ਼ ਇੰਚਾਰਜ ਦੀ ਭੂਮਿਕਾ ਕਾਫ਼ੀ ਅਹਿਮ ਹੁੰਦੀ ਹੈ। ਇੰਚਾਰਜ ਕੇਂਦਰੀ ਲੀਡਰਸ਼ਿਪ ਅਤੇ ਰਾਜ ਸੰਗਠਨ ਵਿਚਕਾਰ ਤਾਲਮੇਲ ਦਾ ਕੰਮ ਕਰਦੇ ਹਨ। ਨਾਲ ਹੀ ਉਨ੍ਹਾਂ ਨੂੰ ਸੰਗਠਨ ਦੇ ਵਿਸਥਾਰ, ਨੇਤਾਵਾਂ ਅਤੇ ਵਰਕਰਾਂ ਵਿਚਕਾਰ ਮੇਲ-ਜੋਲ ਅਤੇ ਚੋਣ ਰਣਨੀਤੀ ਨੂੰ ਜ਼ਮੀਨ ’ਤੇ ਉਤਾਰਨ ਦੀ ਜ਼ਿੰਮੇਵਾਰੀ ਵੀ ਨਿਭਾਉਣੀ ਹੁੰਦੀ ਹੈ। ਉੱਤਰ ਪ੍ਰਦੇਸ਼, ਗੁਜਰਾਤ ਅਤੇ ਪੰਜਾਬ ਤਿੰਨੇ ਹੀ ਰਾਜਨੀਤਕ ਤੌਰ ’ਤੇ ਮਹੱਤਵਪੂਰਨ ਰਾਜ ਹਨ। ਯੂ.ਪੀ. ਅਤੇ ਗੁਜਰਾਤ ’ਚ ਹੁਣ ਬੀ.ਜੇ.ਪੀ. ਦੀ ਸਰਕਾਰ ਹੈ ਤਾਂ ਪੰਜਾਬ ’ਚ ਆਮ ਆਦਮੀ ਪਾਰਟੀ ਦੀ ਸਰਕਾਰ ਹੈ। ਅਜਿਹੇ ’ਚ ਇਨ੍ਹਾਂ ਤਿੰਨਾਂ ਰਾਜਾਂ ’ਚ ਨਵੇਂ ਇੰਚਾਰਜਾਂ ਦੀ ਨਿਯੁਕਤੀ ਨਾਲ ਪਾਰਟੀ ਦੇ ਸੰਗਠਨਾਤਮਕ ਕੰਮਕਾਜ ’ਚ ਬਦਲਾਅ ਦੇਖਣ ਨੂੰ ਮਿਲ ਸਕਦਾ ਹੈ।

# ਜਾਤੀ ਜਨਗਣਨਾ ਨੂੰ ਲੈ ਕੇ ਸਰਕਾਰ ਦੇ ਇਰਾਦਿਆਂ ’ਤੇ ਸ਼ੱਕ : ਜੈਰਾਮ ਰਮੇਸ਼

**ਕੌਮੀ ਪਤ੍ਰਿਕਾ**
**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 20 ਅਗਸਤ। ਨਵੀਂ ਦਿੱਲੀ- ਕਾਂਗਰਸ ਨੇ ਜਾਤੀ ਜਨਗਣਨਾ ਦੇ ਮੁੱਦੇ ’ਤੇ ਸਰਕਾਰ ’ਤੇ ਨਿਸ਼ਾਨਾ ਵਿੰਨ੍ਹਿਆ। ਪਾਰਟੀ ਨੇ ਕਿਹਾ ਕਿ ਜਵਾਬ ਦੇਣ ਵਾਲਿਆਂ ਤੋਂ ਜਾਣਕਾਰੀ ਲੈਂਦੇ ਸਮੇਂ ਜਾਤੀਆਂ ਦੀ ਪਹਿਲਾਂ ਤੋਂ ਤਿਆਰ ਸੂਚੀ ਦਾ ਇਸਤੇਮਾਲ ਨਾ ਕਰਨ ਨਾਲ ਸਰਕਾਰ ਦੇ ‘ਇਰਾਦੇ ’ਤੇ ਗੰਭੀਰ ਸ਼ੱਕ’ ਪੈਦਾ ਹੁੰਦਾ ਹੈ ਅਤੇ ਇਸ ਬਾਰੇ ਸਿਆਸੀ ਦਲਾਂ ਨਾਲ ਕੋਈ ਗੱਲਬਾਤ ਵੀ ਨਹੀਂ ਕੀਤੀ ਗਈ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਇਹ ਵੀ ਕਿਹਾ ਕਿ ਇਹ ਉਮੀਦ ਕੀਤੀ ਜਾਂਦੀ ਸੀ ਕਿ ਬਿਹਾਰ ਅਤੇ ਤੇਲੰਗਾਨਾ ’ਚ ਕੀਤੇ ਗਏ ਜਾਤੀ ਸਰਵੇਖਣਾਂ ਵਾਂਗ, ਰਾਜ ਵਾਰ ਪਹਿਲਾਂ ਤੋਂ ਤਿਆਰ ਸੂਚੀ ਨਾਲ ਪੁੱਛਿਆ ਜਾਵੇਗਾ ਅਤੇ ਉੱਤਰ ਦੇ ਅਨੁਰੂਪ



ਉੱਚਿਤ ਵਿਕਲਪ ’ਤੇ ਸਿਰਫ਼ ਨਿਸ਼ਾਨ ਲਗਾਇਆ ਜਾਵੇਗਾ। ਰਮੇਸ਼ ਨੇ ‘✓’ ’ਤੇ ਪੋਸਟ ਕੀਤਾ, ਬਦਕਿਸਮਤੀ ਨਾਲ ਅਜਿਹਾ ਨਹੀਂ ਹੋਇਆ ਹੈ, ਜਿਸ ਨਾਲ ਇਰਾਦਿਆਂ ਬਾਰੇ ਗੰਭੀਰ ਸ਼ੱਕ ਪੈਦਾ ਹੁੰਦਾ ਹੈ। ਉਨ੍ਹਾਂ ਨੇ ‘ਐਕਸ’ ’ਤੇ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਦਾ ਉਹ ਪੱਤਰ ਵੀ ਸਾਂਝਾ ਕੀਤਾ ਜੋ ਉਨ੍ਹਾਂ ਨੇ 5 ਮਈ, 2025 ਨੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਜਾਤੀ ਜਨਗਣਾ ਦੇ ਸੰਬੰਧ ’ਚ ਲਿਖਿਆ ਸੀ। ਜੈਰਾਮ ਰਮੇਸ਼ ਨੇ ਕਿਹਾ,”ਉਨ੍ਹਾਂ ਦੇ ਸਭ ਤੋਂ ਪਹਿਲੇ ਅਤੇ ਬੁਨਿਆਦੀ ਸੁਝਾਅ ਨੂੰ ਪੂਰੀ ਤਰ੍ਹਾਂ ਨਾਲ ਨਜ਼ਰਅੰਦਾਜ ਕਰ ਦਿੱਤਾ ਗਿਆ ਹੈ। ਖੜਗੇ ਜੀ ਦੀ ਮੰਗ ਦੇ ਬਾਵਜੂਦ ਰਾਜਨੀਤਕ ਦਲਾਂ ਨਾਲ ਕੋਈ ਗੱਲਬਾਤ ਵੀ ਨਹੀਂ ਹੋਈ ਹੈ।” ਖੜਗੇ ਨੇ ਪਿਛਲੇ ਸਾਲ ਮਈ ’ਚ ਸਰਕਾਰ ਦੇ ਜਾਤੀ ਜਨਗਣਾ ਦੇ ਫੈਸਲੇ ’ਤੇ ਪ੍ਰਧਾਨ ਮੰਤਰੀ ਮੋਦੀ ਨੂੰ ਚਿੱਠੀ ਲਿਖ ਕੇ ਅਪੀਲ ਕੀਤੀ ਸੀ ਕਿ ਉਹ ਤੇਲੰਗਾਨਾ ਮਾਡਲ ਨੂੰ ਅਪਣਾਏ ਅਤੇ ਇਸ ਮੁੱਦੇ ’ਤੇ ਜਲਦ ਹੀ ਸਾਰੇ ਸਿਆਸੀ ਦਲਾਂ ਨਾਲ ਗੱਲਬਾਤ ਕਰਨ। ਖੜਗੇ ਨੇ ਤਿੰਨ ਸੁਝਾਅ ਦਿੱਤੇ ਸਨ, ਜਿਨ੍ਹਾਂ ’ਚੋਂ ਪਹਿਲਾ ਜਨਗਣਨਾ ਸਵਾਲ ਸੂਚੀ ਦੇ ਡਿਜ਼ਾਈਨ ਬਾਰੇ ਸੀ।

# ਭਰਤੀ ਘਪਲੇ ਦਾ ਮਾਮਲਾ : ਕਰਨਾਟਕ ਤੇ ਗੁਜਰਾਤ ’ਚ 21 ਥਾਵਾਂ ’ਤੇ ਈ. ਡੀ. ਦੀ ਛਾਪੇਮਾਰੀ

ਬੈਂਗਲੁਰੂ, 20 ਅਗਸਤ। ਇਨਫੋਰਸਮੈਂਟ ਡਾਇਰੈਕਟੋਰੇਟ (ਈ. ਡੀ.) ਨੇ ਵੈਟਰਨਰੀ ਅਫਸਰ ਭਰਤੀ ਪ੍ਰੀਖਿਆ ਘਪਲੇ ਮਾਮਲੇ ’ਚ ਮਨੀ ਲਾਂਡਰਿੰਗ ਜਾਂਚ ਦੇ ਹੇਠ ਕਰਨਾਟਕ ਲੋਕ ਸੇਵਾ ਕਮਿਸ਼ਨ (ਕੇ. ਪੀ. ਐੱਸ. ਸੀ.) ਦੇ ਕੰਪਲੈਕਸ, ਇਸ ਦੇ ਮੁਅੱਤਲ ਚੇਅਰਮੈਨ ਸ਼ਿਵਸ਼ੰਕਰੱਪਾ ਐੱਸ. ਸਾਹੂਕਾਰ, ਮੈਂਬਰ ਸ਼ਾਂਤਾ ਹੋਸਮਾਨੀ ਅਤੇ ਕੁਝ ਹੋਰ ਲੋਕਾਂ ਦੇ ਕੰਪਲੈਕਸਾਂ ’ਤੇ ਛਾਪੇ ਮਾਰੇ। ਅਧਿਕਾਰੀਆਂ ਨੇ ਦੱਸਿਆ ਕਿ ਕਰਨਾਟਕ ਅਤੇ ਗੁਜਰਾਤ ’ਚ 21 ਥਾਵਾਂ ’ਤੇ ਛਾਪੇਮਾਰੀ ਕੀਤੀ ਗਈ। ਅਧਿਕਾਰੀਆਂ ਨੇ ਦੱਸਿਆ ਕਿ ਸੰਘੀ ਜਾਂਚ ਏਜੰਸੀ ਨੇ ਇਨ੍ਹਾਂ ਕਥਿਤ ਬੇਨਿਯਮੀਆਂ ਦੇ ਸਬੰਧ ’ਚ ਮਨੀ ਲਾਂਡਰਿੰਗ ਨਿਵਾਰਣ ਐਕਟ (ਪੀ. ਐੱਮ. ਐੱਲ. ਏ.) ਹੇਠ ਮਾਮਲਾ ਦਰਜ ਕਰਨ ਤੋਂ ਬਾਅਦ ਇਹ ਕਾਰਵਾਈ ਸ਼ੁਰੂ ਕੀਤੀ। ਈ. ਡੀ. ਅਧਿਕਾਰੀਆਂ ਨੇ ਦੱਸਿਆ ਕਿ ਏਜੰਸੀ ਨੇ ਬੈਂਗਲੁਰੂ ਪੁਲਸ ਦੇ ਵਿਧਾਨ ਸੌਧ ਥਾਣੇ ’ਚ ਦਰਜ 4 ਐੱਫ. ਆਈ. ਆਰਜ਼ ਦਾ ਨੋਟਿਸ ਲਿਆ ਹੈ। ਇਨ੍ਹਾਂ ਐੱਫ. ਆਈ. ਆਰਜ਼ ’ਚ ਵੈਟਰਨਰੀ ਅਫਸਰਾਂ ਦੀ ਅੰਤਿਮ ਚੋਣ ’ਚ ਬੇਨਿਯਮੀਆਂ ਦੇ ਦੋਸ਼ ਲਗਾਏ ਗਏ ਹਨ। ਦੋਸ਼ ਹੈ ਕਿ ਕੁਝ ਵਿਚੋਲਿਆਂ ਨੇ ਸ਼ਿਕਾਇਤਕਰਤਾ ਸਮੇਤ ਉਮੀਦਵਾਰਾਂ ਨੂੰ ਫੋਨ ਕੀਤਾ ਅਤੇ ਚੋਣ ਲਈ ਪ੍ਰਤੀ ਉਮੀਦਵਾਰ 70 ਤੋਂ 80 ਲੱਖ ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ। ਅਧਿਕਾਰੀਆਂ ਨੇ ਦੱਸਿਆ ਕਿ ਮਾਮਲੇ ਦੇ ਸ਼ਿਕਾਇਤਕਰਤਾ ਨੇ ਇਨ੍ਹਾਂ ਵਿਚੋਲਿਆਂ ਦੀ ਆਡੀਓ ਰਿਕਾਰਡਿੰਗ ਪੁਲਸ ਨੂੰ ਸੌਂਪੀ ਹੈ।

# 1984 ਦੰਗਿਆਂ ਦੇ ਦੋਸ਼ੀ ਸੱਜਣ ਕੁਮਾਰ ਦੀ ਮੌਤ

ਏਐੱਨਆਈ 20 ਅਗਸਤ। 1984 ਦੇ ਸਿੱਖ ਦੰਗਿਆਂ ਦੇ ਦੋਸ਼ੀ ਸਾਬਕਾ ਸੰਸਦ ਮੈਂਬਰ ਅਤੇ ਇੰਡੀਅਨ ਨੈਸ਼ਨਲ ਕਾਂਗਰਸ ਦੇ ਨੇਤਾ ਸੱਜਣ ਕੁਮਾਰ ਦੀ ਮੌਤ ਹੋ ਗਈ।



ANI ਦੇ ਸੂਤਰਾਂ ਮੁਤਾਬਕ ਸੱਜਣ ਕੁਮਾਰ ਨੂੰ ਸਿਹਤ ਖ਼ਰਾਬ ਹੋਣ ਕਾਰਨ ਦਿੱਲੀ ਦੇ ਸਫਦਰਜੰਗ ਹਸਪਤਾਲ ਵਿੱਚ ਲਿਆਂਦਾ ਗਿਆ ਸੀ, ਜਿਥੇ ਪਹੁੰਚਦੇ ਹੀ ਹਸਪਤਾਲ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਫਿਲਹਾਲ ਸੱਜਣ ਕੁਮਾਰ ਦੇ ਮੌਤ ਦੀ ਅਧਿਕਾਰਤ ਤੌਰ ’ਤੇ ਪੁਸ਼ਟੀ ਨਹੀਂ ਕੀਤੀ ਗਈ। ਸੂਤਰਾਂ ਮੁਤਾਬਕ ਸੱਜਣ ਕੁਮਾਰ ਵਲੋਂ ਆਪਣੀ ਪਤਨੀ ਦੇ ਬੀਮਾਰ ਹੋਣ ਕਾਰਨ ਪੈਰੋਲ ਦੀ ਅਰਜ਼ੀ ਲਗਾਈ ਗਈ ਸੀ, ਜਿਸ ਦੀ ਅੱਜ ਸੁਣਵਾਈ ਹੋਣੀ ਸੀ। ਇਸ ਸੁਣਵਾਈ ਤੋਂ ਪਹਿਲਾਂ ਹੀ ਸੱਜਣ ਕੁਮਾਰ ਦੇ ਮੌਤ ਹੋ ਜਾਣ ਦੀ ਖ਼ਬਰ ਮਿਲ ਗਈ। ਜ਼ਿਕਰਯੋਗ ਹੈ ਕਿ ਸੱਜਣ ਕੁਮਾਰ 1984 ਦੇ ਸਿੱਖ ਵਿਰੋਧੀ ਦੰਗਿਆਂ ਨਾਲ ਸਬੰਧਤ ਮਾਮਲਿਆਂ ਵਿੱਚ ਦੋਸ਼ੀ ਠਹਿਰਾਏ ਜਾਣ ਤੋਂ ਬਾਅਦ ਤਿਹਾੜ ਜੇਲ੍ਹ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਸੀ। ਦਿੱਲੀ ਹਾਈ ਕੋਰਟ ਵਲੋਂ 17 ਦਸੰਬਰ, 2018 ਨੂੰ ਉਨ੍ਹਾਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ।

# ਵੀਡੀਓ ਬਣਾਓ ਤੇ 10,000 ਨਕਦ ਇਨਾਮ ਪਾਓ ! ਮੁੱਖ ਮੰਤਰੀ ਚੌਧਰੀ ਨੇ ਲਿਆਂਦੀ ਨਵੀਂ ਸਕੀਮ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 20 ਅਗਸਤ। ਜੇਕਰ ਤੁਸੀਂ ਵੀ ਯੂਟਿਊਬ ’ਤੇ ਰੀਲ ਜਾਂ ਵੀਡੀਓ ਬਣਾਉਂਦੇ ਹੋ, ਤਾਂ ਬਿਹਾਰ ਸਰਕਾਰ ਕੋਲ ਤੁਹਾਡੇ ਲਈ ਇਕ ਵਧੀਆ ਪੇਸ਼ਕਸ਼ ਹੈ। ਇਸ ਦੇ ਤਹਿਤ, ਜੇਕਰ ਤੁਹਾਡੇ ਚੁਣੇ ਹੋਏ ਵੀਡੀਓ 1 ਲੱਖ ਵਿਊਜ਼ ਹਾਸਲ ਕਰ ਲੈਂਦੇ ਹਨ ਤਾਂ ਤੁਹਾਨੂੰ 10,000 ਰੁਪਏ ਤੱਕ ਮਿਲ ਸਕਦੇ ਹਨ। ਸਮਰਾਟ ਚੌਧਰੀ ਸਰਕਾਰ ਦੀ ਕੈਬਨਿਟ ਨੇ ਇਹ ਫੈਸਲਾ ਲਿਆ ਹੈ। ਵੀਡੀਓ ਪਬਲਿਸ਼ ਹੋਣ ਦੇ 30 ਦਿਨਾਂ ਬਾਅਦ ਜੇਕਰ ਉਸ ਨੂੰ ਹਰ 1 ਲੱਖ ਵਿਊਜ਼ ਮਿਲਦੇ ਹਨ ਤਾਂ ਕ੍ਰਿਏਟਰ ਨੂੰ ਵਾਧੂ 10,000 ਰੁਪਏ ਦਿੱਤੇ ਜਾਣਗੇ। ਬਿਹਾਰ ਦੇ ਸੋਸ਼ਲ ਮੀਡੀਆ ਕ੍ਰਿਏਟਰਜ਼ ਲਈ ਇਹ ਚੰਗੀ ਖ਼ਬਰ ਸਿਰਫ਼ ਇੰਨੀ ਹੀ ਨਹੀਂ ਹੈ। ਜੇਕਰ ਉਨ੍ਹਾਂ ਦੇ ਵੀਡੀਓ 10 ਲੱਖ ਵਿਊਜ਼ ਪਾਰ ਕਰ ਗਏ ਤਾਂ ਉਨ੍ਹਾਂ ਨੂੰ ਵੱਧ ਤੋਂ ਵੱਧ 1 ਲੱਖ ਰੁਪਏ ਤੱਕ ਸਰਕਾਰ ਵਲੋਂ ਮਿਲਣਗੇ ਪਰ ਇੱਥੇ ਇਕ ਚੀਜ਼ ਧਿਆਨ ’ਚ ਰੱਖਣੀ ਹੋਵੇਗੀ ਕਿ ਇਹ ਪੈਸੇ ਹਰ ਵਾਇਰਲ ਵੀਡੀਓ ’ਤੇ ਨਹੀਂ



ਮਿਲਣਗੇ, ਭਾਵੇਂ ਹੀ ਉਸ ਦੇ ਵਿਊਜ਼ ਇਕ ਜਾਂ 10 ਲੱਖ ਦੇ ਪਾਰ ਕਿਉਂ ਨਾ ਹੋਵੇ। ਵਿਊਜ਼ ਦੇ ਆਧਾਰ ’ਤੇ ਇਨਾਮ ਪ੍ਰਾਪਤ ਕਰਨ ਲਈ, ਤੁਹਾਨੂੰ ਸਰਕਾਰ ਵਲੋਂ ਤੈਅ ਨਿਯਮਾਂ ਜਿਵੇਂ ਪਲੇਟਫਾਰਮ, ਕੰਟੈਂਟ ਦੀ ਪਾਲਿਸੀ ਦੀ ਵੀ ਪਾਲਣਾ ਕਰਨੀ ਹੋਵੇਗੀ। ਉੱਥੇ ਹੀ ਵਿਊਜ਼ ਦੀ ਅਧਿਕਾਰਤ ਵੈਰੀਫਿਕੇਸ਼ਨ ਵੀ ਕਰਵਾਈ ਜਾਵੇਗੀ। ਸਾਰੀਆਂ ਫਾਰਮੈਲਿਟੀ ਪੂਰੀਆਂ ਕਰਨ ਤੋਂ ਬਾਅਦ ਹੀ ਸੋਸ਼ਲ ਮੀਡੀਆ ਕੰਟੈਂਟ ਕ੍ਰਿਏਟਰਜ਼ ਨੂੰ ਭੁਗਤਾਨ ਕਰੇਗੀ। ਉੱਥੇ ਹੀ ਇਸ ਯੋਜਨਾ ਦਾ ਫਾਇਦਾ ਤੁਸੀਂ ਸਿਰਫ਼ ਵੀਡੀਓ ਬਣਾ ਕੇ ਨਹੀਂ ਚੁੱਕ ਸਕਦੇ। ਇਸ ਲਈ ਤੁਹਾਨੂੰ ਬਿਹਾਰ ਸਰਕਾਰ ਦੇ ਸੂਚਨਾ ਅਤੇ ਜਨਸੰਪਰਕ ਵਿਭਾਗ ਰਾਹੀਂ ਸੂਚੀਬੱਧ ਹੋਣਾ ਪਵੇਗਾ। ਇਸ ਲਈ ਤੁਹਾਨੂੰ ਆਪਣੇ ਸੋਸ਼ਲ ਮੀਡੀਆ ਚੈਨਲ ਦੀ ਸਾਰੀ ਡਿਟੇਲ ਉਪਲੱਬਧ ਕਰਵਾਉਣੀ ਹੋਵੇਗੀ। ਜੇਕਰ ਤੁਸੀਂ ਯੋਗਤਾ ਪੂਰੀ ਕਰੋਗੇ ਤਾਂ ਤੁਹਾਡੇ ਸੋਸ਼ਲ ਹੈਂਡਲ ਜਾਂ ਚੈਨਲ ਨੂੰ ਸਰਕਾਰ ਸੂਚੀਬੱਧ ਕਰ ਲਵੇਗੀ। ਉੱਥੇ ਹੀ ਬਿਨਾਂ ਸੰਬੰਧਤ ਡਿਪਾਰਟਮੈਂਟ ਦੀ ਮਨਜ਼ੂਰੀ ਦੇ ਬਿਨਾਂ ਬਣਾਏ ਗਏ ਵੀਡੀਓ ’ਤੇ ਸਰਕਾਰ ਪੈਸੇ ਨਹੀਂ ਦੇਵੇਗੀ।

# ਭਰਤੀਆਂ ਰੱਦ ਕਰਨ ਦੇ ਫ਼ੈਸਲੇ ’ਤੇ ਲੱਗੀ ਰੋਕ ! ਝਾਰਖੰਡ ਹਾਈਕੋਰਟ ਨੇ ਸੁਣਾਇਆ ਹੁਕਮ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 20 ਅਗਸਤ। ਝਾਰਖੰਡ ’ਚ ਵਿਦਿਆਰਥੀਆਂ ਦੇ 3 ਹਫ਼ਤਿਆਂ ਤੋਂ ਲੰਬੇ ਚੱਲੇ ਪ੍ਰਦਰਸ਼ਨਾਂ ਤੋਂ ਬਾਅਦ ਆਖ਼ਰ ਸੂਬੇ ਦੇ ਮੁੱਖ ਮੰਤਰੀ ਹੇਮੰਤ ਸੋਰੇਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ 22 ਭਰਤੀ ਪ੍ਰੀਖਿਆਵਾਂ ਨੂੰ ਰੱਦ ਕਰਨ ਦਾ ਐਲਾਨ ਕੀਤਾ ਗਿਆ ਸੀ। ਸਰਕਾਰ ਦੇ ਇਸ ਫ਼ੈਸਲੇ ’ਤੇ ਝਾਰਖੰਡ ਹਾਈਕੋਰਟ ਨੇ ਹੁਣ ਰੋਕ ਲਗਾ ਦਿੱਤੀ ਹੈ। ਸਰਕਾਰ ਨੇ ਝਾਰਖੰਡ ਲੋਕ ਸੇਵਾ ਆਯੋਗ ਅਤੇ JSSC ਵੱਲੋਂ ਕਰਵਾਈਆਂ ਗਈਆਂ ਇਨ੍ਹਾਂ ਪ੍ਰੀਖਿਆਵਾਂ ’ਚ ਗੜਬੜੀਆਂ ਅਤੇ ਸੀ.ਆਈ.ਡੀ. ਜਾਂਚ ਦੇ ਹਵਾਲੇ ਨਾਲ ਇਨ੍ਹਾਂ ਭਰਤੀਆਂ ਨੂੰ ਰੱਦ ਕਰਨ ਦਾ ਫੈਸਲਾ ਲਿਆ ਸੀ, ਜਿਸ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ’ਤੇ ਅਦਾਲਤ ਨੇ ਇਹ ਅੰਤਰਿਮ ਹੁਕਮ ਸੁਣਾਇਆ ਹੈ। ਝਾਰਖੰਡ ਸਰਕਾਰ ਨੇ ਪ੍ਰੀਖਿਆਵਾਂ ਕਰਵਾਉਣ ਵਾਲੀ ਏਜੰਸੀ ਨਾਲ ਸਬੰਧਤ ਬੇਨਿਯਮੀਆਂ ਦੀਆਂ ਸ਼ਿਕਾਇਤਾਂ ਅਤੇ ਸੀ.ਆਈ.ਡੀ. ਦੀਆਂ ਰਿਪੋਰਟਾਂ ਦੇ ਆਧਾਰ ’ਤੇ ਪ੍ਰੀਖਿਆਵਾਂ ਰੱਦ ਕਰਨ ਦਾ ਐਲਾਨ ਕੀਤਾ ਸੀ। ਇਸ ਦੇ ਨਾਲ ਹੀ ਪ੍ਰੀਖਿਆ ਪ੍ਰਣਾਲੀ ’ਚ ਸੁਧਾਰ ਲਈ ਇੱਕ ਕਮੇਟੀ ਬਣਾਉਣ ਦੀ ਵੀ ਗੱਲ ਕਹੀ ਗਈ ਸੀ। ਰੱਦ ਕੀਤੀਆਂ ਗਈਆਂ ਪ੍ਰੀਖਿਆਵਾਂ ’ਚ 11ਵੀਂ-13ਵੀਂ JPSC ਸਿਵਲ ਸਰਵਿਸ, JSSC-CGL, ਡਰੱਗ ਇੰਸਪੈਕਟਰ, ਅਸਿਸਟੈਂਟ ਪ੍ਰੋਫੈਸਰ, ਡਿਪਟੀ ਕੁਲੈਕਟਰ, ਡੈਂਟਲ ਡਾਕਟਰ, ਸਿਵਲ ਜੱਜ, ਅਸਿਸਟੈਂਟ ਇੰਜੀਨੀਅਰ ਅਤੇ ਫੂਡ ਸੇਫਟੀ ਅਫਸਰ ਸਮੇਤ ਕਈ ਪ੍ਰਸ਼ਾਸਨਿਕ ਅਤੇ ਤਕਨੀਕੀ ਅਹੁਦਿਆਂ ਦੀਆਂ ਭਰਤੀਆਂ ਸ਼ਾਮਲ ਸਨ। ਚੁਣੇ ਗਏ ਉਮੀਦਵਾਰਾਂ ਵੱਲੋਂ ਦਾਇਰ 4 ਪਟੀਸ਼ਨਾਂ ’ਚ ਹਾਈਕੋਰਟ ਨੇ ਦਿਲਚਸਪੀ ਜ਼ਾਹਿਰ ਕਰਦਿਆਂ ਕਿਹਾ ਕਿ ਸਰਕਾਰ ਨੇ ਉਨ੍ਹਾਂ ਦਾ ਪੱਖ ਸੁਣੇ ਬਿਨਾਂ ਇੱਕਤਰਫ਼ਾ ਫੈਸਲਾ ਸੁਣਾਇਆ ਹੈ ਤੇ ਭਰਤੀਆਂ ਨੂੰ ਰੱਦ ਕਰ ਦਿੱਤਾ ਹੈ। ਇਨ੍ਹਾਂ ਭਰਤੀਆਂ ਤਹਿਤ ਕਈ ਉਮੀਦਵਾਰ ਪਹਿਲਾਂ ਹੀ ਸਰਕਾਰੀ ਨੌਕਰੀ ਜੁਆਇਨ ਕਰ ਚੁੱਕੇ ਹਨ, ਜਿਨ੍ਹਾਂ ਨੂੰ ਸਰਕਾਰ ਦੇ ਇਸ ਫ਼ੈਸਲੇ ਦਾ ਵੱਡਾ ਹਰਜਾਨਾ ਭੁਗਤਣਾ ਪੈ ਰਿਹਾ ਹੈ। ਪਟੀਸ਼ਨਰਾਂ ਨੇ ਅਦਾਲਤ ’ਚ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਨੇ ਗੜਬੜੀ ਕੀਤੀ ਹੈ, ਉਨ੍ਹਾਂ ਖਿਲਾਫ਼ ਕਾਰਵਾਈ ਹੋਣੀ ਚਾਹੀਦੀ ਹੈ, ਪਰ ਬਿਨਾਂ ਜਾਂਚ ਦੇ ਸਾਰੇ ਮੈਰਿਟ ਵਾਲੇ ਅਤੇ ਚੁਣੇ ਗਏ ਉਮੀਦਵਾਰਾਂ ਦੀਆਂ ਨੌਕਰੀਆਂ ਖੋਹਣਾ ਉਨ੍ਹਾਂ ਨਾਲ ਬੇਇਨਸਾਫ਼ੀ ਹੋਵੇਗੀ। ਫਿਲਹਾਲ ਹਾਈਕੋਰਟ ਵੱਲੋਂ ਇਨ੍ਹਾਂ ਭਰਤੀਆਂ ਨੂੰ ਰੱਦ ਕਰਨ ਦੇ ਹੁਕਮ ’ਤੇ ਰੋਕ ਦੇ ਫ਼ੈਸਲੇ ਨਾਲ ਜੁਆਇਨ ਕਰ ਚੁੱਕੇ ਕਰਮਚਾਰੀਆਂ ਦੀਆਂ ਨੌਕਰੀਆਂ ਸੁਰੱਖਿਅਤ ਹਨ ਤੇ ਇਸ ਮਾਮਲੇ ’ਤੇ ਅਗਲੇਰੀ ਕਾਰਵਾਈ ਤੇ ਜਾਂਚ ਤੋਂ ਬਾਅਦ ਹੀ ਸਾਫ਼ ਹੋ ਸਕੇਗਾ ਕਿ ਇਸ ਖਿੱਚੋਤਾਣ ਦਾ ਕੀ ਨਤੀਜਾ ਨਿਕਲੇਗਾ।

# ਅਰੁਣਾਚਲ ਦੇ ਬਾਰਡਰ ’ਤੇ ਕਬਜ਼ਾ ਕਰ ਰਿਹਾ ਚੀਨ ! ਕੇਂਦਰੀ ਮੰਤਰੀ ਨੇ ਦੱਸੀ ਸੱਚਾਈ

ਨਵੀਂ ਦਿੱਲੀ 20 ਅਗਸਤ। ਕੇਂਦਰੀ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੇ ਮੰਨਿਆ ਹੈ ਕਿ ਅਰੁਣਾਚਲ ਸਰਹੱਦ ’ਤੇ ਕੁਝ ਸਮੱਸਿਆ ਹੈ। ਹਾਲਾਂਕਿ ਉਨ੍ਹਾਂ ਨੇ ਇਨ੍ਹਾਂ ਰਿਪੋਰਟਾਂ ਤੋਂ ਇਨਕਾਰ ਕੀਤਾ ਹੈ



ਕਿ ਚੀਨ ਅਰੁਣਾਚਲ ਪ੍ਰਦੇਸ਼ ਵਿਚ 60 ਕਿਲੋਮੀਟਰ ਤੱਕ ਅੰਦਰ ਵੜ ਆਇਆ ਹੈ। ਰਿਜਿਜੂ ਨੇ ਕਿਹਾ ਕਿ ਹੱਦਬੰਦੀ ਨਾ ਹੋਣ ਕਰ ਕੇ ਸਰਹੱਦ ’ਤੇ ਇਹ ਸਮੱਸਿਆ ਹੈ। ਇਸ ਲਈ ਸਰਹੱਦੀ ਇਲਾਕਿਆਂ ਵਿਚ ਰਹਿ ਰਹੇ ਲੋਕ ਜੋ ਚਿੰਤਾ ਪ੍ਰਗਟਾ ਰਹੇ ਹਨ, ਉਹ ਸਹੀ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਚੀਨੀ ਫੌਜੀਆਂ ਦੇ ਭਾਰਤੀ ਖੇਤਰ ਵਿਚ ਦਾਖ਼ਲ ਹੋਣ ਦੀਆਂ ਖ਼ਬਰਾਂ ਬਾਰੇ ਗ਼ਲਤ ਜਾਣਕਾਰੀਆਂ ਫੈਲਾਉਣ ਦੇ ਖ਼ਿਲਾਫ ਚਿਤਾਵਨੀ ਵੀ ਦਿੱਤੀ। ਉਨ੍ਹਾਂ ਕਿਹਾ ਕਿ ਜੋ ਇਹ ਕਹਿ ਰਹੇ ਹਨ ਕਿ ਚੀਨ 60 ਕਿਲੋਮੀਟਰ ਤੱਕ ਭਾਰਤ ਵਿਚ ਵੜ ਆਇਆ ਹੈ ਅਤੇ ਵੀਡੀਓ ਸਾਂਝੀਆਂ ਕਰ ਰਹੇ ਹਨ, ਉਹ ਗੁੰਮਰਾਹਕੁੰਨ ਹਨ। ਸਮੱਸਿਆ ਸਿਰਫ਼ ਬਾਰਡਰ ’ਤੇ ਹੈ। ਰਿਜਿਜੂ ਨੇ ਕਿਹਾ ਕਿ ਇਸ ਸਥਿਤੀ ਨੂੰ ਇਸ ਤਰ੍ਹਾਂ ਨਹੀਂ ਦੱਸਿਆ ਜਾਣਾ ਚਾਹੀਦਾ ਕਿ ਚੀਨ ਨੇ ਭਾਰਤੀ ਪਿੰਡ ’ਤੇ ਕਬਜ਼ਾ ਕਰ ਲਿਆ ਹੈ। ਸਥਿਤੀ ਇਹ ਹੈ ਕਿ ਹੱਦਬੰਦੀ ਨਾ ਹੋਣ ਕਰ ਕੇ ਚੀਨੀ ਉਸ ਜ਼ਮੀਨ ’ਤੇ ਆਪਣਾ ਦਾਅਵਾ ਕਰ ਰਹੇ ਹਨ। ਇਸ ਲਈ ਅਜਿਹਾ ਬਿਲਕੁਲ ਨਹੀਂ ਹੈ ਕਿ ਚੀਨੀ ਆਏ ਅਤੇ ਕਬਜ਼ਾ ਕਰ ਲਿਆ। ਚੀਨ ਅਤੇ ਤਿੱਬਤ ਦੇ ਲੋਕਾਂ ਨੂੰ ਲੱਗਦਾ ਹੈ ਕਿ ਉਨ੍ਹਾਂ ਦੀ ਜ਼ਮੀਨ ਜ਼ਿਆਦਾ ਅੰਦਰ ਤੱਕ ਹੈ। ਇਸ ਲਈ ਇਹ ਸਿਰਫ਼ ਭੁਲੇਖੇ ਦੀ ਸਥਿਤੀ ਹੈ।

# ਸੋਨੀਆ, ਖੜਗੇ, ਰਾਹੁਲ ਨੇ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਨੂੰ ਉਨ੍ਹਾਂ ਦੇ ਜਨਮ ਦਿਵਸ ’ਤੇ ਸ਼ਰਧਾਂਜਲੀ ਭੇਟ ਕੀਤੀ

**ਕੌਮੀ ਪਤ੍ਰਿਕਾ**
**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 20 ਅਗਸਤ। ਕਾਂਗਰਸ ਸੰਸਦੀ ਦਲ ਦੀ ਮੁਖੀ ਸੋਨੀਆ ਗਾਂਧੀ, ਪਾਰਟੀ ਪ੍ਰਧਾਨ ਮਲਿਕਾਅਰਜੁਨ, ਸਾਬਕਾ ਪ੍ਰਧਾਨ ਰਾਹੁਲ ਗਾਂਧੀ, ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਾਡਰਾ ਅਤੇ ਕਈ ਹੋਰ ਪਾਰਟੀ ਆਗੂਆਂ ਨੇ ਵੀਰਵਾਰ ਨੂੰ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਨੂੰ ਉਨ੍ਹਾਂ ਦੇ ਜਨਮਦਿਨ ’ਤੇ ਸ਼ਰਧਾਂਜਲੀ ਭੇਟ ਕੀਤੀ। ਸੋਨੀਆ ਗਾਂਧੀ, ਖੜਗੇ, ਰਾਹੁਲ ਗਾਂਧੀ ਅਤੇ ਪ੍ਰਿਯੰਕਾ ਗਾਂਧੀ ਨੇ ‘ਵੀਰ ਭੂਮੀ’ ਦਾ ਦੌਰਾ ਕੀਤਾ ਅਤੇ ਰਾਜੀਵ ਗਾਂਧੀ ਦੀ ਯਾਦਗਾਰ ’ਤੇ ਫੁੱਲ ਭੇਟ ਕੀਤੇ। ਖੜਗੇ ਨੇ ਰਾਜੀਵ ਗਾਂਧੀ ਦੇ ਯੋਗਦਾਨ ਨੂੰ ਯਾਦ ਕਰਦੇ ਕਿਹਾ ਕਿ ਉਨ੍ਹਾਂ ਨੇ ਲੱਖਾਂ ਲੋਕਾਂ ਨੂੰ ਉਮੀਦ ਦਿੱਤੀ ਅਤੇ 21ਵੀਂ ਸਦੀ ਦੀਆਂ ਸੰਭਾਵਨਾਵਾਂ ਲਈ ਭਾਰਤ ਨੂੰ ਤਿਆਰ ਕਰਨ ਵਿੱਚ ਮੁੱਖ ਭੂਮਿਕਾ ਨਿਭਾਈ। ਖੜਗੇ ਨੇ ✓ ’ਤੇ ਇੱਕ ਪੋਸਟ ਵਿੱਚ ਕਿਹਾ ਕਿ ਰਾਜੀਵ ਗਾਂਧੀ ਇੱਕ ਦੂਰਦਰਸ਼ੀ ਨੇਤਾ ਸਨ ਅਤੇ ਉਨ੍ਹਾਂ ਦੀ ਵਿਰਾਸਤ ਉਨ੍ਹਾਂ ਵੱਡੀਆਂ ਤਬਦੀਲੀਆਂ ਵਿੱਚ ਜਿਉਂਦੀ ਹੈ, ਜਿਨ੍ਹਾਂ ਦਾ ਉਨ੍ਹਾਂ ਨੇ ਸਮਰਥਨ ਕੀਤਾ ਅਤੇ ਭਾਰਤ ਦੇ ਨੌਜਵਾਨਾਂ, ਤਕਨੀਕੀ ਤਰੱਕੀ ਅਤੇ ਨਵੇਂ ਵਿਚਾਰਾਂ ਵਿੱਚ ਉਨ੍ਹਾਂ ਦੇ ਅਟੁੱਟ ਵਿਸ਼ਵਾਸ ਵਿੱਚ ਦਿਖਾਈ ਦਿੰਦੀ ਹੈ। ਉਨ੍ਹਾਂ ਕਿਹਾ ਕਿ ਰਾਜੀਵ ਗਾਂਧੀ ਨੂੰ ਸਭ ਤੋਂ ਸਾਰਥਕ ਸ਼ਰਧਾਂਜਲੀ ਭਾਰਤ ਦੀ ਸਦਭਾਵਨਾ ਅਤੇ ਮੇਲ-ਮਿਲਾਪ ਦੀ ਭਾਵਨਾ ਨੂੰ ਮਜ਼ਬੂਤ ??ਕਰਨਾ ਅਤੇ ਬੌਧਿਕ ਆਜ਼ਾਦੀ, ਨਵੀਨਤਾ ਅਤੇ ਨੌਜਵਾਨਾਂ ਦੀਆਂ ਇੱਛਾਵਾਂ ਨੂੰ ਉਤਸ਼ਾਹਿਤ ਕਰਨਾ ਹੋਵੇਗਾ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਨੂੰ ਉਨ੍ਹਾਂ ਦੀ ਜਯੰਤੀ ’ਤੇ ਯਾਦ ਕਰਦੇ ਹੋਏ ਕਿਹਾ ਕਿ ਦੇਸ਼ ਵਿੱਚ ਚੱਲ ਰਹੇ ਨੌਜਵਾਨਾਂ ਦੇ ਜੋਸ਼ ਵਿਚਕਾਰ, ਉਨ੍ਹਾਂ ਦੇ ਫੈਸਲਿਆਂ ਨੂੰ ਯਾਦ ਰੱਖਣਾ ਮਹੱਤਵਪੂਰਨ ਹੈ, ਜੋ ਉਨ੍ਹਾਂ ਨੂੰ ਲੋਕਤੰਤਰੀ ਪ੍ਰਕਿਰਿਆ, ਸਿੱਖਿਆ ਅਤੇ ਨਵੇਂ ਰੁਜ਼ਗਾਰ ਦੇ ਮੌਕਿਆਂ ਨਾਲ ਜੋੜਦੇ ਸਨ। ✓ ’ਤੇ ਇੱਕ ਪੋਸਟ ਵਿੱਚ ਰਮੇਸ਼ ਨੇ ਕਿਹਾ ਕਿ ਰਾਜੀਵ ਗਾਂਧੀ ਨੇ ਨੌਜਵਾਨਾਂ ਨੂੰ 18 ਸਾਲ ਦੀ ਉਮਰ ਵਿੱਚ ਵੋਟ ਪਾਉਣ ਦਾ ਅਧਿਕਾਰ ਦੇ ਕੇ ਲੋਕਤੰਤਰੀ ਪ੍ਰਕਿਰਿਆ ਵਿੱਚ ਹਿੱਸਾ ਲੈਣ ਦਾ ਮੌਕਾ ਦਿੱਤਾ। ਸੰਵਿਧਾਨ ਦੇ 61ਵੇਂ ਸੋਧ ਨੇ ਘੱਟੋ-ਘੱਟ ਵੋਟ ਪਾਉਣ ਦੀ ਉਮਰ 21 ਸਾਲ ਤੋਂ



ਘਟਾ ਕੇ 18 ਸਾਲ ਕਰ ਦਿੱਤੀ। ਉਨ੍ਹਾਂ ਕਿਹਾ ਕਿ ਰਾਜੀਵ ਗਾਂਧੀ ਦੇ ਕਾਰਜਕਾਲ ਦੌਰਾਨ ਸਿੱਖਿਆ ਦੇ ਖੇਤਰ ਵਿੱਚ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਗਈਆਂ ਸਨ ਅਤੇ ਨਵੋਦਿਆ ਵਿਦਿਆਲਿਆ ਦੀ ਦੇਸ਼ ਵਿਆਪੀ ਪ੍ਰਣਾਲੀ ਉਭਰੀ ਸੀ। ਰਮੇਸ਼ ਨੇ ਨੌਜਵਾਨਾਂ ਲਈ ਸੰਸਥਾਗਤ ਢਾਂਚਾ ਬਣਾਉਣ ਅਤੇ ਭਾਰਤ ਨੂੰ ਸੂਚਨਾ ਤਕਨਾਲੋਜੀ ਯੁੱਗ ਵਿੱਚ ਲਿਜਾਣ ਵਿੱਚ ਰਾਜੀਵ ਗਾਂਧੀ ਦੀ ਭੂਮਿਕਾ ਦਾ ਵੀ ਜ਼ਿਕਰ ਕੀਤਾ। ਸਾਬਕਾ ਕੇਂਦਰੀ ਮੰਤਰੀ ਨੇ ਕਿਹਾ, ਮੌਜੂਦਾ ਸਮੇਂ ਵਿਚ ਦੇਸ਼ ਵਿੱਚ ਨੌਜਵਾਨਾਂ ਵਿੱਚ ਦਿਖਾਈ ਦੇ ਰਹੀ ਬੇਚੈਨੀ ਅਤੇ ਇੱਛਾਵਾਂ ਦੇ ਸੰਦਰਭ ਵਿੱਚ ਰਾਜੀਵ ਗਾਂਧੀ ਦੀ ਯੁਵਾ-ਕੇਂਦ੍ਰਿਤ ਸੋਚ ਨੂੰ ਯਾਦ ਕਰਨਾ ਢੁਕਵਾਂ ਹੈ। ਉਨ੍ਹਾਂ ਨੇ ਰਾਜੀਵ ਗਾਂਧੀ ਦੇ ਯੋਗਦਾਨਾਂ ਵਿੱਚੋਂ 12 ਜਨਵਰੀ ਨੂੰ ਸਵਾਮੀ ਵਿਵੇਕਾਨੰਦ ਦੀ ਜਨਮ ਵਰ੍ਹੇਗੰਢ ਨੂੰ ਰਾਸ਼ਟਰੀ ਯੁਵਾ ਦਿਵਸ ਵਜੋਂ ਮਨਾਉਣ ਦਾ ਵੀ ਜ਼ਿਕਰ ਕੀਤਾ। ਰਾਜੀਵ ਗਾਂਧੀ ਦਾ ਜਨਮ 20 ਅਗਸਤ, 1944 ਨੂੰ ਹੋਇਆ ਸੀ। ਉਹ 31 ਅਕਤੂਬਰ, 1984 ਨੂੰ 40 ਸਾਲ ਦੀ ਉਮਰ ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਬਣੇ ਅਤੇ 2 ਦਸੰਬਰ, 1989 ਤੱਕ ਇਸ ਅਹੁਦੇ ’ਤੇ ਰਹੇ। ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਉਨ੍ਹਾਂ ਨੇ ਪ੍ਰਸ਼ਾਸਨ, ਸਿੱਖਿਆ, ਸੰਚਾਰ ਅਤੇ ਤਕਨਾਲੋਜੀ ਦੇ ਖੇਤਰਾਂ ਵਿੱਚ ਆਧੁਨਿਕੀਕਰਨ ’ਤੇ ਜ਼ੋਰ ਦਿੱਤਾ। 1991 ਵਿੱਚ ਤਾਮਿਲਨਾਡੂ ਦੇ ਸ਼੍ਰੀਪੇਰੰਬਦੂਰ ਵਿੱਚ ਇੱਕ ਚੋਣ ਰੈਲੀ ਦੌਰਾਨ ਇੱਕ ਆਤਮਘਾਤੀ ਹਮਲੇ ਵਿੱਚ ਉਨ੍ਹਾਂ ਦੀ ਹੱਤਿਆ ਕਰ ਦਿੱਤੀ ਗਈ। ਉਨ੍ਹਾਂ ਨੂੰ ਭਾਰਤ ਦੇ ਸਰਵਉੱਚ ਨਾਗਰਿਕ ਸਨਮਾਨ, ਭਾਰਤ ਰਤਨ (ਮਰਨ ਉਪਰੰਤ) ਨਾਲ ਸਨਮਾਨਿਤ ਕੀਤਾ ਗਿਆ।

# ਕੰਪਨੀ ਦੀ ਨਕਦੀ 'ਚ ਕਰੀਬ 4.50 ਲੱਖ ਰੁਪਏ ਦੀ ਹੇਰਾਫੇਰੀ ਦੇ ਦੋਸ਼, ਪੁਲਸ ਕੋਲ ਸ਼ਿਕਾਇਤ

**ਕੌਮੀ ਪਤ੍ਰਿਕਾ**

ਸ੍ਰੀ ਅਨੰਦਪੁਰ ਸਾਹਿਬ 20 ਅਗਸਤ। ਸ੍ਰੀ ਅਨੰਦਪੁਰ ਸਾਹਿਬ ਦੇ ਨੇੜਲੇ ਪਿੰਡ ਅਗੰਮਪੁਰ ਵਿਖੇ ਲੋਕਾਂ ਦੇ ਘਰਾਂ ਤੱਕ ਪਾਰਸਲ ਪਹੁੰਚਾਉਣ ਵਾਲੀ ਨਿੱਜੀ ਕੰਪਨੀ ਸਾਈਮਾ ਐਂਟਰਪ੍ਰਾਈਜਿਜ਼ ਦੇ ਸਟੇਸ਼ਨ ਮੈਨੇਜਰ ਤੇ ਡਿਊਟੀ ਦੌਰਾਨ ਆਪਣੇ ਅਹੁਦੇ ਦਾ ਕਥਿਤ ਤੌਰ 'ਤੇ ਗਲਤ ਫਾਇਦਾ ਚੁੱਕਦਿਆਂ ਕੰਪਨੀ ਦੀ ਨਕਦੀ ਅਤੇ ਰਿਕਾਰਡ ਵਿਚ ਹੇਰਾਫੇਰੀ ਕਰਕੇ ਕਰੀਬ 4 ਲੱਖ 50 ਹਜ਼ਾਰ ਰੁਪਏ ਦਾ ਆਰਥਿਕ ਨੁਕਸਾਨ ਪਹੁੰਚਾਉਣ ਦੇ ਦੋਸ਼ ਲੱਗੇ ਹਨ। ਕੰਪਨੀ ਵੱਲੋਂ ਇਸ ਸਬੰਧੀ ਪੁਲਸ ਨੂੰ ਸ਼ਿਕਾਇਤ ਦੇ ਕੇ ਮਾਮਲੇ ਦੀ ਜਾਂਚ ਕਰਦਿਆਂ ਐੱਫ਼. ਆਈ. ਆਰ. ਦਰਜ ਕਰਨ ਦੀ ਮੰਗ ਕੀਤੀ ਗਈ ਹੈ। ਸਾਈਮਾ ਐਂਟਰਪ੍ਰਾਈਜਿਜ਼ ਦੇ ਏਰੀਆ ਮੈਨੇਜਰ ਅਨੁਰਾਗ ਸੈਣੀ ਵੱਲੋਂ ਪੁਲਸ ਨੂੰ ਦਿੱਤੀ ਸ਼ਿਕਾਇਤ ਅਨੁਸਾਰ ਸਟੇਸ਼ਨ ਮੈਨੇਜਰ ਨੇ ਡਿਊਟੀ ਦੌਰਾਨ ਕੰਪਨੀ ਦੀ ਨਕਦੀ, ਡੀ. ਵੀ. ਆਰ. ਅਤੇ ਹੋਰ ਸਬੰਧਤ ਰਿਕਾਰਡ ਵਿਚ ਕਥਿਤ ਤੌਰ 'ਤੇ ਹੇਰਾਫੇਰੀ ਕੀਤੀ। ਇਸ ਤੋਂ ਇਲਾਵਾ ਕੰਪਨੀ ਦੇ ਕੁਝ ਪਾਰਸਲਾਂ




ਨੂੰ ਕਥਿਤ ਤੌਰ 'ਤੇ ਜਾਣਬੁੱਝ ਕੇ ਅੱਗੇ-ਪਿੱਛੇ ਕਰਕੇ ਕੰਪਨੀ ਨੂੰ ਮਿਲਣ ਵਾਲੀ ਰਕਮ ਵਿਚ ਵੀ ਗੜਬੜੀ ਕੀਤੇ ਜਾਣ ਦੇ ਦੋਸ਼ ਲਗਾਏ ਗਏ ਹਨ। ਸ਼ਿਕਾਇਤ ਵਿਚ ਦੋਸ਼ ਲਗਾਇਆ ਗਿਆ ਹੈ ਕਿ ਕੰਪਨੀ ਵੱਲੋਂ ਰੱਖੀਆਂ ਗਈਆਂ ਗੱਡੀਆਂ ਦੇ ਕਿਰਾਏ ਵਜੋਂ ਆਉਣ ਵਾਲੀ ਰਕਮ ਵੀ ਕਥਿਤ ਤੌਰ 'ਤੇ ਕੰਪਨੀ ਨੂੰ ਜਮ?ਹਾ ਨਹੀਂ ਕਰਵਾਈ ਗਈ। ਇਸ ਦੇ ਨਾਲ ਹੀ ਕੰਪਨੀ ਵੱਲੋਂ ਰੱਖੇ ਗਏ ਡਿਲਿਵਰੀ ਕਰਮਚਾਰੀਆਂ ਦੇ ਕੈਸ਼ ਵਿਚ ਵੀ ਹੇਰਾਫੇਰੀ ਕੀਤੇ ਜਾਣ ਦੀ ਗੱਲ ਕਹੀ ਗਈ ਹੈ। ਕੰਪਨੀ ਦੇ ਏਰੀਆ ਮੈਨੇਜਰ ਮੁਤਾਬਕ ਅੰਦਰੂਨੀ ਜਾਂਚ ਦੌਰਾਨ ਕਥਿਤ ਬੇਨਿਯਮੀਆਂ ਸਾਹਮਣੇ ਆਈਆਂ ਹਨ ਅਤੇ ਇਸ ਸਬੰਧੀ ਕੰਪਨੀ ਕੋਲ ਰਿਕਾਰਡ ਅਤੇ ਹੋਰ ਸਬੂਤ ਮੌਜੂਦ ਹਨ। ਇਸ ਮਾਮਲੇ ਸਬੰਧੀ ਪਾਰਸਲ ਡਲਿਵਰੀ ਦਾ ਕੰਮ ਕਰਨ ਵਾਲੇ ਅਮਨਦੀਪ ਸਿੰਘ ਨੇ ਦੋਸ਼ ਲਗਾਇਆ ਕਿ ਸਟੇਸ਼ਨ ਮੈਨੇਜਰ ਵੱਲੋਂ ਲੋਕਾਂ ਦੇ ਪਾਰਸਲਾਂ ਦੀਆਂ ਪੇਮੈਂਟਾਂ ਆਪਣੇ ਖਾਤੇ ਵਿਚ ਪਵਾਈਆਂ ਜਾਂਦੀਆਂ ਸਨ ਜਦ ਕਿ ਉਨ੍ਹਾਂ ਦੀ ਤਨਖਾਹ ਵੀ ਕਥਿਤ ਤੌਰ 'ਤੇ ਨਿੱਜੀ ਖਾਤੇ ਵਿਚ ਪਵਾਈ ਗਈ ਪਰ ਉਨ੍ਹਾਂ ਨੂੰ ਭੁਗਤਾਨ ਨਹੀਂ ਕੀਤਾ ਗਿਆ। ਇਸੇ ਤਰ੍ਹਾਂ ਚਾਹ ਵੇਚਣ ਵਾਲੇ ਰਾਜਕੁਮਾਰ ਨੇ ਦੱਸਿਆ ਕਿ ਸਟੇਸ਼ਨ ਮੈਨੇਜਰ ਵੱਲੋਂ ਉਸ ਦੇ ਬਣਦੇ ਕਰੀਬ 8 ਹਜ਼ਾਰ ਰੁਪਏ ਦਾ ਭੁਗਤਾਨ ਵੀ ਨਹੀਂ ਕੀਤਾ ਗਿਆ। ਰਾਜਕੁਮਾਰ ਨੇ ਕਿਹਾ ਕਿ ਉਹ ਆਰਥਿਕ ਤੌਰ 'ਤੇ ਕਮਜ਼ੋਰ ਹੈ ਅਤੇ ਆਪਣੇ ਪਰਿਵਾਰ ਦਾ ਗੁਜ਼ਾਰਾ ਚਾਹ ਵੇਚ ਕੇ ਕਰਦਾ ਹੈ। ਸਥਾਨਕ ਥਾਣਾ ਮੁਖੀ ਇੰਸਪੈਕਟਰ ਜਤਿਨ ਕਪੂਰ ਨੇ ਦੱਸਿਆ ਕਿ ਪੁਲਸ ਨੂੰ ਇਸ ਸਬੰਧੀ ਸ਼ਿਕਾਇਤ ਪ੍ਰਾਪਤ ਹੋਈ ਹੈ ਅਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਾਂਚ ਦੌਰਾਨ ਜੋ ਵੀ ਤੱਥ ਸਾਹਮਣੇ ਆਉਣਗੇ, ਉਨ੍ਹਾਂ ਦੇ ਆਧਾਰ 'ਤੇ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।

### ਕਪੂਰਥਲਾ ਵਿਖੇ ਤੇਲ ਨਾਲ ਭਰੇ ਟੈਂਕਰ ਦੀ ਸਵਿੱਫਟ ਕਾਰ ਨਾਲ ਭਿਆਨਕ ਟੱਕਰ

ਕਪੂਰਥਲਾ 20 ਅਗਸਤ। ਕਪੂਰਥਲਾ ਦੇ ਪਿੰਡ ਪਰਵੇਜ਼ ਨਗਰ ਨੇੜੇ ਇਕ ਭਿਆਨਕ ਸੜਕ ਹਾਦਸਾ ਵਾਪਰ ਗਿਆ। ਤੇਲ ਨਾਲ ਭਰੇ ਟੈਂਕਰ ਅਤੇ ਸਵਿੱਫਟ ਕਾਰ ਦੀ ਆਹਮੋ-ਸਾਹਮਣੇ ਜ਼ਬਰਦਸਤ ਟੱਕਰ ਹੋ ਗਈ। ਟੱਕਰ ਇੰਨੀ ਭਿਆਨਕ ਸੀ ਕਿ ਸਵਿੱਫਟ ਕਾਰ ਦੇ ਪਰਖੱਚੇ ਉੱਡ ਗਏ ਅਤੇ ਵਾਹਨ ਬੁਰੀ ਤਰ੍ਹਾਂ ਨੁਕਸਾਨਿਆ ਗਿਆ। ਹਾਦਸੇ ਵਿੱਚ ਕਾਰ ਸਵਾਰ ਮਹਿਲਾ ਅਤੇ ਪੁਰਸ਼ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਪਹੁੰਚਾਇਆ ਗਿਆ। ਗਨੀਮਤ ਰਹੀ ਕਿ ਇਸ ਭਿਆਨਕ ਟੱਕਰ ਦੇ ਬਾਵਜੂਦ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਹਾਦਸੇ ਦੀ ਸੂਚਨਾ ਮਿਲਣ 'ਤੇ ਪੁਲਸ ਮੌਕੇ 'ਤੇ ਪਹੁੰਚੀ ਅਤੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ।

## ਕੁੜੀ ਦੇ ਅਚਾਨਕ ਹੋਣ ਲੱਗੀ ਢਿੱਡ ਪੀੜ, ਚੈੱਕਅਪ ਕਰਵਾਉਣ ਗਏ ਮਾਪਿਆਂ ਦੇ ਉੱਡੇ ਹੋਸ਼

**ਕੌਮੀ ਪਤ੍ਰਿਕਾ**

ਲੁਧਿਆਣਾ 20 ਅਗਸਤ। ਲੁਧਿਆਣਾ ਵਿਚ ਇਕ 13 ਸਾਲਾ ਮਾਸੂਮ ਬੱਚੀ ਨਾਲ ਦਰਿੰਦਗੀ ਦਾ ਬੇਹੱਦ ਖ਼ੌਫਨਾਕ ਅਤੇ ਸ਼ਰਮਨਾਕ ਮਾਮਲਾ ਸਾਹਮਣੇ ਆਇਆ ਹੈ। ਪੀੜਤਾ ਦੇ ਇਕ ਦੂਰ ਦੇ ਰਿਸ਼ਤੇਦਾਰ ਅਤੇ ਗੁਆਂਢੀ ਨੌਜਵਾਨ ਨੇ ਮਾਸੂਮ ਨੂੰ ਡਰਾ-ਧਮਕਾ ਕੇ ਕਈ ਮਹੀਨਿਆਂ ਤੱਕ ਆਪਣੀ ਹਵਸ ਦਾ ਸ਼ਿਕਾਰ ਬਣਾਇਆ, ਜਿਸ ਕਾਰਨ ਬੱਚੀ 7 ਮਹੀਨੇ ਦੀ ਗਰਭਵਤੀ ਹੋ ਗਈ। ਪੇਟ ਵਿਚ ਤੇਜ਼ ਦਰਦ ਹੋਣ 'ਤੇ ਜਦੋਂ ਪਰਿਵਾਰ ਨੂੰ ਇਸ ਮਾਮਲੇ ਦਾ ਪਤਾ ਲੱਗਾ, ਤਾਂ ਥਾਣਾ ਡਵੀਜ਼ਨ ਨੰਬਰ 6 ਦੀ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਦੋਵਾਂ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ। ਪੀੜਤਾ ਦੀ ਮਾਂ ਵੱਲੋਂ ਪੁਲਸ ਨੂੰ ਦਿੱਤੀ ਸ਼ਿਕਾਇਤ ਅਨੁਸਾਰ, 29 ਜੁਲਾਈ ਦੀ ਰਾਤ ਨੂੰ ਉਸ ਦੀ 13 ਸਾਲ 6 ਮਹੀਨੇ ਦੀ ਬੇਟੀ ਨੇ ਅਚਾਨਕ ਪੇਟ ਵਿਚ ਬਹੁਤ ਤੇਜ਼ ਦਰਦ ਹੋਣ ਦੀ ਗੱਲ ਕਹੀ। ਜਦੋਂ ਮਾਂ ਨੇ ਬੱਚੀ ਤੋਂ ਸਖ਼ਤੀ ਅਤੇ ਪਿਆਰ ਨਾਲ ਪੁੱਛਗਿੱਛ ਕੀਤੀ, ਤਾਂ ਉਸ ਨੇ ਰੋਂਦੇ ਹੋਏ ਹੱਡ ਬੀਤੀ। ਪੀੜਤਾ ਨੇ ਦੱਸਿਆ ਕਿ ਲਗਭਗ 7 ਮਹੀਨੇ ਪਹਿਲਾਂ, ਉਨ੍ਹਾਂ ਦੇ ਦੂਰ ਦੇ ਰਿਸ਼ਤੇਦਾਰ ਸ਼ਿਆਮ ਲਾਲ ਨੇ ਉਸ ਨੂੰ ਆਪਣੇ ਕਮਰੇ ਵਿਚ ਬੁਲਾ ਕੇ ਜ਼ਬਰਦਸਤੀ ਉਸ ਨਾਲ ਸਰੀਰਕ ਸਬੰਧ ਬਣਾਏ। ਇਸ ਤੋਂ ਬਾਅਦ ਜਨਵਰੀ 2026 ਵਿਚ,



ਉਨ੍ਹਾਂ ਦੇ ਵੇਹੜੇ ਵਿਚ ਰਹਿਣ ਵਾਲੇ ਇਕ ਹੋਰ ਨੌਜਵਾਨ ਸੂਰਜ ਨੂੰ ਵੀ ਇਸ ਬਾਰੇ ਪਤਾ ਲੱਗ ਗਿਆ। ਦੋਸ਼ੀ ਸੂਰਜ ਬੱਚੀ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ ਲਗਾਤਾਰ ਵੇਹੜੇ ਦੇ ਬਾਥਰੂਮ ਵਿਚ ਉਸ ਨਾਲ ਬਲਾਤਕਾਰ ਕਰਦਾ ਰਿਹਾ। ਬੱਚੀ ਦੇ ਗਰਭਵਤੀ ਹੋਣ ਦਾ ਖੁਲਾਸਾ ਹੋਣ ਤੋਂ ਬਾਅਦ ਪੁਲਸ ਨੇ ਮਾਮਲੇ ਦੀ ਸੰਵੇਦਨਸ਼ੀਲਤਾ ਨੂੰ ਦੇਖਦੇ ਹੋਏ ਤੁਰੰਤ ਪੋਕਸੋ ਐਕਟ ਅਤੇ ਬਲਾਤਕਾਰ ਦੀਆਂ ਗੰਭੀਰ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ। ਪੁਲਸ ਨੇ ਦੋਵਾਂ ਨਾਮਜ਼ਦ ਮੁਲਜ਼ਮਾਂ, ਸ਼ਿਆਮ ਲਾਲ ਅਤੇ ਸੂਰਜ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਫਿਲਹਾਲ ਪੀੜਤਾ ਦਾ ਮੈਡੀਕਲ ਕਰਵਾਇਆ ਜਾ ਰਿਹਾ ਹੈ ਅਤੇ ਮੁਲਜ਼ਮਾਂ ਨੂੰ ਅਦਾਲਤ ਵਿਚ ਪੇਸ਼ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

## 3 ਲੱਖ ਤੋਂ ਵੱਧ ਨਸ਼ੀਲੇ ਕੈਪਸੂਲਾਂ ਸਮੇਤ ਪਤੀ-ਪਤਨੀ ਗ੍ਰਿਫ਼ਤਾਰ

ਫਿਰੋਜ਼ਪੁਰ/ਬਠਿੰਡਾ 20 ਅਗਸਤ। ਬਠਿੰਡਾ ਪੁਲਸ ਦੇ ਸੀ.ਆਈ.ਏ. ਸਟਾਫ-2 ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਟੀਮ ਨੇ ਸਤਨਾਮ ਸਿੰਘ ਨਾਮਕ ਵਿਅਕਤੀ ਨੂੰ ਕਾਬੂ ਕਰਕੇ ਉਸ ਦੇ ਕਬਜ਼ੇ ਵਿਚੋਂ 3,10,000 ਪ੍ਰੈਗਾਬਾਲਿਨ ਕੈਪਸੂਲ ਬਰਾਮਦ ਕੀਤੇ। ਇਸ ਸਬੰਧੀ ਧਾਰਾ 223 ਬੀ.ਐਨ.ਐਸ. ਤਹਿਤ ਮੁਕੱਦਮਾ ਦਰਜ ਕਰਕੇ ਤਫ਼ਤੀਸ਼ ਸ਼ੁਰੂ ਕੀਤੀ ਗਈ। ਤਫ਼ਤੀਸ਼ ਦੌਰਾਨ ਸਤਨਾਮ ਸਿੰਘ ਦੀ ਪਤਨੀ ਦੀ ਇਸ ਗੈਰ-ਕਾਨੂੰਨੀ ਧੰਦੇ ਵਿਚ ਸ਼ਮੂਲੀਅਤ ਸਾਹਮਣੇ ਆਉਣ 'ਤੇ ਉਸ ਨੂੰ ਕੇਸ ਵਿਚ ਨਾਮਜ਼ਦ ਕਰਕੇ ਗ੍ਰਿਫ਼ਤਾਰ ਕੀਤਾ ਗਿਆ। ਇਸੇ ਦੌਰਾਨ ਸੋਨੂੰ ਮੌੜ ਨਾਮਕ ਵਿਅਕਤੀ ਦੀ ਸ਼ਮੂਲੀਅਤ ਵੀ ਸਾਹਮਣੇ ਆਈ, ਜਿਸ ਨੂੰ ਕੇਸ ਵਿੱਚ ਨਾਮਜ਼ਦ ਕਰਕੇ ਉਸ ਦੀ ਭਾਲ ਕੀਤੀ ਜਾ ਰਹੀ ਹੈ। ਮੁੱਢਲੀ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਹੈ ਕਿ ਇਹ ਪ੍ਰੈਗਾਬਾਲਿਨ ਕੈਪਸੂਲ ਪਾਰਸਲਾਂ ਰਾਹੀਂ ਮੰਗਵਾਏ ਜਾਂਦੇ ਸਨ। ਭਾਵੇਂ ਮੁਲਜ਼ਮਾਂ ਨੇ




ਕਰੀਬ ਛੇ ਮਹੀਨਿਆਂ ਤੋਂ ਇਹ ਧੰਦਾ ਕਰਨ ਦੀ ਗੱਲ ਕਹੀ ਹੈ, ਪਰ ਮੁੱਢਲੀ ਜਾਂਚ ਤੋਂ ਜਾਪਦਾ ਹੈ ਕਿ ਇਹ ਕਾਫ਼ੀ ਲੰਬੇ ਸਮੇਂ ਤੋਂ ਇਸ ਗੈਰ-ਕਾਨੂੰਨੀ ਗਤੀਵਿਧੀ ਵਿੱਚ ਸ਼ਾਮਲ ਹੋ ਸਕਦੇ ਹਨ। ਇਸ ਪੂਰੇ ਨੈੱਟਵਰਕ ਅਤੇ ਸਪਲਾਈ ਚੇਨ ਸਬੰਧੀ ਡੂੰਘਾਈ ਨਾਲ ਤਫ਼ਤੀਸ਼ ਕੀਤੀ ਜਾ ਰਹੀ ਹੈ। ਮੁਲਜ਼ਮਾਂ ਤੋਂ ਕੀਤੀ ਜਾ ਰਹੀ ਪੁੱਛਗਿੱਛ ਦੌਰਾਨ ਹੋਰ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ। ਦੋਸ਼ੀਆਂ ਖ਼?ਲਾਫ਼ ਕਾਨੂੰਨ ਅਨੁਸਾਰ ਬਣਦੀ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਹਥਿਆਰਾਂ ਦੀ ਸਮੱਗਲਿੰਗ ਕਰਨ ਵਾਲਾ ਗਿਰੋਹ ਬੇਪਰਦ, 1 ਕਿਲੋ ਹੈਰੋਇਨ ਤੇ 4 ਪਿਸਤੌਲਾਂ ਸਮੇਤ ਇਕ ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਤਰਨਤਾਰਨ 20 ਅਗਸਤ। ਡੀ.ਜੀ.ਪੀ. ਪੰਜਾਬ ਗੌਰਵ ਯਾਦਵ ਦੀ ਯੋਗ ਅਗਵਾਈ ਹੇਠ ਸਨੇਹਦੀਪ ਸ਼ਰਮਾ ਡੀ.ਆਈ.ਜੀ. ਫਿਰੋਜ਼ਪੁਰ ਰੇਂਜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੁਰਿੰਦਰ ਲਾਂਬਾ ਐੱਸ.ਐੱਸ.ਪੀ ਤਰਨਤਾਰਨ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਰਿਪੁਤਾਪਨ ਸਿੰਘ ਐੱਸ.ਪੀ.(ਡੀ) ਤਰਨਤਾਰਨ ਅਤੇ ਸ਼ਿਵਦਰਸ਼ਨ ਸਿੰਘ ਡੀ.ਐੱਸ.ਪੀ. (ਡੀ) ਤਰਨਤਾਰਨ ਦੀ ਨਿਗਰਾਨੀ ਹੇਠ ਇੰਸਪੈਕਟਰ ਰੁਪਿੰਦਰਪਾਲ ਸਿੰਘ ਇੰਚਾਰਜ਼ ਸੀ. ਆਈ. ਏ. ਸਟਾਫ ਤਰਨਤਾਰਨ ਵੱਲੋਂ ਹਥਿਆਰਾਂ ਦੀ ਸਮੱਗਲਿੰਗ 'ਤੇ ਕਾਬੂ ਪਾਉਣ ਲਈ ਵੱਖ-ਵੱਖ ਟੀਮਾਂ ਤਿਆਰ ਕੀਤੀਆਂ ਗਈਆਂ ਸਨ। ਜਿਸ ਤਹਿਤ ਸੀ. ਆਈ. ਏ. ਸਟਾਫ ਤਰਨਤਾਰਨ ਦੀ ਟੀਮ ਨੂੰ ਹਿਊਮਨ ਇੰਨਟੈਲੀਜੈਂਸ ਅਤੇ ਤਕਨੀਕੀ ਇੰਨਟੈਲੀਜੈਂਸ ਰਾਹੀਂ ਇਹ ਪਤਾ ਲੱਗਾ ਕਿ ਰਛਪਾਲ ਸਿੰਘ ਪੁੱਤਰ ਗਿਆਨ ਸਿੰਘ ਵਾਸੀ ਨੰਦਪੁਰ ਥਾਣਾ ਸਰਹਾਲੀ ਦੇ ਪਾਕਿਸਤਾਨੀ ਸਮੱਗਲਰਾਂ ਨਾਲ ਸਬੰਧ ਹਨ ਅਤੇ ਇਹ ਵਿਅਕਤੀ ਸਰਹੱਦ ਪਾਰੋਂ ਵੱਖ-ਵੱਖ ਤਰੀਕਿਆਂ ਰਾਹੀਂ ਨਾਜਾਇਜ਼ ਹਥਿਆਰ ਅਤੇ ਹੈਰੋਇਨ ਮੰਗਵਾ ਕੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ 'ਚ ਸਪਲਾਈ ਕਰਦਾ ਹੈ, ਜੋ ਕਿ ਅੱਜ ਇਹ ਸਰਹੱਦ ਪਾਰੋਂ ਮੰਗਵਾਏ ਗਏ ਵਿਦੇਸ਼ੀ ਪਿਸਟਲਾਂ ਅਤੇ ਹੈਰੋਇਨ ਲੈ ਕੇ ਬਿਨਾਂ ਨੰਬਰੀ ਮੋਟਰਸਾਈਕਲ 'ਤੇ ਸਵਾਰ ਹੋ ਕੇ ਅੱਗੇ ਸਪਲਾਈ ਕਰਨ ਲਈ ਪਿੰਡ ਵਰਨਾਲਾ ਵਾਲੀ ਸਾਈਡ ਤੋਂ ਅਲਗੋਂ ਕੋਠੀ ਨੂੰ ਜਾ ਰਿਹਾ ਹੈ। ਜਿਸ ਦੇ ਚੱਲਦਿਆਂ ਪੁਲਸ ਨੇ ਪਿੰਡ ਅਲਗੋਂ ਕੋਠੀ ਨਜ਼ਦੀਕ ਸਪੈਸ਼ਲ ਨਾਕਾਬੰਦੀ ਕਰਕੇ ਵਹੀਕਲਾਂ ਦੀ ਚੈਕਿੰਗ ਕਰਨੀ ਸ਼ੁਰੂ ਕੀਤੀ। ਜਿਸ ਦੌਰਾਨ




ਸੀ.ਆਈ.ਏ. ਸਟਾਫ ਤਰਨਤਾਰਨ ਦੀ ਟੀਮ ਵੱਲੋਂ 1 ਨੌਜਵਾਨ ਨੂੰ ਕਾਬੂ ਕੀਤਾ। ਜਿਸ ਦੀ ਪਛਾਣ ਰਛਪਾਲ ਸਿੰਘ ਪੁੱਤਰ ਗਿਆਨ ਸਿੰਘ ਵਾਸੀ ਨੰਦਪੁਰ ਵਜੋਂ ਹੋਈ। ਉਕਤ ਨੌਜਵਾਨ ਦੀ ਡੀ. ਐੱਸ. ਪੀ. ਡੀ. ਸ਼ਿਵਦਰਸ਼ਨ ਸਿੰਘ ਦੀ ਹਾਜ਼ਰੀ 'ਚ ਤਲਾਸ਼ੀ ਕਰਨ 'ਤੇ ਇਸ ਪਾਸੋਂ ਕੁੱਲ 1 ਕਿਲੋ 17 ਗ੍ਰਾਮ ਹੈਰੋਇਨ, 4 ਪਿਸਟਲ 30 ਬੋਰ ਸਮੇਤ 3 ਮੈਗਜ਼ੀਨ, 2 ਜ਼ਿੰਦਾ ਰੌਂਦ ਅਤੇ ਇਕ ਮੋਟਰਸਾਈਕਲ ਸਪਲੈਂਡਰ ਬਿਨਾਂ ਨੰਬਰੀ ਬਰਾਮਦ ਕਰਕੇ ਅਗਲੀ ਪੁੱਛ-ਗਿੱਛ ਅਮਲ 'ਚ ਲਿਆਂਦੀ ਗਈ, ਜੋ ਦੌਰਾਨੇ ਪੁੱਛ-ਗਿੱਛ ਇਹ ਗੱਲ ਸਾਹਮਣੇ ਆਈ ਕਿ ਉਕਤ ਮੁਲਜ਼ਮ ਰਛਪਾਲ ਸਿੰਘ ਦੇ ਪਾਕਿਸਤਾਨੀ ਸਮੱਗਲਰਾਂ ਨਾਲ ਸਬੰਧ ਹਨ ਅਤੇ ਇਸ ਨੇ ਇਹ ਹਥਿਆਰ ਅਤੇ ਹੈਰੋਇਨ ਪਾਕਿਸਤਾਨ ਪਾਸੋਂ ਮੰਗਵਾਈ ਸੀ। ਗ੍ਰਿਫ਼ਤਾਰ ਮੁਲਜ਼ਮ ਨੂੰ ਮਾਨਯੋਗ ਅਦਾਲਤ 'ਚ ਪੇਸ਼ ਕਰਕੇ ਹੋਰ ਰਿਮਾਂਡ ਹਾਂਸਲ ਕੀਤਾ ਜਾ ਰਿਹਾ ਹੈ। ਜਿਸ ਦੇ ਕੋਲੋਂ ਰਿਮਾਂਡ ਦੌਰਾਨ ਹੋਰ ਵੀ ਵੱਡੇ ਖੁਲਾਸੇ ਹੋਣ ਦੀ ਸੰਭਾਵਨਾ ਹੈ।

## ਸੈਰ ਕਰ ਰਹੀ ਔਰਤ ਨੂੰ ਅਵਾਰਾ ਕੁੱਤੇ ਨੇ ਵੱਢਿਆ, ਹਸਪਤਾਲ ਦਾਖ਼ਲ

ਜ਼ੀਰਕਪੁਰ 20 ਅਗਸਤ। ਬਲਟਾਣਾ ਖੇਤਰ 'ਚ ਸੈਰ ਕਰਨ ਗਈ ਇਕ ਔਰਤ 'ਤੇ ਅਵਾਰਾ ਕੁੱਤੇ ਨੇ ਹਮਲਾ ਕਰ ਦਿੱਤਾ। ਕੁੱਤੇ ਦੇ ਵੱਢਣ ਕਾਰਨ ਔਰਤ ਜ਼ਖ਼ਮੀ ਹੋ ਗਈ। ਜ਼ਖ਼ਮੀ ਦੀ ਪਛਾਣ ਜੀਵੰਤੀ ਵਜੋਂ ਹੋਈ ਹੈ, ਜਿਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਮੌਕੇ 'ਤੇ ਲੋਕਾਂ ਅਨੁਸਾਰ ਜੀਵੰਤੀ ਰੋਜ਼ਾਨਾ ਦੀ ਤਰ੍ਹਾਂ ਸਵੇਰੇ ਸੈਰ ਕਰ ਰਹੀ ਸੀ ਕਿ ਇਸ ਦੌਰਾਨ ਅਵਾਰਾ ਕੁੱਤੇ ਨੇ ਅਚਾਨਕ ਉਸ 'ਤੇ ਹਮਲਾ ਕਰ ਦਿੱਤਾ। ਉਸ ਦੀਆਂ ਚੀਕਾਂ ਸੁਣ ਕੇ ਨੇੜੇ ਮੌਜੂਦ ਲੋਕ ਤੁਰੰਤ ਮੌਕੇ 'ਤੇ ਪਹੁੰਚੇ ਤੇ ਉਸ ਨੂੰ



ਕੁੱਤੇ ਤੋਂ ਛੁਡਵਾਇਆ। ਇਸ ਤੋਂ ਬਾਅਦ ਉਸ ਨੂੰ ਤੁਰੰਤ ਇਲਾਜ ਲਈ ਹਸਪਤਾਲ ਪਹੁੰਚਾਇਆ ਗਿਆ। ਸਥਾਨਕ ਵਸਨੀਕਾਂ ਦਾ ਕਹਿਣਾ ਹੈ ਕਿ ਬਲਟਾਣਾ ਤੇ ਆਸ-ਪਾਸ ਦੇ ਇਲਾਕਿਆਂ 'ਚ ਅਵਾਰਾ ਕੁੱਤਿਆਂ ਦੀ ਗਿਣਤੀ ਲਗਾਤਾਰ ਵੱਧ ਰਹੀ ਹੈ। ਸਵੇਰੇ-ਸ਼ਾਮ ਸੈਰ ਕਰਨ ਵਾਲੇ ਲੋਕ, ਸਕੂਲੀ ਬੱਚੇ ਅਤੇ ਬਜ਼ੁਰਗ ਖ਼ੌਫ਼ ਦੇ ਮਾਹੌਲ 'ਚ ਘਰਾਂ ਤੋਂ ਬਾਹਰ ਨਿਕਲਣ ਲਈ ਮਜਬੂਰ ਹਨ। ਲੋਕਾਂ ਦਾ ਦੋਸ਼ ਹੈ ਕਿ ਇਸ ਸਬੰਧੀ ਕੌਂਸਲ ਨੂੰ ਕਈ ਵਾਰ ਸ਼ਿਕਾਇਤਾਂ ਦਿੱਤੀਆਂ ਗਈਆਂ ਹਨ ਪਰ ਸਮੱਸਿਆ ਦਾ ਅਜੇ ਤੱਕ ਕੋਈ ਸਥਾਈ ਹੱਲ ਨਹੀਂ ਕੀਤਾ ਗਿਆ। ਇਲਾਕਾ ਵਾਸੀਆਂ ਨੇ ਕੌਂਸਲ ਤੋਂ ਮੰਗ ਕੀਤੀ ਹੈ ਕਿ ਆਵਾਰਾ ਕੁੱਤਿਆਂ ਨੂੰ ਫੜ੍ਹਨ, ਨਸਬੰਦੀ ਤੇ ਟੀਕਾਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇ ਤਾਂ ਜੋ ਭਵਿੱਖ 'ਚ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ।

### ਚੰਡੀਗੜ੍ਹ ਦੇ 4 ਕਾਂਵੜੀਆਂ ਦੀ ਹਰਿਦੁਆਰ 'ਚ ਡੁੱਬਣ ਨਾਲ ਮੌਤ

ਚੰਡੀਗੜ੍ਹ 20 ਅਗਸਤ। ਹਰਿਦੁਆਰ 'ਚ ਸ਼ੁੱਕਰਵਾਰ ਨੂੰ ਇਕ ਦਰਦਨਾਕ ਹਾਦਸੇ 'ਚ ਚੰਡੀਗੜ੍ਹ ਦੇ 4 ਕਾਂਵੜੀਆਂ ਦੀ ਗੰਗਨਹਿਰ 'ਚ ਡੁੱਬਣ ਨਾਲ ਮੌਤ ਹੋ ਜਾਣ ਦੀ ਸੂਚਨਾ ਮਿਲੀ। ਮਿਲੀ ਜਾਣਕਾਰੀ ਮੁਤਾਬਕ ਚਾਰੇ ਨੌਜਵਾਨ ਜਵਾਲਾਪੁਰ ਕੋਤਵਾਲੀ ਖੇਤਰ ਸਥਿਤ ਜਟਵਾੜਾ ਪੁਲ ਨੇੜੇ ਗੰਗਨਹਿਰ 'ਚ ਇਸ਼ਨਾਨ ਕਰ ਰਹੇ ਸਨ। ਇਸੇ ਦੌਰਾਨ ਇਕ ਨੌਜਵਾਨ ਤੇਜ਼ ਵਹਾਅ 'ਚ ਰੁੜ੍ਹਨ ਲੱਗਾ। ਉਸ ਨੂੰ ਬਚਾਉਣ ਲਈ 3 ਹੋਰ ਸਾਥੀ ਵੀ ਨਹਿਰ 'ਚ ਉਤਰ ਗਏ ਪਰ ਚਾਰੇ ਪਾਣੀ ਦੇ ਤੇਜ਼ ਵਹਾਅ ਦੀ ਲਪੇਟ 'ਚ ਆ ਗਏ। ਇਸ ਹਾਦਸੇ ਵਿਚ ਮਾਰੇ ਗਏ ਨੌਜਵਾਨਾਂ ਦੀ ਪਛਾਣ ਸ਼ਿਵਾਂਸ਼ੂ (16), ਨੀਤੇਸ਼, ਭਰਤ ਅਤੇ ਰੋਹਿਤ ਵਜੋਂ ਹੋਈ ਹੈ। ਸਾਰੇ ਚੰਡੀਗੜ੍ਹ ਦੇ ਸੈਕਟਰ-26 ਦੇ ਨਿਵਾਸੀ ਸਨ ਅਤੇ ਕਾਂਵੜ ਯਾਤਰਾ ਲਈ ਹਰਿਦੁਆਰ ਪਹੁੰਚੇ ਸ਼ਰਧਾਲੂਆਂ ਦੇ ਇਕ ਜਥੇ ਦਾ ਹਿੱਸਾ ਸਨ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਜਲ ਪੁਲਸ, ਐੱਸ. ਡੀ. ਆਰ. ਐੱਫ. ਅਤੇ ਸਥਾਨਕ ਪੁਲਸ ਮੌਕੇ 'ਤੇ ਪਹੁੰਚੀ। ਸਾਂਝਾ ਰੈਸਕਿਊ ਅਭਿਆਨ ਚਲਾ ਕੇ ਚਾਰਾਂ ਨੌਜਵਾਨਾਂ ਨੂੰ ਨਹਿਰ 'ਚੋਂ ਬਾਹਰ ਕੱਢਿਆ ਗਿਆ ਪਰ ਉਦੋਂ ਤੱਕ ਉਨ੍ਹਾਂ ਦੀ ਮੌਤ ਹੋ ਚੁੱਕੀ ਸੀ। ਇਸ ਤੋਂ ਬਾਅਦ ਲਾਸ਼ਾਂ ਨੂੰ ਪੋਸਟਮਾਰਟਮ ਲਈ ਜ਼ਿਲ੍ਹਾ ਹਸਪਤਾਲ ਭੇਜ ਦਿੱਤਾ ਗਿਆ।

## ਹਰਿਆਣਾ 'ਚ ਵੱਡਾ ਹਾਦਸਾ ! ਹਾਈ-ਵੋਲਟੇਜ ਤਾਰਾਂ ਦੀ ਲਪੇਟ 'ਚ ਆਇਆ ਕੈਂਟਰ, 1 ਦੀ ਮੌਤ ਤੇ 20 ਜ਼ਖ਼ਮੀ

ਨੈਸ਼ਨਲ ਡੈਸਕ 20 ਅਗਸਤ। ਹਰਿਆਣਾ ਦੇ ਕਰਨਾਲ 'ਚ ਸ਼ਰਧਾਲੂਆਂ ਨੂੰ ਲੈ ਕੇ ਜਾ ਰਿਹਾ ਇੱਕ ਕੈਂਟਰ ਟਰੱਕ ਹਾਈ-ਵੋਲਟੇਜ ਬਿਜਲੀ ਤਾਰ ਦੇ ਸੰਪਰਕ ਵਿੱਚ ਆ ਗਿਆ। ਪੁਲਸ ਨੇ ਐਤਵਾਰ ਨੂੰ ਦੱਸਿਆ ਕਿ ਮਦਦ ਲਈ ਆਇਆ ਇੱਕ ਵਿਅਕਤੀ ਕਰੰਟ ਲੱਗ ਗਿਆ ਤੇ ਉਸ ਵਿੱਚ ਸਵਾਰ 20 ਤੋਂ ਵੱਧ ਲੋਕ ਜ਼ਖ਼ਮੀ ਹੋ ਗਏ। ਇਹ ਘਟਨਾ ਸ਼ਨੀਵਾਰ ਦੇਰ ਰਾਤ ਉਸ ਸਮੇਂ ਵਾਪਰੀ ਜਦੋਂ 50 ਤੋਂ ਵੱਧ ਸ਼ਰਧਾਲੂਆਂ ਨੂੰ ਲੈ ਕੇ ਜਾ ਰਿਹਾ ਕੈਂਟਰ ਰਾਜਸਥਾਨ ਦੇ ਗੋਗਾਮੇਡੀ ਜਾ ਰਿਹਾ ਸੀ। ਪੁਲਸ ਦੇ ਅਨੁਸਾਰ ਘਰੌਂਡਾ 'ਚ ਮਿੰਨੀ ਬਾਈਪਾਸ ਦੇ ਨੇੜੇ ਕੈਂਟਰ ਇੱਕ ਹਾਈ-ਵੋਲਟੇਜ ਬਿਜਲੀ ਤਾਰ ਦੇ ਸੰਪਰਕ ਵਿੱਚ ਆਇਆ, ਜਿਸ ਵਿੱਚ ਸਵਾਰ 20 ਤੋਂ ਵੱਧ ਲੋਕ ਜ਼ਖ਼ਮੀ ਹੋ ਗਏ। ਉਸਨੇ ਕਿਹਾ ਇੱਕ ਪੁਲਸ ਅਧਿਕਾਰੀ ਨੇ ਦੱਸਿਆ ਕਿ ਇੱਕ ਸਥਾਨਕ ਨਿਵਾਸੀ, ਸ਼ਰਧਾਲੂਆਂ ਦੀਆਂ ਚੀਕਾਂ ਸੁਣ ਕੇ, ਉਨ੍ਹਾਂ ਦੀ ਮਦਦ ਲਈ ਮੌਕੇ 'ਤੇ ਪਹੁੰਚਿਆ। ਹਾਲਾਂਕਿ, ਉਸਨੂੰ ਕਰੰਟ ਲੱਗ ਗਿਆ ਤੇ ਉਸਦੀ ਮੌਤ ਹੋ ਗਈ,। ਅਧਿਕਾਰੀ ਨੇ ਕਿਹਾ ਕਿ ਕੈਂਟਰ ਦੇ ਉੱਪਰ ਇੱਕ ਵਾਧੂ ਫਰੇਮ ਨਾਲ ਇੱਕ ਲੋਹੇ ਦੀ ਪਾਈਪ ਜੁੜੀ ਹੋਈ ਸੀ, ਜੋ ਉੱਪਰੋਂ ਲੰਘਦੀ ਇੱਕ ਹਾਈ-ਵੋਲਟੇਜ ਬਿਜਲੀ ਲਾਈਨ ਦੇ ਸੰਪਰਕ ਵਿੱਚ ਆਈ। ਉਨ੍ਹਾਂ ਕਿਹਾ ਕਿ ਜ਼ਖਮੀਆਂ ਨੂੰ ਕਰਨਾਲ ਤੇ ਪਾਣੀਪਤ ਦੇ ਸਰਕਾਰੀ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ ਹੈ।

### ਜ਼ਮੀਨ ਮਾਮਲੇ 'ਚ ਵਿਅਕਤੀ ਦੀ ਮੌਤ ਤੋਂ ਬਾਅਦ ਭੜਕੇ ਲੋਕ, 4 ਖ਼ਿਲਾਫ਼ ਮਾਮਲਾ ਦਰਜ

ਬੁਢਲਾਡਾ 20 ਅਗਸਤ। ਪਿੰਡ ਆਲਮਪੁਰ ਬੋਦਲਾ ਵਿਖੇ ਇਕ ਵਿਅਕਤੀ ਤੋਂ ਪਿੰਡ ਭਾਦੜਾ ਦੇ ਵਾਸੀ ਵੱਲੋਂ ਧੋਖੇ ਨਾਲ ਜ਼ਮੀਨ ਹੜੱਪਣ ਦੇ ਮਾਮਲੇ 'ਚ ਆਲਮਪੁਰ ਬੋਦਲਾ ਦੇ ਵਿਅਕਤੀ ਦੀ ਭੇਤਭਰੇ ਹਾਲਾਤ 'ਚ ਮੌਤ ਹੋਣ ਕਾਰਨ ਪਿੰਡ ਵਾਸੀਆਂ 'ਚ ਭਾਰੀ ਗੁੱਸਾ ਦੇਖਣ ਨੂੰ ਮਿਲਿਆ। ਪਿੰਡ ਵਾਸੀਆਂ ਵੱਲੋਂ ਸਦਰ ਥਾਣੇ ਚ ਪਹੁੰਚ ਕਰ ਕੇ ਕਾਰਵਾਈ ਦੀ ਮੰਗ



ਕੀਤੀ ਗਈ, ਜਿੱਥੇ ਪੁਲਸ ਨੇ ਉਪਰੋਕਤ ਮਾਮਲੇ 'ਚ 4 ਵਿਅਕਤੀਆਂ ਖ਼?ਲਾਫ਼ ਮਾਮਲਾ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਪਿੰਡ ਭਾਦੜਾ ਦੇ ਦਰਸ਼ਨ ਸਿੰਘ ਵੱਲੋਂ ਆਲਮਪੁਰ ਬੋਦਲਾ ਦੇ ਬਿੰਦਰ ਸਿੰਘ ਤੋਂ 22 ਕਨਾਲਾ ਸਾਢੇ 15 ਮਰਲੇ ਜ਼ਮੀਨ ਆਪਣੇ ਨਾ ਕਰਵਾਉਣ ਤੋਂ ਬਾਅਦ ਬਿੰਦਰ ਸਿੰਘ ਨੂੰ ਸ਼ਾਮ ਸਮੇਂ ਉਸ ਦੇ ਘਰ ਛੱਡ ਆਇਆ। ਇਸ ਤੋਂ ਬਾਅਦ ਬਿੰਦਰ ਸਿੰਘ ਦੀ ਹਾਲਤ ਵਿਗੜਦੀ ਦੇਖ ਪਰਿਵਾਰ ਵੱਲੋਂ ਡਾਕਟਰੀ ਸਹਾਇਤਾ ਦੀ ਮਦਦ ਕਰਨ ਤੋਂ ਪਹਿਲਾਂ ਭੇਤਭਰੇ ਹਾਲਾਤਾਂ ਵਿਚ ਬਿੰਦਰ ਸਿੰਘ ਦੀ ਮੌਤ ਹੋ ਗਈ। ਇਸ ਸਬੰਧੀ ਥਾਣਾ ਸਦਰ ਪੁਲਸ ਦੇ ਮੁਖੀ ਨੇ ਦੱਸਿਆ ਕਿ ਉਕਤ ਪੀੜਤ ਪਰਿਵਾਰ ਦੇ ਬਿਆਨਾਂ ਦੇ ਆਧਾਰ 'ਤੇ ਚਾਰ ਵਿਅਕਤੀਆਂ ਖ਼?ਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ ਅਤੀ ਮੁਲਜ਼ਮਾਂ ਦੀ ਭਾਲ ਜਾਰੀ ਹੈ।

# 27 ਅਗਸਤ ਨੂੰ ਪੰਜਾਬ ਬੰਦ ਦੀ ਤਿਆਰੀ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 20 ਅਗਸਤ। ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ 27 ਅਗਸਤ ਦੇ ਪੰਜਾਬ ਬੰਦ ਦੀ ਤਿਆਰੀ ਸਬੰਧੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਬਲਰਾਜ ਸਿੰਘ ਭੰਗੂ ਦੀ ਅਗਵਾਈ ਹੇਠ ਕੀਤੀ ਗਈ। ਮੀਟਿੰਗ ਵਿਚ ਮਜ਼ਦੂਰ, ਮੁਲਾਜ਼ਮ ਤੇ ਕਿਸਾਨ ਆਗੂ ਬਲਕਾਰ ਵਲਟੋਹਾ ਅਤੇ ਪੰਜਾਬ ਦੇ ਡਿਪਟੀ ਜਨਰਲ ਸਕੱਤਰ ਸਤਿਆਪਾਲ ਗੁਪਤਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਦੌਰਾਨ ਪੈਨਸ਼ਨਰਾਂ ਨੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੇ ਮਸਲਿਆਂ ਸਬੰਧੀ ਕੀਤੇ ਜਾ ਰਹੇ ਕਥਿਤ ਪ੍ਰਚਾਰ ਅਤੇ ਹਾਈਕੋਰਟ ਵਿਚ ਪੇਸ਼ ਕੀਤੇ ਦਸਤਾਵੇਜ਼ਾਂ 'ਤੇ ਸਖ਼ਤ ਰੋਸ ਪ੍ਰਗਟਾਇਆ। ਆਗੂਆਂ ਨੇ ਕਿਹਾ ਕਿ ਮਹਿੰਗਾਈ ਭੱਤਾ ਪੈਨਸ਼ਨਰਾਂ ਦਾ ਹੱਕ ਹੈ ਅਤੇ ਇਸ ਸਬੰਧੀ ਸਰਕਾਰ ਨੂੰ ਆਪਣਾ ਰੁਖ਼ ਸਪੱਸ਼ਟ ਕਰਨਾ ਚਾਹੀਦਾ ਹੈ। ਪੈਨਸ਼ਨਰ ਆਗੂਆਂ ਨੇ ਐਲਾਨ ਕੀਤਾ ਕਿ 27 ਅਗਸਤ ਨੂੰ



ਪੰਜਾਬ ਮਹਾਂਬੰਦ ਵਿਚ ਵੱਡੀ ਗਿਣਤੀ ਵਿਚ ਸ਼ਾਮਲ ਹੋ ਕੇ ਸਰਕਾਰ ਨੂੰ ਆਪਣੀ ਏਕਤਾ ਅਤੇ ਤਾਕਤ ਦਾ ਅਹਿਸਾਸ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਲਵੇ। ਇਸ ਮੌਕੇ ਅਜਨਾਲਾ ਤਹਿਸੀਲ ਤੋਂ ਸੁਖਦੇਵ ਸਿੰਘ ਢਿੱਲੋਂ, ਪਰਮਜੀਤ ਸਿੰਘ ਨਿੱਝਰ, ਹਰਜੀਤ ਸਿੰਘ ਉਪਲ, ਬਲੌਰ ਸਿੰਘ ਅਤੇ ਰਣਜੀਤ ਸਿੰਘ ਸਮੇਤ ਹੋਰ ਆਗੂ ਹਾਜ਼ਰ ਹੋਏ। ਜਥੇਬੰਦੀ ਵਿਚ ਨਵੇਂ ਸ਼ਾਮਲ ਹੋਏ ਸੰਦੀਪ ਸਿੰਘ ਲੈਕਚਰਾਰ, ਕੁਲਦੀਪ ਕੁਮਾਰ ਅਧਿਆਪਕ, ਰਘਬੀਰ ਸਿੰਘ ਅਤੇ ਬਲਦੇਵ ਸਿੰਘ ਜਲ ਸਪਲਾਈ ਵਿਭਾਗ ਨੂੰ ਹਾਰ ਪਾ ਕੇ ਸਨਮਾਨਿਤ ਕੀਤਾ ਗਿਆ। ਅੰਤ ਵਿਚ ਪੈਨਸ਼ਨਰਾਂ ਨੇ ਵਿੱਤ ਮੰਤਰੀ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਸਬੰਧੀ ਕੀਤੀ ਗਈ ਕਥਿਤ ਭੱਦੀ ਸ਼ਬਦਾਵਲੀ ਲਈ ਮੁਆਫ਼ੀ ਮੰਗਣ ਦੀ ਮੰਗ ਕੀਤੀ। ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ 2027 ਦੀਆਂ ਚੋਣਾਂ ਦੂਰ ਨਹੀਂ ਹਨ ਅਤੇ ਪੈਨਸ਼ਨਰ ਆਪਣੇ ਹੱਕਾਂ ਲਈ ਸੰਘਰਸ਼ ਜਾਰੀ ਰੱਖਣਗੇ। ਇਸ ਮੌਕੇ ਸਤਿੰਦਰ ਕੁਮਾਰ, ਰਾਮ ਮੂਰਤੀ, ਹੰਸ ਕੌਰ, ਬਲਦੇਵ ਰਾਜ, ਮਨਮੋਹਨ ਸਿੰਘ, ਅੰਚਲ ਕੁਮਾਰ, ਜਸਬੀਰ ਸਿੰਘ, ਗੁਰਦੇਵ ਸਿੰਘ, ਕੇਵਲ ਸਿੰਘ ਅਤੇ ਸਲਵਿੰਦਰ ਪਾਲ ਸਮੇਤ ਵੱਡੀ ਗਿਣਤੀ ਵਿਚ ਪੈਨਸ਼ਨਰ ਹਾਜ਼ਰ ਸਨ।

### ਜਨਮਦਿਨ ਦੀ ਪਾਰਟੀ ਮਗਰੋਂ ਤਾੜ੍ਹ-ਤਾੜ੍ਹ ਗੋਲੀਆਂ ਮਾਰ ਭੁੰਨ੍ਹ 'ਤਾ ਨੌਜਵਾਨ, ਇਟਾਵਾ 'ਚ ਫੈਲੀ ਸਨਸਨੀ

ਇਟਾਵਾ 20 ਅਗਸਤ। ਇਟਾਵਾ ਜ਼ਿਲ੍ਹੇ ਦੇ ਜਸਵੰਤ ਨਗਰ ਥਾਣਾ ਖੇਤਰ ਦੇ ਅਧੀਨ ਪੈਂਦੇ ਪਿੰਡ ਪਿਪਰੀ ਪੁਰਾ ਵਿੱਚ ਆਪਣੇ ਦੋਸਤ ਦੀ ਜਨਮਦਿਨ ਪਾਰਟੀ ਤੋਂ ਵਾਪਸ ਆ ਰਹੇ ਇੱਕ ਨੌਜਵਾਨ ਦੀ ਕਥਿਤ ਤੌਰ 'ਤੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਪੁਲਸ ਨੇ ਐਤਵਾਰ ਨੂੰ ਇਸ ਵਾਰਦਾਤ ਦੀ ਜਾਣਕਾਰੀ ਦਿੱਤੀ। ਇਸ ਮਾਮਲੇ ਦੇ ਸਬੰਧ ਵਿਚ ਜਸਵੰਤ ਨਗਰ ਪੁਲਸ ਸਟੇਸ਼ਨ ਦੇ ਇੰਚਾਰਜ ਇੰਸਪੈਕਟਰ ਕਮਲ ਭਾਟੀ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਦੀ ਪਛਾਣ ਰਾਹੁਲ ਕੁਮਾਰ ਯਾਦਵ (33) ਵਜੋਂ ਹੋਈ ਹੈ, ਜੋ ਪਿਪਰੀ ਪੁਰਾ ਦਾ ਰਹਿਣ ਵਾਲਾ ਸੀ। ਉਨ੍ਹਾਂ ਕਿਹਾ ਕਿ ਸ਼ਨੀਵਾਰ ਦੇਰ ਸ਼ਾਮ ਉਕਤ ਨੌਜਵਾਨ ਆਪਣੇ ਦੋਸਤ ਦੇ ਜਨਮਦਿਨ ਦੀ ਪਾਰਟੀ ਤੋਂ ਬਾਅਦ ਘਰ ਵਾਪਸ ਆ ਰਿਹਾ ਸੀ। ਇਸ ਦੌਰਾਨ ਪਿੰਡ ਵਿੱਚ ਸੜਕ 'ਤੇ ਪਹਿਲਾਂ ਤੋਂ ਹੀ ਉਸ ਦੀ ਉਡੀਕ ਕਰ ਰਹੇ ਹਮਲਾਵਰਾਂ ਨੇ ਉਸਨੂੰ ਗੋਲੀਆਂ ਮਾਰ ਦਿੱਤੀਆਂ। ਉਨ੍ਹਾਂ ਕਿਹਾ ਕਿ ਗੋਲੀ ਦੀ ਆਵਾਜ਼ ਸੁਣ ਕੇ ਪਿੰਡ ਵਾਸੀ ਅਤੇ ਉਸ ਦੇ ਪਰਿਵਾਰਕ ਮੈਂਬਰ ਮੌਕੇ 'ਤੇ ਪਹੁੰਚ ਗਏ। ਉਨ੍ਹਾਂ ਨੇ ਗੰਭੀਰ ਹਾਲਤ ਵਿਚ ਜ਼ਖਮੀ ਰਾਹੁਲ ਨੂੰ ਜ਼ਿਲ੍ਹਾ ਹਸਪਤਾਲ ਇਲਾਜ ਲਈ ਭਰਤੀ ਕਰਵਾਇਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਘਟਨਾ ਦੀ ਜਾਣਕਾਰੀ ਮਿਲਣ 'ਤੇ ਵਧੀਕ ਪੁਲਸ ਸੁਪਰਡੈਂਟ (ਸ਼ਹਿਰ) ਅਭੈ ਨਾਥ ਤ੍ਰਿਪਾਠੀ ਅਤੇ ਜਸਵੰਤ ਨਗਰ ਪੁਲਸ ਸਰਕਲ ਅਫਸਰ ਆਯੂਸ਼ੀ ਸਿੰਘ ਵੀ ਹਸਪਤਾਲ ਪਹੁੰਚ ਗਏ। ਪਰਿਵਾਰ ਨੇ ਪੁਲਸ ਨੂੰ ਦੱਸਿਆ ਕਿ ਰਾਹੁਲ ਦਾ ਪਹਿਲਾਂ ਵੀ ਆਪਣੇ ਪਰਿਵਾਰ ਦੇ ਕੁਝ ਮੈਂਬਰਾਂ ਨਾਲ ਕਿਸੇ ਗੱਲ ਨੂੰ ਲੈ ਕੇ ਝਗੜਾ ਹੋਇਆ ਸੀ। ਉਨ੍ਹਾਂ ਦੋਸ਼ ਲਾਇਆ ਕਿ ਰਾਹੁਲ ਦਾ ਕਤਲ ਇਸੇ ਰੰਜਿਸ਼ ਨੂੰ ਲੈ ਕੇ ਹੋਇਆ ਹੈ। ਮੌਕੇ 'ਤੇ ਪਹੁੰਚੀ ਪੁਲਸ ਨੇ ਨੌਜਵਾਨ ਦੀ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ।

## ''ਮੈਂ ਜਿਊਂਦਾ ਆਂ ਜੀ.. !'' ਰਿਕਾਰਡਾਂ 'ਚ ਕਿਸਾਨ ਨੂੰ ਐਲਾਨ'ਤਾ ਮ੍ਰਿਤਕ, ਹੁਣ ਖ਼ੁਦ ਨੂੰ ਸਾਬਿਤ ਕਰ ਰਿਹੈ ਜਿਊਂਦਾ

**ਕੌਮੀ ਪਤ੍ਰਿਕਾ**

ਬੈਤੂਲ 20 ਅਗਸਤ। ਮੱਧ ਪ੍ਰਦੇਸ਼ ਦੇ ਬੈਤੂਲ ਜ਼ਿਲ੍ਹੇ ਦੀ ਸ਼ਾਹਪੁਰ ਤਹਿਸੀਲ ਦੇ ਪਿੰਡ ਖਪਰੀਆ 'ਚ ਪੰਚਾਇਤ ਦੀ ਲਾਪਰਵਾਹੀ ਦਾ ਮਾਮਲਾ ਸਾਹਮਣੇ ਆਇਆ ਹੈ। ਇੱਥੇ 56 ਸਾਲਾ ਕਿਸਾਨ ਮੰਗਲੂ ਪਰਤੇ ਨੂੰ ਸਰਕਾਰੀ ਰਿਕਾਰਡ 'ਚ ਮ੍ਰਿਤਕ ਐਲਾਨ ਦਿੱਤਾ ਗਿਆ। ਜਿਊਂਦੇ ਹੋਣ ਦੇ ਬਾਵਜੂਦ ਰਿਕਾਰਡ 'ਚ ਮ੍ਰਿਤਕ ਦਰਜ ਹੋਣ ਨਾਲ ਕਿਸਾਨ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਮਿਲਣਾ ਬੰਦ ਹੋ ਗਿਆ। ਪਰੇਸ਼ਾਨ ਕਿਸਾਨ ਨੇ ਬੁੱਧਵਾਰ ਨੂੰ ਜਨਤਕ ਸੁਣਵਾਈ 'ਚ ਕਲੈਕਟਰ ਦੇ ਸਾਹਮਣੇ ਸ਼ਿਕਾਇਤ ਪੇਸ਼ ਕਰ ਕੇ ਮਾਮਲੇ ਦੀ ਜਾਂਚ ਅਤੇ ਜ਼ਿੰਮੇਵਾਰਾਂ ਖ਼?ਲਾਫ਼ ਕਾਰਵਾਈ ਦੀ ਮੰਗ ਕੀਤੀ। ਪਿੰਡ ਖਪਰੀਆ ਵਾਸੀ ਮੰਗਲੂ ਪਰਤੇ ਨੇ ਆਪਣੀ ਅਰਜ਼ੀ 'ਚ ਦੱਸਿਆ ਕਿ ਉਹ ਆਧਾਰ ਕਾਰਡ 'ਚ ਸੁਧਾਰ ਕਰਵਾਉਣ ਲਈ ਭੋਪਾਲ ਸਥਿਤ



ਪ੍ਰਦੇਸ਼ ਦਫ਼ਤਰ ਪਹੁੰਚਿਆ ਸੀ। ਉੱਥੇ ਰਿਕਾਰਡ ਦੀ ਜਾਂਚ ਦੌਰਾਨ ਉਸ ਨੂੰ ਸਰਕਾਰੀ ਦਸਤਾਵੇਜ਼ਾਂ 'ਚ ਮ੍ਰਿਤਕ ਦਰਜ ਕੀਤੇ ਜਾਣ ਦੀ ਜਾਣਕਾਰੀ ਮਿਲੀ। ਇਸ ਤੋਂ ਬਾਅਦ ਉਸ ਦੇ ਸਾਹਮਣੇ ਸਰਕਾਰੀ ਰਿਕਾਰਡ 'ਚ ਖ਼ੁਦ ਨੂੰ ਜਿਊਂਦੇ ਸਾਬਿਤ ਕਰਨ ਦੀ ਸਮੱਸਿਆ ਖੜ੍ਹੀ ਹੋ ਗਈ। ਕਿਸਾਨ ਦਾ ਦੋਸ਼ ਹੈ ਕਿ ਪਿੰਡ ਪੰਚਾਇਤ ਖਪਰੀਆ ਦੇ ਸਕੱਤਰ ਅਤੇ ਰੁਜ਼ਗਾਰ ਸਹਾਇਕ ਦੀ ਲਾਪਰਵਾਹੀ ਕਾਰਨ ਉਸ ਦਾ ਨਾਂ ਮ੍ਰਿਤਕ ਵਿਅਕਤੀ ਵਜੋਂ ਦਰਜ ਹੋ ਗਿਆ। ਰਿਕਾਰਡ 'ਚ ਮ੍ਰਿਤਕ ਦਰਜ ਹੋਣ ਤੋਂ ਬਾਅਦ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਫੰਡ ਦੀ ਰਾਸ਼ੀ ਮਿਲਣਾ ਬੰਦ ਹੋ ਗਈ। ਇਸ ਤੋਂ ਇਲਾਵਾ ਖੇਤੀਬਾੜੀ ਕਮੇਟੀ ਤੋਂ ਖਾਦ ਲੈਣ 'ਚ ਵੀ ਉਸ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੰਗਲੂ ਨੇ ਕਲੈਕਟਰ ਨੂੰ ਪੰਚਾਇਤ ਸਕੱਤਰ ਅਤੇ ਰੁਜ਼ਗਾਰ ਸਹਾਇਕ ਦੀ ਭੂਮਿਕਾ ਦੀ ਜਾਂਚ ਕਰਵਾਉਣ ਅਤੇ ਲਾਪਰਵਾਹੀ ਪਾਏ ਜਾਣ 'ਤੇ ਸੰਬੰਧਤਾਂ ਖ਼?ਲਾਫ਼ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਨੇ ਸਰਕਾਰੀ ਰਿਕਾਰਡ 'ਚ ਤੁਰੰਤ ਸੁਧਾਰ ਕਰਵਾਉਣ ਦੀ ਮੰਗ ਕਰਦੇ ਹੋਏ ਕਿਹਾ ਕਿ ਇਸ ਨਾਲ ਉਸ ਨੂੰ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਫੰਡ ਸਮੇਤ ਹੋਰ ਸਰਕਾਰੀ ਯੋਜਨਾਵਾਂ ਦਾ ਲਾਭ ਮੁੜ ਮਿਲ ਸਕੇਗਾ। ਕਿਸਾਨ ਨੇ ਰਿਕਾਰਡ 'ਚ ਗਲਤ ਤਰੀਕੇ ਨਾਲ ਮ੍ਰਿਤਕ ਦਰਜ ਕੀਤੇ ਜਾਣ ਕਾਰਨ ਯੋਜਨਾਵਾਂ ਤੋਂ ਵਾਂਝੇ ਰਹਿਣ ਅਤੇ ਹੋਏ ਆਰਥਿਕ ਨੁਕਸਾਨ ਦੀ ਭਰਪਾਈ ਕਰਵਾਉਣ ਦੀ ਵੀ ਮੰਗ ਕੀਤੀ ਹੈ। ਮਾਮਲੇ 'ਚ ਪ੍ਰਸ਼ਾਸਨਿਕ ਜਾਂਚ ਤੋਂ ਬਾਅਦ ਹੀ ਸਪੱਸ਼ਟ ਹੋਵੇਗਾ ਕਿ ਜਿਊਂਦੇ ਕਿਸਾਨ ਨੂੰ ਸਰਕਾਰੀ ਰਿਕਾਰਡ 'ਚ ਮ੍ਰਿਤਕ ਦਰਜ ਕਰਨ 'ਚ ਲਾਪਰਵਾਹੀ ਕਿਸ ਪੱਧਰ 'ਤੇ ਹੋਈ ਅਤੇ ਇਸ ਲਈ ਕੌਣ ਜ਼ਿੰਮੇਵਾਰ ਹੈ।

### ਪੰਜਾਬ ਦੇ ਹਾਈਵੇਅ 'ਤੇ ਵਾਪਰਿਆ ਭਿਆਨਕ ਹਾਦਸਾ !

ਟਾਂਡਾ ਉੜਮੁੜ 20 ਅਗਸਤ। ਪੰਜਾਬ ਵਿਚ ਭਿਆਨਕ ਸੜਕ ਹਾਦਸਾ ਵਾਪਰਨ ਦੀ ਖ਼ਬਰ ਮਿਲੀ ਹੈ। ਮਿਲੀ ਜਾਣਕਾਰੀ ਮੁਤਾਬਕ ਜਲੰਧਰ-ਪਠਾਨਕੋਟ ਹਾਈਵੇਅ 'ਤੇ ਪਿੰਡ ਚੌਲਾਂਗ ਨੇੜੇ ਅੱਜ ਦੁਪਹਿਰ ਵਾਪਰੇ ਸੜਕ ਹਾਦਸੇ ਵਿਚ ਕਾਰ ਸਵਾਰ ਦੋ ਵਿਅਕਤੀ ਅਤੇ ਸੜਕ ਕਿਨਾਰੇ ਨਾਖਾਂ ਵੇਚਣ ਵਾਲਾ ਵਿਅਕਤੀ ਮੌਤ ਦੀ ਮੌਤ ਹੋ ਗਈ। ਇਸ ਦੇ ਨਾਲ ਹੀ ਕਾਰ ਸਵਾਰ 3 ਹੋਰ ਲੋਕ ਗੰਭੀਰ ਰੂਪ 'ਚ ਜ਼ਖ਼ਮੀ ਹੋਏ ਹਨ। ਹਾਦਸਾ ਉਸ ਵੇਲੇ ਵਾਪਰਿਆ ਜਦੋਂ ਜੰਮੂ ਵੱਲ ਜਾ ਰਹੀ ਕਾਰ ਨਾਖਾਂ ਵੇਚਣ ਵਾਲੇ ਵਿਅਕਤੀ ਨੂੰ ਲਪੇਟ 'ਚ ਲੈਣ ਮਗਰੋਂ ਲਾਈਨ ਤੋਂ ਬਾਅਦ ਸੜਕ ਕਿਨਾਰੇ ਡਿਵਾਈਡਰ ਨਾਲ ਟਕਰਾਅ ਗਈ। ਇਹ ਹਾਦਸਾ ਇੰਨਾ ਭਿਆਨਕ ਸੀ ਕਿ ਕਾਰ ਦੇ ਪਰਖੱਚੇ ਉੱਡ ਗਏ। ਮੌਕੇ ਉਤੇ ਪਹੁੰਚੀ ਪੁਲਸ ਨੇ ਲਾਸ਼ਾਂ ਨੂੰ ਕਬਜ਼ੇ ਵਿਚ ਲੈ ਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਬਿਹਾਰ ਭਰਤੀ ਪ੍ਰੀਖਿਆ ਦੇ ਪ੍ਰਸ਼ਨ ਪੱਤਰ ਲੀਕ ਮਾਮਲੇ ਵਿੱਚ ਤਿੰਨ ਗ੍ਰਿਫ਼ਤਾਰ

ਕੌਮੀ ਪਤ੍ਰਿਕਾ

ਪਟਨਾ 20 ਅਗਸਤ। ਬਿਹਾਰ ਵਿੱਚ ਇੱਕ ਸਰਕਾਰੀ ਭਰਤੀ ਪ੍ਰੀਖਿਆ ਦੇ ਕਥਿਤ ਪ੍ਰਸ਼ਨ ਪੱਤਰ ਲੀਕ ਦੇ ਸਬੰਧ ਵਿੱਚ ਤਿੰਨ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਅਧਿਕਾਰੀਆਂ ਨੇ ਸ਼ਨੀਵਾਰ ਨੂੰ ਇਸ ਦੀ ਜਾਣਕਾਰੀ ਦਿੱਤੀ।

ਅਧਿਕਾਰੀਆਂ ਨੇ ਦੱਸਿਆ ਕਿ ਬਿਹਾਰ ਪੁਲਸ ਅਧੀਨ ਸੇਵਾਵਾਂ ਕਮਿਸ਼ਨ ਦੀ ਹਵਲਦਾਰ ਇੰਸਟ੍ਰੱਕਟਰ ਪ੍ਰੀਖਿਆ, ਜੋ ਅਸਲ ਵਿੱਚ 20 ਅਗਸਤ ਨੂੰ ਹੋਣੀ ਸੀ, ਨੂੰ ਅਗਲੇ ਨੋਟਿਸ ਤੱਕ ਮੁਲਤਵੀ ਕਰ ਦਿੱਤੀ ਗਈ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਪਟਨਾ ਦੇ ਰਹਿਣ ਵਾਲੇ ਰਾਜ ਸਮਦਰਸ਼ੀ ਉਰਫ ਰਾਜਾ (25), ਵੈਸ਼ਾਲੀ ਦੇ ਰਹਿਣ ਵਾਲੇ ਅਭਿਸ਼ੇਕ ਕੁਮਾਰ (21) ਅਤੇ ਨਿਤੇਸ਼ ਕੁਮਾਰ (28) ਵਜੋਂ ਹੋਈ ਹੈ।



ਮਿਲੀ ਜਾਣਕਾਰੀ ਮੁਤਾਬਕ ਨਿਤੇਸ਼ ਇੱਕ ਬਾਇਓਮੈਟ੍ਰਿਕ ਸੁਪਰਵਾਈਜ਼ਰ ਹੈ। ਆਰਥਿਕ ਅਪਰਾਧ ਇਕਾਈ (5®”) ਵੱਲੋਂ ਜਾਰੀ ਬਿਆਨ ਅਨੁਸਾਰ, ਪੁਲਸ ਨੂੰ ਸੂਚਨਾ ਮਿਲੀ ਕਿ ਰਾਜ ਸਮਦਰਸ਼ੀ ਬੁੱਧਵਾਰ ਨੂੰ ਹਾਜੀਪੁਰ ਦੇ ਇੱਕ ਪ੍ਰੀਖਿਆ ਕੇਂਦਰ ਵਿੱਚ ਹੋਮ ਗਾਰਡ ਸੇਵਾ ਇੰਸਟ?ਰਕਟਰ ਪ੍ਰੀਖਿਆ ਵਿੱਚ ਸ਼ਾਮਲ ਹੋਣ ਵਾਲਾ ਹੈ, ਜਿਸ ਤੋਂ ਬਾਅਦ ਉਸਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਬਿਆਨ ਅਨੁਸਾਰ, ਪੁੱਛਗਿੱਛ ਦੌਰਾਨ ਸਮਦਰਸ਼ੀ ਨੇ ਅਭਿਸ਼ੇਕ ਦੀ ਸ਼ਮੂਲੀਅਤ ਦਾ ਖੁਲਾਸਾ ਕੀਤਾ। ਬਿਆਨ ਅਨੁਸਾਰ ਉਨ੍ਹਾਂ ਨੇ ਇਹ ਵੀ ਦਾਅਵਾ ਕੀਤਾ ਕਿ ਇਸ ਸਾਲ ਅਪ੍ਰੈਲ ਵਿੱਚ ਹੋਈ ਸਹਾਇਕ ਚੋਣ ਵਿਕਾਸ ਅਧਿਕਾਰੀ (154®) ਪ੍ਰੀਖਿਆ ਵਿੱਚ ਵੀ ਇਸੇ ਤਰ੍ਹਾਂ ਦਾ ਤਰੀਕਾ ਅਪਣਾਇਆ ਗਿਆ ਸੀ। ਪੁਲਸ ਦਾ ਦੋਸ਼ ਹੈ ਕਿ ਪ੍ਰੀਖਿਆ ਦੇ ਪ੍ਰਸ਼ਨ ਪੱਤਰਾਂ ਦੇ ਉੱਤਰ ਬਾਇਓਮੈਟ੍ਰਿਕ ਸੁਪਰਵਾਈਜ਼ਰ ਨਿਤੇਸ਼ ਕੁਮਾਰ ਰਾਹੀਂ ਰਾਜ ਸਮਦਰਸ਼ੀ ਨੂੰ ਭੇਜੇ ਗਏ ਸਨ। ਇਸ ਮਾਮਲੇ ਵਿੱਚ ਵੀਰਵਾਰ ਨੂੰ ਆਰਥਿਕ ਅਪਰਾਧ ਪੁਲਸ ਸਟੇਸ਼ਨ ਵਿੱਚ ਬਿਹਾਰ ਪਬਲਿਕ ਪ੍ਰੀਖਿਆ (ਅਨਿਯਮਪੂਰਨ ਸਾਧਨਾਂ ਦੀ ਰੋਕਥਾਮ) ਐਕਟ ਦੀ ਧਾਰਾ 10 ਅਤੇ 11(1) ਦੇ ਤਹਿਤ ਮਾਮਲਾ ਦਰਜ ਕੀਤਾ ਗਿਆ। ਪੁਲਸ ਨੇ ਦੱਸਿਆ ਕਿ ਐਫਆਈਆਰ ਵਿੱਚ ਚਾਰ ਹੋਰ ਲੋਕਾਂ ਨੂੰ ਵੀ ਨਾਮਜ਼ਦ ਕੀਤਾ ਗਿਆ ਹੈ। ਜਾਂਚਕਰਤਾਵਾਂ ਦੇ ਅਨੁਸਾਰ, ਰਾਜ ਸਮਦਰਸ਼ੀ ਅਤੇ ਅਭਿਸ਼ੇਕ ਦੇ ਕਬਜ਼ੇ ਤੋਂ ਜ਼ਬਤ ਕੀਤੇ ਗਏ ਮੋਬਾਈਲ ਫੋਨਾਂ ਦੀ ਜਾਂਚ ਦੌਰਾਨ ਪ੍ਰੀਖਿਆ ਨਾਲ ਸਬੰਧਤ ਕਈ ਦਸਤਾਵੇਜ਼, ਜਿਨ੍ਹਾਂ ਵਿੱਚ ਐਡਮਿਟ ਕਾਰਡ ਅਤੇ ਉੱਤਰ ਪੱਤਰੀਆਂ ਸ਼ਾਮਲ ਹਨ, ਬਰਾਮਦ ਕੀਤੇ ਗਏ ਹਨ।

## ਚਚੇਰੀ ਭੈਣ ਦੀ ਹੱਤਿਆ ਕਰ ਕੇ ਲਾਸ਼ ਸੂਟਕੇਸ 'ਚ ਪੈਕ ਕਰ ਕੇ ਸੁੰਨਸਾਨ ਜਗਹਾ 'ਤੇ ਸੁੱਟੀ

ਨਵੀਂ ਦਿੱਲੀ, 20 ਅਗਸਤ। ਰਾਸ਼ਟਰੀ ਰਾਜਧਾਨੀ 'ਚ ਪਰਿਵਾਰਕ ਵਿਵਾਦ ਕਾਰਨ 17 ਸਾਲਾ ਲੜਕੀ ਦੀ ਉਸ ਦੇ ਚਚੇਰੇ ਭਰਾ ਨੇ ਕਥਿਤ ਤੌਰ 'ਤੇ ਹੱਤਿਆ ਕਰ ਦਿੱਤੀ ਅਤੇ ਉਸ ਦੀ ਲਾਸ਼ ਨੂੰ ਇਕ ਸੂਟਕੇਸ 'ਚ ਪੈਕ ਕਰ ਕੇ ਝਾੜੀਆਂ 'ਚ ਇਕ ਸੁੰਨਸਾਨ ਜਗਹਾ ਉੱਤੇ ਸੁੱਟ ਦਿੱਤਾ। ਪੁਲਸ ਨੇ ਮੰਗਲਵਾਰ ਨੂੰ ਇਹ ਜਾਣਕਾਰੀ ਦਿੱਤੀ। ਬਾਹਰੀ ਉੱਤਰੀ ਦਿੱਲੀ ਦੇ ਡੀ. ਸੀ. ਪੀ. ਸ਼ੋਭਿਤ ਡੀ. ਸਕਸੈਨਾ ਨੇ ਕਿਹਾ ਕਿ ਹੱਤਿਆ ਦਾ ਖੁਲਾਸਾ ਉਦੋਂ ਹੋਇਆ ਜਦੋਂ ਜ਼ਿਲਾ ਪੁਲਸ ਦੇ 'ਸਪੈਸ਼ਲ ਸਟਾਫ' ਨੂੰ ਹੱਤਿਆ ਬਾਰੇ ਗੁਪਤ ਸੂਚਨਾ ਮਿਲੀ, ਜਿਸ ਤੋਂ ਬਾਅਦ ਇਕ ਟੀਮ ਨੇ ਮੁਲਜ਼ਮ ਨੂੰ ਫੜ ਲਿਆ। ਉਸ ਨੇ ਬਾਅਦ 'ਚ ਅਪਰਾਧ ਕਬੂਲ ਕਰ ਲਿਆ ਅਤੇ ਪੁਲਸ ਨੂੰ ਉਸ ਸਥਾਨ ਉੱਤੇ ਲੈ ਗਿਆ ਜਿੱਥੇ ਉਸ ਨੇ ਲਾਸ਼ ਨੂੰ ਟਿਕਾਣੇ ਲਾਇਆ ਸੀ। ਡੀ. ਸੀ. ਪੀ. ਨੇ ਦੱਸਿਆ ਕਿ ਪੇਸ਼ੇ ਤੋਂ ਮਿਸਤਰੀ ਦਾ ਕੰਮ ਕਰਨ ਵਾਲਾ ਮੁਲਜ਼ਮ ਬਿਹਾਰ ਦਾ ਵਸਨੀਕ ਹੈ ਅਤੇ ਦਿੱਲੀ ਦੇ ਮੁਕੰਦਪੁਰ 'ਚ ਰਹਿੰਦਾ ਹੈ। ਪੁੱਛਗਿੱਛ ਦੌਰਾਨ ਉਸ ਨੇ ਪੁਲਸ ਨੂੰ ਦੱਸਿਆ ਕਿ ਉਸ ਨੇ ਪਰਿਵਾਰਕ ਵਿਵਾਦ ਕਾਰਨ ਲੜਕੀ ਦੀ ਹੱਤਿਆ ਕਰ ਦਿੱਤੀ।

## ਸੜਕ ਤੋਂ ਫਿਸਲ ਝੋਨੇ ਦੇ ਖੇਤ 'ਚ ਡਿੱਗੀ ਸਵਾਰੀਆਂ ਨਾਲ ਭਰੀ ਬੱਸ, 30 ਜ਼ਖ਼ਮੀ

ਭੁਵਨੇਸ਼ਵਰ 20 ਅਗਸਤ। ਓਡੀਸ਼ਾ ਦੇ ਨਯਾਗੜ੍ਹ ਜ਼ਿਲ੍ਹੇ ਵਿੱਚ ਮੰਗਲਵਾਰ ਨੂੰ ਇੱਕ ਬੱਸ ਡਿਵਾਈਡਰ ਨਾਲ ਟਕਰਾਉਣ ਮਗਰੋਂ ਸੜਕ ਤੋਂ ਫਿਸਲ ਕੇ ਝੋਨੇ ਦੇ ਖੇਤ ਵਿੱਚ ਡਿੱਗ ਗਈ, ਜਿਸ ਨਾਲ ਹਾਦਸਾ ਵਾਪਰ ਗਿਆ। ਜਿਸ ਸਮੇਂ ਬੱਸ ਹਾਦਸੇ ਦਾ ਸ਼ਿਕਾਰ ਹੋਈ, ਉਸ ਸਮੇਂ ਉਹ ਸਵਾਰੀਆਂ ਨਾਲ ਭਰੀ ਹੋਈ ਸੀ। ਪੁਲਸ ਨੇ ਇਸ ਘਟਨਾ ਦੀ ਜਾਣਕਾਰੀ ਦਿੱਤੀ। ਇਸ ਹਾਦਸੇ ਨਾਲ ਘੱਟੋ-ਘੱਟ 30 ਯਾਤਰੀ ਜ਼ਖ਼ਮੀ ਹੋ ਗਏ। ਇੱਕ ਸੀਨੀਅਰ ਪੁਲਸ ਅਧਿਕਾਰੀ ਨੇ ਦੱਸਿਆ ਕਿ ਹਾਦਸਾ ਸਵੇਰੇ 2 ਵਜੇ ਦੇ ਕਰੀਬ ਨਯਾਗੜ੍ਹ ਬਾਈਪਾਸ 'ਤੇ ਵਾਪਰਿਆ, ਜਦੋਂ ਡਰਾਈਵਰ ਨੇ ਗੱਡੀ ਤੋਂ ਕੰਟਰੋਲ ਗੁਆ ਦਿੱਤਾ। ਉਨ੍ਹਾਂ ਕਿਹਾ, ਭੁਵਨੇਸ਼ਵਰ ਜਾ ਰਹੀ ਬੱਸ 40 ਯਾਤਰੀਆਂ ਨੂੰ ਲੈ ਕੇ ਸੜਕ ਦੇ ਡਿਵਾਈਡਰ ਨਾਲ ਟਕਰਾ ਗਈ ਅਤੇ ਬਾਈਪਾਸ ਤੋਂ ਲਗਭਗ 20 ਫੁੱਟ ਹੇਠਾਂ ਡਿੱਗ ਗਈ। ਅਧਿਕਾਰੀ ਨੇ ਦੱਸਿਆ ਕਿ ਬੱਸ ਕੰਧਮਾਲ ਦੇ ਦਰਿੰਗਬਾੜੀ ਤੋਂ ਆ ਰਹੀ ਸੀ, ਜਦੋਂ ਇਹ ਹਾਦਸਾ ਵਾਪਰਿਆ। ਹਾਦਸੇ ਦੌਰਾਨ ਯਾਤਰੀਆਂ ਨੇ ਅਗਲੀ ਵਿੰਡਸ਼ੀਲਡ ਤੋੜ ਦਿੱਤੀ ਅਤੇ ਬਾਹਰ ਨਿਕਲ ਕੇ ਆਪਣੀ ਜਾਨ ਬਚਾਈ। ਉਨ੍ਹਾਂ ਕਿਹਾ ਕਿ ਸਾਰੇ ਜ਼ਖ਼ਮੀ ਯਾਤਰੀਆਂ ਨੂੰ ਨੇੜਲੇ ਨਯਾਗੜ੍ਹ ਜ਼ਿਲ੍ਹਾ ਹੈੱਡਕੁਆਰਟਰ ਹਸਪਤਾਲ ਲਿਜਾਇਆ ਗਿਆ

## ਅਣਪਛਾਤੇ ਵਾਹਨ ਦੀ ਟੱਕਰ ਨਾਲ ਚਾਰੇ ਨਾਲ ਭਰਿਆ ਕੈਂਟਰ ਪਲਟਿਆ, ਡਰਾਈਵਰ ਗੰਭੀਰ ਜ਼ਖ਼ਮੀ

ਫਿਲੌਰ 20 ਅਗਸਤ। ਨੈਸ਼ਨਲ ਹਾਈਵੇਅ 'ਤੇ ਫਿਲੌਰ ਨੇੜੇ ਇੱਕ ਅਣਪਛਾਤੇ ਵਾਹਨ ਵੱਲੋਂ ਚਾਰੇ ਨਾਲ ਭਰੇ ਕੈਂਟਰ ਨੂੰ ਟੱਕਰ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਭਿਆਨਕ ਹਾਦਸੇ ਵਿੱਚ ਕੈਂਟਰ ਡਰਾਈਵਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ, ਜਿਸ ਨੂੰ ਮੌਕੇ 'ਤੇ ਪਹੁੰਚੀ ਸੜਕ ਸੁਰੱਖਿਆ ਫੋਰਸ ਅਤੇ ਸਥਾਨਕ ਲੋਕਾਂ ਦੀ ਮਦਦ ਨਾਲ ਤੁਰੰਤ ਹਸਪਤਾਲ ਦਾਖ਼ਲ ਕਰਵਾਇਆ ਗਿਆ। ਮਿਲੀ ਜਾਣਕਾਰੀ ਅਨੁਸਾਰ, ਨੈਸ਼ਨਲ ਹਾਈਵੇਅ ਤੋਂ $4" ਰਾਹੀਂ ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਥਾਣੇਦਾਰ ਸਰਬਜੀਤ ਸਿੰਘ ਨੂੰ ਹਾਦਸੇ ਦੀ ਸੂਚਨਾ ਮਿਲੀ ਸੀ। ਸੂਚਨਾ ਮਿਲਦਿਆਂ ਹੀ ਟੀਮ ਤੁਰੰਤ ਮੌਕੇ 'ਤੇ ਪਹੁੰਚ ਗਈ। ਮੌਕੇ 'ਤੇ ਪਤਾ ਲੱਗਾ ਕਿ ਚਾਰੇ ਨਾਲ ਭਰਿਆ ਇੱਕ ਕੈਂਟਰ ਹਾਦਸੇ ਦਾ ਸ਼ਿਕਾਰ ਹੋ ਗਿਆ ਹੈ। ਹਾਦਸੇ ਦਾ ਸ਼ਿਕਾਰ ਹੋਏ ਕੈਂਟਰ ਦੇ ਡਰਾਈਵਰ ਜਤਿੰਦਰ ਕੁਮਾਰ ਪੁੱਤਰ ਰੋਸ਼ਨ ਲਾਲ, ਵਾਸੀ ਨਸਰਾ ਬੰਧਨਾਂ (ਚੱਬੇਵਾਲ), ਹੁਸ਼ਿਆਰਪੁਰ ਨੇ ਦੱਸਿਆ ਕਿ ਜਦੋਂ ਉਹ ਆਪਣਾ ਕੈਂਟਰ ਲੈ ਕੇ ਜਾ ਰਿਹਾ ਸੀ ਤਾਂ ਅਚਾਨਕ ਕਿਸੇ ਅਣਪਛਾਤੇ ਵਾਹਨ ਨੇ ਉਸ ਦੇ ਕੈਂਟਰ ਨੂੰ ਕੱਟ ਮਾਰ ਦਿੱਤਾ, ਜਿਸ ਕਾਰਨ ਕੈਂਟਰ ਬੇਕਾਬੂ ਹੋ ਕੇ ਹਾਦਸੇ ਦਾ ਸ਼ਿਕਾਰ ਹੋ ਗਿਆ ਅਤੇ ਉਸ ਨੂੰ ਗੰਭੀਰ ਸੱਟਾਂ ਲੱਗੀਆਂ। ਹਾਦਸੇ ਤੋਂ ਤੁਰੰਤ ਬਾਅਦ ਜ਼ਖ਼ਮੀ ਨੂੰ ਕੈਂਟਰ ਵਿੱਚੋਂ ਬਾਹਰ ਕੱਢ ਕੇ ਨਿੱਜੀ ਵਾਹਨ ਰਾਹੀਂ ਸਿਵਲ ਹਸਪਤਾਲ ਫਿਲੌਰ ਵਿਖੇ ਇਲਾਜ ਲਈ ਭੇਜ ਦਿੱਤਾ ਗਿਆ ਸੀ। ਉੱਧਰ, ਮੌਕੇ 'ਤੇ ਪਹੁੰਚੀ ਟੀਮ ਨੇ ਸੁਰੱਖਿਆ ਦੇ ਮੱਦੇਨਜ਼ਰ ਕੋਨ ਲਗਾ ਕੇ ਬੈਰੀਗੇਟਿੰਗ ਕੀਤੀ ਅਤੇ ਸੜਕ 'ਤੇ ਨੁਕਸਾਨੇ ਗਏ ਵਾਹਨ ਨੂੰ ਪਾਸੇ ਹਟਵਾ ਕੇ ਟ?ਰੈਫਿਕ ਨੂੰ ਸੁਚਾਰੂ ਢੰਗ ਨਾਲ ਬਹਾਲ ਕੀਤਾ। ਪੁਲਿਸ ਵੱਲੋਂ ਮਾਮਲੇ ਦੀ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ।


**NAME CHANGE**
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

**PUBLIC NOTICE**
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

**NAME CHANGE**
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshan Yadav.

**NAME CHANGE**
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

**PUBLIC NOTICE**
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

**NAME CHANGE**
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

**NAME CHANGE**
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.



**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.



**NAME CHANGE**
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

**NAME CHANGE**
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

**PUBLIC NOTICE**
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.
**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.



**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.



**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.



**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.



**PUBLIC NOTICE**
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.
**Shyam Sharma (Adv)**

**PUBLIC NOTICE**
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

**NAME CHANGE**
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

**NAME CHANGE**
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

**NAME CHANGE**
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

**NAME CHANGE**
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.



**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



**NAME CHANGE**
I DALIP KUMAR S/O MAHANGA RAM R/O Khuian Sarwar, PO: Khuiyan Server, DIST : Fazilka, Punjab - 152128 have changed the name of my minor Son ARJAN aged 11 years and he shall hereafter be known as ARYAN.



**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.



**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9,
ROHINI, NEW DELHI

कार्यालय– दंतेश्वरी मैया सहकारी शक्कर कारखाना मर्यादित बालोद, जिला–बालोद(छ.ग.)

// ई–निविदा सूचना//

ई–निविदा क्रं. 197843, 197844, 197845, 197846 व 197850 दिनांक– 20/08/2026

दंतेश्वरी मैया सहकारी शक्कर कारखाना मर्यादित बालोद द्वारा पेराई सत्र 2026–27 हेतु मरम्मत के लिए विभिन्न Authorised इंजीनियरिंग सामग्रीयां क्रय, विभिन्न Non-Authorised इंजीनियरिंग सामग्रीयॉ क्रय, विभिन्न सर्विसिंग कार्यो व वर्ष 25–26 में उत्पादित लगभग 200 मि.टन मोलासीस विक्रय हेतु प्रथम ई–निविदाएं एवं सी.ए. नियुक्ति हेतु द्वितीय ई–निविदा आमंत्रित की जाती है। ई–निविदाओं हेतु इच्छुक फर्मो/निविदाकार द्वारा भाग लेने के लिए ई–टेण्डर के वेबसाईट में जाकर पृथक–पृथक ई–निविदा हेतु फार्म राशि 1000/– + 311/–चिप्स के द्वारा ली जाने वाली सर्विस चार्ज ऑनलाईन के माध्यम से जमा कर शासकीय ऑनलाईन वेबसाईट (E-procurement Portal:http://eproc.cgstate.gov.in) में फार्म अपलोड किया जाना है।

नोटः–निविदा की शर्ते व नियम निविदा प्रपत्र कारखाने के वेब साईड www.dmsskm.com में भी अवलोकन कर सकते है।
ई–निविदा हेतु तकनीकि सहयोग के लिए सम्पर्क–9098817773 एवं अन्य जानकारी हेतु 9907406733, 9713961777

प्रबंध संचालक

## ਯਿਸੂ ਵਲੋਂ ਯੂਨਾਨੀ ਭਾਸ਼ਾ ਸਿੱਖਣਾ

***ਈਸਾਈ ਧਰਮ ਦੇ ਬਾਨੀ ਯਿਸੂ ਮਸੀਹ ਦੇ ਬਚਪਨ ਦੇ ਉਹ ਅਦਭੁੱਤ 18 ਸਾਲ, ਜਿਨ੍ਹਾਂ ਦੇ ਵੇਰਵੇ ਪਵਿੱਤਰ ਬਾਈਬਲ ਵਿਚ ਨਹੀਂ ਮਿਲਦੇ।***

*(ਆਧਾਰ/ਸਰੋਤ - ਇੰਗਲੈਂਡ ਦੇ 'ਬਾਈਬਲ ਡੌਟ ਔਰਗ ਡੌਟ ਯੂ.ਕੇ.' ਵੱਲੋਂ ਪ੍ਰਕਾਸ਼ਿਤ 1,262 ਪੰਨਿਆਂ ਦੀ ਵਿਸ਼ਵ ਪ੍ਰਸਿੱਧ ਪੁਸਤਕ 'ਯੂਰੈਂਸ਼ੀਆ', ਜੋ ਪਹਿਲੀ ਵਾਰ 1925 ਤੋਂ ਲੈ ਕੇ 1955 ਦੌਰਾਨ ਕਿਸੇ ਵੇਲੇ ਅਮਰੀਕੀ ਸੂਬੇ ਇਲੀਨੋਇ ਦੇ ਸ਼ਹਿਰ ਸ਼ਿਕਾਗੋ 'ਚ ਸਾਹਮਣੇ ਆਈ ਸੀ)*

ਓਂਝ ਤਾਂ ਬਾਲ ਯਿਸੂ ਦੀ ਸਿਹਤ ਬਿਲਕੁਲ ਠੀਕ ਸੀ ਪਰ ਉਨ੍ਹਾਂ ਦੀ ਉਮਰ ਦੇ ਪੰਜਵੇਂ ਸਾਲ ਦੇ ਅੰਤ ਵਿਚ ਉਨ੍ਹਾਂ ਨੂੰ ਪਾਚਨ ਕਿਰਿਆ ਵਿਚ ਮਾਮੂਲੀ ਖ਼ਰਾਬੀ ਦਾ ਸਾਹਮਣਾ ਜ਼ਰੂਰ ਕਰਨਾ ਪਿਆ ਸੀ ਪਰ ਛੇਤੀ ਹੀ ਉਹ ਠੀਕ ਹੋ ਗਏ ਸਨ (ਯੂਰੈਂਸ਼ੀਆ 123:2.15)

ਮਾਂ ਮਰੀਅਮ ਨੇ ਯਿਸੂ ਨੂੰ ਇਜ਼ਰਾਇਲ ਦੇ ਗਲੀਲ ਖੇਤਰ ਵਿਚ ਬੋਲੀ ਜਾਣ ਵਾਲੀ ਅਰਾਮੀ ਭਾਸ਼ਾ ਤਾਂ ਪਹਿਲਾਂ ਹੀ ਸਿਖਾ ਦਿੱਤੀ ਸੀ ਅਤੇ ਹੁਣ ਉਹ ਆਪਣੇ ਜੀਵਨ ਦੇ ਛੇਵੇਂ ਵਰ੍ਹੇ 'ਚ ਆਪਣੇ ਦੁਨਿਆਵੀ ਪਿਤਾ ਯੂਸਫ਼ ਤੋਂ ਯੂਨਾਨੀ ਭਾਸ਼ਾ ਸਿੱਖਣ ਲੱਗੇ ਸਨ। ਮਾਂ ਮਰੀਅਮ ਨੂੰ ਯੂਨਾਨੀ ਭਾਸ਼ਾ ਬਹੁਤੀ ਨਹੀਂ ਆਉਂਦੀ ਸੀ ਪਰ ਪਿਤਾ ਯੂਸਫ਼ ਯੂਨਾਨੀ ਤੇ ਅਰਾਮੀ ਦੋਵੇਂ ਭਾਸ਼ਾਵਾਂ ਬਾਖ਼ੂਬੀ ਜਾਣਦੇ ਸਨ। ਉਨ੍ਹੀਂ ਦਿਨੀਂ ਜਦੋਂ ਕਿਸੇ ਨੇ ਯੂਨਾਨੀ ਭਾਸ਼ਾ ਦਾ ਵਿਸਤ੍ਰਿਤ ਅਧਿਐਨ ਕਰਨਾ ਹੁੰਦਾ ਸੀ, ਤਾਂ ਉਸ ਲਈ ਕੇਵਲ ਇੱਕੋ-ਇਕ ਪਾਠ-ਪੁਸਤਕ ਹਿਬਰੂ ਧਰਮ-ਗ੍ਰੰਥ ਹੀ ਹੁੰਦੇ ਸਨ, ਜਿਨ੍ਹਾਂ ਵਿਚ ਉਸ ਵੇਲੇ ਦੇ ਕਾਨੂੰਨ ਦੀਆਂ ਕਾਪੀਆਂ ਹੁੰਦੀਆਂ ਸਨ ਅਤੇ ਸਾਰੇ ਨਬੀਆਂ ਭਾਵ ਭਵਿੱਖਬਾਣੀਆਂ ਕਰਨ ਵਾਲਿਆਂ ਦੇ ਵੇਰਵੇ ਵੀ ਉਨ੍ਹਾਂ ਹੀ ਗ੍ਰੰਥਾਂ ਵਿੱਚੋਂ ਹੀ ਮਿਲਦੇ ਸਨ। ਉਨ੍ਹਾਂ ਹੀ ਗ੍ਰੰਥਾਂ ਵਿੱਚੋਂ ਇਕ 'ਜ਼ਬੂਰਾਂ ਦੀ ਪੋਥੀ' (ਹਿੰਦੀ ਵਿਚ 'ਭਜਨ ਸਹਿੰਤਾ' ਜਾਂ ਅੰਗਰੇਜ਼ੀ ਵਿਚ 'ਸਾਮਜ਼') ਵੀ ਸੀ। ਇਹ ਸਾਰੇ ਗ੍ਰੰਥ ਪਿਤਾ ਯੂਸਫ਼ ਤੇ ਮਾਂ ਮਰੀਅਮ ਕੋਲ, ਜੋ ਉਨ੍ਹਾਂ ਨੂੰ ਅਲੈਕਸਾਂਦਰੀਆ ਦੇ ਜਾਣਕਾਰਾਂ ਨੇ ਉਦੋਂ ਭੇਂਟ ਕੀਤੇ ਸਨ ਜਦੋਂ ਉਹ ਬਾਲ ਯਿਸੂ ਨਾਲ ਮਿਸਰ ਛੱਡ ਕੇ ਨਾਸਰਤ ਵੱਲ ਆਉਣ ਲੱਗੇ ਸਨ। ਸਮੁੱਚੇ ਨਾਸਰਤ ਨਗਰ ਵਿਚ ਤਦ ਇਨ੍ਹਾਂ ਧਰਮ-ਗ੍ਰੰਥਾਂ ਦੀਆਂ ਕੇਵਲ ਦੋ ਹੀ ਕਾਪੀਆਂ ਸਨ ਅਤੇ ਉਨ੍ਹਾਂ ਵਿੱਚੋਂ ਇਹ ਇਕ ਕਾਪੀ ਯਿਸੂ ਦੇ ਪਰਿਵਾਰ ਕੋਲ਼ ਸੀ। ਇਸੇ ਲਈ ਬਹੁਤ ਸਾਰੇ ਲੋਕ ਉਨ੍ਹਾਂ ਧਰਮ-ਗ੍ਰੰਥਾਂ ਦੇ ਦਰਸ਼ਨ ਕਰਨ ਅਤੇ ਉਨ੍ਹਾਂ ਬਾਰੇ ਹੋਰ ਜਾਣਕਾਰੀ ਲੈਣ ਲਈ ਰੋਜ਼ਾਨਾ ਆਉਂਦੇ ਰਹਿੰਦੇ ਸਨ ਅਤੇ ਉੱਥੇ ਕਈ ਵਾਰ ਤਾਂ ਵੱਡੀਆਂ ਭੀੜਾਂ ਵੀ ਲੱਗ ਜਾਂਦੀਆਂ ਸਨ। ਇਸੇ ਲਈ ਬਾਲ ਯਿਸੂ ਨੂੰ ਅਜਿਹੇ ਬਹੁਤ ਸਾਰੇ ਅਣਗਿਣਤ ਅਕਲਮੰਦ ਧਾਰਮਿਕ ਲੋਕਾਂ ਨਾਲ ਗੱਲਬਾਤ ਤੇ ਵਿਚਾਰ-ਵਟਾਂਦਰਾ ਕਰਨ ਦਾ ਮੌਕਾ ਮਿਲਦਾ ਰਹਿੰਦਾ ਸੀ। ਯਿਸੂ ਨੂੰ ਉਨ੍ਹਾਂ ਦੇ ਛੇਵੇਂ ਸਾਲ ਵਿਚ ਇਹ ਧਰਮ-ਗ੍ਰੰਥ ਦੇ ਦਿੱਤੇ ਗਏ ਸਨ ਅਤੇ ਉਨ੍ਹਾਂ ਨੇ ਉਹ ਸਾਰੇ ਕੁਝ ਹੀ ਸਮੇਂ ਵਿਚ ਪੜ੍ਹ, ਸਮਝ ਤੇ ਯਾਦ ਕਰ ਲਏ ਸਨ (ਯੂਰੈਂਸ਼ੀਆ 123:3.1)

ਸਿਰਫ਼ ਛੇ ਸਾਲਾਂ ਦੇ ਬਾਲ ਯਿਸੂ ਨੂੰ ਪਹਿਲਾ ਦੁਨਿਆਵੀ ਝਟਕਾ ਤਦ ਲੱਗਾ ਸੀ, ਜਦੋਂ ਇਕ ਦਿਨ ਇਜ਼ਰਾਇਲ 'ਚ ਭੂਚਾਲ ਦਾ ਮਾਮੂਲੀ ਜਿਹਾ ਝਟਕਾ ਆਇਆ। ਯਿਸੂ ਨੇ ਆਪਣੇ ਦੁਨਿਆਵੀ ਮਾਤਾ-ਪਿਤਾ ਤੋਂ ਧਰਤੀ ਦੇ ਉਸ ਝਟਕੇ ਦਾ ਕਾਰਨ ਪੁੱਛਿਆ ਪਰ ਉਨ੍ਹਾਂ ਦੋਵਾਂ ਨੂੰ ਉਸ ਦਾ ਕੋਈ ਕਾਰਨ ਪਤਾ ਨਾ ਹੋਣ ਦੀ ਅਸਮਰੱਥਾ ਪ੍ਰਗਟਾਈ। ਤਦ ਪਹਿਲੀ ਵਾਰ ਯਿਸੂ ਨੂੰ ਪਤਾ ਲੱਗਾ ਕਿ ਇਨ੍ਹਾਂ ਦੁਨਿਆਵੀ ਮਾਪਿਆਂ ਨੂੰ 'ਸਭ ਕੁਝ' ਦੀ ਜਾਣਕਾਰੀ ਨਹੀਂ ਹੈ (ਯੂਰੈਂਸ਼ੀਆ 123 : 3.2)



ਪਿਤਾ ਯੂਸਫ਼ ਨੇ ਪਹਿਲਾਂ ਸੋਚਿਆ ਕਿ ਉਹ ਯਿਸੂ ਨੂੰ ਜਵਾਬ ਵਿਚ ਕਹਿਣ ਕਿ ਭੂਚਾਲ ਦਾ ਇਹ ਝਟਕਾ ਯਹੋਵਾ (ਭਾਵ ਪਰਮੇਸ਼ਵਰ) ਨੇ ਦਿੱਤਾ ਹੈ ਪਰ ਇਹ ਸੋਚ ਕੇ ਉਨ੍ਹਾਂ ਕੋਈ ਜਵਾਬ ਨਹੀਂ ਦਿੱਤਾ ਕਿਉਂਕਿ ਉਨ੍ਹਾਂ ਨੂੰ ਲੱਗਦਾ ਸੀ ਕਿ ਇਹ ਬਾਲ ਯਿਸੂ ਫਿਰ ਅੱਗੇ ਹੋਰ ਪ੍ਰਸ਼ਨ ਪੁੱਛਣਗੇ, ਤਾਂ ਫਿਰ ਉਨ੍ਹਾਂ ਨੂੰ ਕੁਝ ਜਵਾਬ ਦੇਣੇ ਪੈਣਗੇ, ਜੋ ਉਨ੍ਹਾਂ ਲਈ ਕੁਝ ਔਖਾ ਹੋ ਸਕਦਾ ਹੈ। ਕਿਉਂਕਿ ਉਹ ਉੱਤਰ ਵਿਚ ਇਹ ਵੀ ਆਖ ਸਕਦੇ ਸਨ ਕਿ ਭੂਚਾਲ ਦਾ ਇਹ ਝਟਕਾ ਸ਼ੈਤਾਨ ਕਾਰਨ ਆਇਆ ਹੈ। ਉਨ੍ਹੀਂ ਦਿਨੀਂ ਯਹੂਦੀ ਲੋਕ ਚੰਗੀਆਂ ਆਤਮਾਵਾਂ ਤੇ ਬੁਰੀਆਂ ਆਤਮਾਵਾਂ ਦੇ ਸਿਧਾਂਤ ਵਿਚ ਯਕੀਨ ਰੱਖਦੇ ਸਨ ਅਤੇ ਬਾਲ ਯਿਸੂ ਵੀ ਤਦ ਇਸ ਸਿਧਾਂਤ ਨੂੰ ਮੰਨਦੇ ਸਨ ਪਰ ਅਜਿਹੀਆਂ ਸਾਰੀਆਂ ਗੱਲਾਂ ਨੂੰ ਲੈ ਕੇ ਉਨ੍ਹਾਂ ਦੇ ਮਨ ਵਿਚ ਬਹੁਤ ਸ਼ੱਕ ਪੈਦਾ ਹੋਣ ਲੱਗੇ ਸਨ ਕਿ ਅਜਿਹੇ ਕੁਝ ਅਣਦੇਖੇ ਪ੍ਰਭਾਵ ਹੀ ਇਸ ਕੁਦਰਤੀ ਵਿਸ਼ਵ ਦੀਆਂ ਭੌਤਿਕ ਘਟਨਾਵਾਂ ਦੇ ਵਾਪਰਨ ਲਈ ਜ਼ਿੰਮੇਵਾਰ ਹਨ ਜਾਂ ਨਹੀਂ (ਯੂਰੈਂਸ਼ੀਆ 123 : 3.3)

*ਅਨੁਵਾਦ -ਮਹਿਤਾਬ-ਉਦ-ਦੀਨ*

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਵਿਲੱਖਣਤਾ

ਸੰਸਾਰ ਵਿਚ ਜਿੰਨੇ ਵੀ ਮੁੱਖ ਧਰਮ ਹਨ ਉਨ੍ਹਾਂ ਦਾ ਆਪੋ-ਆਪਣਾ ਧਰਮ ਗ੍ਰੰਥ ਹੈ। ਇਨ੍ਹਾਂ ਗ੍ਰੰਥਾਂ ਉੱਤੇ ਉਸ ਧਰਮ ਦੇ ਸਿਧਾਂਤ ਤੇ ਨਿਯਮ ਆਦਿ ਆਧਾਰਤ ਹੁੰਦੇ ਹਨ। ਸਿੱਖ ਧਰਮ ਦਾ ਮੂਲ ਗ੍ਰੰਥ ਸ੍ਰੀ ਗੁਰੂ ਗ੍ਰੰਥ ਸਾਹਿਬ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਕਈ ਵਿਸ਼ੇਸ਼ਤਾਈਆਂ ਕਾਰਨ ਦੂਜੇ ਧਰਮ ਗ੍ਰੰਥਾਂ ਨਾਲੋਂ ਵਿਲੱਖਣ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਇੱਕੋ-ਇਕ ਧਰਮ ਗ੍ਰੰਥ ਹੈ ਜਿਸ ਨੂੰ ਗੁਰੂ ਸਾਹਿਬਾਨ ਨੇ ਆਪ ਤਿਆਰ ਕਰਵਾਇਆ ਹੈ। ਗੁਰੂ ਗ੍ਰੰਥ ਸਾਹਿਬ ਜੀ ਨੂੰ ਉਸੇ ਮੂਲ ਰੂਪ ਵਿਚ ਕਾਇਮ ਰੱਖਿਆ ਗਿਆ ਹੈ। ਇਸ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਇਕ ਅਜਿਹਾ ਪ੍ਰਮਾਣਿਕ ਗ੍ਰੰਥ ਹੈ ਜਿਸ ਵਿਚ ਗੁਰੂ ਸਾਹਿਬਾਨ ਅਤੇ ਹੋਰ ਭਗਤ ਸਾਹਿਬਾਨ ਦੀ ਬਾਣੀ ਸ਼ੁਧ ਰੂਪ ਵਿਚ ਦਰਜ ਹੈ। ਇਹ ਪੂਰਨ ਗੁਰੂਆਂ ਦੀ ਪੂਰਨ ਕ੍ਰਿਤ ਹੈ। ਇਸ ਬਾਰੇ ਭਾਈ ਗੁਰਦਾਸ ਜੀ ਨੇ ਲਿਖਿਆ ਹੈ:

ਪੂਰਾ ਸਤਿਗੁਰੁ ਜਾਣੀਐ ਪੂਰੇ ਪੂਰਾ ਠਾਟੁ ਬਣਾਇਆ।
ਪੂਰੇ ਪੂਰਾ ਤੋਲੁ ਹੈ ਘਟੈ ਨ ਵਧੈ ਘਟਾਇ ਵਧਾਇਆ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ 6 ਗੁਰੂ ਸਾਹਿਬਾਨ, 15 ਭਗਤ, 11 ਭੱਟ, ਅਤੇ ਹੋਰ ਗੁਰਸਿੱਖਾਂ ਦੀ ਬਾਣੀ ਦਰਜ ਹੈ। ਇਸ ਦੇ 1430 ਪੰਨੇ ਹਨ। ਇਸ ਦੀ ਬਾਣੀ ਰਾਗਾਂ ਵਿਚ ਹੈ। ਇਸ ਪਵਿੱਤਰ ਗ੍ਰੰਥ ਦਾ ਸੰਪਾਦਨ ਪੰਜਵੇਂ ਗੁਰੂ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਕੀਤਾ। ਇਸ ਵਿਚ ਆਪਣੇ ਸਮੇਤ 5 ਗੁਰੂ ਸਾਹਿਬਾਨ ਦੀ ਬਾਣੀ ਦਰਜ ਕੀਤੀ। ਹਿੰਦੁਸਤਾਨ ਦੇ ਉਨਾਂ ਸੰਤਾਂ ਭਗਤਾਂ ਦੀ ਬਾਣੀ ਵੀ ਸ਼ਾਮਲ ਕੀਤੀ ਗਈ ਜਿਨ੍ਹਾਂ ਦੀ ਬਾਣੀ ਦਾ ਸਿਧਾਂਤ ਅਤੇ ਪੱਧਰ ਗੁਰਬਾਣੀ ਨਾਲ ਮਿਲਦਾ ਜੁਲਦਾ ਸੀ। ਇਨਾਂ ਦੀ ਬਾਣੀ ਵਿਚ ਵੀ ਨਿਰੰਕਾਰ ਦੀ ਪੂਜਾ ਅਤੇ ਸਮਾਜਿਕ ਬਰਾਬਰੀ ਦਾ ਉਪਦੇਸ਼ ਦਿੱਤਾ ਗਿਆ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਭਾਦੋਂ ਸੁਦੀ ਏਕਮ ਸੰਮਤ 1661 ਬਿਕ੍ਰਮੀ ਨੂੰ ਕੀਤਾ ਗਿਆ।

ਗੁਰੂ ਅਰਜਨ ਦੇਵ ਜੀ ਨੇ ਸ੍ਰੀ ਅੰਮ੍ਰਿਤਸਰ ਦੇ ਸਰੋਵਰ ਵਿਚਕਾਰ ਸ੍ਰੀ ਹਰਿਮੰਦਰ ਸਾਹਿਬ ਦੀ ਉਸਾਰੀ ਕਰਵਾਈ। ਇਹ ਸੁੰਦਰ ਭਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਉਪਰੰਤ ਹਰਿ ਮੰਦਰ ਵਜੋਂ ਜਗ ਅੰਦਰ ਜਾਣਿਆ ਗਿਆ। ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਕਰਨ ਦੀ ਤੇ ਸੁਖਾਸਣ ਕਰਨ ਦੀ ਮਰਯਾਦਾ ਬੰਨੀ। ਬ੍ਰਹਮ ਗਿਆਨੀ ਗੁਰਸਿੱਖ ਬਾਬਾ ਬੁੱਢਾ ਜੀ ਨੂੰ ਪਹਿਲੇ ਗ੍ਰੰਥੀ ਥਾਪਿਆ ਗਿਆ।

ਗੁਰਮਤਿ ਵਿਚ ਗੁਰਬਾਣੀ ਦਾ ਬਹੁਤ ਉੱਚਾ ਮਹੱਤਵ ਮੰਨਿਆ ਗਿਆ। ਪਹਿਲੇ ਗੁਰੂ ਸਾਹਿਬਾਨ ਦੀ ਬਾਣੀ ਵਿਚ ਸ਼ਬਦ ਨੂੰ ਹੀ ਗੁਰੂ ਕਿਹਾ ਗਿਆ ਹੈ। ਇਸ ਤਰ੍ਹਾਂ ਦਾ ਅਦਬ-ਸਤਿਕਾਰ ਕਿਸੇ ਧਰਮ ਵਿਚ ਕਿਸੇ ਗ੍ਰੰਥ ਨੂੰ ਨਹੀਂ ਦਿੱਤਾ ਗਿਆ। ਇਹ ਗੁਰਮਤਿ ਹੀ ਹੈ ਜਿਸ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਪਰਮਾਤਮਾ ਦਾ ਰੂਪ ਮੰਨਿਆ ਗਿਆ ਹੈ। ਸ੍ਰੀ ਗੁਰੂ ਅਰਜਨ ਦੇਵ ਜੀ ਦੀ ਬਾਣੀ ਵਿਚ ਪੋਥੀ ਨੂੰ ਪਰਮੇਸ਼ਰ ਦੀ ਥਾਂ ਕਿਹਾ ਗਿਆ ਹੈ :

ਪੋਥੀ ਪਰਮੇਸਰ ਕਾ ਥਾਨੁ॥
ਸਾਧਸੰਗਿ ਗਾਵਹਿ ਗੁਣ ਗੋਬਿੰਦ ਪੂਰਨ ਬ੍ਰਹਮ ਗਿਆਨੁ॥

ਗੁਰੂ ਅਰਜਨ ਦੇਵ ਜੀ ਨੇ ਸਾਰੀ ਬਾਣੀ ਦਾ ਆਪ ਸੰਪਾਦਨ ਕੀਤਾ ਹੈ। ਗੁਰਬਾਣੀ ਦੀ ਰਾਗਾਂ ਅਨੁਸਾਰ ਵੰਡ ਕੀਤੀ ਗਈ ਹੈ। ਰਾਗਾਂ ਵਿਚ ਗੁਰੂ ਸਾਹਿਬਾਨ ਅਤੇ ਸਭ ਭਗਤ ਸਾਹਿਬਾਨ ਦੀ ਬਾਣੀ ਵੱਖਰੇ ਸਿਰਲੇਖਾਂ ਹੇਠ ਤਰਤੀਬਵਾਰ ਦਰਜ ਕੀਤੀ ਗਈ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਵਿਚ ਸ਼ਬਦ ਗੁਰੂ ਦਾ ਮਹੱਤਵ ਸਭ ਤੋਂ ਉੱਪਰ ਮੰਨਿਆ ਗਿਆ ਹੈ। ਸਾਰੇ ਗੁਰੂ ਸਾਹਿਬਾਨ ਦੀ ਬਾਣੀ ਇਸ ਦੀ ਪੁਸ਼ਟੀ ਕਰਦੀ ਹੈ। ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਤਿਕਾਰ ਦੀ ਜੋ ਪਰੰਪਰਾ ਕਾਇਮ ਕੀਤੀ ਉਹ ਅੱਜ ਵੀ ਸ੍ਰੀ ਹਰਿਮੰਦਰ ਸਾਹਿਬ ਵਿਚ ਉਸੇ ਤਰਾਂ ਕਾਇਮ ਹੈ। ਅੰਮ੍ਰਿਤ ਵੇਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਵੇਲੇ ਤੇ ਸ਼ਾਮ ਨੂੰ ਸੁਖਾਸਣ ਸਮੇਂ ਸੰਗਤਾਂ ਜੁੜਦੀਆਂ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਹੁਕਮ ਸੰਗਤਾਂ ਵੱਲੋਂ ਪੂਰੇ ਧਿਆਨ ਨਾਲ ਸ੍ਰਵਣ ਕੀਤਾ ਜਾਂਦਾ ਹੈ। ਸੰਗਤਾਂ ਦਾ ਇਹ ਉਮਾਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਲੌਕਿਕਤਾ ਦਾ ਪ੍ਰਤੱਖ ਪ੍ਰਮਾਣ ਹੈ ਜੋ ਬੇਮਿਸਾਲ ਹੈ। ਇਸ ਤਰ੍ਹਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਗੁਰੂ ਸਾਹਿਬਾਨ ਦੇ ਸਮੇਂ ਤੋਂ ਹੀ ਸਿੱਖਾਂ ਦੀ ਸ਼ਰਧਾ ਤੇ ਸਤਿਕਾਰ ਦਾ ਕੇਂਦਰ ਰਿਹਾ ਹੈ। ਗੁਰੂ ਸਾਹਿਬ ਨੇ ਵੀ ਸ਼ਬਦ-ਗੁਰੂ ਦੀ ਸ੍ਰੇਸ਼ਟਤਾ ਨੂੰ ਸਵੀਕਾਰ ਕੀਤਾ ਹੈ:

ਬਾਣੀ ਗੁਰੂ ਗੁਰੂ ਹੈ ਬਾਣੀ ਵਿਚਿ ਬਾਣੀ ਅੰਮ੍ਰਿਤੁ ਸਾਰੇ॥
ਗੁਰੁ ਬਾਣੀ ਕਹੈ ਸੇਵਕੁ ਜਨੁ ਮਾਨੈ ਪਰਤਖਿ
ਗੁਰੂ ਨਿਸਤਾਰੇ॥

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1706 ਈ: ਵਿਚ ਸ੍ਰੀ ਦਮਦਮਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਨਵਾਂ ਸਰੂਪ ਤਿਆਰ ਕਰਵਾਇਆ। ਇਸ ਦੇ ਲਿਖਾਰੀ ਭਾਈ ਮਨੀ ਸਿੰਘ ਜੀ ਸਨ। ਗੁਰੂ ਜੀ ਨੇ ਇਸ ਦੇ ਮੂਲ ਪ੍ਰਬੰਧ ਵਿਚ ਤੇ ਗੁਰਬਾਣੀ ਵਿਚ ਕੋਈ ਤਬਦੀਲੀ ਨਹੀਂ ਕੀਤੀ। ਉਨਾਂ ਨੇ ਇਸ ਵਿਚ ਸਿਰਫ ਵਾਧਾ ਕੀਤਾ ਹੈ। ਆਪਣੇ ਪਿਤਾ ਨੌਵੇਂ ਗੁਰੂ, ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਜੋ ਉਨ੍ਹਾਂ ਕੋਲ ਮੌਜੂਦ ਸੀ ਉਸ ਬਾਣੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਸ਼ਾਮਲ ਕਰ ਦਿੱਤਾ। ਆਪਣੇ ਜੋਤੀ ਜੋਤ ਸਮਾਉਣ ਤੋਂ ਪਹਿਲਾਂ ਉਨਾਂ ਨੇ ਨਾਂਦੇੜ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਗੁਰੂ ਥਾਪ ਦਿੱਤਾ। ਉਨਾਂ ਨੇ ਆਪ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੱਥਾ ਟੇਕਿਆ ਤੇ ਖਾਲਸੇ ਨੂੰ ਬਚਨ ਕੀਤਾ ਕਿ ਅੱਜ ਤੋਂ ਤੁਹਾਡਾ ਗੁਰੂ ਗ੍ਰੰਥ ਸਾਹਿਬ ਹੋਇਆ। ਇਸ ਤਰਾਂ ਉਨ੍ਹਾਂ ਨੇ ਅੱਗੋਂ ਸਰੀਰਕ ਰੂਪ ਵਿਚ ਗੁਰਗੱਦੀ ਦੀ ਪਰੰਪਰਾ ਨੂੰ ਸਮਾਪਤ ਕਰ ਦਿੱਤਾ ਅਤੇ ਸ੍ਰੀ ਗੁਰੂ ਨਾਨਕ ਪਾਤਸ਼ਾਹ ਵੱਲੋਂ ਬਖਸ਼ੇ 'ਸ਼ਬਦ ਗੁਰੂ' ਦੇ ਸਿਧਾਂਤ ਨੂੰ ਅਮਲੀ ਜਾਮਾ ਪਹਿਨਾ ਦਿੱਤਾ :

ਅਕਾਲ ਪੁਰਖ ਕੇ ਬਚਨ ਸਿਉਂ, ਪ੍ਰਗਟ ਚਲਾਯੋ ਪੰਥ॥
ਸਭ ਸਿੱਖਨ ਕੋ ਹੁਕਮ ਹੈ, ਗੁਰੂ ਮਾਨਿਓ ਗ੍ਰੰਥ॥

ਸ੍ਰੀ ਗੁਰੂ ਗ੍ਰੰਥ ਸਾਹਿਬ ਆਪਣੀ ਸੰਰਚਨਾ ਅਤੇ ਪਦਵੀ ਕਰਕੇ ਤਾਂ ਵਿਲੱਖਣ ਹੈ ਹੀ ਇਸਦਾ ਵਿਸ਼ੇ ਵਸਤੂ ਵੀ ਦੂਜੇ ਧਰਮ ਗ੍ਰੰਥ ਤੋਂ ਨਿਆਰਾ ਹੈ। ਇਸ ਵਿਚ ਪਰਮਾਤਮਾ ਨੂੰ ਨਿਰੰਕਾਰ ਅਤੇ ਸਰਬ-ਵਿਆਪਕ ਮੰਨਿਆ ਗਿਆ। ਉਹ ਕੁਦਰਤ ਵਿਚ ਓਤਪੋਤ ਹੈ। ਉਹ ਦੂਰ-ਦੁਰਾਡੇ ਨਹੀਂ, ਸਦਾ ਮਨੁੱਖ ਦੇ ਅੰਗ-ਸੰਗ ਹੈ। ਉਹ ਕਿਤੇ ਬਾਹਰ ਨਹੀਂ, ਉਸ ਦੇ ਅੰਦਰ ਹੀ ਹੈ। ਉਸ ਨੂੰ ਪ੍ਰਸੰਨ ਕਰਨ ਦੀ ਲੋੜ ਨਹੀਂ ਉਸ ਦੀ ਪਛਾਣ ਹੀ ਕਰਨੀ ਹੈ। ਉਸ ਦੀ ਪ੍ਰਾਪਤੀ ਲਈ ਬਾਹਰੀ ਕਰਮ-ਕਾਂਡ ਤੇ ਭੇਖਾਂ ਦੀ ਕੋਈ ਲੋੜ ਨਹੀਂ। ਸਭਨਾਂ ਮਨੁੱਖਾਂ ਦੇ ਅੰਦਰ ਉਸ ਦਾ ਨਿਵਾਸ ਹੈ। ਹਰ ਕੋਈ ਇਸ ਜੋਤ ਰੂਪੀ ਹਰੀ ਨੂੰ ਪ੍ਰਾਪਤ ਕਰ ਸਕਦਾ ਹੈ:

ਘਟ ਘਟ ਮੈ ਹਰਿ ਜੂ ਬਸੈ ਸੰਤਨ ਕਹਿਓ ਪੁਕਾਰਿ॥
ਕਹੁ ਨਾਨਕ ਤਿਹ ਭਜੁ ਮਨਾ ਭਉ ਨਿਧਿ
ਉਤਰਹਿ ਪਾਰਿ॥

**22 ਅਗਸਤ ਪਹਿਲੇ ਪ੍ਰਕਾਸ਼ ਪੁਰਬ 'ਤੇ ਵਿਸ਼ੇਸ਼**





**ਪ੍ਰੋ. ਕਿਰਪਾਲ ਸਿੰਘ ਬਡੂੰਗਰ**
**ਸਾਬਕਾ ਪ੍ਰਧਾਨ**

ਸ੍ਰੀ ਗੁਰੂ ਗ੍ਰੰਥ ਸਾਹਿਬ ਹੀ ਇਕ ਅਜਿਹਾ ਸਰਬ ਸਾਂਝਾ ਗ੍ਰੰਥ ਹੈ ਜਿਸ ਵਿਚ ਸਿੱਖ ਧਰਮ ਦੇ ਬਾਨੀਆਂ ਦੀ ਬਾਣੀ ਦੇ ਨਾਲ ਹੋਰ ਸੰਤਾਂ-ਭਗਤਾਂ ਦੀ ਬਾਣੀ ਨੂੰ ਵੀ ਗੁਰੂ ਦਾ ਦਰਜਾ ਦਿੱਤਾ ਗਿਆ ਹੈ। ਇਸ ਦੇ ਬਾਣੀਕਾਰਾਂ ਦਾ ਘੇਰਾ ਸਮੇਂ ਤੇ ਸਥਾਨ ਕਰਕੇ ਵਿਆਪਕ ਹੈ। ਇਹ ਅਨੇਕ ਪੰਥਾਂ, ਖਿੱਤਿਆਂ ਅਤੇ ਵੱਖ-ਵੱਖ ਧਰਮਾਂ, ਵਰਗਾਂ ਅਤੇ ਜਾਤਾਂ ਦੇ ਸੰਤਾਂ-ਭਗਤਾਂ ਦੀ ਪ੍ਰਤੀਨਿਧਤਾ ਕਰਦਾ ਹੈ। ਗੁਰਬਾਣੀ ਵਿਚ ਜਾਤਪਾਤ, ਵਰਣ-ਵੰਡ ਤੇ ਊਚ-ਨੀਚ ਦਾ ਖੰਡਨ ਕਰ ਕੇ ਮਨੁੱਖ ਨੂੰ ਇੱਕੋ ਭਾਈਚਾਰੇ ਦੇ ਵਿਅਕਤੀ ਅਤੇ ਇੱਕੋ ਜੋਤ ਤੋਂ ਪੈਦਾ ਹੋਏ ਮੰਨਿਆ ਗਿਆ ਹੈ:

-ਅਵਲਿ ਅਲਹ ਨੂਰੁ ਉਪਾਇਆ
ਕੁਦਰਤਿ ਕੇ ਸਭ ਬੰਦੇ॥
ਏਕ ਨੂਰ ਤੇ ਸਭੁ ਜਗੁ ਉਪਜਿਆ
ਕਉਨ ਭਲੇ ਕੋ ਮੰਦੇ॥
-ਏਕੁ ਪਿਤਾ ਏਕਸ ਕੇ ਹਮ ਬਾਰਿਕ
ਤੂ ਮੇਰਾ ਗੁਰ ਹਾਈ॥

ਵਿਗਿਆਨ ਦੇ ਪੱਖੋਂ ਵੀ ਗੁਰਬਾਣੀ ਦਾ ਗਿਆਨ ਸਹੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਸ੍ਰਿਸ਼ਟੀ ਦੀ ਵਿਸ਼ਾਲਤਾ ਨੂੰ ਬੇਅੰਤ ਦੱਸਿਆ ਗਿਆ ਹੈ। ਲੱਖਾਂ ਹੀ ਪਤਾਲਾਂ, ਅਕਾਸ਼ਾਂ ਦਾ ਵਰਨਣ ਇਸ ਵਿਚ ਮਿਲਦਾ ਹੈ। ਵਿਗਿਆਨ ਦੀ ਤਰੱਕੀ ਨਾਲ ਗੁਰਬਾਣੀ ਦੇ ਵਾਕਾਂ ਦੀ ਸੱਚਾਈ ਸਿੱਧ ਹੋ ਰਹੀ ਹੈ। ਪਰਮਾਤਮਾ ਦੀ ਕੋਈ ਧਰਤੀ ਨਹੀਂ ਹੈ, ਉਹ ਕਰੋੜਾਂ ਬ੍ਰਹਿਮੰਡਾਂ ਦਾ ਸੁਆਮੀ ਹੈ:

-ਪਾਤਾਲਾ ਪਾਤਾਲ ਲਖ ਆਗਾਸਾ ਆਗਾਸ॥
-ਜੋ ਬ੍ਰਹਮੰਡੇ ਸੋਈ ਪਿੰਡੇ ਜੋ ਖੋਜੈ ਸੋ ਪਾਵੈ॥
ਪੀਪਾ ਪ੍ਰਣਵੈ ਪਰਮ ਤਤੁ ਹੈ
ਸਤਿਗੁਰੁ ਹੋਇ ਲਖਾਵੈ॥

ਸ੍ਰਿਸ਼ਟੀ ਦੀ ਰਚਨਾ ਸਬੰਧੀ ਗੁਰਬਾਣੀ ਕੋਈ ਕਲਪਿਤ ਕਹਾਣੀਆਂ ਨਹੀਂ ਬਣਾਉਂਦੀ। ਇਸ ਬਾਰੇ ਤੱਥਾਂ ਦੇ ਆਧਾਰ 'ਤੇ ਗਿਆਨ ਦਿੰਦੀ ਹੈ ਜੋ ਵਿਗਿਆਨ ਦੀ ਕਸਵੱਟੀ 'ਤੇ ਪੂਰਾ ਉਤਰਦਾ ਹੈ। ਗੁਰਬਾਣੀ ਅਨੁਸਾਰ ਪਰਮਾਤਮਾ ਤੋਂ ਗੈਸਾਂ ਪੈਦਾ ਹੋਈਆਂ; ਫੇਰ ਜਲ ਅਤੇ ਜਲ ਤੋਂ ਸਾਰੀ ਬਨਸਪਤੀ ਤੇ ਜੀਵ-ਜੰਤੂ ਪੈਦਾ ਹੋਏ। ਇਹ ਇਕ ਵਿਗਿਆਨਕ ਸੱਚ ਹੈ ਕਿ ਜਿੱਥੇ ਜਲ ਹੈ, ਉੱਥੇ ਹੀ ਜੀਵਨ ਹੈ। ਗੁਰਵਾਕ ਹੈ:

ਸਾਚੇ ਤੇ ਪਵਨਾ ਭਇਆ ਪਵਨੈ ਤੇ ਜਲੁ ਹੋਇ॥
ਜਲ ਤੇ ਤ੍ਰਿਭਵਣੁ ਸਾਜਿਆ ਘਟਿ ਘਟਿ ਜੋਤਿ ਸਮੋਇ॥

ਸਿਹਤ ਵਿਗਿਆਨ ਦੇ ਖੇਤਰ ਵਿਚ ਵੀ ਗੁਰਬਾਣੀ ਮਨੁੱਖ ਨੂੰ ਸਹੀ ਸੇਧ ਦਿੰਦੀ ਹੈ। ਸਰੀਰ ਦੇ ਬਹੁਤੇ ਰੋਗ ਕਾਮ ਅਤੇ ਕ੍ਰੋਧ ਦੋ ਵਿਕਾਰਾਂ ਤੋਂ ਹੀ ਉਤਪੰਨ ਹੁੰਦੇ ਹਨ। ਗੁਰਬਾਣੀ ਵਿਚ ਇਨਾਂ ਦੋ[ਨਾਂ] ਵਿਕਾਰਾਂ ਨੂੰ ਸਿਹਤ ਲਈ ਨੁਕਸਾਨਦੇਹ ਦੱਸਿ[ਆ] ਗਿਆ ਹੈ :

ਕਾਮੁ ਕ੍ਰੋਧੁ ਕਾਇਆ ਕਉ ਗਾਲੈ॥
ਜਿਉ ਕੰਚਨ ਸੋਹਾਗਾ ਢਾਲੈ॥

ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਵਿਚਾਰਧਾਰਾ ਇ[ਕ] ਕ੍ਰਾਂਤੀਕਾਰੀ ਵਿਚਾਰਧਾਰਾ ਹੈ ਜੋ ਸਮਾਜ ਵਿੱਚੋਂ ਊ[ਚ] ਨੀਚ ਅਤੇ ਬੇਇਨਸਾਫੀਆਂ ਦੂਰ ਕਰ ਕੇ ਇ[ਕ] ਸਮਾਜਿਕ ਭਾਈਚਾਰਾ ਸਥਾਪਿਤ ਕਰਨ ਦਾ ਮਾਰ[ਗ] ਦਿਖਾਉਂਦੀ ਹੈ। ਇਸ ਵਿਚ ਵਰਣ-ਵੰਡ, ਜਾ[ਤ] ਪਾਤ, ਛੂਤ-ਛਾਤ, ਆਰਥਿਕ ਕਾਣੀ ਵੰਡ ਤੇ ਪੰ[...] ਦੀ ਲੁੱਟ-ਖਸੁੱਟ ਦਾ ਸਖਤ ਖੰਡਨ ਕੀਤਾ ਗਿ[ਆ] ਹੈ। ਗੁਰੂ ਜੀ ਨੇ ਦਸਾਂ ਨਹੁੰਆਂ ਦੀ ਸੁੱਚੀ ਕਿਰ[ਤ] ਕਰਨਾ ਅਤੇ ਵੰਡ ਕੇ ਛਕਣਾ ਉੱਤਮ ਮੰਨਿਆ [...]

ਘਾਲਿ ਖਾਇ ਕਿਛੁ ਹਥਹੁ ਦੇਇ॥
ਨਾਨਕ ਰਾਹੁ ਪਛਾਣਹਿ ਸੇਇ॥

ਰਾਜਨੀਤਕ ਖੇਤਰ ਵਿਚ ਵੀ ਗੁਰਬਾ[ਣੀ] ਮਨੁੱਖਤਾ ਦੀ ਸਹੀ ਅਗਵਾਈ ਕਰਦੀ ਹੈ। [...] ਗੁਰੂ ਗ੍ਰੰਥ ਸਾਹਿਬ ਵਿਚ ਇਕ ਹਲੇਮੀ ਰਾਜ [...] ਸਥਾਪਤੀ ਦਾ ਸੰਕਲਪ ਦਿੱਤਾ ਗਿਆ ਹੈ। ਇ[ਸ] ਵਿਚ ਚੰਗਾ ਰਾਜਾ ਉਸੇ ਨੂੰ ਪ੍ਰਵਾਨ ਕੀਤਾ ਗਿ[ਆ] ਹੈ ਜੋ ਆਪ-ਹੁਦਰਾ ਨਹੀਂ ਤੇ ਲੋਕਾਂ ਦੀ ਸੰਮਤੀ ਨ[ਾਲ] ਰਾਜ ਚਲਾਉਂਦਾ ਹੈ ਤੇ ਗੁਣਾਂ ਨਾਲ ਭਰਪੂਰ ਹੈ:

-ਰਾਜਾ ਤਖਤਿ ਟਿਕੈ ਗੁਣੀ ਭੈ ਪੰਚਾਇਣ ਰਤੁ[...]
-ਤਖਤਿ ਰਾਜਾ ਸੋ ਬਹੈ ਜਿ ਤਖਤੈ ਲਾਇਕ ਹੋਈ[...]
ਜਨੀ ਸਚੁ ਪਛਾਣਿਆ ਸਚੁ ਰਾਜੇ ਸੇਈ॥

ਉਸ ਸਮੇਂ ਦੇ ਸਮਾਜ ਵਿਚ ਇਸਤਰੀ ਜਾਤੀ [...] ਕੋਈ ਸਤਿਕਾਰ ਨਹੀਂ ਸੀ। ਦੇਸ਼ ਦੇ ਹਾਕਮਾਂ [...] ਇਲਾਵਾ ਵਿਦੇਸ਼ੀ ਹਮਲਾਵਰ ਵੀ ਇਸਤਰੀ[ਆਂ] ਨੂੰ ਆਪਣੇ ਜ਼ੁਲਮ ਦਾ ਸ਼ਿਕਾਰ ਬਣਾਉ[ਂਦੇ] ਸਨ। ਸਮਾਜ ਵਿਚ ਵੀ ਇਸਤਰੀਆਂ ਨੂੰ ਕੋ[ਈ] ਸਨਮਾਨਯੋਗ ਦਰਜਾ ਨਹੀਂ ਸੀ ਦਿੱਤਾ ਜਾਂਦਾ। [...] ਗੁਰੂ ਗ੍ਰੰਥ ਸਾਹਿਬ ਵਿਚ ਇਸਤਰੀਆਂ ਨੂੰ ਮਰ[ਦਾਂ] ਦੇ ਬਰਾਬਰ ਸਮਝਿਆ ਗਿਆ ਹੈ। ਇਸਤ[ਰੀ] ਪੁਰਸ਼ ਦੋਨੋਂ ਹੀ ਇਕ ਦੂਸਰੇ ਦੇ ਪੂਰਕ ਹਨ, ਦੋ[ਵੇਂ] ਰਲ ਕੇ ਸਮਾਜ ਦੀ ਉਤਪਤੀ ਤੇ ਵਿਕਾਸ ਕ[ਰਦੇ] ਹਨ :

ਨਾਰੀ ਤੇ ਜੋ ਪੁਰਖੁ ਕਰਾਵੈ ਪੁਰਖਨ ਤੇ ਜੋ ਨਾਰੀ[...]

ਗੁਰੂ ਸਾਹਿਬ ਨੇ ਇਸਤਰੀ ਰੂਪ ਵਿਚ ਬਾ[ਣੀ] ਰਚ ਕੇ ਇਸਤਰੀ ਦੇ ਜਾਮੇ ਨੂੰ ਸਤਿਕਾਰ ਦਿੱ[ਤਾ] ਹੈ। ਗੁਰੂ ਜੀ ਨੇ ਆਪਣੇ ਸਮੇਂ ਦੇ ਲੋਕਾਂ ਨੂੰ ਸਪੱਸ਼[ਟ] ਆਖਿਆ ਹੈ :

ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ[॥]

ਇਸ ਤੋਂ ਸਪੱਸ਼ਟ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿ[ਬ] ਦੀ ਫ਼ਿਲਾਸਫ਼ੀ ਇਕ ਮੁਕੰਮਲ ਵਿਚਾਰਧਾਰਾ [ਹੈ।] ਇਹ ਮਨੁੱਖੀ ਸ਼ਖ਼ਸੀਅਤ ਦੀ ਸਮੁੱਚੀ ਉਸਾਰੀ [...] ਪ੍ਰਫੁੱਲਤਾ ਦਾ ਇਕ ਅਦੁੱਤੀ ਸਿਧਾਂਤ ਹੈ। ਇ[ਸ] ਵਿਚ ਆਮ ਮਨੁੱਖ ਦੀ ਭਲਾਈ ਨੂੰ ਬਹੁਤ ਮਹੱਤ[ਵ] ਦਿੱਤਾ ਗਿਆ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਮਨੁੱਖ[ਤਾ] ਨੂੰ ਧਰਮ ਦੇ ਨਾਂ 'ਤੇ ਵੰਡਣ ਦੀ ਆਗਿਆ ਨ[ਹੀਂ] ਦਿੰਦਾ। ਇਸ ਵਿਚ ਸਮੁੱਚੀ ਮਨੁੱਖਤਾ ਨੂੰ ਇ[ਕ] ਸਮਾਜਿਕ ਭਾਈਚਾਰਾ ਸਮਝਿਆ ਗਿਆ ਹੈ [...] ਸਰਬੱਤ ਦੇ ਭਲੇ ਦੀ ਕਾਮਨਾ ਕੀਤੀ ਗਈ ਹੈ।

# ਸੰਤ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲੇ

**ਗੁਰਜੀਤ ਸਿੰਘ ਖ਼ਾਲਸਾ**

ਗੁਰਦੁਆਰਾ ਕਰਮਸਰ (ਰਾੜਾ ਸਾਹਿਬ) ਜਿੱਥੇ ਗੁਰੂ ਸਾਹਿਬਾਨ ਵੱਲੋਂ ਚਲਾਈ ਪ੍ਰੰਪਰਾ ਜਿਉਂ ਦੀ ਤਿਉਂ ਸੀਨੇ ਬਸੀਨੇ ਚੱਲ ਰਹੀ ਹੈ। ਇਸ ਮਹਾਨ ਕੇਂਦਰ ਦੀ ਸਿਰਜਣਾ ਸੰਤ ਬਾਬਾ ਈਸ਼ਰ ਸਿੰਘ ਜੀ ਨੇ ਕੀਤੀ। ਉਨ੍ਹਾਂ ਨੇ ਇਸ ਮਹਾਨ ਕੇਂਦਰ ਤੋਂ ਰੱਬੀ ਬਾਣੀ ਨੂੰ ਪੜ੍ਹਨ-ਪੜ੍ਹਾਉਣ, ਕੀਰਤਨ ਗਾਇਨ ਵਾਲੇ ਖ਼ਾਲਸ ਰੂਪ, ਗੁਰੂ ਘਰ ਦੇ ਪ੍ਰੇਮੀ ਪੂਰਨ ਗੁਰੂ ਦੇ ਸਿੱਖ ਤਿਆਰ ਕਰਨ ਦਾ ਉਪਰਾਲਾ ਵਿੱਢਿਆ ਸੀ, ਇਹ ਮਹਾਨ ਕਾਰਜ ਅੱਜ ਵੀ ਨਿਰੰਤਰ ਚੱਲ ਰਿਹਾ ਹੈ। ਗੁਰਬਾਣੀ ਸ਼ੁੱਧ ਉਚਾਰਣ, ਗੁਰਬਾਣੀ ਦੇ ਅਰਥ, ਗੁਰ-ਇਤਿਹਾਸ ਅਤੇ ਗੁਰਮਤਿ ਮਰਿਆਦਾ ਦੇ ਸੰਪੂਰਨ ਨਿਯਮਾਂ ਰੂਪੀ ਵੱਡਮੁੱਲੇ ਖਜ਼ਾਨੇ ਨੂੰ ਸੀਨੇ-ਬਸੀਨੇ ਹੁਣ ਤਕ ਸਾਂਭਿਆ ਜਾ ਰਿਹਾ ਹੈ।

ਸੰਤ ਬਾਬਾ ਈਸ਼ਰ ਸਿੰਘ ਨੇ ਰਸ ਭਿੰਨੇ ਗੁਰਬਾਣੀ ਦੇ ਕੀਰਤਨ ਦੀਆਂ ਝੜੀਆਂ ਲਾਈਆਂ



ਕਿ ਕਲਯੁੱਗ ਦੇ ਤਪਦਿਆਂ ਹਿਰਦਿਆਂ ਨੂੰ ਅੰਮ੍ਰਿਤ ਰੂਪੀ ਗੁਰਬਾਣੀ ਕੀਰਤਨ ਨਾਲ ਅਜਿਹਾ ਠਾਰਿਆ ਕਿ ਅੱਜ ਵੀ ਹਿਰਦੇ ਠੰਢ ਪਈ ਹੋਈ ਹੈ। ਕਲਯੁੱਗ ਦੇ ਭਿਆਨਕ ਵਕਤ 'ਚ ਆਪ ਨੇ ਗੁਰਬਾਣੀ ਦਾ ਪ੍ਰਚਾਰ ਕੀਤਾ ਤੇ ਲੱਖਾਂ ਪ੍ਰਾਣੀਆਂ ਨੂੰ ਗੁਰੂ ਦੇ ਲੜ ਲਾਇਆ। ਇਸ ਤਰ੍ਹਾਂ ਆਪ ਪੂਰਬ ਵਿਚ ਭਾਵ ਪੰਜਾਬ ਦੇ ਪਟਿਆਲਾ ਰਿਆਸਤ ਦੇ ਪਿੰਡ ਆਲੋਵਾਲ ਵਿਖੇ 5 ਅਗਸਤ 1905 ਨੂੰ ਮਾਤਾ ਰਤਨ ਕੌਰ ਤੇ ਪਿਤਾ ਰਾਮ ਸਿੰਘ ਦੇ ਘਰ ਪੈਦਾ ਹੋ ਕੇ 50 ਸਾਲ ਲਗਾਤਾਰ ਗੁਰਬਾਣੀ ਦਾ ਪ੍ਰਚਾਰ ਕਰਦੇ ਹੋਏ ਪੱਛਮ ਭਾਵ ਇੰਗਲੈਂਡ ਦੀ ਧਰਤੀ 'ਤੇ 26 ਅਗਸਤ 1975 ਨੂੰ ਸੁਦਾਗਰ ਸਿੰਘ ਦੇ ਘਰ ਵੂਲਵਰ ਹੈਪਟਨ ਵਿਖੇ 'ਸੂਰਜ ਕਿਰਣਿ ਮਿਲੇ, ਜਲ ਕਾ ਹੂਆ ਰਾਮ।। ਜੋਤੀ ਜੋਤਿ ਰਲੀ, ਸੰਪੂਰਨ ਥੀਆ ਰਾਮ।।' ਗੁਰਵਾਕ ਅਨੁਸਾਰ ਆਪਣਾ ਸਰੀਰ ਤਿਆਗ ਗਏ।

ਇਸ ਤੋਂ ਬਾਅਦ ਉਨ੍ਹਾਂ ਦੇ ਜਾਨਸ਼ੀਨ ਸੰਤ ਬਾਬਾ ਕਿਸ਼ਨ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਨੇ ਆਪਣੇ ਵੱਡੇ ਭਰਾਤਾ ਦੇ ਪਾਏ ਪੂਰਨਿਆ 'ਤੇ ਚੱਲਦਿਆਂ ਰਾੜਾ ਸਾਹਿਬ ਦੀਆਂ ਚੱਲ ਰਹੀਆਂ ਸੇਵਾਵਾਂ ਵਿਚ ਵੱਡਮੁੱਲਾ ਯੋਗਦਾਨ ਪਾਇਆ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਉਨ੍ਹਾਂ ਦੇ ਸੱਚਖੰਡ ਜਾਣ ਤੋਂ ਬਾਅਦ ਸੰਤ ਤੇਜਾ ਸਿੰਘ ਜੀ ਭੋਰਾ ਸਾਹਿਬ ਵਾਲਿਆਂ ਨੂੰ ਰਾੜਾ ਸਾਹਿਬ ਸੰਪ੍ਰਦਾਇ ਦੀਆਂ ਸੇਵਾਵਾਂ ਦੀ ਵੱਡੀ ਜ਼ਿੰਮੇਵਾਰੀ ਸੰਤਾਂ ਮਹਾਂਪੁਰਸ਼ਾਂ ਵੱਲੋਂ ਸੌਂਪੀ ਗਈ ਜੋ ਕਿ ਆਪਣੀ ਸੰਸਾਰਕ ਯਾਤਰਾ ਪੂਰੀ ਕਰਕੇ 09 ਦਸੰਬਰ 20 14 ਨੂੰ ਆਪਣੇ ਪੰਜ ਭੌਤਿਕ ਸਰੀਰ ਦਾ ਤਿਆਗ ਕਰ ਗਏ। ਉਨ੍ਹਾਂ ਦੇ ਸੱਚਖੰਡ ਜਾਣ ਤੋਂ ਬਾ[ਅਦ] ਰਾੜਾ ਸਾਹਿਬ ਸੰਪ੍ਰਦਾਇ ਦੀ ਵੱਡੀ ਜ਼ਿੰਮੇਵਾਰੀ ਸੰ[ਤ] ਬਲਜਿੰਦਰ ਸਿੰਘ ਜੀ ਨੂੰ ਸੌਂਪੀ ਗਈ। ਅੱਜ ਮੌਜੂ[ਦਾ] ਮੁਖੀ ਸੰਤ ਬਲਜਿੰਦਰ ਸਿੰਘ ਜੀ ਦੀ ਦੇਖ ਰੇਖ ਹੇ[ਠ] ਗੁਰਦੁਆਰਾ ਕਰਮਸਰ ਰਾੜਾ ਸਾਹਿਬ ਵਿਚ ਚੱ[ਲ] ਰਹੀਆਂ ਕਾਰ ਸੇਵਾਵਾਂ ਵਿਚ ਦੇਸ਼-ਵਿਦੇਸ਼ ਦੀ[ਆਂ] ਸੰਗਤਾਂ ਵੱਲੋਂ ਪੂਰਨ ਰੂਪ ਵਿਚ ਸਹਿਯੋਗ ਦਿੱ[ਤਾ] ਜਾ ਰਿਹਾ ਹੈ। ਜੋ ਕਿ ਆਪਣੇ ਵੱਡੇ ਸੰਤ ਪੁਰ[ਖਾਂ] ਦੇ ਮਾਰਗ 'ਤੇ ਚੱਲਦਿਆਂ ਅੰਮ੍ਰਿਤ ਰੂਪੀ ਕੀਰਤ[ਨ] ਵਿਖਿਆਨ ਦੁਆਰਾ ਸੰਗਤਾਂ ਨੂੰ ਸ਼ਬਦ ਗੁਰੂ ਗ੍ਰੰ[ਥ] ਸਾਹਿਬ ਜੀ ਨਾਲ ਜੋੜਦੇ ਹਨ। ਜਿਨ੍ਹਾਂ ਵੱਲੋਂ ਅ[...] ਇਲਾਕੇ 'ਚ ਪ੍ਰਾਇਮਰੀ ਸਕੂਲਾਂ 'ਚ ਕੌਮ [...] ਬੁਨਿਆਦ ਬਾਲ ਪੀੜੀ ਨੂੰ ਮਜ਼ਬੂਤ ਬਣਾਉ[ਣ] ਲਈ ਗੁਰੂ ਨਾਨਕ ਐਜੂਕੇਸ਼ਨ ਐਂਡ ਰਿਲੀਜ[...] ਸੁਸਾਇਟੀ ਸਥਾਪਤ ਕਰਕੇ ਪ੍ਰਾਇਮਰੀ ਵਿੱਦਿ[ਆ] ਨੂੰ ਉੱਚ ਮਿਆਰੀ ਬਣਾਉਣ ਲਈ ਕੀਤੇ ਜਾ [...] ਕਾਰਜ ਆਪਣੀ ਮਿਸਾਲ ਆਪ ਹਨ।

**ਮੋਬਾਈਲ 97796816[...]**

# ਸ੍ਰੀ ਗੁਰੂ ਰਾਮਦਾਸ ਜੀ

15ਵੀਂ ਸਦੀ ਵਿਚ ਉੱਭਰਿਆ ਸਿੱਖ ਧਰਮ ਨਵੀਨ ਅਤੇ ਵਿਲੱਖਣ ਕਦਰਾਂ ਕੀਮਤਾਂ ਦਾ ਤਰਜਮਾਨ ਰਿਹਾ ਹੈ। ਗੁਰੂ ਸਾਹਿਬਾਨ ਨੇ ਆਪਣੇ-ਆਪਣੇ ਸਮਿਆਂ ਵਿਚ ਕੁਝ ਅਜਿਹੀਆਂ ਕਲਿਆਣਕਾਰੀ ਪਿਰਤਾਂ ਪਾਈਆਂ ਹਨ ਜੋ ਇਸ ਜਗ ਨੂੰ 'ਸਚੈ ਕੀ ਹੈ ਕੋਠੜੀ' ਮੰਨ ਕੇ ਮਨੁੱਖ ਨੂੰ ਸੱਚਾ ਅਤੇ ਸੁੱਚਾ ਵਿਹਾਰ ਕਰਨ ਲਈ ਪ੍ਰੇਰਦੀਆਂ ਰਹਿੰਦੀਆਂ ਹਨ।

ਇਹ ਧਰਮ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੁਆਰਾ ਨਿਰਧਾਰਿਤ ਕੀਤੀ ਜੀਵਨ-ਜਾਚ ਅਨੁਸਾਰ 'ਜੋਤਿ ਓਹਾ ਜੁਗਤਿ ਸਾਇ ਸਹਿ ਕਾਇਆ ਫੇਰਿ ਪਲਟੀਐ" ਦੇ ਅਨੁਸਾਰ ਇੱਕੋ (ਨਾਨਕ) ਜੋਤ ਵਿੱਚੋਂ ਨੌਂ ਗੁਰੂ ਸਾਹਿਬਾਨ ਦੇ ਰਾਹੀਂ ਪ੍ਰਫੁੱਲਿਤ ਹੋਇਆ ਹੈ। ਇਨ੍ਹਾਂ ਗੁਰੂ ਸਾਹਿਬਾਨ ਦੇ ਵਿਸ਼ੇਸ਼ ਉਪਰਾਲਿਆਂ ਸਦਕਾ ਸਿੱਖ ਧਰਮ ਨੇ ਇਕ ਨਵੀਨ ਅਤੇ ਆਦਰ ਪੂਰਵਕ ਜੀਵਨ-ਜੁਗਤ ਜਿਵੇਂ ਭਗਤੀ ਤੋਂ ਸ਼ਕਤੀ ਦਾ ਸੁਮੇਲ, ਵਰਣ ਵੰਡ ਨੂੰ ਰੱਦ ਕਰਨ ਵਾਲੀ ਇਨਕਲਾਬੀ ਸੋਚ, ਸਾਂਝੀਵਾਲਤਾ ਦਾ ਸੰਦੇਸ਼ ਦੇਣ ਵਾਲੀ ਗੁਰਬਾਣੀ, ਅਤੇ ਮਿਲ-ਬੈਠ ਕੇ ਦੁਬਿਧਾ ਦੂਰ ਕਰਨ ਵਾਲੀ ਪਹੁੰਚ ਨਾਲ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ ਹੈ। ਇਸ ਤਰ੍ਹਾਂ ਦੀ ਕਾਮਨਾ ਕਰਨ ਵਾਲਿਆਂ ਵਿਚ ਹੀ ਸ਼ਾਮਿਲ ਸਨ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ।

ਉਨ੍ਹਾਂ ਦਾ ਬਚਪਨ ਦਾ ਨਾਮ ਭਾਈ ਜੇਠਾ ਸੀ, ਦਾ ਜਨਮ 24 ਸਤੰਬਰ 1534 ਈ: ਨੂੰ ਚੂਨਾ ਮੰਡੀ ਲਾਹੌਰ ਦੇ ਵਸਨੀਕ ਭਾਈ ਹਰਿਦਾਸ ਜੀ ਅਤੇ ਮਾਤਾ ਦਇਆ ਕੌਰ ਜੀ ਦੇ ਘਰ ਹੋਇਆ। ਪਲੇਠਾ ਪੁੱਤਰ ਹੋਣ ਕਰਕੇ ਇਨ੍ਹਾਂ ਦਾ ਨਾਮ ਭਾਈ ਜੇਠਾ ਜੀ ਹੋ ਗਿਆ। ਭਾਈ ਜੇਠਾ ਜੀ ਅਜੇ ਬਚਪਨ ਦੀਆਂ ਦਹਿਲੀਜ਼ਾਂ ਉਪਰ ਹੀ ਵਿਚਰ ਰਹੇ ਸਨ ਕਿ ਪਹਿਲਾਂ ਮਾਤਾ ਜੀ ਅਤੇ ਫਿਰ ਪਿਤਾ ਸ੍ਰੀ ਹਰਿਦਾਸ ਜੀ ਇਸ ਦੁਨੀਆ ਤੋਂ ਕੂਚ ਕਰ ਗਏ। ਜਦੋਂ ਆਪ ਦੁਨਿਆਵੀ ਤੌਰ 'ਤੇ ਯਤੀਮ ਹੋ ਗਏ ਤਾਂ ਆਪ ਜੀ ਦੀ ਨਾਨੀ ਆਪ ਨੂੰ ਆਪਣੇ ਪਿੰਡ ਬਾਸਰਕੇ ਲੈ ਆਈ। ਲਾਹੌਰ ਤੋਂ ਦੋਹਤੇ ਦੇ ਆਪਣੇ ਨਾਨਕੇ ਘਰ ਆਉਣ ਦੀ ਖ਼ਬਰ ਸਾਰੇ ਪਿੰਡ ਵਿਚ ਫੈਲ ਗਈ। ਪਿੰਡ ਦੇ ਬਹੁਤ ਸਾਰੇ ਨੇਕ ਪੁਰਸ਼ ਅਤੇ ਔਰਤਾਂ ਬਾਲਕ ਜੇਠੇ ਦਾ ਧੀਰ ਧਰਾਉਣ ਲਈ ਆਉਣ ਲੱਗੇ। ਇਨ੍ਹਾਂ ਧੀਰ ਧਰਾਉਣ ਵਾਲਿਆਂ ਵਿਚ ਸ੍ਰੀ (ਗੁਰੂ) ਅਮਰਦਾਸ ਜੀ ਵੀ ਸਨ। ਉਨ੍ਹਾਂ ਦੇ ਕੋਮਲ ਹਿਰਦੇ 'ਤੇ ਭਾਈ ਜੇਠੇ ਦੀ ਦੁਖਦਾਈ ਸਥਿਤੀ ਦਾ ਬੜਾ ਡੂੰਘਾ ਅਸਰ ਹੋਇਆ। ਇਸ ਅਸਰ ਕਰਕੇ ਉਨ੍ਹਾਂ ਦੀ ਆਪਸੀ ਨੇੜਤਾ ਕਾਫੀ ਵਧਣ ਲੱਗ ਪਈ।

ਭਾਈ ਜੇਠਾ ਜੀ ਆਪਣੇ ਨਾਨਕੇ ਘਰ ਰਹਿ ਕੇ ਘੁੰਙਣੀਆਂ ਵੇਚਣ ਦੀ ਕਾਰ ਕਰਿਆ ਕਰਦੇ ਸਨ ਅਤੇ ਇਨ੍ਹਾਂ ਦੀ ਵੱਟਕ ਨਾਲ ਆਪਣੀ ਅਤੇ ਨਾਨੀ ਜੀ ਦੀ ਉਦਰ-ਜਵਾਲਾ ਸ਼ਾਂਤ ਕਰਿਆ ਕਰਦੇ ਸਨ। ਇਸ ਸਮੇਂ ਦੌਰਾਨ ਗੁਰੂ ਅਮਰਦਾਸ ਜੀ ਜਦੋਂ ਕਦੇ ਖਡੂਰ ਸਾਹਿਬ ਤੋਂ ਬਾਸਰਕੇ ਆਉਂਦੇ ਤਾਂ ਉਹ ਭਾਈ ਜੇਠਾ ਜੀ ਨੂੰ ਜ਼ਰੂਰ ਮਿਲਦੇ ਅਤੇ ਘੰਟਿਆਂ ਬੱਧੀ ਦੁਨਿਆਵੀ ਅਤੇ ਇਲਾਹੀ ਗੱਲਾਂ ਹੁੰਦੀਆਂ ਰਹਿੰਦੀਆਂ।

ਜਦੋਂ ਗੋਂਦੇ ਖੱਤਰੀ ਦੀ ਬੇਨਤੀ 'ਤੇ ਸ੍ਰੀ ਗੁਰੂ ਅਮਰਦਾਸ ਜੀ ਨੇ ਦਰਿਆ ਬਿਆਸ ਦੇ ਕਿਨਾਰੇ ਗੋਇੰਦਵਾਲ ਸਾਹਿਬ ਨਗਰ ਵਸਾਇਆ ਤਾਂ ਤਿਨਾਂ ਦੇ ਕਈ ਰਿਸ਼ਤੇਦਾਰ ਅਤੇ ਸਨੇਹੀ ਵੀ ਗੋਇੰਦਵਾਲ ਸਾਹਿਬ ਆ ਗਏ। ਗੁਰੂ ਦਰਸ਼ਨਾਂ ਦੀ ਤਾਂਘ ਭਾਈ ਜੇਠਾ ਜੀ ਨੂੰ ਵੀ ਇੱਥੇ ਲੈ ਆਈ। ਉਸ ਵਕਤ ਉਨ੍ਹਾਂ ਦੀ ਆਯੂ ਕੋਈ 12 ਕੁ ਸਾਲ ਦੀ ਸੀ।

ਗੁਰੂ ਅਮਰਦਾਸ ਜੀ ਨੇ ਭਾਈ ਜੇਠਾ ਜੀ ਨੂੰ 10-12 ਸਾਲ ਆਪਣੀ ਨਿਗਰਾਨੀ ਵਿਚ ਰੱਖਿਆ ਅਤੇ ਉਨ੍ਹਾਂ ਸਾਰੇ ਗੁਣਾਂ ਨੂੰ ਵਾਚਿਆ ਸੀ ਜੋ ਕਿਸੇ ਉਚੇਰੀ ਜ਼ਿੰਮੇਵਾਰੀ ਨੂੰ ਨਿਭਾਉਣ ਲਈ ਜ਼ਰੂਰੀ ਹੁੰਦੇ ਹਨ। ਗੁਰੂ ਸਾਹਿਬ ਨੇ ਇਨ੍ਹਾਂ ਗੁਣਾਂ ਦੀ ਕਦਰ ਕਰਦਿਆਂ 22 ਫੱਗਣ ਸੰਮਤ 1610 ਨੂੰ ਆਪਣੀ ਲਾਡਲੀ ਸਪੁੱਤਰੀ ਬੀਬੀ ਭਾਨੀ ਜੀ ਦਾ ਵਿਆਹ ਭਾਈ ਜੇਠਾ ਜੀ ਨਾਲ ਕਰ ਦਿੱਤਾ। ਇਸ ਬਖ਼ਸ਼ਿਸ਼ ਨਾਲ ਭਾਈ ਜੇਠਾ ਜੀ ਗੁਰੂ-ਦਰਬਾਰ ਦੇ ਨਾਲ-



**24 ਅਗਸਤ ਜੋਤੀ ਜੋਤਿ ਦਿਵਸ**

ਨਾਲ ਗੁਰੂ-ਪਰਿਵਾਰ ਦੇ ਅੰਗ ਬਣ ਗਏ।

ਜਦੋਂ 1557 ਈ: ਵਿਚ ਤੀਸਰੇ ਗੁਰੂ ਸ੍ਰੀ ਗੁਰੂ ਅਮਰਦਾਸ ਜੀ ਨੇ ਸਮਾਜਿਕ ਬਰਾਬਰੀ ਦੇ ਸਿਧਾਂਤ ਨੂੰ ਲਾਗੂ ਕਰਨ ਲਈ ਸਮਾਜ ਵਿੱਚੋਂ ਛੂਤ-ਛਾਤ ਖਤਮ ਕਰਨ ਦਾ ਬੀੜਾ ਚੁੱਕਿਆ ਤਾਂ ਕੁਝ ਗੁਰੂ-ਘਰ ਦੇ ਦੋਖੀਆਂ ਅਤੇ ਸਮਾਜ ਵਿਰੋਧੀਆਂ ਕੋਲੋਂ ਇਹ ਗੱਲ ਬਰਦਾਸ਼ਤ ਨਾ ਹੋ ਸਕੀ। ਉਨ੍ਹਾਂ ਵਿੱਚੋਂ ਕਿਸੇ ਨੇ ਅਕਬਰ ਬਾਦਸ਼ਾਹ ਕੋਲ ਜਾ ਕੇ ਗੁਰੂਕਿਆਂ ਦੇ ਖ਼ਿਲਾਫ਼ ਕੰਨ ਭਰ ਦਿੱਤੇ। ਆਪਣੀ ਸ਼ੰਕਾ ਨਵਿਰਤੀ ਅਤੇ ਤਸੱਲੀ ਲਈ ਬਾਦਸ਼ਾਹ ਨੇ ਗੁਰੂ ਦਰਬਾਰ ਵੱਲ ਸੱਦਾ-ਪੱਤਰ ਭੇਜ ਦਿੱਤਾ। ਬਿਰਧ ਸਰੀਰ ਹੋਣ ਕਰਕੇ ਤੀਸਰੇ ਪਾਤਸ਼ਾਹ ਨੇ ਗੁਰ-ਘਰ ਦੀ ਵਕਾਲਤ ਲਈ ਭਾਈ ਜੇਠਾ ਜੀ ਦੀ ਡਿਊਟੀ ਲਗਾ ਦਿੱਤੀ। ਭਾਈ ਜੇਠਾ ਜੀ ਨੇ ਸਿੱਖੀ ਦੇ ਸਿਧਾਂਤਾਂ ਦੀ ਇੰਨੇ ਸੁਚੱਜੇ ਢੰਗ ਨਾਲ ਵਿਆਖਿਆ ਕੀਤੀ ਕਿ ਅਕਬਰ ਦੇ ਸਭ ਭਰਮ-ਭੁਲੇਖੇ ਦੂਰ ਹੋ ਗਏ।

ਪਰਿਵਾਰਕ ਪੱਖੋਂ ਆਪ ਜੀ ਦੇ ਘਰ ਤਿੰਨ ਪੁੱਤਰਾਂ ਬਾਬਾ ਪ੍ਰਿਥੀ ਚੰਦ, ਬਾਬਾ ਮਹਾਂਦੇਵ ਅਤੇ ਸ੍ਰੀ (ਗੁਰੂ) ਅਰਜਨ ਦੇਵ ਜੀ (ਪੰਚਮ ਪਾਤਸ਼ਾਹ) ਨੇ ਜਨਮ ਲਿਆ। ਸ੍ਰੀ ਗੁਰੂ ਨਾਨਕ ਦੇਵ ਜੀ ਦੁਆਰਾ ਲਗਾਇਆ ਸਿੱਖੀ ਦਾ ਬੂਟਾ ਜਿਵੇਂ-ਜਿਵੇਂ ਜੋਬਨ 'ਤੇ ਹੋਈ ਜਾ ਰਿਹਾ ਸੀ ਇਸ ਦੀ ਮਹਿਕ ਵੀ ਦੂਰ-ਦੁਰਾਡੇ ਤਕ ਫੈਲਦੀ ਜਾ ਰਹੀ ਸੀ ਭਾਵ ਗੁਰੂ ਸਾਹਿਬਾਨ ਦੇ ਪਰਉਪਕਾਰੀ ਉਪਰਾਲਿਆਂ ਸਦਕਾ ਸਿੱਖਾਂ ਦੀ ਤਾਦਾਦ ਵਿਚ ਕਾਫ਼ੀ ਵਾਧਾ ਹੋਈ ਜਾ ਰਿਹਾ ਸੀ। ਇਸ ਵਾਧੇ ਕਾਰਨ ਹੀ ਸਿੱਖੀ ਦਾ ਪ੍ਰਚਾਰ ਕੇਂਦਰ ਸ੍ਰੀ ਗੋਇੰਦਵਾਲ ਸਾਹਿਬ ਤੋਂ ਗੁਰੂ ਕੇ ਚੱਕ (ਸ੍ਰੀ ਅੰਮ੍ਰਿਤਸਰ ਸਾਹਿਬ) ਵਿਖੇ ਲੈ ਜਾਣ ਦੀ ਵਿਉਂਤਬੰਦੀ ਕੀਤੀ ਗਈ। ਇਸ ਵਿਉਂਤਬੰਦੀ ਨੂੰ ਅਮਲੀ ਰੂਪ ਦੇਣ ਦੀ ਜ਼ਿੰਮੇਵਾਰੀ ਭਾਈ ਜੇਠਾ ਜੀ ਨੂੰ ਦਿੱਤੀ ਗਈ। ਆਪ ਜੀ ਨੇ ਇਹ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਈ ਜਿਸ ਦੀ ਬਦੌਲਤ 'ਗੁਰੂ ਕਾ ਚੱਕ' ਇਕ ਚੰਗੀ ਰੌਣਕ ਵਾਲਾ ਨਗਰ ਬਣ ਗਿਆ।

ਸ੍ਰੀ ਗੁਰੂ ਅਮਰਦਾਸ ਜੀ ਹੁਣ ਸਰੀਰਿਕ ਰੂਪ ਵਿਚ ਕਾਫੀ ਬਿਰਧ ਹੋ ਚੁੱਕੇ ਸਨ। ਆਪਣਾ ਸੱਚਖੰਡ ਵਾਪਸੀ ਸਮਾਂ ਨੇੜੇ ਆਇਆ ਜਾਣ ਕੇ ਉਨ੍ਹਾਂ ਨੇ ਗੁਰੂ-ਘਰ ਦੀ ਮਰਯਾਦਾ ਅਨੁਸਾਰ ਸੰਮਤ 1631 ਦੇ ਭਾਦਰੋਂ ਮਹੀਨੇ ਵਿਚ ਸਮੂਹ ਸੰਗਤ ਅਤੇ ਆਪਣੇ ਪਰਿਵਾਰ ਦੇ ਸਨਮੁਖ ਭਾਈ ਜੇਠਾ ਜੀ ਨੂੰ ਗੁਰੂ ਨਾਨਕ ਪਾਤਸ਼ਾਹ ਦੇ ਘਰ ਦਾ ਚੌਥਾ (ਗੁਰਗੱਦੀ ਦੇ ਕੇ) ਵਾਰਸ ਥਾਪ ਕੇ ਸ੍ਰੀ ਗੁਰੂ ਰਾਮਦਾਸ ਜੀ ਬਣਾ ਦਿੱਤਾ। ਜਿਵੇਂ ਤੀਸਰੇ ਪਾਤਸ਼ਾਹ ਨੇ ਸਿੱਖੀ ਦੇ ਪ੍ਰਚਾਰ ਲਈ 22 ਮੰਜੀਆਂ ਅਤੇ 52 ਪੀੜ੍ਹਿਆਂ ਦੀ ਸਥਾਪਨਾ ਕੀਤੀ ਸੀ। ਉਸ ਨੂੰ ਅੱਗੇ ਵਧਾਉਂਦਿਆਂ ਹੋਇਆਂ ਸ੍ਰੀ ਗੁਰੂ ਰਾਮਦਾਸ ਜੀ ਨੇ ਮਸੰਦ ਪ੍ਰਥਾ ਦਾ ਆਰੰਭ ਕੀਤਾ। ਗੁਰੂ ਪਰਿਵਾਰ ਦੇ ਤਿੰਨਾਂ ਸਾਹਿਬਜ਼ਾਦਿਆਂ ਵਿੱਚੋਂ ਸਭ ਤੋਂ ਛੋਟੇ ਸ੍ਰੀ (ਗੁਰੂ) ਅਰਜਨ ਦੇਵ ਜੀ ਦੀਨ ਅਤੇ ਦੁਨੀਆ ਦੇ ਮਾਮਲੇ ਵਿਚ ਸਭ ਤੋਂ ਵਧੇਰੇ ਯੋਗ ਸਾਬਤ ਹੋਏ। ਜਿੱਥੇ ਉਹ ਪਰਵਾਰਿਕ ਪੱਖ ਤੋਂ ਪੂਰੇ ਜ਼ਿੰਮੇਵਾਰ ਸਨ ਉਥੇ ਉਹ ਅਧਿਆਤਮਿਕ ਪੱਖ ਤੋਂ ਵੀ ਸਰਬ-ਕਲਾ ਸਮਰੱਥ ਦਿਖਾਈ ਦਿੰਦੇ ਸਨ। ਇਸ ਸਮਰੱਥਾ ਕਾਰਨ ਹੀ ਸ੍ਰੀ ਗੁਰੂ ਰਾਮਦਾਸ ਜੀ ਵੱਲੋਂ ਗੁਰਿਆਈ ਦਾ ਤਿਲਕ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਲਗਾਇਆ ਗਿਆ। ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਆਪਣਾ ਗੱਦੀ-ਨਸ਼ੀਨ ਬਣਾ ਕੇ ਸ੍ਰੀ ਗੁਰੂ ਰਾਮਦਾਸ ਜੀ ਗੋਇੰਦਵਾਲ ਸਾਹਿਬ ਚਲੇ ਗਏ। ਕੁਝ ਦਿਨ ਇੱਥੇ ਟਿਕਾਣਾ ਕਰਨ ਤੋਂ ਬਾਅਦ ਅੱਸੂ ਮਹੀਨੇ ਦੇ ਦੂਜੇ ਦਿਨ ਮੁਤਾਬਕ ਸੰਮਤ 1638 (ਸਤੰਬਰ 1581 ਈ:) ਨੂੰ ਜੋਤੀ ਜੋਤ ਸਮਾ ਗਏ।

**• ਰਮੇਸ਼ ਬੱਗਾ ਚੋਹਲਾ**

# ਸ੍ਰੀ ਗੁਰੂ ਅਰਜਨ ਦੇਵ ਜੀ

ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਇਸ (ਧਰਮ) ਦੀ ਬੁਨਿਆਦ ਕੁੱਝ ਅਜਿਹੇ ਸਾਰਥਿਕ ਅਤੇ ਚਿਰਕਾਲੀ ਸਿਧਾਂਤਾਂ ਉਪਰ ਰੱਖੀ ਹੈ ਜੋ ਲੋਕਾਈ ਨੂੰ ਨਾ ਸਿਰਫ ਹਨੇਰੀਆਂ (ਵਹਿਮਾਂ-ਭਰਮਾਂ ਦੀਆਂ) ਗਲੀਆਂ ਵਿਚ ਭਟਕਣ ਤੋਂ ਰੋਕਦੇ ਹਨ ਸਗੋਂ ਕਿਰਤ ਕਰਕੇ ਉਸ ਨੂੰ(ਲੋੜਵੰਦਾਂ ਵਿਚ) ਵੰਡਣ ਅਤੇ ਉਸ ਪਰਮ ਪਿਤਾ ਦਾ ਨਾਮ ਜਪਣ (ਸ਼ੁਕਰ ਕਰਨ) ਦੀ ਜੀਵਨ-ਜੁਗਤ ਵੀ ਦੱਸਦੇ ਹਨ। ਇਸ ਜੀਵਨ-ਜੁਗਤ ਨੂੰ ਅਪਨਾ ਕੇ ਕੋਈ ਵੀ ਮਨੁੱਖ ਜਿਥੇ ਆਪਣੇ ਲੋਕ ਨੂੰ ਸੁਖੀ ਬਣਾ ਸਕਦਾ ਹੈ ਉਥੇ ਆਪਣੇ ਪ੍ਰਲੋਕ ਨੂੰ ਵੀ ਸੁਹੇਲਾ ਕਰ ਸਕਦਾ ਹੈ। ਗੁਰੂ ਸਾਹਿਬਾਨ ਵੱਲੋਂ ਦਰਸਾਇਆ ਗਿਆ ਸੱਚ ਦਾ ਇਹ ਮਾਰਗ ਅਧਿਆਤਮਕ ਪੱਖ ਪੂਰਨ ਦੇ ਨਾਲ ਨਾਲ ਮਨੁੱਖ ਦੇ ਸਮਾਜਿਕ ਅਤੇ ਸਭਿਆਚਾਰਕ ਸਰੋਕਾਰਾਂ ਦੀ ਵੀ ਪੂਰਨ ਰੂਪ ਵਿਚ ਹਾਮੀ ਭਰਦਾ ਹੈ। ਗੁਰੂ ਸਾਹਿਬ ਵੱਲੋਂ ਕੀਤੇ ਗਏ ਇਹ ਸਰਬ-ਕਲਿਆਣਕਾਰੀ ਉਪਰਾਲੇ ਵਕਤ ਦੀਆਂ ਹਕੂਮਤਾਂ ਦੇ ਨੇਤਰਾਂ ਵਿਚ ਹਮੇਸ਼ਾਂ ਹੀ ਰੜਕਦੇ ਰਹੇ ਹਨ। ਇਸ ਰੜਕ ਦੇ ਵੱਧ ਜਾਣ ਕਾਰਨ ਹੀ ਗੁਰੂ ਅਰਜਨ ਦੇਵ ਜੀ ਨੂੰ ਤੱਤੀ ਤੱਵੀ ਹੇਠ ਬਲਦੀ ਅੱਗ ਦੇ ਸੇਕ ਨੂੰ ਉਸ ਪਰਮ ਪਿਤਾ ਦੇ ਭਾਣੇ ਵਜੋਂ ਪ੍ਰਵਾਨ ਕਰਨਾ ਪਿਆ ਸੀ।

ਗੁਰੂ ਅਰਜਨ ਦੇਵ ਜੀ ਦਾ ਜਨਮ 15 ਅਪ੍ਰੈਲ 1563 (ਵਿਸਾਖ ਬਿਕ੍ਰਮੀ 1620) ਨੂੰ ਇਤਿਹਾਸਕ ਨਗਰ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਗੁਰੂ ਰਾਮਦਾਸ ਜੀ ਅਤੇ ਬੀਬੀ ਭਾਨੀ ਜੀ ਦੇ ਗ੍ਰਹਿ ਵਿਖੇ ਹੋਇਆ। ਜਿਨ੍ਹਾਂ ਮਹਾਂਪੁਰਖਾਂ ਦੀ ਛਤਰ- ਛਾਇਆ ਹੇਠ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਬਚਪਨ ਪ੍ਰਵਾਨ ਚੜ੍ਹਿਆ ਉਹ ਅਧਿਆਤਮਕ ਖੇਤਰ ਦੀਆਂ ਮਹਾਨ ਹਸਤੀਆਂ ਸਨ। ਇਸ ਤੋਂ ਇਲਾਵਾ ਬਹੁਤ ਸਾਰੇ ਗਿਆਨੀ-ਧਿਆਨੀ, ਵਿਦਵਾਨ ਅਤੇ ਸਤਿ-ਪੁਰਖ ਆਪ ਜੀ ਦੇ ਸਤਿਕਾਰਯੋਗ ਪਿਤਾ ਸ੍ਰੀ ਗੁਰੂ ਰਾਮਦਾਸ ਜੀ ਅਤੇ ਖੁਦ ਉਨ੍ਹਾਂ ਦੀ ਆਪਣੀ ਸੰਗਤ ਵਿਚ ਰਹਿੰਦੇ ਸਨ। ਇਸ ਤੋਂ ਇਲਾਵਾ ਨਾਨਕੇ ਪਰਿਵਾਰ ਵਿਚੋਂ ਮਿਲਿਆ ਗੁਰਮਿਤ ਭਰਪੂਰ ਵਾਤਾਵਰਣ ਵੀ ਉਨ੍ਹਾਂ(ਗੁਰੂ ਅਰਜਨ ਦੇਵ ਜੀ) ਦੀ ਸ਼ਖ਼ਸੀਅਤ ਨੂੰ ਵਿਕਸਤ ਅਤੇ ਪ੍ਰਫੁਲਤ ਕਰਨ ਵਿਚ ਬਹੁਤ ਲਾਹੇਵੰਦਾ ਸਾਬਤ ਹੋਇਆ। ਨਾਨੇ-ਦੋਹਤਰੇ ਦੇ ਆਪਸੀ ਪਿਆਰ ਦੀ ਸਾਜੌਲਤ ਹੀ ਤਿਨਾਂ



**23 ਅਗਸਤ ਗੁਰਿਆਈ ਦਿਵਸ**

ਵੇਦਨਾ ਨੂੰ ਪੜ੍ਹ ਕੇ ਗੁਰੂ ਪਿਤਾ ਦੀਆਂ ਅੱ[ਖਾਂ] ਭਰ ਆਈਆਂ ਅਤੇ ਉਨ੍ਹਾਂ ਬਾਬਾ ਬੁੱਢਾ [ਜੀ] ਨੂੰ ਲਾਹੌਰ ਵੱਲ ਰਵਾਨਾ ਕਰ ਦਿੱਤਾ। ਜ[ਦੋਂ] ਵਾਪਸ ਆਏ ਤਾਂ ਪਿਤਾ ਜੀ ਦੇ ਦਰਸ਼[ਨ] ਦੀਦਾਰੇ ਕਰਕੇ ਨਿਹਾਲ ਹੋ ਗਏ ਲੰਮੇ ਵਿਛੋ[ੜੇ] ਤੋਂ ਬਾਅਦ ਮਿਲਾਪੀ ਪਲਾਂ 'ਚੋਂ ਪ੍ਰਾਪਤ ਹੋ[ਈ] ਆਪਣੀ ਆਨੰਦਮਈ ਅਵਸਥਾ ਨੂੰ ਉ[ਨ੍ਹਾਂ] ਇੰਜ ਬਿਆਨ ਕੀਤਾ ਹੈ :-

ਭਾਗੁ ਹੋਆ ਗੁਰਿ ਸੰਤੁ ਮਿਲਾਇਆ[...]
ਪ੍ਰਭੁ ਅਬਿਨਾਸੀ ਘਰ ਮਹਿ ਪਾਇਆ॥

ਛੋਟੀ ਉਮਰੇ ਉਨ੍ਹਾਂ ਦੀ ਸੇਵਾ ਅ[ਤੇ] ਸਿਮਰਨ ਵਾਲੀ ਬਿਰਤੀ ਨੂੰ ਦੇਖਦਿਆਂ [...] ਗੁਰੂ ਰਾਮਦਾਸ ਜੀ ਨੇ ਆਪਣੇ ਵੱਡੇ ਦੋ[ਵਾਂ] ਪੁੱਤਰਾਂ(ਪ੍ਰਿਥੀ ਚੰਦ ਅਤੇ ਮਹਾਂਦੇਵ) ਨੂੰ ਛ[ੱਡ] ਕੇ 1 ਸਤੰਬਰ 1581 ਈ. (2 ਅਸੂ ਸੰਮ[ਤ] 1638) ਨੂੰ ਸ਼ੁਕਰਵਾਰ ਵਾਲੇ ਦਿਨ ਗੁ[ਰੂ] ਨਾਨਕ ਦੇਵ ਦੇ ਘਰ ਦਾ ਪੰਜਵਾਂ ਵਾਰਿ[ਸ] ਥਾਪ ਦਿੱਤਾ। ਇਸ ਥਾਪਣਾ ਸਮੇਂ ਉ[ਨ੍ਹਾਂ] ਦੀ ਉਮਰ 18 ਸਾਲ 4 ਮਹੀਨੇ 14 ਦਿ[ਨ] ਸੀ। ਚੌਥੇ ਪਾਤਸ਼ਾਹ ਦੀ ਇਸ ਚੋਣ ਨਾ[ਲ] ਪ੍ਰਿਥੀ ਚੰਦ ਦੀਆਂ ਉਮੀਦਾਂ ਦੇ ਮਹਿਲ ਢ[ਹਿ] ਢੇਰੀ ਹੋ ਗਏ। ਉਹ ਗੁਰੂ ਜੀ ਨਾਲ ਬਹੁ[ਤ] ਲੋਹਾ-ਲਾਖਾ ਹੋਇਆ। ਗੁਰੂ ਰਾਮਦਾਸ [...]

ਦੇ ਵਿਅਕਤਿਤਵ ਵਿੱਚੋਂ ਉੱਚੇ ਅਤੇ ਸੁੱਚੇ ਗੁਣਾਂ ਦੀ ਝਲਕ ਜੀਵਨ ਦੇ ਪਹਿਲੇ ਪੜਾਅ ਵਿਚ ਹੀ ਦਿਖਾਈ ਦੇਣ ਲੱਗ ਪਈ ਸੀ। ਇਸ ਝਲਕ ਨੂੰ ਦੇਖਣ ਤੋਂ ਬਾਅਦ ਹੀ ਨਾਨਾ ਗੁਰੂ ਨੇ ਉਨ੍ਹਾਂ ਨੂੰ 'ਦੋਹਿਤਾ ਬਾਣੀ ਦਾ ਬੋਹਿਥਾ' ਕਹਿ ਕੇ ਉਨ੍ਹਾਂ ਦੇ ਮਹਾਨ ਪੁਰਖ ਹੋਣ ਦੇ ਅਟੱਲ ਬਚਨ ਕਹੇ ਸਨ। ਨਾਨਾ ਗੁਰੂ ਦੀ ਪਿਆਰ ਭਰੀ ਅਗਵਾਈ ਤੋਂ ਛੁੱਟ ਪਿਤਾ ਗੁਰੂ ਰਾਮਦਾਸ ਜੀ ਦੀ ਨੇੜਤਾ ਵੀ ਉਨ੍ਹਾਂ ਦੇ ਸਾਹਾਂ ਦਾ ਸਹਾਰਾ ਬਣੀ ਹੋਈ ਸੀ। 1581 ਈ. ਨੂੰ ਜਦੋਂ ਗੁਰੂ (ਰਾਮਦਾਸ) ਪਿਤਾ ਨੇ ਉਨ੍ਹਾਂ ਨੂੰ ਸਹਾਰੀ ਮੱਲ ਦੇ ਪੁੱਤਰ ਦੇ ਵਿਆਹ ਵਿਚ ਸ਼ਾਮਲ ਹੋਣ ਲਈ ਭੇਜਿਆ ਤਾਂ ਉਨ੍ਹਾਂ ਇਸ ਹੁਕਮ ਨੂੰ ਖਿੜੇ ਮੱਥੇ ਸਵੀਕਾਰ ਕਰ ਲਿਆ। ਆਨੰਦ ਕਾਰਜ ਦੀ ਸਮਾਪਤੀ ਤੋਂ ਬਾਅਦ ਜਦੋਂ ਉਹ ਵਾਪਸੀ ਪਾਉਣ ਲੱਗੇ ਤਾਂ ਚੌਥੇ ਪਾਤਸ਼ਾਹ ਨੇ ਲਾਹੌਰ ਵਿਚ ਰਹਿ ਕੇ ਸੰਗਤਾਂ ਦੀ ਅਗਵਾਈ ਕਰਨ ਦਾ ਨਵਾਂ ਹੁਕਮ ਲਗਾ ਦਿੱਤਾ। ਇਸ ਹੁਕਮ ਤੋ ਬਾਅਦ ਗੁਰੂ ਰਾਮਦਾਸ ਜੀ ਨੇ ਤਿਨਾਂ ਨੂੰ ਮਨੋਂ ਹੀ ਵਿਸਾਰ ਦਿੱਤਾ। ਜਿਨਾਂ ਦੇ ਹਫ਼ਤੇ,ਹਫ਼ਤਿਆਂ ਦੇ ਮਹੀਨੇ ਅਤੇ ਮਹੀਨਿਆਂ ਦੀ ਛਿਮਾਹੀਆਂ ਬਣ ਗਈਆਂ ਪਰ ਗੁਰੂ ਕੇ ਚੱਕ ਤੋਂ ਕੋਈ ਸੁਨੇਹੜਾ ਨਹੀਂ ਆਇਆ। ਜਦੋਂ ਉਡੀਕ ਦੀਆਂ ਘੜੀਆਂ ਲੰਮੀਆਂ ਹੋ ਗਈਆਂ ਤਾਂ ਸਬਰ ਦਾ ਪਿਆਲਾ ਉਛਾਲੇ ਮਾਰਨ ਲੱਗ ਪਿਆ। ਇਸ ਉਛਾਲ ਕਾਰਨ ਉਨ੍ਹਾਂ ਨੇ ਇੱਕ ਪੱਤਰ ਗੁਰੂ ਪਿਤਾ ਵੱਲ ਲਿਖ ਭੇਜਿਆ ਜਿਸ ਦੀ ਇਬਾਰਤ ਸੀ :

ਮੇਰਾ ਮਨ ਲੋਚੇ ਗੁਰਦਰਸਨ ਤਾਈ।।
ਬਿਲਪ ਕਰੇ ਚਾਤ੍ਰਿਕ ਕੀ ਨਿਆਈ।।
ਤ੍ਰਿਖਾ ਨਾ ਉਤਰੈ ਸਾਂਤਿ ਨਾ ਆਵੈ ਬਿਨੁ
ਦਰਸਨ ਸੰਤ ਪਿਆਰੇ ਜੀਉ॥

ਇਕ ਇਹ ਪੱਤਰ ਅਤੇ ਇਸ ਤੋਂ ਬਾਅਦ ਇਕ ਹੋਰ ਪੱਤਰ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਵੱਲ ਭੇਜਿਆ ਗਿਆ ਪਰ ਈਰਖਾਲੂ ਪ੍ਰਿਥੀ ਚੰਦ(ਭਰਾਤਾ) ਵੱਲੋਂ ਇਹ ਬਿਰਹਾ ਭਰੇ ਪੱਤਰ ਸਹੀ ਮੰਜ਼ਿਲ ਤਕ ਨਹੀਂ ਜਾਣ ਦਿੱਤੇ। ਅਖ਼ੀਰ ਤੀਸਰੇ ਪੱਤਰ ਨੇ ਇਸ ਸਭ ਕੁਝ ਦਾ ਭੇਤ ਖੋਲ੍ਹ ਦਿੱਤਾ, ਜਿਸ ਨਾਲ ਪ੍ਰਿਥੀ ਚੰਦ ਨੂੰ ਸੰਗਤ ਦੇ ਸਨਮੁੱਖ ਸ਼ਰਮਿੰਦਾ ਹੋਣਾ ਪਿਆ। ਪੱਤਰਾਂ ਵਿਚਲੀ

ਨੇ ਉਸ ਨੂੰ ਪਿਆਰ ਨਾਲ ਸਮਝਾਉਣ [...] ਬਹੁਤ ਕੋਸ਼ਿਸ਼ ਕੀਤੀ ਪਰ ਉਸ ਦੀ ਸਮ[ਝ] 'ਤੇ ਲਾਲਚ ਭਾਰੂ ਹੋ ਚੁੱਕਾ ਸੀ। ਇਸ ਲਾਲ[ਚ] ਅਤੇ ਬੇਸਮਝੀ ਕਾਰਨ ਹੀ ਉਸ ਨੇ ਗੁ[ਰੂ] ਨਾਨਕ ਪਾਤਸ਼ਾਹ ਦੇ ਘਰ ਨੂੰ ਢਾਹ ਲਾਉ[ਣ] ਦੀਆਂ ਕਈ ਨਾਕਾਮ ਕੋਸ਼ਿਸ਼ਾਂ ਕੀਤੀਆਂ[।] ਇਨ੍ਹਾਂ ਕੋਸ਼ਿਸ਼ਾਂ ਤਹਿਤ ਉਸ ਨੇ ਜਿਥੇ ਸਿ[...] ਸੰਗਤਾਂ ਨੂੰ ਵਕਤੀ ਤੌਰ 'ਤੇ ਗੁੰਮਰਾਹ ਕਰ[...] ਦੀਆਂ ਕੋਝੀਆਂ ਚਾਲਾਂ ਚੱਲੀਆਂ ਉਥੇ ਗੁ[ਰੂ] ਕੇ ਲੰਗਰ ਨੂੰ ਮਸਤਾਨਾ ਕਰਨ ਵਿਚ [...] ਆਪਣੀ ਨਾਂਹ-ਪੱਖੀ ਭੂਮਿਕਾ ਅਦਾ ਕੀਤ[ੀ।] ਗੁਰੂ ਅਰਜਨ ਦੇਵ ਜੀ ਨੇ ਗੁਰਗੱਦੀ [...] ਬੈਠਦਿਆਂ ਸਾਰ ਹੀ ਸਭ ਤੋਂ ਪਹਿ[ਲਾ] ਪਵਿੱਤਰ ਕਾਰਜ ਰਾਮਦਾਸ ਸਰੋਵਰ [...] ਪੱਕਾ ਕਰਨ ਦਾ ਕੀਤਾ। ਇਸ ਕਾਰਜ [...] ਸੰਪੂਰਨਤਾ ਨਾਲ ਉਨ੍ਹਾਂ ਦੇ ਮਨ ਦੀ ਤਸੱ[ਲੀ] ਨਹੀਂ ਹੋਈ। ਇਸ ਮੁਕੱਦਸ ਸਰੋਵਰ [...] ਵਿਚਾਲੇ ਉਨ੍ਹਾਂ ਨੇ ਇੱਕ ਅਜਿਹਾ ਮੰ[ਦਰ] (ਪਰਮੇਸ਼ਰ ਦੀ ਯਾਦ ਦਵਾਉਣ ਲਈ[...]) ਉਸਾਰਨ ਦੀ ਵਿਉਂਤਬੰਦੀ ਕੀਤੀ ਜੋ ਬਾ[ਕੀ] ਮੰਦਰਾਂ ਨਾਲੋਂ ਵਿਲੱਖਣਾ ਹੋਵੇ।

# ਬਦਲਦੇ ਮੌਸਮ ਤੋਂ ਬਚੋ

ਜਦੋਂ ਮੌਸਮ ਬਦਲਦਾ ਹੈ ਤਾਂ ਅਕਸਰ ਲੋਕਾਂ ਨੂੰ ਸਰੀਰ ਸਬੰਧੀ ਛੋਟੀਆਂ-ਮੋਟੀਆਂ ਪਰੇਸ਼ਾਨੀਆਂ ਆ ਜਾਂਦੀਆਂ ਹਨ, ਜਿਵੇਂ- ਐਲਰਜ਼ੀ, ਗਰਮੀ, ਅੱਖਾਂ 'ਚ ਖਾਰਿਸ਼, ਸਿਰ ਦਰਦ, ਜ਼ੁਕਾਮ ਆਦਿ ਹੋਣ ਦਾ ਖ਼ਤਰਾ ਰਹਿੰਦਾ ਹੈ। ਇਸ ਤਰ੍ਹਾਂ ਦੀਆਂ ਪਰੇਸ਼ਾਨੀਆਂ ਜਦੋਂ ਵਿਅਕਤੀ ਨੂੰ ਆਪਣੇ ਲਪੇਟ 'ਚ ਲੈ ਲੈਣ ਤਾਂ ਫਿਰ ਪਿੱਛਾ ਛਡਾਉਣ ਦਾ ਨਾਂ ਨਹੀਂ

ਵੱਖ- ਦਵਾਈਆਂ ਖਾਂਦੇ ਹਨ। ਬਦਲਦੇ ਮੌਸਮ ਤੋਂ ਬਚਣ ਲਈ ਇਨ੍ਹਾਂ ਜ਼ਰੂਰੀ ਗੱਲਾਂ ਦਾ ਧਿਆਨ ਰੱਖੋ।



### ਹੱਥਾਂ ਦੀ ਸਫ਼ਾਈ

ਜੇ ਤੁਸੀ ਬਾਹਰੋਂ ਆ ਰਹੇ ਹੋ ਤਾਂ ਆਪਣੇ ਹੱਥਾਂ ਨੂੰ ਚੰਗੀ ਤਰ੍ਹਾਂ ਸਾਫ਼ ਕਰੋ। ਐਲਰਜ਼ੀ ਤੋਂ ਬਚਣ ਲਈ ਇਸ ਨੂੰ ਆਪਣੀ ਆਦਤ ਪਾਓ।

### ਦਵਾਈਆਂ 'ਤੇ ਨਿਰਭਰ ਨਾ ਰਹੋ

ਜੇ ਤੁਸੀ ਡਾਕਟਰ ਦੀ ਸਲਾਹ ਨਾਲ ਦਵਾਈ ਖਾਂਦੇ ਹੋ ਤਾਂ ਇਸ ਨੂੰ ਓਨੀ ਦੇਰ ਹੀ ਖਾਓ ਜਿੰਨੀ ਦੇਰ ਡਾਕਟਰ ਤੁਹਾਨੂੰ ਇਸ ਨੂੰ ਖਾਣ ਲਈ ਕਹਿੰਦਾ ਹੈ। ਸੈਲਫ ਮੈਡੀਕੇਸ਼ਨ ਤੋਂ ਬਚੋ, ਇਸ ਨਾਲ ਫ਼ਾਇਦੇ ਦੀ ਥਾਂ ਨੁਕਸਾਨ ਹੋਣ ਦਾ ਖ਼ਤਰਾ ਵਧੇਰੇ ਰਹਿੰਦਾ ਹੈ।

### ਵਿਟਾਮਿਨ-ਸੀ ਵਾਲੇ ਫਲ

ਬਦਲਦੇ ਮੌਸਮ 'ਚ ਵੈਸੇ ਤਾਂ ਹਰ ਤਰ੍ਹਾਂ ਦੇ ਫਲ ਖਾਣੇ ਚਾਹੀਦੇ ਹਨ ਪਰ ਵਿਟਾਮਿਨ-ਸੀ ਨਾਲ ਭਰਪੂਰ ਫਲਾਂ ਨੂੰ ਆਪਣੀ ਖ਼ੁਰਾਕ 'ਚ ਉਚੇਚੇ ਤੌਰ 'ਤੇ ਸ਼ਾਮਲ ਕਰੋ, ਕਿਉਂਕਿ ਇਹ ਸਰੀਰ ਅੰਦਰ ਬਿਮਾਰੀਆਂ ਨਾਲ ਲੜਨ ਦੀ ਸ਼ਕਤੀ (ਇਮਿਊਨਿਟੀ) ਨੂੰ ਵਧਾਉਂਦੇ ਹਨ।

### ਖਿੜਕੀਆਂ-ਦਰਵਾਜ਼ੇ ਬੰਦ ਰੱਖੋ

*ਜੇ ਤੁਹਾਨੂੰ ਹਰ ਮੌਸਮ ਨਾਲ ਐਲਰਜ਼ੀ ਰਹਿੰਦੀ ਹੈ ਤਾਂ ਆਪਣੇ ਘਰ ਦੀਆਂ ਖਿੜਕੀਆਂ-ਦਰਵਾਜ਼ੇ ਬੰਦ ਕਰ ਕੇ ਰੱਖੋ ਤੇ ਘਰ ਤੋਂ ਬਾਹਰ ਜਾਂਦੇ ਸਮੇਂ ਮੂੰਹ 'ਤੇ ਮਾਸਕ ਪਾ ਕੇ ਰੱਖੋ ਤਾਂ ਕਿ ਧੂੜ-ਮਿੱਟੀ ਤੋਂ ਬਚਿਆ ਜਾ ਸਕੇ।*

# ਵਧੀਆ ਨੀਂਦ ਲਈ ਕਰੋ ਇਹ ਕੰਮ

ਸਾਰਾ ਦਿਨ ਕੰਮ ਕਰਨ ਤੋਂ ਬਾਅਦ ਹਰ ਕਿਸੇ ਨੂੰ ਇੰਤਜ਼ਾਰ ਹੁੰਦਾ ਹੈ ਕਿ ਘਰ ਜਾਈਏ ਤੇ ਰਾਤ ਨੂੰ ਚੈਨ ਦੀ ਨੀਂਦ ਸੌਂਈਏ। ਵਧੀਆ ਨੀਂਦ ਚੰਗੇ ਸਰੀਰ ਦੀ ਨਿਸ਼ਾਨੀ ਹੁੰਦੀ ਹੈ। ਪਰ ਕਈ ਲੋਕਾਂ ਦੀ ਨੀਂਦ ਬਿਸਤਰੇ 'ਤੇ ਜਾ ਕੇ ਉੱਡ ਜਾਂਦੀ ਹੈ ਤੇ ਉਹ ਸਾਰੀ ਰਾਤ ਜਾਗਦੇ ਰਹਿੰਦੇ ਹਨ। ਜਿਸ ਕਾਰਨ ਸਾਰਾ ਦਿਨ ਥਕਾਵਟ ਤੇ ਸੁਸਤੀ ਪਈ ਰਹਿੰਦੀ ਹੈ। ਕੁਝ ਕੁ ਲੋਕ ਰਾਤ ਨੂੰ ਵਧੀਆ ਨੀਂਦ ਲਈ ਦਵਾਈਆਂ ਵੀ ਖਾਂਦੇ ਹਨ ਪਰ ਕੁਝ ਛੋਟੇ-ਛੋਟੇ ਉਪਾਅ ਦੀ ਮਦਦ ਨਾਲ ਵੀ ਨੀਂਦ ਆਉਣ ਦੀ ਪਰੇਸ਼ਾਨੀ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ।

### ਸਾਫ਼ ਸੁਥਰਾ ਬਿਸਤਰਾ

ਘਰ ਭਾਵੇਂ ਛੋਟਾ ਹੋਵੇ ਜਾਂ ਵੱਡਾ ਪਰ ਬਿਸਤਰ ਹਮੇਸ਼ਾ ਸਾਫ਼ ਸੁਥਰਾ ਹੋਣਾ ਚਾਹੀਦਾ ਹੈ। ਕਮਰੇ 'ਚ ਗੰਦਗੀ ਹੋਣ ਨਾਲ ਵੀ ਨੀਂਦ ਨਹੀਂ ਆਉਂਦੀ। ਆਪਣੇ ਕਮਰੇ 'ਚ ਆਪਣੀ ਪਸੰਦ ਦੀ ਚਾਦਰ, ਸ਼ੋਅ ਪੀਸ ਤੇ ਲੈਂਪ ਰੱਖੋ ਇਸ ਨਾਲ ਕਮਰੇ ਦਾ ਮਾਹੌਲ ਵਧੀਆ ਹੋਵੇਗਾ ਤਾਂ ਨੀਂਦ ਵੀ ਵਧੀਆ ਆਵੇਗੀ।

### ਲਾਈਫ ਸਟਾਈਲ ਬਦਲੋ

ਕਈ ਵਾਰ ਤੁਹਾਡੀਆਂ ਕੁਝ ਆਦਤਾਂ ਕਾਰਨ ਵੀ ਨੀਂਦ ਨਹੀਂ ਆਉਂਦੀ। ਸਮੇਂ ਦੀ ਕਮੀ ਹੋਣ ਕਾਰਨ ਜੇ ਤੁਸੀਂ ਯੋਗਾ ਨਹੀਂ ਕਰ ਸਕਦੇ ਤਾਂ ਸ਼ਾਮ ਨੂੰ ਜ਼ਰੂਰ ਕਸਰਤ ਕਰੋ।

### ਹਲਕਾ ਖਾਣਾ ਖਾਓ

ਰਾਤ ਨੂੰ ਜ਼ਿਆਦਾ ਖਾਣਾ ਖਾਣ ਨਾਲ ਵੀ ਨੀਂਦ 'ਚ ਪਰੇਸ਼ਾਨੀ ਆਉਂਦੀ ਹੈ। ਰਾਤ ਦੇ ਸਮੇਂ ਹਲਕਾ ਫੁਲਕਾ ਭੋਜਨ ਖਾਣਾ ਚਾਹੀਦਾ ਹੈ ਜਿਸ ਨਾਲ ਪੇਟ 'ਚ ਗੈਸ ਨਹੀਂ ਬਣਦੀ।

### ਅੱਖਾਂ ਨੂੰ ਦਿਉ ਅਰਾਮ

ਰਾਤ ਨੂੰ ਦੇਰ ਤਕ ਮੋਬਾਈਲ ਚਲਾਉਣ ਨਾਲ ਵੀ ਅੱਖਾਂ 'ਤੇ ਬੁਰਾ ਅਸਰ ਪੈਂਦਾ ਹੈ। ਯਾਦ ਰੱਖੋ ਕੀ ਜਿੰਨੇ ਆਰਾਮ ਦੀ ਜ਼ਰੂਰਤ ਤੁਹਾਨੂੰ ਹੈ ਓਨੀ ਹੀ ਜ਼ਰੂਰਤ ਹੈ ਕਿ ਰਾਤ ਨੂੰ ਦੇਰ ਤਕ ਮੋਬਾਇਲ ਦੀ ਵਰਤੋਂ ਨਾ ਕਰੋ।

# ਚਮੜੀ ਦੇ ਰੋਗਾਂ ਨੂੰ ਦੂਰ ਕਰਦਾ ਹੈ ਵੇਸਣ

ਵੇਸਣ ਤਾਂ ਹਰ ਘਰ 'ਚੋਂ ਅਸਾਨੀ ਨਾਲ ਮਿਲ ਜਾਂਦਾ ਹੈ। ਇਸ ਨਾਲ ਪਕੌੜੇ, ਸਬਜ਼ੀ ਤੇ ਮਿੱਠਾ ਬਣਾਇਆ ਜਾਂਦਾ ਹੈ। ਇਹ ਖਾਣ 'ਚ ਹੀ ਨਹੀਂ ਸਗੋਂ ਸੁੰਦਰਤਾ ਲਈ ਵਰਤਿਆ ਜਾਂਦਾ ਹੈ। ਚਿਹਰੇ 'ਤੇ ਵੇਸਣ ਲਗਾਉਣ ਨਾਲ ਮੂੰਹ ਸਾਫ਼ ਤੇ ਕੋਮਲ ਹੋ ਜਾਂਦਾ ਹੈ। ਆਓ ਜਾਣੀਏ ਵੇਸਣ ਦੇ ਫ਼ਾਇਦੇ।



**ਤੇਲੀ ਚਮੜੀ** : ਕੁਝ ਲੋਕਾਂ ਦੇ ਮੂੰਹ ਦੀ ਚਮੜੀ ਬਹੁਤ ਹੀ ਤੇਲ ਵਾਲੀ ਹੁੰਦੀ ਹੈ। ਜਿਸ ਨਾਲ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜੇ ਉਹ ਕਿਤੇ ਬਾਹਰ ਜਾਂਦੇ ਤਾਂ ਤੇਲੀ ਚਮੜੀ ਹੋਣ ਕਰਕੇ ਧੂੜ-ਮਿੱਟੀ ਜੰਮ ਜਾਂਦੀ ਹੈ, ਸਕਿਨ ਕਾਲੀ ਲੱਗਦੀ ਹੈ, ਪਸੀਨਾ ਜ਼ਿਆਦਾ ਆਉਣਾ ਆਦਿ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਵੇਸਣ ਨਾਲ ਚਿਹਰੇ ਤੋਂ ਵਾਧੂ ਤੇਲ ਨਿਕਲ ਜਾਂਦਾ ਹੈ।

**ਟੈਨਿੰਗ** : ਧੁੱਪ 'ਚ ਬਾਹਰ ਜਾਣ ਨਾਲ ਚਿਹਰੇ 'ਤੇ ਟੈਨਿੰਗ ਹੋ ਜਾਂਦੀ ਹੈ। ਇਸ ਲਈ ਚਿਹਰੇ 'ਤੇ ਵੇਸਣ 'ਚ ਹਲਦੀ ਤੇ ਨਿੰਬੂ ਦਾ ਰਸ ਮਿਲਾ ਕੇ ਲੇਪ ਬਣਾ ਕੇ ਲਗਾਉ।

**ਦਾਗ਼-ਧੱਬੇ** : ਕਈ ਵਾਰ ਚਿਹਰੇ 'ਤੇ ਪਿੰਪਲ ਹੋਣ ਕਾਰਨ ਮੂੰਹ 'ਤੇ ਦਾਗ਼ ਧੱਬੇ ਰਹਿ ਜਾਂਦੇ ਹਨ। ਉਨ੍ਹਾਂ ਨੂੰ ਖ਼ਤਮ ਕਰਨ ਲਈ ਵੇਸਣ 'ਚ ਦਹੀ ਮਿਲਾ ਕੇ ਲੇਪ ਬਣਾ ਕੇ ਲਗਾਉ। ਇਸ ਨਾਲ ਦਾਗ਼ ਸਾਫ਼ ਹੋ ਜਾਣਗੇ ਤੇ ਮੂੰਹ ਨਿਖ਼ਰ ਜਾਵੇਗਾ।

**ਗਰਦਨ ਦਾ ਕਾਲਾਪਨ** : ਗਰਦਨ ਦੇ ਕਾਲੇਪਨ ਨੂੰ ਦੂਰ ਕਰਨ ਦੇ ਲਈ ਵੇਸਣ 'ਚ ਹਲਦੀ ਤੇ ਨਾਰੀਅਲ ਤੇਲ ਮਿਲਾ ਕੇ ਲਗਾਉ। ਹਫ਼ਤੇ 'ਚ 2-3 ਵਾਰ ਇਸਤੇਮਾਲ ਕਰਨ ਨਾਲ ਕਾਲਾਪਨ ਦੂਰ ਹੋ ਜਾਵੇਗਾ। ਇਸ ਲੇਪ ਨੂੰ ਗਰਦਨ, ਕੂਹਣੀਆਂ, ਗੋਡਿਆਂ 'ਤੇ ਵੀ ਲਗਾ ਸਕਦੇ ਹਾਂ।

**ਝੁਰੜੀਆਂ** : ਉਮਰ ਵਧਣ ਨਾਲ ਚਿਹਰੇ 'ਤੇ ਝੁਰੜੀਆਂ ਦੇ ਨਿਸ਼ਾਨ ਦਿਖਾਈ ਦੇਣ ਲੱਗ ਪੈਂਦੇ ਹਨ। ਤੁਸੀ ਵੇਸਣ ਦਾ ਤੇਲ ਲਗਾ ਸਕਦੇ ਹੋ। ਵੇਸਣ 'ਚ ਸ਼ਹਿਦ ਤੇ ਹਲਦੀ ਮਿਲਾ ਕੇ ਲੇਪ ਤਿਆਰ ਕਰੋ ਤੇ ਚਿਹਰੇ ਉੱਪਰ ਲਗਾਉ।

# ਮੁੱਢਲੀ ਸਹਾਇਤਾ ਦਾ ਮਹੱਤਵ

**ਨਰੇਸ਼ ਪਠਾਣੀਆ**



ਦੁਨੀਆ ਭਰ ਦੇ ਲੋਕਾਂ ਅੰਦਰ ਫ਼ਸਟ ਏਡ ਦੀ ਮਹੱਤਤਾ ਨੂੰ ਪ੍ਰਗਟ ਕਰਨ ਅਤੇ ਉਨ੍ਹਾਂ ਨੂੰ ਫ਼ਸਟ ਏਡ ਦਾ ਗਿਆਨ ਪ੍ਰਾਪਤ ਕਰਨ ਲਈ ਉਤਸ਼ਾਹਿਤ ਕਰਨ ਵਜੋਂ ਮਨੁੱਖਤਾ ਭਲਾਈ ਲਈ ਕੰਮ ਕਰ ਰਹੀਆਂ ਸੰਸਥਾਵਾਂ ਇੰਟਰਨੈਸ਼ਨਲ ਫੈਡਰੇਸ਼ਨ ਆਫ਼ ਰੈੱਡ ਕਰਾਸ ਅਤੇ ਰੈੱਡ ਕਰੀਸੈਂਟ ਸੁਸਾਇਟੀਜ਼ ਵੱਲੋਂ ਹਰ ਸਾਲ ਸਤੰਬਰ ਮਹੀਨੇ ਦਾ ਦੂਜਾ ਸ਼ਨੀਵਾਰ "ਵਿਸ਼ਵ ਮੁੱਢਲੀ ਸਹਾਇਤਾ ਦਿਵਸ" ਵਜੋਂ ਮਨਾਉਣ ਦਾ ਐਲਾਨ ਕੀਤਾ ਹੋਇਆ ਹੈ ਤਾਂ ਜੋ ਹਾਦਸਿਆਂ ਦੌਰਾਨ ਲੱਗਣ ਵਾਲੀਆਂ ਘਾਤਕ ਸਰੀਰਕ ਅਤੇ ਮਾਨਸਿਕ ਸੱਟਾਂ ਦੇ ਅਸਰ ਨੂੰ ਘਟਾਇਆ ਜਾ ਸਕੇ ਅਤੇ ਕੀਮਤੀ ਮਨੁੱਖੀ ਜਾਨਾਂ ਬਚਾਈਆਂ ਜਾ ਸਕਣ।

ਹਾਦਸੇ, ਸਾਡੀ ਜ਼ਿੰਦਗੀ ਦਾ ਹਿੱਸਾ ਬਣ ਚੁੱਕੇ ਹਨ। ਸੜਕਾਂ 'ਤੇ ਵਾਹਨਾਂ ਦੀ ਦਿਨੋਂ-ਦਿਨ ਵੱਧ ਰਹੀ ਆਵਾਜਾਈ ਅਤੇ ਸਾਡੀ ਤੇਜ਼ ਹੁੰਦੀ ਜਾ ਰਹੀ ਰਫ਼ਤਾਰ ਨੇ ਸਾਡੇ ਜੀਵਨ ਦੀ ਰਫ਼ਤਾਰ ਨੂੰ ਵੀ ਛੋਟਾ ਕਰ ਦਿੱਤਾ ਹੈ। ਇਹ ਸੜਕੀ ਹਾਦਸੇ ਪਲਾਂ ਵਿਚ ਹੀ ਕਿਸੇ ਹੱਸਦੀ-ਖੇਡਦੀ ਜ਼ਿੰਦਗੀ ਨੂੰ ਖ਼ਤਮ ਕਰ ਜਾਂਦੇ ਹਨ ਅਤੇ ਇਨ੍ਹਾਂ ਹਾਦਸਿਆਂ ਵਿਚੋਂ ਜ਼ਿੰਦਾ ਬਚੇ ਫੱਟੜ ਵਿਅਕਤੀ ਉਮਰ ਭਰ ਲਈ ਅਪਾਹਜਤਾ ਭਰੀ ਜ਼ਿੰਦਗੀ ਜਿਊਂਦੇ ਹੋਏ ਪਰਿਵਾਰ ਅਤੇ ਸਮਾਜ ਉੱਪਰ ਬੋਝ ਬਣ ਜਾਂਦੇ ਹਨ। ਰੋਡ ਸੇਫ਼ਟੀ ਫੈੱਕਟਸ਼ੀਟ ਅਨੁਸਾਰ ਭਾਰਤ ਵਿਚ ਸੜਕੀ ਦੁਰਘਟਨਾਵਾਂ ਕਾਰਨ ਹਰ ਚਾਰ ਮਿੰਟਾਂ ਮਗਰੋਂ ਇਕ ਵਿਅਕਤੀ ਦੀ ਜਾਨ ਜਾ ਰਹੀ ਹੈ। ਅੰਕੜੇ ਦੱਸਦੇ ਹਨ ਕਿ ਭਾਰਤ ਵਿਚ ਹੀ ਹਰ ਸਾਲ ਇੱਕ ਲੱਖ ਤੋਂ ਵੱਧ ਮੌਤਾਂ ਸੜਕੀ ਹਾਦਸਿਆਂ ਵਿਚ ਹੋ ਜਾਂਦੀਆਂ ਹਨ। ਇਨ੍ਹਾਂ ਹੀ ਹਾਦਸਿਆਂ ਦਾ ਇਕ ਦੁਖਦਾਈ ਪਹਿਲੂ ਇਹ ਵੀ ਹੈ ਕਿ ਇਨ੍ਹਾਂ ਸੜਕ ਹਾਦਸਿਆਂ ਦੇ ਸ਼ਿਕਾਰ ਵਿਅਕਤੀਆਂ ਵਿਚੋਂ 50 ਫੀਸਦੀ ਮੌਤਾਂ ਸਮੇਂ ਸਿਰ ਫ਼ਸਟ ਏਡ ਜਾਂ ਡਾਕਟਰੀ ਸਹਾਇਤਾ ਨਾ ਮਿਲਣ ਕਰ ਕੇ ਹੋ ਜਾਂਦੀਆਂ ਹਨ। ਹਾਦਸਿਆਂ ਦੇ ਕਾਰਨ ਭਾਵੇਂ ਕੁਝ ਵੀ ਰਹੇ ਹੋਣ ਪਰੰਤੂ ਹਾਦਸਿਆਂ ਦੇ ਸ਼ਿਕਾਰ ਹੋਏ ਫੱਟੜਾਂ ਨੂੰ ਜੇ ਸਮੇਂ ਸਿਰ ਮੁੱਢਲੀ ਸਹਾਇਤਾ ਮਿਲ ਸਕੇ ਤਾਂ ਜਿੱਥੇ ਉਨ੍ਹਾਂ ਦੇ ਦੁੱਖ ਦਰਦ ਨੂੰ ਘੱਟ ਕੀਤਾ ਜਾ ਸਕਦਾ ਹੈ, ਉੱਥੇ ਕਿਸੇ ਕੀਮਤੀ ਅਤੇ ਵੱਡਮੁੱਲੀ ਜਾਨ ਨੂੰ ਵੀ ਬਚਾਇਆ ਜਾ ਸਕਦਾ ਹੈ। ਅੱਜ ਜ਼ਿਆਦਾਤਰ ਕਾਨੂੰਨੀ ਝੰਜਟਾਂ ਤੋਂ ਡਰਦੇ ਹਮਦਰਦੀ ਹੁੰਦਿਆਂ ਵੀ ਸੜਕਾਂ 'ਤੇ ਪਏ ਜ਼ਖਮੀਆਂ ਜਾਂ ਰੋਗੀਆਂ ਨੂੰ ਹੱਥ ਨਹੀਂ ਪਾਉਂਦੇ ਪਰੰਤੂ ਮਾਨਯੋਗ ਸੁਪਰੀਮ ਕੋਰਟ ਦੇ ਆਦੇਸ਼ਾਂ ਮੁਤਾਬਕ ਹਾਦਸਿਆਂ ਵਿਚ ਸ਼ਿਕਾਰ ਹੋਏ ਲੋਕਾਂ ਦੀ ਮਦਦ ਕਰਨ ਵਾਲਿਆਂ ਨੂੰ ਕਾਨੂੰਨੀ ਝੰਜਟਾਂ ਵਿੱਚ ਨਹੀਂ ਪਾਇਆ ਜਾ ਸਕਦਾ ਬਲਕਿ ਕਿਸੇ ਜ਼ਖਮੀ ਜਾਂ ਫੱਟੜ ਦੀ ਮਦਦ ਕਰਨ ਵਾਲੇ ਨੂੰ ਸਨਮਾਨਿਤ ਕੀਤੇ ਜਾਣਾ ਦਾ ਕਰਾਰ ਦਿੱਤਾ ਗਿਆ ਹੈ। ਲੋੜ ਹੈ ਇਹ ਗੱਲ ਲੋਕਾਂ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਚਾਰਨ ਦੀ ਤਾਂ ਜੋ ਲੋਕ ਦੂਸਰਿਆਂ ਦੀ ਮਦਦ ਲਈ ਸਵੈ-ਇੱਛਾ ਨਾਲ ਅੱਗੇ ਆਉਣ। ਮੋਟਰ ਵਹੀਕਲ ਐੱਕਟ ਮੁਤਾਬਕ ਵਾਹਨਾਂ ਵਿੱਚ ਫ਼ਸਟ ਏਡ ਬਕਸੇ ਰੱਖਣੇ ਵੀ ਜ਼ਰੂਰੀ ਹਨ ਪ੍ਰੰਤੂ ਦੁੱਖ ਦੀ ਗੱਲ ਹੈ ਕਿ ਅੱਜ ਬਹੁਤੇ ਵਾਹਨਾਂ ਵਿਚ ਲੋੜ ਪੈਣ 'ਤੇ ਫ਼ਸਟ ਏਡ ਬਕਸੇ ਵੀ ਨਹੀਂ ਮਿਲਦੇ।

ਸਾਡੀ ਥੋੜ੍ਹੀ ਜਿਹੀ ਹੁਸ਼ਿਆਰੀ ਅਤੇ ਸਿਆਣਪ ਫੱਟੜ ਮਰੀਜ਼ ਨੂੰ ਇੱਕ ਨਵੀਂ ਜ਼ਿੰਦਗੀ ਬਖ਼ਸ਼ ਸਕਦੀ ਹੈ। ਐਕਸੀਡੈਂਟ ਜੇ ਸੜਕ ਵਿਚਕਾਰ ਹੋਇਆ ਹੈ ਤਾਂ ਪਹਿਲਾ ਕੰਮ ਫੱਟੜਾਂ/ਸੱਟੜਾਂ ਨੂੰ ਸੁਰੱਖਿਅਤ ਢੰਗ ਨਾਲ ਚੁੱਕ ਕੇ ਇੱਕ ਪਾਸੇ ਕਰ ਦਿਓ ਤਾਂ ਜੋ ਕਿਸੇ ਤੇਜ਼ ਆ ਰਹੇ ਵਾਹਨਾਂ ਨਾਲ ਤੁਹਾਡੀ ਜਾਂ ਮਰੀਜ਼ ਦੀ ਜਾਨ ਨੂੰ ਕੋਈ ਖ਼ਤਰਾ ਨਾ ਹੋਵੇ। ਪੀੜਤ ਵਿਅਕਤੀ ਦੀ ਦਿਲ ਦੀ ਧੜਕਣ ਅਤੇ ਸਾਹ ਕਿਰਿਆ ਚੈੱਕ ਕਰੋ। ਏਅਰਵੇਜ਼ ਭਾਵ ਸਾਹ ਲੈਣ ਵਾਲੇ ਰਸਤਿਆਂ ਨੱਕ ਅਤੇ ਮੂੰਹ ਨੂੰ ਚੈੱਕ ਕਰੋ। ਏਅਰਵੇਜ਼ ਵਿਚ ਕਿਸੇ ਕਿਸਮ ਦੀ ਰੁਕਾਵਟ ਹੋਵੇ ਤਾਂ ਦੂਰ ਕਰੋ। ਦਿਲ ਦੀ ਧੜਕਣ ਅਤੇ ਸਾਹ ਬੰਦ ਹੋਵੇ ਤਾਂ ਬਨਾਵਟੀ ਸਾਹ ਦੇਣ ਦੇ ਢੰਗ ਤਰੀਕੇ ਅਤੇ ਸੀ.ਪੀ.ਆਰ. ਮੈਥਡ ਫ਼ਸਟ ਏਡ ਟ੍ਰੇਨਿੰਗ ਦੌਰਾਨ ਸਿਖਾਏ ਜਾਂਦੇ ਹਨ। ਫ਼ਸਟ ਏਡ ਦੇ ਇਹ ਟ੍ਰੇਨਿੰਗ ਪ੍ਰੋਗਰਾਮ ਜ਼ਿਲ੍ਹਿਆਂ ਵਿਚ ਕੰਮ ਕਰਦੀਆਂ ਰੈੱਡ ਕਰਾਸ ਸੰਸਥਾਵਾਂ ਦੀ ਸਹਿਯੋਗੀ ਸੰਸਥਾ ਸੇਂਟ ਜੌਨ ਐਂਬੂਲੈਂਸ ਵੱਲੋਂ ਚਲਾਏ ਜਾਂਦੇ ਹਨ। ਵੇਖੋ ਕਿ ਪੀੜਤ ਵਿਅਕਤੀ ਹੋਸ਼ ਵਿੱਚ ਹੈ ਜਾਂ ਨਹੀਂ ਅਤੇ ਕਿਤੋਂ ਬਾਹਰੀ ਖ਼ੂਨ ਤਾਂ ਨਹੀਂ ਵਗ ਰਿਹਾ। ਹਾਦਸੇ ਮਗਰੋਂ ਮੌਤ ਦਾ ਇਕ ਵੱਡਾ ਕਾਰਨ ਸਰੀਰ ਵਿਚੋਂ ਬਹੁਤ ਜ਼ਿਆਦਾ ਮਾਤਰਾ ਵਿਚ ਖ਼ੂਨ ਵਹਿ ਜਾਣਾ ਵੀ ਹੁੰਦਾ ਹੈ। ਫੱਟਾਂ ਵਿੱਚੋਂ ਖ਼ੂਨ ਵਗ ਰਿਹਾ ਹੋਵੇ ਤਾਂ ਅੰਗ ਨੂੰ ਥੋੜ੍ਹਾ ਉੱਚਾ ਕਰਕੇ ਰੱਖੋ ਅਤੇ ਵਗਦੇ ਖ਼ੂਨ ਨੂੰ ਰੋਕਣ ਦੇ ਉਪਰਾਲੇ ਕਰੋ। ਖ਼ੂਨ ਵਗਣ ਵਾਲੀ ਜਗ੍ਹਾ 'ਤੇ ਸਾਫ਼ ਰੁਮਾਲ/ਕੱਪੜੇ ਜਾਂ ਪੱਟੀਆਂ ਆਦਿ ਨਾਲ ਦਬਾਅ ਬਣਾ ਕੇ ਰੱਖੋ। ਕਈ ਵਾਰ ਬਾਹਰੋਂ ਖ਼ੂਨ ਨਹੀਂ ਵਗ ਰਿਹਾ ਹੁੰਦਾ ਪ੍ਰੰਤੂ ਅੰਦਰੂਨੀ ਸੱਟਾਂ ਕਾਰਣ ਸਰੀਰ ਦੇ ਅੰਦਰ ਹੀ ਖ਼ੂਨ ਦਾ ਵਗਣਾ ਵੀ ਹੋ ਸਕਦਾ ਹੈ ਅਤੇ ਕੁੱਝ ਸਮੇਂ ਬਾਅਦ ਵਿਅਕਤੀ ਦੀ ਜਾਨ ਜਾ ਸਕਦੀ ਹੈ। ਅਜਿਹੀ ਹਾਲਤ ਵਿਚ ਜਾਂ ਬੇਹੋਸ਼ ਵਿਅਕਤੀ ਨੂੰ ਲੈ ਜਾਣ ਵੇਲੇ ਟੇਢਾ ਕਰਕੇ ਭਾਵ ਵੱਖੀ ਪਰਨੇ ਜਿਸ ਨੂੰ ਰਿਕਵਰੀ (ਪੁਜੀਸ਼ਨ ਕਹਿੰਦੇ ਹਨ) ਵਾਲੀ ਹਾਲਤ 'ਚ ਪਾ ਕੇ ਹਸਪਤਾਲ ਲੈ ਜਾਇਆ ਜਾਵੇ ਤਾਂ ਜੋ ਅੰਦਰੋਂ ਨਿਕਲਣ ਵਾਲਾ ਖ਼ੂਨ ਜਾਂ ਉਲਟੀ ਫੇਫੜਿਆਂ ਵਿਚ ਨਾ ਚਲੀ ਜਾਵੇ ਜੋ ਕਿ ਜਾਨਲੇਵਾ ਹੋ ਸਕਦੀ ਹੈ।

ਫੱਟੜ ਦੇ ਆਲੇ-ਦੁਆਲੇ ਜ਼ਿਆਦਾ ਭੀੜ ਇਕੱਠੀ ਨਾ ਹੋਣ ਦਿਓ ਕਿਉਂਕਿ ਮਰੀਜ਼ ਨੂੰ ਤਾਜ਼ੀ ਹਵਾ ਦੀ ਲੋੜ ਹੁੰਦੀ ਹੈ। ਭੀੜ ਤੋਂ ਕਿਸੇ ਵੀ ਕਿਸਮ ਦੀ ਮਦਦ ਲਈ ਜਾ ਸਕਦੀ ਹੈ। ਫੱਟੜਾਂ ਨੂੰ ਇਕਦਮ ਚੁੱਕਣ ਦੀ ਕਾਹਲ ਨਾ ਕਰੋ। ਕਈ ਵਾਰ ਲੋਕਾਂ ਦੀ ਭਾਵਨਾ ਹੁੰਦੀ ਹੈ ਕਿ ਪੀੜਤ ਵਿਅਕਤੀ ਨੂੰ ਛੇਤੀ ਹੀ ਖੜ੍ਹਾ ਕੀਤਾ ਜਾਵੇ ਜਾਂ ਬਿਠਾ ਕੇ ਕਿਸੇ ਵਹੀਕਲ ਵਿਚ ਪਾਇਆ ਜਾਵੇ। ਕਾਹਲ ਵਿਚ ਉਸ ਦੀ ਖਿੱਚ ਧੂਹ ਕੀਤੀ ਜਾਂਦੀ ਹੈ। ਹਾਦਸੇ ਵੇਲੇ ਪੀੜਤ ਵਿਅਕਤੀ ਦੀ ਰੀੜ ਦੀ ਹੱਡੀ ਖ਼ਾਸ ਕਰਕੇ ਧੌਣ ਵਿਚ ਸੱਟ ਲੱਗੀ ਹੋਵੇ ਤਾਂ ਫੱਟੜ ਨੂੰ ਬਹੁਤ ਹੀ ਤਰੀਕੇ ਨਾਲ ਸੰਭਾਲ ਕੇ ਚੁੱਕਣਾ ਚਾਹੀਦਾ ਹੈ ਕਿਉਂਕਿ ਰੀੜ ਦੀ ਹੱਡੀ ਵਿਚਕਾਰ ਸਪਾਈਨਲ ਕਾਰਡ ਹੁੰਦੀ ਹੈ ਇਸ ਦੀ ਸੱਟ ਨਾਲ ਵਿਅਕਤੀ ਦਾ ਕੋਈ ਵੀ ਸਰੀਰਕ ਹਿੱਸਾ ਸਦਾ ਲਈ ਅਪਾਹਜ਼ ਹੋ ਸਕਦਾ ਹੈ। ਹੱਡੀਆਂ ਦੇ ਢਾਂਚੇ ਜਾਂ ਲੱਤਾਂ-ਬਾਹਾਂ, ਪੱਸਲੀਆਂ ਆਦਿ ਨੂੰ ਸੱਟ ਲੱਗਕੇ ਟੁੱਟੀਆਂ ਹੋ ਸਕਦੀਆਂ ਹਨ। ਇਸ ਹਾਲਤ ਵਿਚ ਪੀੜਤ ਵਿਅਕਤੀ ਨੂੰ ਚੁੱਕਣ ਤੋਂ ਪਹਿਲਾਂ ਇਹ ਜ਼ਰੂਰ ਵੇਖ ਲਓ ਕਿ ਕੋਈ ਹੱਡੀ ਤਾਂ ਨਹੀਂ ਟੁੱਟੀ। ਅੰਗ ਦੇ ਆਕਾਰ ਦਾ ਟੇਡਾਪਣ, ਦਰਦ, ਸੋਜ ਆਦਿ ਨਾਲ ਹੱਡੀ ਟੁੱਟੀ ਦਾ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਅਜਿਹੇ ਹਾਲਤਾਂ ਵਾਲੇ ਵਿਅਕਤੀ ਦੀ ਸ਼ਿਫਟਿੰਗ ਆਮ ਤੌਰ 'ਤੇ ਫੱਟੇ ਜਾਂ ਸਟਰੈੱਚਰ 'ਤੇ ਹੀ ਹੋਣੀ ਚਾਹੀਦੀ ਹੈ। ਫਰੈੱਕਚਰ ਕੇਸਾਂ ਵਿਚ ਟੁੱਟੀਆਂ ਹੱਡੀਆਂ ਨੂੰ ਸਹਾਰਾ ਦੇਣ ਵਾਸਤੇ ਫੱਟੀਆਂ ਭਾਵ ਸਪਲਿੰਟਸ ਦੀ ਵਰਤੋਂ ਵੀ ਕਰਨੀ ਜ਼ਰੂਰੀ ਹੁੰਦੀ ਹੈ। ਮੌਕੇ 'ਤੇ ਇਹ ਕੰਮ ਕਿਸੇ ਦਰਖ਼ਤ ਦੀ ਟਾਹਣੀ, ਫੱਟੀ, ਸੋਟੀ, ਰੱਦੀ ਤਹਿ ਕੀਤੇ ਅਖ਼ਬਾਰ/ਮੈਗਜ਼ੀਨ, ਗੱਤੇ ਆਦਿ ਤੋਂ ਚਲਾਇਆ ਜਾ ਸਕਦਾ ਹੈ। ਫਰੈੱਕਚਰ ਕੇਸਾਂ ਵਿਚ ਵਿਅਕਤੀ ਨੂੰ ਸਹੀ ਤਰੀਕੇ ਨਾਲ ਚੁੱਕ ਕੇ ਉਸ ਨੂੰ ਸਦਾ ਲਈ ਅਪਾਹਜ਼ ਹੋਣ ਤੋਂ ਬਚਾਇਆ ਜਾ ਸਕਦਾ ਹੈ। ਐਂਬੂਲੈਂਸ ਬੁਲਾਓ ਤੇ ਪੀੜਤ ਨੂੰ ਨਜ਼ਦੀਕੀ ਹਸਪਤਾਲ ਪਹੁੰਚਾਓ। ਹਾਦਸਾ ਪੀੜਤ ਦੇ ਮੋਬਾਈਲ ਫੋਨ ਜਾਂ ਜੇਬ ਵਿਚਲੇ ਕਾਗਜ਼ਾਂ-ਪੱਤਰਾਂ ਤੋਂ ਉਸਦੀ ਪਛਾਣ ਕਰੋ। ਉਸਦੇ ਪਰਿਵਾਰਕ ਮੈਂਬਰਾਂ ਨੂੰ ਵੀ ਸੂਚਿਤ ਕਰੋ।

ਕਿਸੇ ਵੀ ਹਾਦਸੇ ਵਿਚ ਹੌਂਸਲਾ ਕਾਇਮ ਰੱਖੋ ਅਤੇ ਘਬਰਾਓ ਨਾ। ਸਹਾਇਤਾ ਮਿਲਣ ਤਕ ਰੋਗੀ ਜਾਂ ਉਸਦੇ ਰਿਸ਼ਤੇਦਾਰਾਂ ਨੂੰ ਵੀ ਮਾਨਸਿਕ ਹੌਂਸਲਾ ਅਤੇ ਤਸੱਲੀ ਦੇਣ ਦੀ ਕੋਸ਼ਿਸ਼ ਕਰੋ। ਇਸ ਨਾਲ ਫ਼ਿਕਰ ਅਤੇ ਬੇਚੈਨੀ ਘੱਟਦੀ ਹੈ। ਭੁੱਲ-ਭੁਲੇਖੇ ਵੀ ਕਦੀ ਕਿਸੇ ਜ਼ਖ਼ਮੀ, ਦੌਰੇ ਵਾਲੇ ਵਿਅਕਤੀ ਅਤੇ ਬੇਹੋਸ਼ੀ ਦੀ ਹਾਲਤ ਵਾਲੇ ਦੇ ਮੂੰਹ ਵਿਚ ਪਾਣੀ ਨਾ ਪਾਓ। ਇਹ ਪਾਣੀ ਫੇਫੜਿਆਂ ਵਿਚ ਜਾ ਕੇ ਸਾਹ ਰੋਕ ਸਕਦਾ ਹੈ। ਛੇਤੀ ਤੋਂ ਛੇਤੀ ਫੱਟੜਾਂ ਨੂੰ ਹਸਪਤਾਲ ਪਹੁੰਚਾਉਣ ਦੇ ਪ੍ਰਬੰਧ ਕਰੋ ਅਤੇ ਜ਼ਿਲ੍ਹੇ ਦੇ ਜ਼ਿੰਮੇਵਾਰ ਅਧਿਕਾਰੀਆਂ ਨੂੰ ਸੂਚਿਤ ਕਰੋ ਤਾਂ ਜੋ ਪੁਲਿਸ ਅਤੇ ਡਾਕਟਰੀ ਮਦਦ ਹਾਦਸੇ ਵਾਲੀ ਥਾਂ ਪਹੁੰਚ ਸਕੇ। ਸਰਕਾਰਾਂ ਜਿੱਥੇ ਸੜਕੀ ਹਾਦਸਿਆਂ ਨੂੰ ਘੱਟ ਕਰਨ ਲਈ ਸੁਰੱਖਿਆ ਨੀਤੀਆਂ ਅਮਲ ਵਿਚ ਲਿਆਉਂਦੀਆਂ ਹਨ ਉੱਥੇ ਫ਼ਸਟ ਏਡ ਅਤੇ ਸੜਕ ਸੁਰੱਖਿਆ ਦੇ ਗਿਆਨ ਨੂੰ ਵੀ ਹਰੇਕ ਲਈ ਲਾਜ਼ਮੀ ਕਰਾਰ ਦਿੱਤਾ ਜਾਣਾ ਚਾਹੀਦਾ ਹੈ ਤਾਂ ਜੋ ਹਾਦਸਿਆਂ ਦੌਰਾਨ ਲੋਕ ਇਸ ਗਿਆਨ ਦੇ ਜ਼ਰੀਏ ਕੀਮਤੀ ਅਤੇ ਵੱਡਮੁੱਲੀਆਂ ਜਾਨਾਂ ਬਚਾ ਸਕਣ। ਅੱਜ ਵਿਸ਼ਵ ਫ਼ਸਟ ਏਡ ਦਿਵਸ 'ਤੇ ਆਓ ਇਹ ਪ੍ਰਣ ਲਈਏ ਕਿ ਅਸੀਂ ਫ਼ਸਟ ਏਡ ਦੀ ਮਹੱਤਤਾ ਨੂੰ ਸਮਝੀਏ ਅਤੇ ਇਸ ਗਿਆਨ ਰਾਹੀਂ ਆਪਣੇ ਆਪ ਨੂੰ ਤਿਆਰ ਕਰ ਕੇ ਮਨੁੱਖਤਾ ਦੀ ਭਲਾਈ ਲਈ ਅੱਗੇ ਆਈਏ ਤਾਂ ਜੋ ਸਾਡੀ ਸਮੇਂ ਸਿਰ ਕੀਤੀ ਸਹੀ ਮਦਦ ਨਾਲ ਕਿਸੇ ਦੀ ਬੁਝ ਰਹੀ ਜੀਵਨ ਜੋਤ ਨੂੰ ਰੁਸ਼ਨਾਇਆ ਜਾ ਸਕੇ। ਅੱਜ ਅਸੀਂ ਕਿਸੇ ਦੀ ਮਦਦ ਨਾ ਕੀਤੀ ਤਾਂ ਕੱਲ੍ਹ ਸਾਡੇ ਨਾਲ ਹਾਦਸਾ ਵਾਪਰਨ 'ਤੇ ਕੋਈ ਸਾਡੀ ਮਦਦ ਵੀ ਨਹੀਂ ਕਰੇਗਾ। ਇਸ ਕਰਕੇ ਮਦਦ ਲਈ ਅੱਗੇ ਆਉਣ ਦੀ ਲੋੜ ਹੈ।

ਮੋ: 98557-00157

## ਕਿਉਂ ਜ਼ਰੂਰੀ ਹੈ ਲੋੜ ਅਨੁਸਾਰ ਭੋਜਨ ਖਾਣਾ

# ਐਸਿਡਿਟੀ ਦੀ ਸਮੱਸਿਆ

ਜ਼ਿਆਦਾ ਖਾਣ ਨਾਲ ਐਸਿਡਿਟੀ ਦੀ ਸਮੱਸਿਆ ਵੀ ਹੋ ਸਕਦੀ ਹੈ। ਕਈ ਚੀਜ਼ਾਂ ਇਸ ਤਰ੍ਹਾਂ ਦੀਆਂ ਹੁੰਦੀਆਂ ਹਨ ਜਿਨ੍ਹਾਂ ਦੇ ਜ਼ਿਆਦਾ ਖਾਣ ਨਾਲ ਐਸਿਡਿਟੀ ਹੋ ਜਾਂਦੀ ਹੈ ਜਿਵੇ. ਸੰਤਰਾ, ਟਮਾਟਰ, ਚੌਕਲੇਟ ਆਦਿ।

**ਕਿਡਨੀ ਦੀ ਸਮੱਸਿਆ** : ਜੋ ਲੋਕ ਜ਼ਿਆਦਾ ਪ੍ਰੋਟੀਨ ਖਾਂਦੇ ਹਨ ਤੇ ਘਟ ਕਾਰਬਨ ਹਾਈਡ੍ਰੇਟ ਲੈਂਦੇ ਹਨ ਉਨ੍ਹਾਂ ਨੂੰ ਕਿਡਨੀ ਦੀ ਸਮੱਸਿਆ ਆ ਜਾਂਦੀ ਹੈ।

**ਭੁੱਲਣ ਦੀ ਸਮੱਸਿਆ**: ਬਜ਼ੁਰਗ ਲੋਕ ਵਾਰ-ਵਾਰ ਫੈਟ ਵਾਲੀਆਂ ਚੀਜ਼ਾਂ ਜਾਂ ਜਿਸ 'ਚ ਜ਼ਿਆਦਾ ਮਾਤਰਾ ਵਾਲਾ ਕਾਪਰ ਹੁੰਦਾ ਉਹ ਖਾਂਦੇ ਹਨ। ਇਨ੍ਹਾਂ ਚੀਜ਼ਾਂ ਨੂੰ ਖਾਣ ਨਾਲ ਯਾਦਦਾਸ਼ਤ ਵੀ ਕਮਜ਼ੋਰ ਹੁੰਦੀ ਹੈ ਤੇ ਦਿਮਾਗ਼ 'ਤੇ ਵੀ ਅਸਰ ਪੈਂਦਾ ਹੈ।

### *ਇਨ੍ਹਾਂ ਗੱਲਾਂ ਦਾ ਰੱਖੋ ਧਿਆਨ*

- ਜਦੋਂ ਲੱਗੇ ਕਿ ਤੁਹਾਡਾ ਪੇਟ ਭਰ ਗਿਆ ਤਾਂ ਖਾਣਾ ਬੰਦ ਕਰ ਦਿਓ
- ਜੋ ਵੀ ਖਾਣ ਵਾਲੀਆਂ ਚੀਜ਼ਾਂ ਤੁਹਾਡੇ ਸਾਹਮਣੇ ਹਨ ਉਨ੍ਹਾਂ ਦਾ ਸੇਵਨ ਉਸ ਸਮੇਂ ਕਰੋ ਜਦੋਂ ਭੁੱਖ ਲੱਗੀ ਹੋਵੇ।
- ਜੇ ਤੁਹਾਨੂੰ ਖਾਣਾ ਖਾਣ ਤੋਂ ਬਾਅਦ ਮਿੱਠਾ ਖਾਣ ਦੀ ਆਦਤ ਹੈ ਤਾਂ ਸੁਆਦ ਦੇ ਲਈ ਥੋੜ੍ਹਾ ਜਿਹਾ ਮਿੱਠਾ ਖਾਓ।
- ਸਨੈਕਸ ਖਾਣ ਨਾਲ ਤੁਹਾਡੀ ਭੁੱਖ ਮਰ ਜਾਂਦੀ ਹੈ ਤੇ ਤੁਸੀਂ ਠੀਕ ਤਰ੍ਹਾਂ ਖਾਣਾ ਨਹੀਂ ਖਾ ਸਕਦੇ।

# ਦਿਲ ਦਾ ਦੌਰਾ



ਲੋਕ ਦਿਲ ਦੇ ਦੌਰੇ ਨੂੰ ਸ਼ੁਰੂਆਤ 'ਚ ਅਣਦੇਖਾ ਕਰ ਦਿੰਦੇ ਹਨ ਪਰ ਖ਼ਾਸ ਗੱਲ ਇਹ ਹੈ ਕਿ ਜੇ ਇਸ ਦੇ ਲੱਛਣ ਸਮਝ ਆ ਜਾਣ ਤਾਂ ਤੁਹਾਡੀ ਜਾਨ ਬਚ ਸਕਦੀ ਹੈ। ਦਿਲ ਦੇ ਦੌਰੇ ਦੇ 6 ਮਹੀਨੇ ਪਹਿਲਾਂ ਹੀ ਦਿਖਾਈ ਦੇਣ ਲੱਗਦੇ ਹਨ। ਇਸ ਤਰ੍ਹਾਂ ਦੌਰੇ ਦੇ ਲੱਛਣ ਹਨ ਜਿਨਾਂ ਨੂੰ ਅਣਦੇਖਿਆ ਨਹੀਂ ਕੀਤਾ ਜਾ ਸਕਦਾ। ਦੱਸੇ ਗਏ ਲੱਛਣਾਂ 'ਚੋਂ ਕੋਈ ਵੀ ਲੱਛਣ ਲੱਗਦਾ ਹੈ ਤਾਂ ਤੁਰੰਤ ਡਾਕਟਰ ਦੀ ਸਲਾਹ ਲਓ।

### ਕਿਉਂ ਪੈਂਦਾ ਹੈ ਦਿਲ ਦਾ ਦੌਰਾ

ਦਿਲ ਦਾ ਦੌਰਾ ਉਦੋਂ ਪੈਂਦਾ ਹੈ ਜਦੋਂ ਕਿਸੇ ਵਿਅਕਤੀ ਦੇ ਖ਼ੂਨ ਦੀ ਗਤੀ ਘਟ ਹੋ ਜਾਂਦੀ ਹੈ। ਜਾਂ ਫਿਰ ਖ਼ੂਨ ਰੁਕ ਜਾਂਦਾ ਹੈ। ਤਾਂ ਮਾਸਪੇਸ਼ੀਆਂ ਨੂੰ ਨੁਕਸਾਨ ਹੁੰਦਾ ਹੈ ਜਿਸ ਕਰਕੇ ਦੌਰਾ ਪੈ ਜਾਂਦਾ ਹੈ ਜਿਸ ਨਾਲ ਵਿਅਕਤੀ ਦੀ ਜਾਨ ਵੀ ਜਾ ਸਕਦੀ ਹੈ।

### ਲੱਛਣ

### ਨੀਂਦ ਦੀ ਪਰੇਸ਼ਾਨੀ

ਜਦੋਂ ਕਿਸੇ ਵਿਅਕਤੀ ਨੂੰ ਦੌਰੇ ਦੀ ਸ਼ਿਕਾਇਤ ਹੁੰਦੀ ਹਾ ਤਾਂ ਉਹ ਚੰਗੀ ਤਰ੍ਹਾਂ ਸੌਂ ਨਹੀਂ ਸਕਦਾ। ਰਾਤ ਨੂੰ ਵਾਰ-ਵਾਰ ਉਠਣਾ, ਬਾਥਰੂਮ ਜਾਣਾ, ਰਾਤ ਨੂੰ ਬਹੁਜ ਤੇਜ਼ੀ ਨਾਲ ਪਿਆਸ ਲੱਗਣਾ, ਜੇ ਰਾਤ ਨੂੰ ਨੀਂਦ ਤੁਹਾਨੂੰ ਇਸ ਤਰ੍ਹਾਂ ਪਰੇਸ਼ਾਨ ਕਰਦੀ ਹੈ ਤਾਂ ਡਾਕਟਰ ਨਾਲ ਸੰਪਰਕ ਕਰੋ।

### ਸਾਹ ਦੀ ਪਰੇਸ਼ਾਨੀ

ਜੇ ਸਾਹ ਲੈਣ 'ਚ ਪਰੇਸ਼ਾਨੀ ਹੋ ਰਹੀ ਹੈ ਤਾਂ ਇਹ ਦੌਰੇ ਦੀ ਨਿਸ਼ਾਨੀ ਹੋ ਸਕਦੀ ਹੈ। ਦਿਲ ਦਾ ਠੀਕ ਢੰਗ ਨਾਲ ਕੰਮ ਨਾ ਕਰਨ ਦੀ ਵਜ੍ਹਾ ਨਾਲ ਫੇਫੜਿਆਂ ਨੂੰ ਆਕਸੀਜਨ ਨਹੀਂ ਮਿਲਦੀ ਤੇ ਲੋੜੀਂਦਾ ਸਾਹ ਲੈਣ 'ਚ ਪਰੇਸ਼ਾਨੀ ਆਉਂਦੀ ਹੈ।

### ਸਰੀਰ 'ਚ ਦਰਦ

ਤੁਹਾਡੇ ਸਰੀਰ 'ਚ ਦਰਦ ਹੋ ਰਹੀ ਹੈ ਤਾਂ ਇਹ ਦੌਰੇ ਦਾ ਸ਼ਿਕਾਰ ਬਣਾ ਸਕਦੀ ਹੈ। ਜੇ ਦਬਾਅ ਜਾਂ ਜਲਣ ਹੋ ਰਹੀ ਹੈ ਤਾਂ ਇਸ ਨੂੰ ਅਣਦੇਖਿਆ ਨਾ ਕਰੋ।

### ਕਮਜ਼ੋਰ ਬਾਂਹਾਂ

ਜੇ ਤੁਹਾਡੇ ਸਰੀਰ 'ਚ ਕਿਸੇ ਵੀ ਤਰ੍ਹਾਂ ਦੀ ਦਰਦ ਹੋ ਰਹੀ ਹੈ ਖ਼ਾਸ ਕਰ ਕੇ ਬਾਂਹਾਂ ਸੁੰਨ ਹੋ ਰਹੀਆਂ ਹਨ । ਇਸ ਨੂੰ ਅਣਦਖਿਆ ਨਾ ਕਰੋ ਤੁਰੰਤ ਡਾਕਟਰ ਨਾਲ ਸੰਪਰਕ ਕਰੋ ਤਾਂ ਆਪਣੀ ਬਿਮਾਰੀ ਦਾ ਇਲਾਜ ਕਰੋ।

## ਮਿੰਟਾਂ 'ਚ ਦੂਰ ਹੋਣਗੀਆਂ

# ਸਰੀਰ ਦੀਆਂ ਬਿਮਾਰੀਆਂ

ਅੱਜ-ਕੱਲ੍ਹ ਹਰ ਇਕ ਵਿਅਕਤੀ ਨੂੰ ਕਿਸੇ ਨਾ ਕਿਸੇ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ। ਕਮਰ, ਗੋਡੇ ਜਾਂ ਸਰੀਰ ਦੇ ਹੋਰਨਾਂ ਅੰਗਾਂ ਦੇ ਦਰਦ ਨੂੰ ਦੂਰ ਕਰਨ ਲਈ ਲੋਕ ਆਮ ਤੌਰ 'ਤੇ ਸਪਰੇਅ ਜਾਂ ਮਲਣ ਵਾਲੀਆਂ ਦਰਦ ਨਿਵਾਰਕ ਦਵਾਈਆਂ ਦਾ ਇਸਤੇਮਾਲ ਕਰਦੇ ਹਨ ਪਰ ਇਨ੍ਹਾਂ ਦਾ ਜ਼ਿਆਦਾ ਇਸਤੇਮਾਲ ਸਿਹਤ ਲਈ ਹਾਨੀਕਾਰਕ ਹੋ ਸਕਦਾ ਹੈ। ਇਸ ਲਈ ਦਰਦ ਦੂਰ ਕਰਨ ਲਈ ਦਵਾਈਆਂ ਦੀ ਬਜਾਏ ਕੁਦਰਤੀ ਤਰੀਕਿਆਂ ਦੀ ਵੱਧ ਤੋਂ ਵੱਧ ਵਰਤੋਂ ਕਰੋ। ਇਸ ਤੋਂ ਇਲਾਵਾ ਬਦਲ ਦੇ ਹੋਏ ਮੌਸਮ 'ਚ ਕਿਸੇ ਬਿਮਾਰੀ ਜਾਂ ਲਾਗ ਦਾ ਇਨਫੈਕਸ਼ਨ ਹੋਣਾ ਵੀ ਆਮ ਗੱਲ ਹੈ। ਆਓ ਜਾਣਦੇ ਹਾਂ ਕਿ ਦਰਦਾਂ ਅਤੇ ਇਨਫੈਕਸ਼ਨਜ਼ ਤੋਂ ਕਿਵੇਂ ਛੁਟਕਾਰਾ ਪਾਇਆ ਜਾ ਸਕਦਾ ਹੈ।

### ਸਰੀਰ ਦਾ ਦਰਦ

20 ਚਮਚ ਜੈਤੂਨ ਜਾਂ ਸੂਰਜਮੁੱਖੀ ਦੇ ਤੇਲ 'ਚ 10 ਚਮਚ ਕਾਲਾ ਨਮਕ ਪਾ ਕੇ ਚੰਗੀ ਤਰ੍ਹਾਂ ਇਸ ਨੂੰ ਮਿਲਾਓ ਤੇ ਫਿਰ ਦਰਦ ਵਾਲੇ ਹਿੱਸੇ 'ਤੇ ਲਗਾਓ। ਇਸ ਨਾਲ ਹਰ ਤਰ੍ਹਾਂ ਦੀ ਦਰਦ ਤੋਂ ਛੁਟਕਾਕਾ ਮਿਲ ਸਕਦਾ ਹੈ। ਰਾਤ ਨੂੰ ਸੌਣ ਤੋਂ ਪਹਿਲਾਂ ਨਮਕ ਤੇ ਜੈਤੂਨ ਦਾ ਤੇਲ ਪੈਰਾਂ ਦੀਆਂ ਤਲੀਆਂ 'ਤੇ ਲਗਾਉਣ ਨਾਲ ਤੁਹਾਡੇ ਪੈਰਾਂ ਦਾ ਦਰਦ ਦੂਰ ਹੋ ਜਾਵੇਗਾ। ਇਸ ਨਾਲ ਅੱਡੀਆਂ ਦੇ ਦਰਦ ਤੋਂ ਵੀ ਰਾਹਤ ਮਿਲਦੀ ਹੈ। ਇਸ ਨੂੰ ਰੋਜ਼ ਲਗਾਉਣ ਨਾਲ ਅੱਡੀਆਂ ਫਟਦੀਆਂ ਨਹੀਂ ਪੈਰਾਂ ਦੀਆਂ ਤਲੀਆਂ ਦੀ ਚਮੜੀ ਵੀ ਕੋਮਲ ਰਹਿੰਦੀ ਹੈ। ਇਸ ਨੂੰ ਅੱਖਾਂ ਦੇ ਹੇਠਾ ਲਗਾਉਣ ਨਾਲ ਅੱਖਾਂ ਦੁਆਲੇ ਬਣਨ ਵਾਲੇ ਕਾਲੇ ਘੇਰਿਆਂ ਤੋਂ ਵੀ ਛੁਟਕਾਰਾ ਪਾਇਆ ਜਾ ਸਕਦਾ ਹੈ। ਇਹ ਤੇਲ ਹੋਰ ਵੀ ਕਈ ਤਰ੍ਹਾਂ ਦੀਆਂ ਸੱਮਸਿਆਵਾਂ ਤੋਂ ਛੁਟਕਾਰਾ ਦਿਵਾਉਂਦਾ ਹੈ।

### ਸਿਰ ਦਰਦ

ਜੈਤੂਨ ਦੇ ਤੇਲ ਤੇ ਨਮਕ ਨੂੰ ਮਿਲਾ ਕੇ ਸਿਰ ਉੱਪਰ ਹਲਕੀ ਮਾਲਿਸ਼ ਕਰਨ ਨਾਲ ਸਿਰ ਦਾ ਦਰਦ ਦੂਰ ਹੋ ਜਾਂਦਾ ਹੈ। ਇਹ ਖ਼ੂਨ ਦੇ ਸਰਕਲ ਨੂੰ ਸਹੀ ਰੱਖਦਾ ਹੈ। ਇਸ ਤੋਂ ਇਲਾਵਾ ਨਿੰਬੂ ਦਾ ਰਸ ਜੈਤੂਨ ਦੇ ਤੇਲ 'ਚ ਮਿਲਾ ਕੇ ਰੋਜ਼ਾਨਾ ਇਸਤੇਮਾਲ ਕਰਨ ਨਾਲ ਕਬਜ਼ ਦੀ ਸੱਮਸਿਆ ਤੋਂ ਵੀ ਛੁਟਕਾਰਾ ਪਾਇਆ ਜਾ ਸਕਦਾ ਹੈ।

# ਮੋਟਾਪਾ ਘਟਾਉਣ ਸਬੰਧੀ ਮਾਨਸਿਕ ਵਹਿਮ

**ਇਸ਼ਟ ਪਾਲ**

ਧਰਤੀ ਉੱਤੇ ਵਸਦੇ ਮਨੁੱਖੀ ਜੀਵ ਆਮ ਕਰਕੇ ਇਕ ਹੀ ਪ੍ਰਕਾਰ ਦੇ ਹਨ । ਪਰਮਾਤਮਾ ਨੇ ਸਭ ਦੇ ਇਕ ਸਮਾਨ ਅੰਗ ਲਾਏ ਹਨ ਪਰ ਵੇਖਣ ਯੋਗ ਗੱਲ ਇਹ ਹੈ ਕਿ ਹਰੇਕ ਮਨੁੱਖ ਦਾ ਦੂਜੇ ਮਨੁੱਖ ਨਾਲੋਂ ਸ਼ਕਲ ਵਿਚ ਅੰਤਰ ਹੁੰਦਾ ਹੈ, ਇਹ ਸਭ ਪਰਮਾਤਮਾ ਦੀਆਂ ਖੇਡਾਂ ਹਨ। ਸਾਡੇ ਮਨੁੱਖੀ ਜੀਵ, ਹਰ ਸਮੇਂ ਉਲਟਾ ਸਿੱਧਾ ਖਾਂਦੇ ਰਹਿੰਦੇ ਹਨ। ਆਮ ਇਹ ਕਿਹਾ ਜਾਂਦਾ ਹੈ ਕਿ ਜੋ ਮਨੁੱਖ ਸੰਤੁਲਿਤ ਭੋਜਨ ਖਾਂਦਾ ਹੈ ਉਹ ਜਲਦੀ-ਜਲਦੀ ਬਿਮਾਰ ਨਹੀਂ ਹੁੰਦਾ, ਪਰ ਇਹ ਵੀ ਲੋੜ ਅਨੁਸਾਰ ਹੀ ਖਾਣਾ ਚਾਹੀਦਾ ਹੈ। ਪਰ ਮੰਨਣ ਯੋਗ ਗੱਲ ਇਹ ਵੀ ਹੈ ਕਿ ਪਹਿਲਾਂ ਜਿਹਾ ਸੰਤੁਲਿਤ ਭੋਜਨ ਹੁਣ ਸੰਤੁਲਿਤ ਨਹੀਂ ਰਿਹਾ। ਇਹ ਭੋਜਨ ਜ਼ਹਿਰੀਲੀਆਂ ਦਵਾਈਆਂ ਯੁਕਤ ਆਉਂਦਾ ਹੈ। ਜੋ ਜਲਦੀ ਹੀ ਬਿਮਾਰੀ ਉਤਪੰਨ ਕਰ ਦਿੰਦਾ ਹੈ।

ਦੁਨੀਆ ਵਿਚ ਸਭ ਤੋਂ ਜ਼ਿਆਦਾ ਮੋਟਾਪੇ ਨੇ ਲੋਕਾਂ ਨੂੰ ਪਰੇਸ਼ਾਨ ਕੀਤਾ ਹੋਇਆ ਹੈ। ਇਸ ਰੋਗ ਨੇ ਦੁਨੀਆ ਦੇ ਲੱਖਾਂ ਲੋਕਾਂ ਨੂੰ ਆਪਣੀ ਲਪੇਟ ਵਿਚ ਲਿਆ ਹੋਇਆ ਹੈ। ਇਸ ਵਿਚ ਅਸੀਂ ਕਸੂਰ ਕਿਸ ਦਾ ਕਹਿ ਸਕਦੇ ਹਾਂ? ਆਮ ਕਿਹਾ ਜਾਂਦਾ ਹੈ ਕਿ ਸਭ ਤੋਂ ਪਹਿਲਾ ਸਕੂਲ ਬੱਚੇ ਦਾ ਘਰ ਹੁੰਦਾ ਹੈ, ਉੱਥੇ ਮਾਤਾ-ਪਿਤਾ ਉਸਦੇ ਅਧਿਆਪਕ ਹੁੰਦੇ ਹਨ। ਜੋ ਹਮੇਸ਼ਾ ਉਸ ਨੂੰ ਸਮਾਜ ਵਿਚ ਰਹਿਣ ਅਤੇ ਖਾਣ-ਪਾਣ ਬਾਰੇ ਸਮੇਂ-ਸਮੇਂ ਜਾਣਕਾਰੀ ਦਿੰਦੇ ਰਹਿੰਦੇ ਹਨ। ਪਹਿਲਾਂ ਇਹ ਬੱਚੇ ਘਰ ਦਾ ਸਾਦਾ ਭੋਜਨ ਹੀ ਖਾਂਦੇ ਸਨ ਅਤੇ ਕਸਰਤ ਆਦਿ ਵੀ ਕਰ ਲੈਂਦੇ ਸਨ। ਪਹਿਲਾਂ ਅੱਜ ਜਿੰਨੇ ਆਵਾਜਾਈ ਦੇ ਸਾਧਨ ਵੀ ਨਹੀਂ ਹੁੰਦੇ ਸਨ। ਹੁਣ ਮਾਪੇ ਬੱਚੇ ਦੇ ਥੋੜ੍ਹੇ ਵੱਡੇ ਹੁੰਦੇ ਹੋਏ ਹੀ ਉਨ੍ਹਾਂ ਨੂੰ ਸਾਈਕਲ ਦੀ ਥਾਂ ਸਕੂਟਰੀਆਂ ਦਵਾ ਦਿੰਦੇ ਹਨ। ਜਿਸ ਕਾਰਨ ਉਨ੍ਹਾਂ ਦੀ ਕਸਰਤ ਵੀ ਨਹੀਂ ਹੁੰਦੀ। ਨਾਲ ਹੀ ਆਧੁਨਿਕ ਯੁੱਗ ਵਿਚ ਪੜ੍ਹਾਈ ਨੂੰ ਜ਼ਿਆਦਾ ਮਹੱਤਤਾ ਦਿੱਤੀ ਜਾਂਦੀ ਹੈ ਜਿਸ ਕਾਰਨ ਮਾਤਾ ਪਿਤਾ ਹਮੇਸ਼ਾ ਬੱਚੇ ਨੂੰ ਪੜ੍ਹਾਉਣ 'ਤੇ ਜ਼ੋਰ ਦਿੰਦੇ ਹਨ। ਉਹ ਉਨ੍ਹਾਂ ਨੂੰ ਖੇਡਣ ਬਾਰੇ ਜਾਗਰੂਕ ਨਹੀਂ ਕਰਦੇ। ਅਜਿਹੇ ਬੱਚਿਆਂ ਦਾ ਮਾਨਸਿਕ ਵਿਕਾਸ ਤਾਂ ਹੁੰਦਾ ਰਹਿੰਦਾ ਹੈ ਪਰ ਸਰੀਰਕ ਵਿਕਾਸ ਵਿਚ ਕਮੀ ਆ ਜਾਂਦੀ ਹੈ। ਉਹ ਆਮ ਤੌਰ 'ਤੇ ਸਭ ਤੋਂ ਪਹਿਲਾਂ ਮੋਟਾਪੇ ਦੇ ਸ਼ਿਕਾਰ ਹੁੰਦੇ ਹਨ। ਕਈ ਪਰਿਵਾਰ ਤਾਂ ਆਪਣੇ ਬੱਚਿਆਂ ਨੂੰ ਲਾਡ ਪਿਆਰ ਵਿਚ ਹੀ ਵਿਗਾੜ ਦਿੰਦੇ ਹਨ। ਜਦੋਂ ਕਿਤੇ ਸਾਰੇ ਇਕੱਠੇ ਕਿਸੇ ਪਾਰਟੀ ਜਾਂ ਬਾਜ਼ਾਰ ਵਿਚ ਜਾਂਦੇ ਹਨ ਤਾਂ ਉਹ ਬੱਚੇ ਨੂੰ ਫਾਸਟ ਫੂਡ ਜਾਂ ਹੋਰ ਅਜਿਹਾ ਭੋਜਨ ਜੋ ਸਿਹਤ ਨੂੰ ਖ਼ਰਾਬ ਕਰਦਾ ਹੈ, ਖਾਣ ਤੋਂ ਰੋਕਦੇ ਨਹੀਂ ਬਲਕਿ ਉਨ੍ਹਾਂ ਦਾ ਸਾਥ ਦਿੰਦੇ ਹਨ। ਜਦੋਂ ਇਹ ਵਸਤੂਆਂ ਉਨ੍ਹਾਂ ਦੇ ਮੂੰਹ ਨੂੰ ਲੱਗ ਜਾਂਦੀਆਂ ਹਨ ਤਾਂ ਉਹ ਘਰ ਦਾ ਭੋਜਨ ਨਹੀਂ ਖਾਂਦੇ ਬਲਕਿ ਬਾਹਰਲੇ ਭੋਜਨ ਨੂੰ ਪਹਿਲ ਦਿੰਦੇ ਹਨ।

ਬੱਚੇ ਤਾਂ ਬੱਚੇ ਪਰ ਅੱਜ ਦੀ ਨੌਜਵਾਨ ਪੀੜ੍ਹੀ ਵੀ ਪਿੱਛੇ ਨਹੀ ਹੈ। ਸਕੂਲਾਂ, ਕਾਲਜਾਂ ਵਿਚ ਪੜ੍ਹਨ ਵਾਲੇ ਮੁੰਡੇ ਕੁੜੀਆਂ ਵੀ ਅੱਜ ਬਾਜ਼ਾਰ ਦੇ ਫਾਸਟ ਫੂਡ ਨੂੰ ਜ਼ਿਆਦਾ ਪਹਿਲ ਦਿੰਦੇ ਹਨ। ਨਾਲ ਹੀ ਬਾਜ਼ਾਰ ਵਿਚ ਆਉਂਦੀਆਂ ਨਵੀਆਂ -ਨਵੀਆਂ ਵਿਦੇਸ਼ੀ ਖਾਣ ਪਾਣ ਦੀਆਂ ਕੰਪਨੀਆਂ ਆਪਣੇ ਉਤਪਾਦਨ ਵੇਚਣ ਲਈ ਤਰ੍ਹਾਂ-ਤਰ੍ਹਾਂ ਦੇ ਇਸ਼ਤਿਹਾਰ ਟੀ ਵੀ ਆਦਿ ਉੱਤੇ ਦਿੰਦੀਆਂ ਹਨ। ਜਿਨ੍ਹਾਂ ਨੂੰ ਦੇਖ ਦੇਖ ਕੇ ਇਹ ਉਤਸ਼ਾਹਿਤ ਹੋ ਜਾਂਦੇ ਹਨ ਅਤੇ ਉਨ੍ਹਾਂ ਉਤਪਾਦਨਾਂ ਦੀ ਵਰਤੋਂ ਕਰਨੀ ਸ਼ੁਰੂ ਕਰ ਦਿੰਦੇ ਹਨ। ਨਾਲ ਹੀ ਕਈਆਂ ਨੂੰ ਤਾਂ ਪਤਾ ਵੀ ਹੈ ਕਿ ਇਹ ਭੋਜਨ ਸਾਡੀ ਸਿਹਤ ਲਈ ਚੰਗਾ ਨਹੀਂ ਹੈ ਇਹ ਬਿਮਾਰੀਆਂ ਉਤਪੰਨ ਕਰਦਾ ਹੈ ਪਰ ਫਿਰ ਵੀ ਪਤਾ ਨਹੀ ਉਹ ਕਿਉਂ ਇਨ੍ਹਾਂ ਦੀ ਵਰਤੋਂ ਕਰਦੇ ਹਨ । ਅੱਜ ਹਰੇਕ ਮਨੁੱਖ ਨੂੰ ਤੇਜ਼ਾਬ ਬਣਨ ਦੀ ਸਮੱਸਿਆ ਹੋ ਗਈ ਹੈ । 15 - 20 ਸਾਲ ਦੇ ਮੁੰਡੇ ਕੁੜੀਆਂ ਨੂੰ ਹੀ ਤੇਜ਼ਾਬ ਦੀ ਸ਼ਕਾਇਤ ਹੋਣ ਲੱਗ ਗਈ ਹੈ।

ਡਾਈਟਿੰਗ, ਜਿਸਦਾ ਮਤਲਬ ਦਿਨ ਵਿਚ ਬਹੁਤ ਘੱਟ ਖਾਣਾ ਜਾਂ ਬਿਲਕੁਲ ਹੀ ਨਹੀਂ ਖਾਣਾ। ਆਮ ਤੌਰ 'ਤੇ ਕਿਹਾ ਜਾਂਦਾ ਹੈ ਕਿ ਮਨੁੱਖ ਨੂੰ ਦਿਨ ਵਿਚ 2000 ਕੇਲੋਰੀ ਲੈਣੀਆਂ ਚਾਹੀਦੀਆਂ ਹਨ। ਪਰ ਅੱਜ ਲੋਕ ਡਾਈਟਿੰਗ ਉੱਤੇ ਰਹਿਣ ਲੱਗ ਗਏ ਹਨ । ਉਹ ਦਿਨ ਭਰ ਵਿਚ ਘੱਟ ਕੈਲਰੀ ਲੈ ਕੇ ਆਪਣਾ ਮੋਟਾਪਾ ਘੱਟ ਕਰਨ ਦੀ ਸੋਚਦੇ ਰਹਿੰਦੇ ਹਨ। ਉਹ ਹਰ ਸਮੇਂ ਆਪਣਾ ਭੋਜਨ ਮਾਪ ਕੇ ਹੀ ਖਾਂਦੇ ਹਨ ਕਿ ਕਿਸ ਵਿਚ ਕਿੰਨੀ ਕੈਲਰੀ ਹੈ ਅਤੇ ਕਿਤੇ ਇਹ ਭੋਜਨ ਖਾਣ ਨਾਲ ਮੋਟਾਪਾ ਤਾਂ ਨਹੀਂ ਆਉਂਦਾ। ਹੁਣ ਕਈ ਲੋਕ ਡਾਈਟਿੰਗ ਕਰਦੇ ਕਰਦੇ ਬਰੇਕ ਫਾਸਟ ਨਹੀ ਖਾਂਦੇ ਅਤੇ ਦੁਪਹਿਰ ਜਾਂ ਰਾਤ ਸਮੇਂ ਜ਼ਿਆਦਾ ਮਾਤਰਾ ਵਿਚ ਖਾਂ ਲੈਂਦੇ ਹਨ । ਜਿਸ ਨਾਲ ਉਨ੍ਹਾਂ ਦਾ ਮੋਟਾਪਾ ਘਟਣ ਦੀ ਥਾਂ ਹਮੇਸ਼ਾ ਵੱਧਦਾ ਰਹਿੰਦਾ ਹੈ । ਮੇਰਾ ਇਕ ਦੋਸਤ ਹੈ ਜੋ ਮੋਟਾਪੇ ਦਾ ਜ਼ਿਆਦਾ ਸ਼ਿਕਾਰ ਹੋ ਚੁਕਿਆ ਹੈ । ਉਸਦਾ ਵਜ਼ਨ 125 ਤੋ 130 ਕਿਲੋਗ੍ਰਾਮ ਦੇ ਨੇੜੇ ਹੈ । ਜਦੋ ਵੀ ਮੈ ਉਸਨੂੰ ਮਿਲਦਾ ਹਾਂ ਉਸ ਨੇ ਹਮੇਸ਼ਾ ਕੁਝ ਨਾ ਕੁਝ ਖਾਣ ਦੀ ਗੱਲ ਹੀ ਕਰਨੀ ਹੁੰਦੀ ਹੈ । ਇਕ ਵਾਰ ਉਹ ਕਿਸੇ ਫਿਟਨਸ ਸੈਟਂਰ ਵਿਚ ਭਰਤੀ ਹੋ ਗਿਆ , 4 - 5 ਕੁ ਦਿਨਾਂ ਵਿਚ ਉਸਨੂੰ ਕੁਝ ਮੋਟਾਪਾ ਘੱਟਦਾ ਦਿਖਿਆ । ਉਹ ਬਹੁਤ ਉਤਸ਼ਾਹਿਤ ਹੋ ਗਿਆ , ਨਾਲ ਹੀ ਉਸਨੇ ਡਾਈਟਿੰਗ ਵੀ ਸ਼ੁਰੂ ਕਰ ਦਿੱਤੀ । ਪਰ 15 ਕੁ ਦਿਨਾਂ ਬਾਅਦ ਫਿਰ ਉਸਨੇ ਬਾਜ਼ਾਰ ਦੇ ਫਾਸਟ ਫੂਡ ਖਾਣੇ ਸ਼ੁਰੂ ਕਰ ਦਿਤੇ ਅਤੇ ਘਰ ਵਾਲਿਆਂ ਨੂੰ ਕਹਿ ਦਿਆ ਕਰੇ ਕਿ ਮੈ ਤਾਂ ਡਾਈਟਿੰਗ ਉਤੇ ਹਾਂ , ਮੈ ਰਾਤ ਦਾ ਖਾਣਾ ਨਹੀਂ ਖਾਣਾ । ਹੁਣ ਇਸ ਵਿਚ ਕਸੂਰ ਕਿਸਦਾ ਹੈ, ਅਸੀਂ ਆਪਣੇ ਆਪ ਨੂੰ ਹੀ ਧੋਖਾ ਦੇ ਰਹੇ ਹਾਂ ਨਾਲ ਹੀ ਕਈ ਲੋਕ ਮੈ ਅਜਿਹੇ ਵੇਖੇ ਹਨ ਜੋ ਕੁਝ ਕਸਰਤ ਸ਼ੁਰੂ ਕਰਨ ਸਾਰ ਹੀ ਆਪਣਾ ਖਾਣ-ਪਾਣ ਵਧਾ ਦਿੰਦੇ ਹਨ। ਇਸ ਤਰ੍ਹਾਂ ਕਰਨ ਨਾਲ ਸਾਡਾ ਮੋਟਾਪਾ ਕਦੇ ਨਹੀਂ ਘੱਟਦਾ।

ਕਈ ਲੋਕ ਦਵਾਈਆਂ ਆਦਿ ਖਾ ਕੇ ਮੋਟਾਪਾ ਘਟਾਉਣ ਦੀ ਸੋਚਦੇ ਰਹਿੰਦੇ ਹਨ। ਉਹ ਹਰ ਸਮੇਂ ਨਵੀਆਂ-ਨਵੀਆਂ ਦਵਾਈਆਂ ਲੱਭਦੇ ਰਹਿੰਦੇ ਹਨ ਜਿਸ ਨਾਲ ਉਨ੍ਹਾਂ ਦਾ ਮੋਟਾਪਾ ਆਸਾਨੀ ਨਾਲ ਘੱਟ ਹੋ ਸਕੇ। ਸਾਰੇ ਲੋਕ ਸਰੀਰ ਨੂੰ ਕਸ਼ਟ ਦਿੱਤੇ ਬਿਨਾਂ ਕੋਈ ਨਾ ਕੋਈ ਹੋਰ ਸਾਧਨ ਲੱਭਦੇ ਰਹਿੰਦੇ ਹਨ। ਜੋ ਕੁਝ ਸਮੇਂ ਲਈ ਤਾਂ ਵਧੀਆ ਅਸਰ ਕਰਦੇ ਹਨ, ਪਰ ਫਿਰ ਉਸੇ ਤਰ੍ਹਾ ਮੋਟਾਪਾ ਵੱਧਦਾ ਰਹਿੰਦਾ ਹੈ ਜਾਂ ਕੋਈ ਹੋਰ ਬਿਮਾਰੀ ਉਤਪੰਨ ਹੋ ਜਾਂਦੀ ਹੈ ।



8 - 8 ਘੰਟੇ ਸਰੀਰਕ ਕੰਮ ਕਰਨ ਵਾਲੇ ਮਨੁੱਖ ਸਰੀਰਕ ਤੌਰ 'ਤੇ ਬਿਲਕੁਲ ਤੰਦਰੁਸਤ ਰਹਿੰਦੇ ਹਨ। ਅਸੀ ਆਮ ਹੀ ਦੇਖਦੇ ਹਾਂ ਇਸ ਤਰ੍ਹਾਂ ਦੀ ਕਿਰਤ ਕਰਨ ਕਰਨ ਵਾਲਿਆ ਦੀ ਸਰੀਰਕ ਬਣਾਵਟ ਆਮ ਕਰਕੇ ਬੀ ਐੱਮ ਆਈ ਇੰਡੈਕਸ ਦੇ ਹਿਸਾਬ ਨਾਲ ਸਹੀ ਹੁੰਦੀ ਹੈ। ਇਹ ਲੋਕ ਕਦੇ ਵੀ ਡਾਈਟਿੰਗ ਜਾਂ ਦਵਾਈਆਂ ਆਦਿ ਨਹੀਂ ਖਾਂਦੇ ਸਗੋਂ ਹਰ ਸਮੇਂ ਪੇਟ ਭਰ ਕੇ ਭੋਜਨ ਖਾਂਦੇ ਹਨ। ਸਰੀਰਕ ਕੰਮ ਕਰਨ ਕਾਰਨ ਹੀ ਇਹ ਪੇਟ ਭਰ ਕੇ ਖਾਂਦੇ ਹਨ। ਪਰ ਜੇ ਇਹ ਸਰੀਰਕ ਮਿਹਨਤ ਨਾ ਕਰਨ ਤਾਂ ਇਹ ਵੀ ਮੋਟਾਪੇ ਦੇ ਸ਼ਿਕਾਰ ਹੋ ਜਾਣ। ਹੁਣ ਸਾਨੂੰ ਇਸ ਤੋਂ ਇਹੀ ਸਿੱਖਿਆ ਪ੍ਰਾਪਤ ਹੁੰਦੀ ਹੈ ਕਿ ਡਾਈਟਿੰਗ , ਦਵਾਈਆਂ , ਫਾਸਟ ਫੂਡ ਆਦਿ ਨੂੰ ਛੱਡ ਕੇ ਸਰੀਰਕ ਕੰਮ ਕਰਨ ਨਾਲ ਅਸੀਂ ਆਪਣੇ ਸਰੀਰ ਨੂੰ ਤੰਦਰੁਸਤ ਰੱਖੀਏ ਅਤੇ ਅੱਜ ਦੀਆਂ ਹੋਰ ਭਿਆਨਕ ਬਿਮਾਰੀਆਂ ਤੋਂ ਛੁਟਕਾਰਾ ਪਾਈਏ । ਅੱਜ ਘਰ ਦੀਆ ਔਰਤਾਂ ਘਰ ਦਾ ਕੰਮ ਆਪ ਨਹੀ ਕਰਦੀਆਂ ਸਗੋਂ ਦੂਜੇ ਲੋਕਾਂ ਤੋ ਕਰਵਾਉਦੀਆਂ ਹਨ ਜਾਂ ਮਸ਼ੀਨਾਂ ਦਾ ਸਹਾਰਾ ਲੈਂਦੀਆਂ ਹਨ । ਘਰ ਦੇ ਸਫਾਈ ਵਾਲੇ ਕੰਮਾ ਨੂੰ ਕਰਨ ਨਾਲ ਵੀ ਸਾਡੀ ਸਰੀਰਕ ਕਸਰਤ ਹੁੰਦੀ ਰਹਿੰਦੀ ਹੈ । ਜੇ ਘਰ ਦੇ ਕੰਮ ਆਪ ਕੀਤੇ ਜਾਣ ਤਾ ਮੋਟਾਪੇ ਵਰਗਾ ਰੋਗ ਸਾਨੂੰ ਛੇਤੀ-ਛੇਤੀ ਆਪਣੀ ਪਕੜ ਵਿਚ ਨਹੀਂ ਲੈ ਸਕਦਾ ।

ਸਭ ਤੋ ਪਹਿਲਾ ਸਵੇਰੇ ਜਲਦੀ ਉਠ ਕੇ ਕੁਝ ਸਮਾਂ ਸੈਰ , ਯੋਗ ਅਭਿਆਸ ਜਾਂ ਸਾਈਕਲ ਚਲਾਉ । ਇਹ ਸਭ ਸਾਡੇ ਸਰੀਰ ਨੂੰ ਤੰਦਰੁਸਤ ਅਤੇ ਰੋਗ ਮੁਕਤ ਕਰਦੇ ਹਨ । ਕਈ ਲੋਕਾਂ ਵਿਚ ਇਹ ਵਹਿਮ ਵੀ ਹੁੰਦਾ ਕਿ ਬਸ ਸਵੇਰ ਸਮੇਂ ਕਸਰਤ ਕਰ ਲਈ ਹੈ ਹੁਣ ਦਿਨ ਭਰ ਵਿਚ ਕੁਝ ਵੀ ਖਾਉ । ਪਹਿਲੀ ਗੱਲ ਤਾਂ ਇਹ ਕਿ ਇਕ ਸਮੇਂ ਉਨ੍ਹਾਂ ਭੋਜਨ ਖਾਉ ਜਿਨਾਂ ਤੁਹਾਡੇ ਸਰੀਰ ਨੂੰ ਜ਼ਰੂਰਤ ਹੈ , ਪੇਟ ਭਰ ਕੇ ਨਾਂ ਪਾਉ , ਜ਼ਰੂਰਤ ਤੋ ਵੱਧ ਨਾ ਖਾਉ ਨਾਲ ਹੀ ਹਰੇਕ ਭੋਜਨ ਤੋ ਬਾਅਦ 10 ਕੁ ਮਿੰਟ ਬੈਠ ਕੇ ਉਸ ਤੋ ਬਾਅਦ 10 ਕੁ ਮਿੰਟ ਕੁਝ ਹਲਕੀ ਸੈਰ ਕਰੋ ।

ਸਾਡੇ ਭਾਰਤ ਦੇਸ਼ ਦੇ ਲੋਕਾਂ ਨੇ ਆਪਣੇ ਖਾਣਾ ਖਾਣ ਦੇ ਸਮੇਂ ਬੰਨੇ ਹੋਏ ਹਨ , ਸਵੇਰ ,ਦੁਪਹਿਰ ਅਤੇ ਸ਼ਾਮ । ਭੁੱਖ ਹੋਵੇ ਚਾਹੇ ਨਾ ਹੋਵੇ ਉਨ੍ਹਾਂ ਇਨ੍ਹਾਂ ਸਮਿਆਂ ਵਿਚ ਆਪਣਾ ਭੋਜਨ ਖਾ ਹੀ ਲੈਣਾ ਹੈ। ਅਸੀਂ ਆਮ ਤੌਰ ਤੇ ਦੇਖਦੇ ਹਾਂ ਕਿ ਦਫ਼ਤਰਾਂ ਵਿਚ ਬੈਠੇ ਨੋਕਰੀ ਪੇਸ਼ਾ ਲੋਕ ਹਮੇਸ਼ਾ ਦੁਪਹਿਰ ਦਾ ਖਾਣਾ ਆਪਣੀ ਸੀਟ ਉਤੇ ਬੈਠ ਕੇ ਹੀ ਖਾਂਦੇ ਹਨ ਅਤੇ ਉਸ ਤੋ ਬਾਅਦ ਉੱਥੇ ਹੀ ਬੈਠੇ ਰਹਿੰਦੇ ਹਨ । ਜਿਸ ਕਾਰਨ ਸਭ ਤੋ ਪਹਿਲਾ ਉਹ ਮੋਟਾਪੇ ਦੇ ਸ਼ਿਕਾਰ ਹੁੰਦੇ ਹਨ । ਅਸੀਂ ਦੇਖਦੇ ਹਾਂ ਕਿ ਹਰੇਕ ਅਦਾਰੇ ਵਿਚ ਚਾਹੇ ਉਹ ਕੋਈ ਸਕੂਲ ਹੈ ਅਤੇ ਚਾਹੇ ਕੋਈ ਦਫ਼ਤਰ ਦੁਪਹਿਰ ਦਾ ਖਾਣਾ ਖਾਣ ਦਾ ਸਮਾਂ ਅੱਧਾ ਘੰਟਾ ਹੁੰਦਾ ਹੈ । ਕਦੇ ਅਸੀਂ ਸੋਚਿਆ ਹੈ ਕਿ ਇਹ ਅੱਧਾ ਘੰਟਾ ਹੀ ਕਿਉਂ ਰੱਖਿਆ ਗਿਆ ਹੈ ? ਆਮ ਤੌਰ 'ਤੇ ਖਾਣਾ ਅਸੀਂ 10 ਕੁ ਮਿੰਟਾਂ ਵਿਚ ਖਾ ਲੈਂਦੇ ਹਾਂ , ਪਰ ਬਾਕੀ ਬਚਿਆ ਸਮਾਂ ਸੈਰ ਕਰਨ ਦਾ ਹੁੰਦਾ ਹੈ । ਪਰ ਅਸੀਂ ਉਹ ਸਮਾਂ ਆਪਸ ਵਿਚ ਗੱਲਾਂ ਮਾਰ ਕੇ ਬਰਬਾਦ ਕਰ ਦਿੰਦੇ ਹਾਂ । ਰਾਤ ਸਮੇਂ ਹਲਕਾ ਭੋਜਨ ਕਰੋ ਉਸ ਤੋ ਬਾਅਦ ਕੁਝ ਸਮਾਂ ਸੈਰ ਕਰ ਲਵੋ । ਆਮ ਤੌਰ ਤੇ ਕਿਹਾ ਜਾਂਦਾ ਹੈ ਕਿ ਰਾਤ ਦੇ ਭੋਜਨ ਤੋ ਬਾਅਦ ਸੌਣ ਦੇ ਸਮੇਂ ਵਿਚ ਲਗਭਗ 3 ਘੰਟਿਆਂ ਦਾ ਅੰਤਰ ਹੋਣਾ ਚਾਹੀਦਾ ਹੈ । ਪਰ ਜੇ ਅਸੀਂ ਭੋਜਨ ਹੀ ਹਲਕਾ ਖਾਵਾਂਗੇ ਤਾਂ ਅਸੀਂ ਇਸ ਸਮੱਸਿਆ ਤੋ ਛੁਟਕਾਰਾ ਪਾ ਸਕਾਂਗੇ ਤੇ ਇਕ ਚੰਗਾ ਜੀਵਨ ਬਤੀਤ ਕਰ ਸਕਾਂਗੇ।

ਮੋਬਾਈਲ 9872565003

# ਗੁੱਸੇ ਨੂੰ ਸ਼ਾਂਤ ਕਰਦੀਆਂ ਹਨ ਇਹ ਚੀਜ਼ਾਂ

ਬਦਲਦੇ ਹੋਏ ਅਜੋਕੇ ਲਾਈਫ ਸਟਾਈਲ ਦਾ ਸਿੱਧਾ ਅਸਰ ਲੋਕਾਂ ਦੇ ਸੁਭਾਅ 'ਤੇ ਪੈਂਦਾ ਹੈ। ਅਸੀਂ ਦੇਖਦੇ ਹਾਂ ਕਿ ਕਈ ਵਾਰ ਨਿੱਕੀ ਜਿਹੀ ਗੱਲ ਕਿਸੇ ਦੂਸਰੇ ਦੀ ਜਾਨ ਵੀ ਲੈ ਲੈਂਦੀ ਹੈ। ਜ਼ਿਆਦਾਤਰ ਲੋਕ ਆਪਣੀਆਂ ਹਰ ਤਰ੍ਹਾਂ ਦੀਆਂ ਹਰਕਤਾਂ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕਰਦੇ ਹਨ ਪਰ ਗੁੱਸਾ ਇਕ ਅਜਿਹੀ ਚੀਜ਼ ਹੈ, ਜੋ ਬੰਦੇ ਦੀ ਹੋਸ਼ ਖੋਹ ਲੈਂਦਾ ਹੈ ਤੇ ਉਸ ਨੂੰ ਪਤਾ ਨਹੀਂ ਚਲਦਾ ਕਿ ਉਹ ਸਹੀ ਕਰ ਰਿਹਾ ਜਾਂ ਗ਼ਲਤ। ਜਦੋਂ ਗੁੱਸਾ ਆਉਂਦਾ ਹੈ ਤਾਂ ਸਾਡਾ ਬਲੱਡ ਪ੍ਰੈਸ਼ਰ ਆਪਣੇ ਆਪ ਵਧ ਜਾਂਦਾ ਹੈ। ਗੁੱਸੇ 'ਤੇ ਕਾਬੂ ਪਾਉਣ ਲਈ ਇਨ੍ਹਾਂ ਚੀਜ਼ਾਂ ਦਾ ਇਸਤੇਮਾਲ ਕਰੋ।

**ਬਾਦਾਮ** : ਕਿਹਾ ਜਾਂਦਾ ਹੈ ਕੀ ਬਾਦਾਮ ਖਾਣ ਨਾਲ ਦਿਮਾਗ਼ ਤੇ ਸੋਚਣ ਸ਼ਕਤੀ 'ਚ ਵਾਧਾ ਹੁੰਦਾ ਹੈ, ਕਿਉਂਕਿ ਬਾਦਾਨ ਵਿਚ ਮੌਜੂਦ ਤੇਲ ਦਿਮਾਗ਼ ਦੀਆਂ ਨਾੜੀਆਂ 'ਚ ਰਿਫਲੈਕਸ ਨੂੰ ਤੇਜ਼ ਕਰਦਾ ਹੈ ਤੇ ਇਹ ਗੁੱਸੇ 'ਤੇ ਕਾਬੂ ਪਾਉਣ 'ਚ ਮਦਦ ਕਰਦਾ ਹੈ?

**ਡਾਰਕ ਚੌਕਲੇਟ** : ਖ਼ਾਸ ਕਰਕੇ ਗੂੜ੍ਹੇ ਰੰਗ ਦੀ ਚੌਕਲੇਟ ਸਾਡੇ ਸਰੀਰ 'ਚ ਕਈ ਰਸਾਇਣਾਂ ਦੀ ਸੰਚਾਰ ਕਰਦੀ ਹੈ, ਜੋ ਸਾਡੇ ਗੁੱਸੇ ਨੂੰ ਸ਼ਾਂਤ ਕਰਨ 'ਚ ਮਦਦਗ਼ਾਰ ਸਿੱਧ ਹੁੰਦੇ ਹਨ।

**ਹਰੀਆਂ ਸਬਜ਼ੀਆਂ** : ਹਰੀਆਂ ਸਬਜ਼ੀਆਂ ਖਾਣ ਨਾਲ ਕਈ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ। ਰਹੀਆਂ ਸਬਜ਼ੀਆਂ ਵਿਚ ਭਾਰੀ ਮਾਤਰਾ 'ਚ ਪੌਸ਼ਟਿਕ ਤੱਤ ਹੁੰਦੇ ਹਨ, ਜੋ ਮਾਸਪੇਸ਼ੀਆਂ ਨੂੰ ਆਰਾਮ ਪਹੁੰਚਾਉਂਦੇ ਹਨ।

***ਨਾਰੀਅਲ ਪਾਣੀ** : ਨਾਰੀਅਲ ਪਾਣੀ ਸਾਨੂੰ ਕਈ ਤਰ੍ਹਾਂ ਦੇ ਫ਼ਾਇਦੇ ਦਿੰਦਾ ਹੈ। ਗੁੱਸਾ ਸ਼ਾਂਤ ਕਰਨ 'ਚ ਨਾਰੀਅਲ ਕਾਫ਼ੀ ਮਦਦਗਾਰ ਸਿੱਧ ਹੁੰਦਾ ਹੈ। ਜਦੋਂ ਸਾਨੂੰ ਗੁੱਸਾ ਆਉਂਦਾ ਹੈ ਤਾਂ ਉਸ ਸਮੇਂ ਬਲੱਡ ਪ੍ਰੈਸ਼ਰ ਕਾਫੀ ਵੱਧ ਜਾਂਦਾ ਹੈ। ਜੇ ਤੁਸੀ ਚਿੜਚਿੜੇ ਸੁਭਾਅ ਵਾਲੇ ਹੋ ਤਾਂ ਤੁਹਾਨੂੰ ਨਿਯਮਿਤ ਰੂਪ 'ਚ ਨਾਰੀਅਲ ਪਾਣੀ ਪੀਣਾ ਚਾਹੀਦਾ ਹੈ।*

## ਸੰਪਾਦਕੀ

# ਵਿਦੇਸ਼ੀ ਫੰਡਾਂ ਨੂੰ ਹੋਰ ਸਖ਼ਤੀ ਨਾਲ ਕਾਬੂ ਹੇਠ ਰੱਖਿਆ ਜਾਵੇ

ਵਿਦੇਸ਼ੀ ਯੋਗਦਾਨ (ਰੈਗੂਲੇਸ਼ਨ) ਸੋਧ ਬਿੱਲ, 2026 ਨੂੰ 31 ਮੈਂਬਰੀ ਸੰਸਦੀ ਸੰਯੁਕਤ ਕਮੇਟੀ (ਜੇ ਪੀ ਸੀ) ਕੋਲ ਭੇਜਣ ਦਾ ਫ਼ੈਸਲਾ ਕੀਤਾ ਗਿਆ ਹੈ। ਅਜਿਹੇ ਸਮੇਂ ਜਦੋਂ ਸੰਸਦ ਵਿੱਚ ਵਿਵਾਦਪੂਰਨ ਕਾਨੂੰਨਾਂ ਨੂੰ ਲੈ ਕੇ ਪਾੜਾ ਲਗਾਤਾਰ ਵਧ ਰਿਹਾ ਹੈ ਤਾਂ ਸਿਆਸੀ ਦੋਸ਼ਾਂ ਅਤੇ ਕਾਨੂੰਨ ਨੂੰ ਪੂਰੀ ਤਰ੍ਹਾਂ ਵਾਪਸ ਲੈਣ ਦੀਆਂ ਮੰਗਾਂ ਦੀ ਬਜਾਏ ਡੂੰਘੀ ਘੋਖ ਕਰਨਾ ਇੱਕ ਬਿਹਤਰ ਬਦਲ ਜਾਪਦਾ ਹੈ। ਸਰਕਾਰ ਇਸ ਗੱਲ 'ਤੇ ਜ਼ੋਰ ਦੇ ਰਹੀ ਹੈ ਕਿ ਰਾਸ਼ਟਰੀ ਸੁਰੱਖਿਆ ਦੇ ਹਿੱਤਾਂ ਨੂੰ ਮੁੱਖ ਰੱਖਦਿਆਂ ਵਿਦੇਸ਼ੀ ਫੰਡਾਂ ਨੂੰ ਹੋਰ ਸਖ਼ਤੀ ਨਾਲ ਕਾਬੂ ਹੇਠ ਰੱਖਿਆ ਜਾਣਾ ਚਾਹੀਦਾ ਹੈ। ਕੇਂਦਰ ਵਿੱਚ ਲਗਾਤਾਰ ਆਈਆਂ ਸਰਕਾਰਾਂ ਨੇ ਵਿਦੇਸ਼ਾਂ ਤੋਂ ਫੰਡ ਪ੍ਰਾਪਤ ਕਰਨ ਵਾਲੀਆਂ ਸੰਸਥਾਵਾਂ ਦੇ ਪ੍ਰਭਾਵ ਬਾਰੇ ਚਿੰਤਾਵਾਂ ਪ੍ਰਗਟਾਈਆਂ ਹਨ। ਇਸ ਲਈ ਮਜ਼ਬੂਤ ਕਾਨੂੰਨੀ ਘੇਰਾਬੰਦੀ ਜਾਂ ਨੇਮ ਬਣਾਉਣੇ ਜਾਇਜ਼ ਜਾਪਦੇ ਹਨ।

ਇਹ ਵੀ ਗ਼ੌਰਤਲਬ ਹੈ ਕਿ ਕਾਨੂੰਨ ਦਾ ਨਿਯਮ ਕਾਰਜਪਾਲਿਕਾ ਲਈ ਬੇਲਗਾਮ ਤਾਕਤਾਂ ਦੀ ਵਰਤੋਂ ਕਰਨ ਦਾ ਜ਼ਰੀਆ ਨਹੀਂ ਬਣਨਾ ਚਾਹੀਦਾ। ਇਸ ਬਿੱਲ ਨੂੰ ਲੈ ਕੇ ਸਭ ਤੋਂ ਵੱਡੀ ਚਿੰਤਾ ਉਸ 'ਨਾਮਜ਼ਦ ਅਥਾਰਿਟੀ' ਕੋਲ ਆਉਣ ਵਾਲੇ ਅਧਿਕਾਰਾਂ ਬਾਰੇ ਹੈ, ਜੋ ਉਨ੍ਹਾਂ ਸੰਸਥਾਵਾਂ ਦੀਆਂ ਜਾਇਦਾਦਾਂ ਉੱਤੇ ਕਬਜ਼ਾ ਕਰ ਸਕਦੀ ਹੈ ਜਿਨ੍ਹਾਂ ਦੀ ਐੱਫ ਸੀ ਆਰ ਏ ਰਜਿਸਟ੍ਰੇਸ਼ਨ ਨੂੰ ਸਰਕਾਰ ਵੱਲੋਂ ਰੱਦ ਕਰ ਦਿੱਤਾ ਗਿਆ ਹੋਵੇ, ਜਿਨ੍ਹਾਂ ਨੇ ਖ਼ੁਦ ਆਪਣੀ ਰਜਿਸਟ੍ਰੇਸ਼ਨ ਵਾਪਸ ਲੈ ਲਈ ਹੋਵੇ ਜਾਂ ਜਿਨ੍ਹਾਂ ਸੰਸਥਾਵਾਂ ਦੀ ਹੋਂਦ ਹੀ ਪੂਰੀ ਤਰ੍ਹਾਂ ਖ਼ਤਮ ਹੋ ਚੁੱਕੀ ਹੋਵੇ। ਜੇਕਰ ਵਿਦੇਸ਼ੀ ਫੰਡਾਂ ਅਤੇ ਹੋਰ ਸਰੋਤਾਂ ਰਾਹੀਂ ਸਾਂਝੇ ਤੌਰ 'ਤੇ ਬਣਾਈਆਂ ਗਈਆਂ ਜਾਇਦਾਦਾਂ ਆਖ਼ਰਕਾਰ ਇਸ ਅਥਾਰਿਟੀ ਕੋਲ ਪੱਕੇ ਤੌਰ 'ਤੇ ਚਲੀਆਂ ਜਾਂਦੀਆਂ ਹਨ ਤਾਂ ਵਾਜਬਤਾ, ਨਿਆਂਇਕ ਪ੍ਰਕਿਰਿਆ ਅਤੇ ਸੰਪਤੀ ਦੇ ਅਧਿਕਾਰਾਂ ਬਾਰੇ ਕਈ ਗੰਭੀਰ ਸਵਾਲ ਖੜ੍ਹੇ ਹੋਣੇ ਸੁਭਾਵਿਕ ਹਨ। ਇਹ ਮਸਲਾ ਉਦੋਂ ਹੋਰ ਵੀ ਸੰਵੇਦਨਸ਼ੀਲ ਬਣ ਜਾਂਦਾ ਹੈ ਜਦੋਂ ਪ੍ਰਭਾਵਿਤ ਸੰਸਥਾਵਾਂ ਸਕੂਲ, ਹਸਪਤਾਲ, ਆਸ਼ਰਮ, ਭਲਾਈ ਸੰਸਥਾਵਾਂ ਜਾਂ ਧਾਰਮਿਕ ਅਸਥਾਨ ਚਲਾ ਰਹੀਆਂ ਹੋਣ। ਬਿੱਲ ਵਿੱਚ ਸਾਫ਼ ਕਿਹਾ ਗਿਆ ਹੈ ਕਿ ਧਾਰਮਿਕ ਅਸਥਾਨਾਂ ਦਾ ਧਾਰਮਿਕ ਸਰੂਪ ਹਰ ਹਾਲਤ ਵਿੱਚ ਬਰਕਰਾਰ ਰੱਖਿਆ ਜਾਣਾ ਚਾਹੀਦਾ ਹੈ। ਸੰਸਦੀ ਸੰਯੁਕਤ ਕਮੇਟੀ (ਜੇ ਪੀ ਸੀ) ਨੂੰ ਇਸ ਗੱਲ ਦੀ ਡੂੰਘੀ ਘੋਖ ਕਰਨੀ ਚਾਹੀਦੀ ਹੈ ਕਿ ਕੀ ਇਹ ਪ੍ਰਸਤਾਵਿਤ ਪ੍ਰਸ਼ਾਸਨਿਕ ਤਾਕਤਾਂ ਸੰਵਿਧਾਨ ਤਹਿਤ ਧਾਰਮਿਕ ਅਤੇ ਘੱਟਗਿਣਤੀ ਸੰਸਥਾਵਾਂ ਨੂੰ ਮਿਲੇ ਖ਼ੁਦਮੁਖ਼ਤਿਆਰੀ ਦੇ ਅਧਿਕਾਰ ਦੀ ਪੂਰੀ ਸੁਰੱਖਿਆ ਕਰਦੀਆਂ ਹਨ ਜਾਂ ਨਹੀਂ। ਸਰਕਾਰ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਕਿਸੇ ਵੀ ਨਿਯਮ ਤਹਿਤ ਲੋਕ ਭਲਾਈ ਦੇ ਕੰਮਾਂ ਵਿੱਚ ਰੁਕਾਵਟ ਨਾ ਆਵੇ।

ਇਸ ਪੈਨਲ ਕੋਲ ਬਿੱਲ ਦੀ ਹਰੇਕ ਧਾਰਾ ਦੀ ਬਾਰੀਕੀ ਨਾਲ ਜਾਂਚ ਕਰਨ, ਕਾਨੂੰਨੀ ਮਾਹਿਰਾਂ, ਸਿਵਿਲ ਸੁਸਾਇਟੀ ਸਮੂਹਾਂ ਅਤੇ ਪ੍ਰਭਾਵਿਤ ਸੰਸਥਾਵਾਂ ਨਾਲ ਸਲਾਹ-ਮਸ਼ਵਰਾ ਕਰਨ ਅਤੇ ਮਨਮਾਨੀ ਕਾਰਵਾਈ ਵਿਰੁੱਧ ਢੁਕਵੇਂ ਬਚਾਅ ਉਪਾਵਾਂ ਦੀ ਸਿਫ਼ਾਰਿਸ਼ ਕਰਨ ਦਾ ਸੁਨਹਿਰੀ ਮੌਕਾ ਹੈ। ਭਾਰਤ ਨੂੰ ਅਜਿਹੇ ਪਾਰਦਰਸ਼ੀ ਰੈਗੂਲੇਸ਼ਨ (ਨਿਯਮਾਵਲੀ) ਦੀ ਲੋੜ ਹੈ, ਜੋ ਸੰਵਿਧਾਨਕ ਆਜ਼ਾਦੀ ਅਤੇ ਜਾਇਜ਼ ਗ਼ੈਰ-ਲਾਭਕਾਰੀ ਸਰਗਰਮੀਆਂ ਨੂੰ ਬਰਕਰਾਰ ਰੱਖਦਿਆਂ ਰਾਸ਼ਟਰੀ ਹਿੱਤਾਂ ਦੀ ਰਾਖੀ ਕਰੇ।

# ਡਾਕਟਰ ਅੰਬੇਡਕਰ ਦੀ ਮੂਰਤੀ ਤੇ ਫੁੱਲ ਮਾਲਾਵਾਂ ਭੇਂਟ ਕਰਕੇ ਮਨਾਇਆ ਆਜ਼ਾਦੀ ਦਿਹਾੜਾ



**ਮਾਛੀਵਾੜਾ ਸਾਹਿਬ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਮਾਸਟਰ ਸਤੀਸ਼ ਕੁਮਾਰ ਆਪਣੇ ਇਤਿਹਾਸ ਨੂੰ ਯਾਦ ਰੱਖਣ ਵਾਲੀਆਂ ਕੌਮਾਂ ਹੀ ਜ਼ਿੰਦਗੀ ਵਿੱਚ ਅੱਗੇ ਵੱਧ ਸਕਦੀਆਂ ਹਨ , ਤੇ ਭਾਰਤ ਦੇ ਇਤਿਹਾਸ ਵਿੱਚ ਸੰਵਿਧਾਨ ਨਿਰਮਾਤਾ ਗਰੀਬਾਂ ਦੇ ਮਸੀਹਾ ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ ਨਾਮ ਗੂੜੇ ਸੁਨਹਿਰੀ ਅੱਖਰਾਂ ਵਿੱਚ ਦਰਜ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਕਾਂਗਰਸ ਬਲਾਕ ਸ਼ਹਿਰੀ ਪ੍ਰਧਾਨ ਕਪਿਲ ਅਨੰਦ ਅਤੇ ਅਤੇ ਮੀਡੀਆ ਇੰਚਾਰਜ ਬਲਾਕ ਕਾਂਗਰਸ ਵਨੀਤ ਕੁਮਾਰ ਝੜੌਦੀ ਨੇ ਆਜ਼ਾਦੀ ਦਿਹਾੜੇ ਦੀਆਂ ਖੁਸ਼ੀਆਂ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਉੱਤੇ ਫੁੱਲ ਮਾਲਾਵਾਂ ਭੇਟ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਆਜ਼ਾਦ ਭਾਰਤ ਦਾ ਸੰਵਿਧਾਨ ਲਿਖ ਕੇ ਜਿੱਥੇ ਡਾਕਟਰ ਭੀਮ ਰਾਓ ਅੰਬੇਡਕਰ ਜੀ ਨੇ ਦੇਸ਼ ਦੇ ਲਈ ਵੱਡਾ ਤੇ ਅਹਿਮ ਫਰਜ ਨਿਭਾਇਆ ਉਥੇ ਹੀ ਅੱਤ ਦੀ ਗਰੀਬੀ ਵਿੱਚੋਂ ਉੱਠ ਕੇ ਇਸ ਮੁਕਾਮ ਤੱਕ ਪਹੁੰਚਦਿਆਂ ਹਰ ਵਰਗ ਨੂੰ ਹਰ ਪੱਖੋਂ ਬਰਾਬਰਤਾ ਦਾ ਦਰਜਾ ਵੀ ਦਵਾਇਆ, ਜਿਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਉਹਨਾਂ ਕਿਹਾ ਕਿ ਅੱਜ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ ਤਾਂ ਡਾਕਟਰ ਭੀਮ ਰਾਓ ਅੰਬੇਡਕਰ ਅਤੇ ਹੋਰ ਸੂਰਬੀਰ, ਬਹਾਦਰ ,ਯੋਧਿਆਂ ਦੀਆਂ ਕੁਰਬਾਨੀਆਂ ਸਦਕਾ ਹੈ , ਜਿਨ੍ਹਾਂ ਨੇ ਆਪਣਾ ਯੋਗਦਾਨ ਆਜ਼ਾਦੀ ਦੇ ਸੰਘਰਸ਼ ਵਿੱਚ ਪਾਉਂਦਿਆਂ ਸਾਨੂੰ ਗੁਲਾਮੀ ਦੀਆਂ ਜੰਜੀਰਾਂ ਤੋਂ ਮੁਕਤ ਕਰਵਾਇਆ।

ਇਸ ਮੌਕੇ ਸਾਬਕਾ ਕੌਂਸਲਰ ਪਰਮਜੀਤ ਪੰਮੀ, ਕਾਂਗਰਸੀ ਆਗੂ ਚੇਤਨ ਚਰਾਇਆ, ਸਾਬਕਾ ਕੌਂਸਲਰ ਅਮਰਜੀਤ ਕਾਲਾ ਕੁਮਾਰ ਸਿੱਦੂ, ਸਾਬਕਾ ਕੌਂਸਲਰ ਹਰਚੰਦ ਸਿੰਘ, ਸੁਭਾਸ਼ ਬੀਟਨ, ਪੱਤਰਕਾਰ ਮਨੋਜ ਕੁਮਾਰ, ਅਰੁਣ ਖੋਸਲਾ, ਲਾਲ ਚੰਦ ,ਗੁਰਮੀਤ ਸਿੰਘ ਵੀ ਮੌਜੂਦ ਸਨ।

# ਸ਼੍ਰੀ ਗੁਰੂ ਤੇਗ ਬਹਾਦਰ ਸਕੂਲ ਹੇਡੋਂ ਬੇਟ ਵਿਖੇ ਧੂਮ-ਧਾਮ ਨਾਲ ਮਨਾਇਆ ਗਿਆ ਅਜ਼ਾਦੀ ਦਾ ਦਿਹਾੜਾ



**ਮਾਛੀਵਾੜਾ ਸਾਹਿਬ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਮਾਛੀਵਾੜਾ ਰੋਪੜ ਰੋਡ ਤੇ ਸਥਿਤ ਸ਼੍ਰੀ ਗੁਰੂ ਤੇਗ ਬਹਾਦਰ ਮਾਡਲ ਸੀਨੀਅਰ ਸੈਕੰਡਰੀ ਸਕੂਲ ਹੈਡੋਂ ਬੇਟ ਵਿਖੇ ਦੇਸ਼ ਦਾ ਆਜ਼ਾਦੀ ਦਿਹਾੜਾ ਬਹੁਤ ਹੀ ਉਤਸ਼ਾਹ ਅਤੇ ਦੇਸ਼-ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਖ਼ਾਸ ਮੌਕੇ 'ਤੇ ਸਕੂਲ ਕੈਂਪਸ ਨੂੰ ਤਿਰੰਗੇ ਝੰਡਿਆਂ ਅਤੇ ਰੰਗ-ਬਿਰੰਗੇ ਗੁਬਾਰਿਆਂ ਨਾਲ ਬਹੁਤ ਸੁੰਦਰ ਤਰੀਕੇ ਨਾਲ ਸਜਾਇਆ ਗਿਆ ਸੀ। ਸਮਾਗਮ ਦੀ ਸ਼ੁਰੂਆਤ ਐਮ.ਡੀ.ਮੈਡਮ ਹਰਪਾਲ ਕੌਰ ਅਤੇ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਨਾਲ ਹੋਈ। ਜਿਸ ਵਿੱਚ ਵਿਦਿਆਰਥੀਆਂ ਵੱਲੋਂ ਪਰੇਡ ਕਰਕੇ ਸਲਾਮੀ ਦਿੱਤੀ ਗਈ। ਜਿਸ ਤੋਂ ਬਾਅਦ ਸਾਰਿਆਂ ਨੇ ਮਿਲ ਕੇ ਰਾਸ਼ਟਰੀ ਗੀਤ ਗਾਇਆ। ਐਮ.ਡੀ.ਮੈਡਮ ਹਰਪਾਲ ਕੌਰ ਨੇ ਬੱਚਿਆਂ ਨੂੰ ਸੁਤੰਤਰਤਾ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਇਤਿਹਾਸ ਤੋਂ ਜਾਣੂ ਕਰਵਾਇਆ । ਇਸ ਦੇਸ਼-ਭਗਤੀ ਦੇ ਸਮਾਗਮ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ।

ਬੱਚਿਆਂ ਵੱਲੋਂ ਦੇਸ਼-ਭਗਤੀ ਦੇ ਗੀਤ, ਕਵਿਤਾਵਾਂ, ਭਾਸ਼ਣ ਅਤੇ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਪੇਸ਼ ਕੀਤੇ ਗਏ ਨਾਟਕ ਨੇ ਦੇਸ਼ ਦੀ ਆਜ਼ਾਦੀ ਲਈ ਕੁਰਬਾਨ ਹੋਣ ਵਾਲੇ ਵੀਰ ਸ਼ਹੀਦਾਂ ਦੀ ਯਾਦ ਤਾਜ਼ਾ ਕਰਵਾ ਦਿੱਤੀ।ਸਕੂਲ ਦੇ ਪ੍ਰਿੰਸੀਪਲ ਬੰਤ ਸਿੰਘ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਆਜ਼ਾਦੀ ਦੇ ਮਹੱਤਵ ਬਾਰੇ ਦੱਸਿਆ। ਉਨ੍ਹਾਂ ਨੇ ਬੱਚਿਆਂ ਨੂੰ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲਣ, ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਅਤੇ ਇੱਕ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ। ਇਸ ਸਮੇਂ ਸਕੂਲ ਦੇ ਵਾਈਸ ਪ੍ਰਿੰਸੀਪਲ ਰਜਿੰਦਰ ਸਿੰਘ ਬਾਜਵਾ ਤੇ ਬਾਕੀ ਸਟਾਫ ਮੈਂਬਰ ਵੀ ਮੌਜੂਦ ਸਨ।

# ਸਟੀ ਪੁਲਿਸ ਥਾਣਾ ਮੋਰਿੰਡਾ ਦੇ ਐਸਐਚ ਓ ਗਗਨਦੀਪ ਸਿੰਘ ਨੇ ਯੁਵਰਾਜ ਸ਼ਰਮਾ ਦੇ ਮੋਢਿਆਂ ਤੇ ਏ ਐਸ ਆਈ ਨਿਯੁਕਤ ਹੋਣ ਤੇ ਲਗਾਏ ਸਟਾਰ

**ਮੋਰਿੰਡਾ , 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**



ਜੇਕਰ ਇਨਸਾਨ ਚ ਆਪਣੀ ਜ਼ਿੰਦਗੀ ਵਿੱਚ ਕਿਸੇ ਮੁਕਾਮ ਨੂੰ ਹਾਸਲ ਕਰਨਾ ਜਜ਼ਬਾ ਹੋਵੇ ਤਾਂ ਉਹ ਆਪਣੀ ਮਿਹਨਤ ਦੇ ਸਹਾਰੇ ਆਖਰ ਇੱਕ ਨਾ ਇਕ ਦਿਨ ਆਪਣੇ ਮੁਕਾਮ ਨੂੰ ਹਾਸਲ ਕਰ ਹੀ ਲਵੇਗਾ ਜਿਸ ਨਾਲ ਉਸ ਨੂੰ ਆਪਣੀ ਕੀਤੀ ਹੋਈ ਮਿਹਨਤ ਤੇ ਬੜਾ ਮਾਣ ਮਹਿਸੂਸ ਹੋਵੇਗਾ ਇਹ ਵਿਚਾਰ ਸਿਟੀ ਪੁਲਿਸ ਥਾਣਾ ਮੋਰਿੰਡਾ ਦੇ ਇੰਚਾਰਜ ਇੰਸਪੈਕਟਰ ਗਗਨਦੀਪ ਸਿੰਘ ਨੇ ਆਪਣੇ ਥਾਣੇ ਦੇ ਇੱਕ ਹੌਲਦਾਰ ਏ ਐਸ ਆਈ ਨਿਯੁਕਤ ਹੋਣ ਤੇ ਯਵਰਾਜ ਸ਼ਰਮਾ ਦੇ ਮੋਢਿਆਂ ਤੇ ਸਟਾਰ ਲਗਾਉਂਦਿਆਂ ਪ੍ਰਗਟ ਕੀਤੇ ਇਸ ਮੌਕੇ ਉਹਨਾਂ ਕਿਹਾ ਕਿ ਮਾਣਯੋਗ ਐਸਐਸ ਪੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਯੁਵਰਾਜ ਸ਼ਰਮਾ ਨੂੰ ਹੈਡ ਕਾਂਸਟੇਬਲ ਤੋਂ ਏ ਐਸ ਆਈ ਨਿਯੁਕਤ ਕੀਤਾ ਗਿਆ ਹੈ ਇਸ ਮੌਕੇ ਯੁਵਰਾਜ ਸ਼ਰਮਾ ਵੱਲੋਂ ਆਪਣੇ ਸੀਨੀਅਰ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਉਹਨਾਂ ਨੂੰ ਅੱਜ ਇਹ ਵੱਡਾ ਮਾਣ ਮਿਲਿਆ ਹੈ ਉਸ ਨੂੰ ਉਹ ਬੜੀ ਹੀ ਤਨ ਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ

ਇਸ ਮੌਕੇ ਏ ਐਸ ਆਈ ਅੰਗਰੇਜ਼ ਸਿੰਘ ਏ ਐਸ ਆਈ ਵਿਸ਼ਾਲ ਕੁਮਾਰ ਹੈਡ ਮੁਣਸ਼ੀ ਰਵਿੰਦਰ ਸਿੰਘ ਹੈਡ ਕਾਂਸਟੇਬਲ ਪ੍ਰਿਤਪਾਲ ਸਿੰਘ ਸਮੇਤ ਹੋਰ ਵੀ ਮੁਲਾਜ਼ਮ ਹਾਜ਼ਰ ਸਨ

# ਬਾਬਾ ਨੰਦ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ ਬਰਸੀ ਨੂੰ ਸਮਰਪਿਤ ਹੋਵੇਗਾ ਪੰਚਮੀ ਦਾ ਤਿਉਹਾਰ

**ਮਾਛੀਵਾੜਾ ਸਾਹਿਬ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਤਾਰਨ ਦੇ ਪਿੰਡ ਠੱਠਗੜ ਵਿਖੇ ਧੰਨ ਧੰਨ ਸ਼੍ਰੀ ਗੁਰੂ ਅਮਰਦਾਸ ਜੀ ਦੇ ਪਾਵਨ ਅਤੇ ਪਵਿੱਤਰ ਅਸਥਾਨ ਤੇ ਅੱਜ ਸੋਮਵਾਰ ਨੂੰ ਇਲਾਕਾ ਨਿਵਾਸੀ ਦੇਸ਼ ਵਿਦੇਸ਼ ਵਸਦੀਆਂ ਸੰਗਤਾਂ ਦੇ ਸਹਿਯੋਗ ਨਾਲ ਪਵਿੱਤਰ ਪੰਚਮੀ ਦਾ ਦਿਹਾੜਾ ਸ਼ਰਧਾ ਪੂਰਵਕ ਮਨਾਇਆ ਜਾਵੇਗਾ ਸੋ ਬਾਬਾ ਨੰਦ ਸਿੰਘ ਜੀ ਕਲੇਰਾਂ ਨਾਨਕਸਰ ਵਾਲਿਆਂ ਦੀ ਬਰਸੀ ਨੂੰ ਸਮਰਪਿਤ ਹੋਵੇਗਾ। ਗੁਰਦੁਆਰਾ ਕਿਲਾ ਸਾਹਿਬ ਦੇ ਮੁਖੀ ਜਥੇਦਾਰ ਬਾਬਾ ਸੰਤ ਬਾਬਾ ਸ਼ੁੱਧ ਸਿੰਘ ਜੀ ਟੂਸਿਆਂ ਵਾਲੇ (ਮਾਛੀਵਾੜਾ ਸਾਹਿਬ ਵਾਲੇ )ਦੀ ਸੁਚੱਜੀ ਅਗਵਾਈ ਹੇਠ ਅੱਜ ਸੰਗਰਾਂਦ ਦੇ ਸੁਭ ਦਿਹਾੜੇ ਤੇ ਪੰਚਮੀ ਦਾ ਤਿਉਹਾਰ ਮਨਾਇਆ ਜਾ ਰਿਹਾ ਹੈ।

ਬੀਤੇ ਦਿਨੀ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਸਨ ਜਿਨਾਂ ਦੇ ਅੱਜ ਭੋਗ ਪਾਏ ਜਾਣਗੇ ਅਤੇ ਭੋਗ ਪੈਣ ਉਪਰੰਤ ਸੰਤ ਬਾਬਾ ਸੁੱਧ ਸਿੰਘ ਜੀ ਟੂਸਿਆਂ ਵਾਲੇ ਸੰਗਤਾਂ ਨੂੰ ਸਿੱਖ ਇਤਿਹਾਸ ਸੁਣਾ ਕੇ ਨਾਮ ਬਾਣੀ ਨਾਲ ਜੋੜਨਗੇ ।

ਬਾਬਾ ਸੁੱਧ ਸਿੰਘ ਵੱਲੋਂ ਸੰਗਤਾਂ ਨੂੰ ਬੇਨਤੀ ਕੀਤੀ ਗਈ ਹੈ ਕਿ ਇਸ ਮੌਕੇ ਉਹ ਇਤਿਹਾਸਿਕ ਸਥਾਨ ਤੇ ਦਰਸ਼ਨ ਕਰਨ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ । ਸੰਗਤਾਂ ਲਈ ਸਾਰਾ ਦਿਨ ਲੰਗਰ ਅਟੁੱਟ ਵਰਤਾਇਆ ਜਾਵੇਗਾ ।ਇਸ ਮੌਕੇ ਬਾਬਾ ਸੁੱਧ ਸਿੰਘ ਜੀ ਟੂਸਿਆਂ ਵਾਲੇ, ਭਾਈ ਸਰਬਜੀਤ ਸਿੰਘ, ਭਾਈ ਸਤਵੰਤ ਸਿੰਘ, ਬੀਬੀ ਜਸਵੀਰ ਕੌਰ, ਸਹਿਯੋਗੀ ਸਮਾਜ ਸੇਵੀ ਸੁਰਜੀਤ ਸਿੰਘ ਹੀਰਾ ਨਦਾਨੀ ਮੁੰਬਈ, ਸਮਾਜ ਸੇਵੀ ਬੀਬੀ ਹਰਮਿੰਦਰ ਕੌਰ ਹੀਰਾ ਨਾਦਾਨੀ ਮੁੰਬਈ, ਭਾਈ ਮਹਿੰਦਰ ਸਿੰਘ ਚਾਨਾ ਯੁਗਾਡਾ ਅਫਰੀਕਾ ਟਰਸਟ ਦੇ ਪ੍ਰਧਾਨ ਨਰਿੰਦਰ ਸਿੰਘ ਕਨੇਡਾ, ਮੀਤ ਪ੍ਰਧਾਨ ਹੀਰਾ ਸਿੰਘ ਕਨੇਡਾ, ਸਰਪੰਚ ਭੁਪਿੰਦਰ ਸਿੰਘ ਸੈਸੋਵਾਲ ਕਲਾਂ ਅਤੇ ਹੋਰ ਵੀ ਸਿੱਖ ਸੰਗਤਾਂ ਦਾ ਸੇਵਾਦਾਰ ਵਜੋਂ ਪੂਰਨ ਸਹਿਯੋਗ ਦਿੱਤਾ ਜਾਵੇਗਾ।

# ਉਤਰਾਂਚਲ ਸੋਸਾਇਟੀਆਂ) ਵਲੋਂ ਸਾਂਝੇ ਤੌਰ ਤੇ 80ਵਾਂ ਅਜਾਦੀ ਦਿਹਾੜਾ ਸੁਤੰਤਰਤਾ ਦਿਵਸ ਮਨਾਇਆ ਗਿਆ



**ਪਟਿਆਲਾ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਉਤਰਾਖੰਡ ਸਭਾ, ਪਟਿਆਲਾ ਅਤੇ ਉਤਰਾਂਚਲੀ ਕਲਚਰਲ ਅਤੇ ਵੈਲਫੇਅਰ ਸੋਸਾਇਟੀ (ਰਜਿ:) ਵਲੋਂ ਸਾਂਝੇ ਤੌਰ ਤੇ 80ਵਾਂ ਅਜਾਦੀ ਦਿਹਾੜਾ ਸੁਤੰਤਰਤਾ ਦਿਵਸ ਬੜੇ ਹੀ ਸ਼ਰਧਾ ਭਾਵ ਦੇ ਨਾਲ ਉਤਰਾਖੰਡ ਧਰਮਸ਼ਾਲਾ ਭਵਨ ਏਕਤਾ ਨਗਰ—ਬੀ ਵਿਖੇ ਮਨਾਇਆ ਗਿਆ। ਜਿਸ ਦੀ ਪ੍ਰਧਾਨਗੀ ਉਤਰਾਖੰਡ ਸਭਾ ਦੇ ਪ੍ਰਧਾਨ ਸ੍ਰੀ ਜ਼ੋਤ ਸਿੰਘ ਭੰਡਾਰੀ ਅਤੇ ਉਤਰਾਚਲੀ ਕਲਚਰਲ ਅਤੇ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਸ੍ਰੀ ਰਮੇਸ਼ ਭੰਡਾਰੀ ਵੱਲੋਂ ਸਾਂਝੇ ਤੌਰ ਤੇ ਨਿਭਾਈ ਗਈ। ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਵਾਰਡ ਨੰਬਰ 16 ਦੇ ਮਿਊਂਸਪਲ ਕੌਂਸਲਰ ਸ੍. ਜ਼ਸਵੰਤ ਸਿੰਘ ਸੈਣੀ ਵਲੋਂ ਅਦਾ ਕੀਤੀ ਗਈ। ਇਸ ਸ਼ੁਭ ਅਵਸਰ ਤੇ ਉਨ੍ਹਾਂ ਵੱਲੋਂ ਦੇਸ਼ ਦੀ ਸਮਾਜ ਦੀ ਤੇ ਪਟਿਆਲਾ ਦੀ ਸ਼ਾਨ ਬਰਕਰਾਰ ਰੱਖਦੇ ਹੋਏ ਸਾਰੇ ਲੋਕਾਂ ਨੂੰ ਕੰਮ ਕਰਨ ਦੀ ਅਪੀਲ ਕੀਤੀ ਗਈ। ਇਸ ਮੌਕੇ ਤੇ ਬੱਚਿਆਂ ਨੇ ਰਾਸ਼ਟਰੀ ਗੀਤ ਗਾਏ ਅਤੇ ਬੱਚਿਆਂ ਨੂੰ ਲੱਡੂ ਆਦਿ ਵੰਡੇ ਗਏ। ਇਸ ਸ਼ੁਭ ਅਵਸਰ ਤੇ ਭਗਤ ਸਿੰਘ ਭੰਡਾਰੀ, ਜੋਤ ਸਿੰਘ ਭੰਡਾਰੀ, ਰਮੇਸ਼ ਭੰਡਾਰੀ ਨੇ ਆਪਣੇ ਆਪਣੇ ਵਿਚਾਰ ਵਿਸਤਾਰ ਨਾਲ ਰੱਖੇ। ਇਸ ਅਵਸਰ ਤੇ ਸ੍ਰੀਮਤੀ ਰੋਸ਼ਨੀ ਦੇਵੀ, ਪੂਰਨਾ ਦੇਵੀ, ਸੁਨੀਤਾ ਦੇਵੀ, ਪਿਆਰੀ ਦੇਵੀ, ਗੁੱਡੀ ਦੇਵੀ, ਭਗਵਾਨ ਸਿੰਘ ਰਾਵਤ, ਸਰੋਪ ਸਿੰਘ ਰਾਵਤ, ਪਰਮ ਕੌਰ ਆਮ ਆਦਮੀ ਪਾਰਟੀ ਦੇ ਨੇਤਰੀ, ਬੀਨਾ ਦੇਵੀ ਨੇਗੀ, ਪ੍ਰਤਾਪ ਸਿੰਘ, ਪ੍ਰੇਮ ਸਿੰਘ ਪੰਵਾਰ, ਉੱਤਮ ਸਿੰਘ ਰਮੋਲਾ, ਗੋਬਿੰਦ ਸਿੰਘ ਨੇਗੀ, ਰਾਜਿੰਦਰ ਸਿੰਘ ਪਵਾਰ, ਦੇਵੇਂਦਰ ਸਿੰਘ ਰਮੋਲਾ ਤੋਂ ਇਲਾਵਾ ਕਿਰਤਨ ਮੰਡਲੀ ਏਕਤਾ ਨਗਰ ਦੇ ਮੈਂਬਰ ਸਾਹਿਬਾਨ ਹਾਜਰ ਆਏ।

# ਖੇਡਾਂ ਵਤਨ ਪੰਜਾਬ ਦੀਆਂ ਦੀ ਮਸ਼ਾਲ ਦਾ ਡਾ. ਬਲਬੀਰ ਸਿੰਘ ਵੱਲੋਂ ਸ਼ਾਨਦਾਰ ਸਵਾਗਤ



**ਪਟਿਆਲਾ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਪਟਿਆਲਾ ਵਿਖੇ ਪਹੁੰਚੀ ਮਸ਼ਾਲ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 5 ਸਤੰਬਰ ਤੋਂ ਬਠਿੰਡਾ ਵਿਖੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਦੀ ਸ਼ੁਰੂਆਤ ਕਰਵਾਈ ਜਾਵੇਗੀ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਨ੍ਹਾਂ ਖੇਡਾਂ ਤਹਿਤ ਬਲਾਕ ਪੱਧਰ 'ਤੇ 7, ਜ਼ਿਲ੍ਹਾ ਪੱਧਰ 'ਤੇ 28 ਅਤੇ ਸੂਬਾ ਪੱਧਰ 'ਤੇ 38 ਖੇਡਾਂ ਕਰਵਾਈਆਂ ਜਾਣਗੀਆਂ। ਇਨ੍ਹਾਂ ਖੇਡਾਂ ਵਿੱਚ ਹਰ ਉਮਰ ਵਰਗ ਦੇ ਲੋਕਾਂ ਨੂੰ ਭਾਗ ਲੈਣ ਦਾ ਮੌਕਾ ਮਿਲੇਗਾ। ਬੇਟੇ-ਬੇਟੀਆਂ ਤੋਂ ਲੈ ਕੇ ਦਾਦਾ-ਦਾਦੀ ਅਤੇ ਪੋਤਾ-ਪੋਤੀ ਤੱਕ ਹਰ ਕੋਈ ਇਨ੍ਹਾਂ ਖੇਡਾਂ ਦਾ ਹਿੱਸਾ ਬਣ ਸਕੇਗਾ।

ਉਨ੍ਹਾਂ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਹੁੰਮ-ਹੁਮਾ ਕੇ ਇਨ੍ਹਾਂ ਖੇਡਾਂ ਵਿੱਚ ਭਾਗ ਲੈਣ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਨੂੰ ਸਫ਼ਲ ਬਣਾਉਣ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ 'ਰੰਗਲਾ ਪੰਜਾਬ' ਬਣਾਉਣ ਦਾ ਜੋ ਸੁਪਨਾ ਦੇਖਿਆ ਗਿਆ ਹੈ, ਉਸ ਨੂੰ ਸਾਕਾਰ ਕਰਨ ਲਈ ਖੇਡਾਂ ਨਾਲ ਜੁੜਨਾ ਸਮੇਂ ਦੀ ਲੋੜ ਹੈ।

ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੱਦਾ ਦਿੰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਨੌਜਵਾਨ ਆਪਣੀ ਊਰਜਾ ਖੇਡਾਂ ਵਿੱਚ ਲਗਾਉਣ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਸਿੱਧੀ ਭਰਤੀ ਦੇ ਮੌਕੇ ਵੀ ਪ੍ਰਦਾਨ ਕੀਤੇ ਜਾ ਰਹੇ ਹਨ।

ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ, ਮਿਹਨਤ ਕਰਨ, ਇਨਾਮ ਜਿੱਤਣ ਅਤੇ ਆਪਣੀ ਖੇਡ ਪ੍ਰਤਿਭਾ ਦੇ ਦਮ 'ਤੇ ਰੋਜ਼ਗਾਰ ਦੇ ਮੌਕੇ ਹਾਸਲ ਕਰਨ।

ਉਨ੍ਹਾਂ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਸਿਰਫ਼ ਇੱਕ ਖੇਡ ਮੁਕਾਬਲਾ ਨਹੀਂ, ਸਗੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਖੇਡਾਂ ਨਾਲ ਜੋੜਨ ਅਤੇ ਪੰਜਾਬ ਤੇ ਦੇਸ਼ ਦਾ ਨਾਮ ਰੌਸ਼ਨ ਕਰਨ ਦਾ ਵੱਡਾ ਮੰਚ ਹੈ।

# ਆਈ.ਪੀ.ਆਰ.ਓ. ਅਮਨਪ੍ਰੀਤ ਸਿੰਘ ਮਨੌਲੀ ਦੇ ਪਿਤਾ ਮਨਜੀਤ ਸਿੰਘ ਮਨੌਲੀ ਨਮਿਤ ਅੰਤਿਮ ਅਰਦਾਸ ਹੋਈ



**ਮੋਹਾਲੀ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਵਜੋਂ ਸੇਵਾਵਾਂ ਨਿਭਾਅ ਚੁੱਕੇ ਅਤੇ ਮੌਜੂਦਾ ਸਮੇਂ ਮੁੱਖ ਮੰਤਰੀ ਦਫ਼ਤਰ, ਪੰਜਾਬ, ਚੰਡੀਗੜ੍ਹ ਵਿਖੇ ਮੀਡੀਆ ਡਿਊਟੀ 'ਤੇ ਤਾਇਨਾਤ ਸੂਚਨਾ ਤੇ ਲੋਕ ਸੰਪਰਕ ਅਫ਼ਸਰ ਸ੍ਰੀ ਅਮਨਪ੍ਰੀਤ ਸਿੰਘ ਮਨੌਲੀ ਦੇ ਸਵਰਗੀ ਪਿਤਾ ਸ੍ਰੀ ਮਨਜੀਤ ਸਿੰਘ ਮਨੌਲੀ ਨਮਿਤ ਅੰਤਿਮ ਅਰਦਾਸ ਅੱਜ ਗੁਰਦੁਆਰਾ ਢੱਕੀ ਸਾਹਿਬ, ਸੈਕਟਰ-82, ਮੋਹਾਲੀ ਵਿਖੇ ਹੋਈ।ਇਸ ਮੌਕੇ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ, ਪੱਤਰਕਾਰਾਂ, ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਅਧਿਕਾਰੀਆਂ ਅਤੇ ਸੇਵਾਮੁਕਤ ਅਧਿਕਾਰੀਆਂ ਤੋਂ ਇਲਾਵਾ ਰਾਜਨੀਤਕ ਅਤੇ ਸਮਾਜਿਕ ਖੇਤਰ ਦੀਆਂ ਸ਼ਖ਼ਸੀਅਤਾਂ ਨੇ ਸਵਰਗੀ ਮਨਜੀਤ ਸਿੰਘ ਮਨੌਲੀ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

ਅੰਤਿਮ ਅਰਦਾਸ ਮੌਕੇ ਬੁਲਾਰਿਆਂ ਨੇ ਸਵਰਗੀ ਮਨਜੀਤ ਸਿੰਘ ਮਨੌਲੀ ਵੱਲੋਂ 'ਪੰਜਾਬੀ ਟ੍ਰਿਬਿਊਨ' ਵਿੱਚ ਲਗਭਗ 36 ਸਾਲ ਨਿਭਾਈਆਂ ਸੇਵਾਵਾਂ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਅਦਾਰਾ ਪੰਜਾਬੀ ਟ੍ਰਿਬਿਊਨ ਪ੍ਰਤੀ ਯੋਗਦਾਨ, ਆਪਣੇ ਕਿੱਤੇ ਪ੍ਰਤੀ ਸਮਰਪਣ ਅਤੇ ਇਮਾਨਦਾਰੀ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ। ਬੁਲਾਰਿਆਂ ਨੇ ਦੱਸਿਆ ਕਿ ਉਨ੍ਹਾਂ ਨੇ 'ਪੰਜਾਬੀ ਟ੍ਰਿਬਿਊਨ' ਦੇ ਬਾਨੀ ਸੰਪਾਦਕ ਸ. ਬਰਜਿੰਦਰ ਸਿੰਘ ਹਮਦਰਦ ਤੋਂ ਲੈ ਕੇ ਸ੍ਰੀ ਵਰਿੰਦਰ ਸਿੰਘ ਵਾਲੀਆ ਤੱਕ ਵੱਖ-ਵੱਖ ਸੰਪਾਦਕਾਂ ਦੀ ਅਗਵਾਈ ਹੇਠ ਆਪਣੀਆਂ ਸੇਵਾਵਾਂ ਨਿਭਾਈਆਂ।ਇਸ ਮੌਕੇ ਬੁਲਾਰਿਆਂ ਵਿੱਚ 'ਦੈਨਿਕ ਟ੍ਰਿਬਿਊਨ' ਦੇ ਸੰਪਾਦਕ ਸ੍ਰੀ ਨਰੇਸ਼ ਕੌਸ਼ਲ, 'ਪੰਜਾਬੀ ਟ੍ਰਿਬਿਊਨ' ਦੇ ਸੇਵਾਮੁਕਤ ਵਿਸ਼ੇਸ਼ ਪ੍ਰਤੀਨਿਧ ਸ੍ਰੀ ਜਗਤਾਰ ਸਿੰਘ ਸਿੱਧੂ, ਪ੍ਰੈਸ ਕਲੱਬ ਮੋਹਾਲੀ ਤੋਂ ਸ੍ਰੀ ਸੁਖਦੇਵ ਸਿੰਘ ਪਟਵਾਰੀ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਵਧੀਕ ਨਿਰਦੇਸ਼ਕ ਸ੍ਰੀ ਰਣਦੀਪ ਸਿੰਘ ਆਹਲੂਵਾਲੀਆ ਸ਼ਾਮਲ ਸਨ।ਇਸ ਮੌਕੇ ਸ੍ਰੀ ਨਵਦੀਪ ਸਿੰਘ ਗਿੱਲ, 'ਪੰਜਾਬੀ ਟ੍ਰਿਬਿਊਨ' ਦੀ ਸੰਪਾਦਕ ਸ੍ਰੀਮਤੀ ਅਰਵਿੰਦਰ ਪਾਲ ਕੌਰ ਜੌਹਲ, 'ਦੈਨਿਕ ਟ੍ਰਿਬਿਊਨ' ਦੇ ਸੰਪਾਦਕ ਸ੍ਰੀ ਨਰੇਸ਼ ਕੌਸ਼ਲ, ਸੂਚਨਾ ਤੇ ਲੋਕ ਸੰਪਰਕ ਵਿਭਾਗ ਤੋਂ ਮੀਡੀਆ ਐਡਵਾਈਜ਼ਰ ਟੂ ਸੀ.ਐੱਮ. ਪੰਜਾਬ ਸ੍ਰੀ ਅਨਿਲ ਸੈਣੀ, ਵਧੀਕ ਨਿਰਦੇਸ਼ਕ ਸ੍ਰੀ ਰਣਦੀਪ ਸਿੰਘ ਆਹਲੂਵਾਲੀਆ, ਜੁਆਇੰਟ ਡਾਇਰੈਕਟਰ ਸ੍ਰੀ ਪ੍ਰੀਤ ਕੰਵਲ ਸਿੰਘ, ਸ੍ਰੀ ਇਸ਼ਵਿੰਦਰ ਸਿੰਘ ਗਰੇਵਾਲ ਅਤੇ ਸ੍ਰੀ ਮਨਵਿੰਦਰ ਸਿੰਘ, ਡਿਪਟੀ ਡਾਇਰੈਕਟਰ ਸ੍ਰੀ ਨਵਦੀਪ ਸਿੰਘ ਗਿੱਲ, 'ਪੰਜਾਬੀ ਟ੍ਰਿਬਿਊਨ' ਦੀ ਸੰਪਾਦਕ ਸ੍ਰੀਮਤੀ ਅਰਵਿੰਦਰ ਪਾਲ ਕੌਰ ਜੌਹਲ, 'ਦੈਨਿਕ ਟ੍ਰਿਬਿਊਨ' ਦੇ ਸੰਪਾਦਕ ਸ੍ਰੀ ਨਰੇਸ਼ ਕੌਸ਼ਲ, ਪੰਜਾਬ-ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾਈ ਪ੍ਰਧਾਨ ਸ੍ਰੀ ਜੈ ਸਿੰਘ ਛਿੱਬਰ, ਟ੍ਰਿਬਿਊਨ ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਸ੍ਰੀ ਅਨਿਲ ਗੁਪਤਾ, ਸ੍ਰੀ ਜਗਤਾਰ ਸਿੰਘ ਸਿੱਧੂ, ਸ੍ਰੀ ਸ਼ਾਮ ਸਿੰਘ 'ਅੰਗ ਸੰਗ', ਪ੍ਰੈਸ ਕਲੱਬ ਚੰਡੀਗੜ੍ਹ ਦੇ ਪ੍ਰਧਾਨ ਸ੍ਰੀ ਸੌਰਵ ਦੁੱਗਲ, ਜਨਰਲ ਸਕੱਤਰ ਸ੍ਰੀ ਰਾਜੇਸ਼ ਢੱਲ, ਪ੍ਰੈਸ ਕਲੱਬ ਮੋਹਾਲੀ ਤੋਂ ਸ੍ਰੀ ਗੁਰਮੀਤ ਸਿੰਘ ਸ਼ਾਹੀ, ਸ੍ਰੀ ਸੁਖਦੇਵ ਸਿੰਘ ਪਟਵਾਰੀ ਅਤੇ ਸ੍ਰੀ ਮਨਜੀਤ ਚਾਨਾ ਸਮੇਤ ਵੱਡੀ ਗਿਣਤੀ ਵਿੱਚ ਸੇਵਾਮੁਕਤ ਪੱਤਰਕਾਰ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਸੇਵਾਮੁਕਤ ਅਧਿਕਾਰੀ ਹਾਜ਼ਰ ਸਨ।ਰਾਜਨੀਤਕ ਖੇਤਰ ਤੋਂ ਸਾਬਕਾ ਕੈਬਨਿਟ ਮੰਤਰੀ ਸ੍ਰੀ ਬਲਬੀਰ ਸਿੰਘ, ਸ੍ਰੀ ਕੁਲਜੀਤ ਸਿੰਘ ਬੇਦੀ ਅਤੇ ਸ੍ਰੀ ਪਰਮਿੰਦਰ ਸਿੰਘ ਸੋਹਾਣਾ ਨੇ ਵੀ ਸ਼ਿਰਕਤ ਕਰਕੇ ਸਵਰਗੀ ਮਨਜੀਤ ਸਿੰਘ ਮਨੌਲੀ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਸ੍ਰੀ ਅਮਨਪ੍ਰੀਤ ਸਿੰਘ ਮਨੌਲੀ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

# ਚੰਡੀਗੜ੍ਹ ਵਿੱਚ ਹਰ ਘਰ ਤਿਰੰਗਾ ਰਨ ਦੇਸ਼ ਭਗਤੀ ਦੇ ਜੋਸ਼ ਨਾਲ ਸਫ਼ਲਤਾਪੂਰਵਕ ਆਯੋਜਿਤ

**ਚੰਡੀਗੜ੍ਹ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਖੇਡ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਹਰ ਘਰ ਤਿਰੰਗਾ ਮੁਹਿੰਮ ਦੇ ਤਹਿਤ ਸਪੋਰਟਸ ਕੰਪਲੈਕਸ, ਸੈਕਟਰ-42, ਚੰਡੀਗੜ੍ਹ ਵਿਖੇ 'ਹਰ ਘਰ ਤਿਰੰਗਾ ਰਨ' ਦਾ ਆਯੋਜਨ ਕੀਤਾ ਗਿਆ। ਇਸ ਰਨ ਨੂੰ ਸ਼੍ਰੀ ਸੌਰਭ ਕੁਮਾਰ ਅਰੋੜਾ, ਪੀਸੀਐੱਸ, ਡਾਇਰੈਕਟਰ ਸਪੋਰਟਸ, ਚੰਡੀਗੜ੍ਹ ਪ੍ਰਸ਼ਾਸਨ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਅਤੇ ਉਹ ਖ਼ੁਦ ਵੀ ਪ੍ਰਤੀਭਾਗੀਆਂ ਨਾਲ ਰਨ ਵਿੱਚ ਸ਼ਾਮਲ ਹੋਏ। ਇਸ ਅਵਸਰ 'ਤੇ ਖਿਡਾਰੀਆਂ, ਕੋਚਾਂ, ਅਧਿਕਾਰੀਆਂ ਅਤੇ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਸਹਿਤ ਲਗਭਗ 500 ਪ੍ਰਤੀਭਾਗੀਆਂ ਨੇ ਉਤਸ਼ਾਹਪੂਰਵਕ ਹਿੱਸਾ ਲਿਆ।

ਇੱਕ ਘੰਟੇ ਦੀ ਇਸ ਰਨ ਦੀ ਸ਼ੁਰੂਆਤ ਸਵੇਰੇ 6:15 ਵਜੇ ਸਾਰੇ ਪ੍ਰਤੀਭਾਗੀਆਂ ਦੁਆਰਾ ਸਮੂਹਿਕ ਤੌਰ 'ਤੇ ਰਾਸ਼ਟਰੀ ਗੀਤ ਵੰਦੇ ਮਾਤਰਮ ਦੇ ਗਾਇਨ ਨਾਲ ਹੋਈ। ਇਸ ਤੋਂ ਬਾਅਦ ਹਰ ਘਰ ਤਿਰੰਗਾ ਸਹੁੰ ਚੁਕਾਈ ਗਈ, ਜਿਸ ਵਿੱਚ ਪ੍ਰਤੀਭਾਗੀਆਂ ਨੇ ਰਾਸ਼ਟਰੀ ਝੰਡੇ, ਰਾਸ਼ਟਰੀ ਏਕਤਾ ਅਤੇ ਦੇਸ਼ ਭਗਤੀ ਦੀ ਭਾਵਨਾ ਦੇ ਪ੍ਰਤੀ ਆਪਣੀ ਪ੍ਰਤੀਬੱਧਤਾ ਦੁਹਰਾਈ।

ਵਿਸ਼ੇਸ਼ ਜ਼ਰੂਰਤ ਵਾਲੇ ਬੱਚਿਆਂ ਦੀ ਭਾਗੀਦਾਰੀ ਨੇ ਇਸ ਆਯੋਜਨ ਨੂੰ ਸਮਾਵੇਸ਼ੀ ਸਰੂਪ ਪ੍ਰਦਾਨ ਕੀਤਾ ਅਤੇ ਹਰ ਘਰ ਤਿਰੰਗਾ ਮੁਹਿੰਮ ਨਾਲ ਜੁੜੇ ਏਕਤਾ ਅਤੇ ਦੇਸ਼ ਭਗਤੀ ਦੇ ਭਾਵ ਨੂੰ ਹੋਰ ਮਜ਼ਬੂਤ ਕੀਤਾ। ਖੇਡ ਵਿਭਾਗ ਨੇ ਪ੍ਰੋਗਰਾਮ ਨੂੰ ਸੁਚਾਰੂ ਰੂਪ ਨਾਲ ਸੰਪੰਨ ਕਰਵਾਉਣ ਵਿੱਚ ਸਹਿਯੋਗ ਦੇਣ ਲਈ ਸਾਰੇ ਪ੍ਰਤੀਭਾਗੀਆਂ, ਅਧਿਕਾਰੀਆਂ, ਕੋਚਾਂ, ਕਰਮਚਾਰੀਆਂ ਅਤੇ ਸਹਿਯੋਗੀ ਸਟਾਫ਼ ਦੀ ਉਤਸ਼ਾਹਪੂਰਨ ਭਾਗੀਦਾਰੀ ਅਤੇ ਸਹਿਯੋਗ ਦੀ ਸ਼ਲਾਘਾ ਕੀਤੀ।

ਇਸ ਅਵਸਰ 'ਤੇ ਡਾ. ਅਤੁਲ ਧਕਨੇ, ਡੈਨਿਕਸ, ਐਡੀਸ਼ਨਲ ਡਾਇਰੈਕਟਰ ਸਪੋਰਟਸ; ਡਾ. ਮਹਿੰਦਰ ਸਿੰਘ, ਜੁਆਇੰਟ ਡਾਇਰੈਕਟਰ ਸਪੋਰਟਸ; ਅਤੇ ਡਾ. ਭਗਵੰਤ ਸਿੰਘ, ਆਈਵਾਈਏ, ਖੇਡ ਵਿਭਾਗ, ਸਹਿਤ ਹੋਰ ਅਧਿਕਾਰੀ, ਕੋਚ, ਕਰਮਚਾਰੀ ਅਤੇ ਖੇਡ ਜਗਤ ਨਾਲ ਜੁੜੇ ਮੈਂਬਰ ਉਪਸਥਿਤ ਰਹੇ।

# ਭਾਰਤੀ ਜਨਤਾ ਪਾਰਟੀ ਨੂੰ ਮਿਲਿਆ ਵੱਡਾ ਬਲ, ਸੈਂਕੜੇ ਨੌਜਵਾਨ ਭਾਜਪਾ 'ਚ ਸ਼ਾਮਲ, ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕੀਤਾ ਸਵਾਗਤ

**ਮੁਹਾਲੀ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**



ਭਾਰਤੀ ਜਨਤਾ ਪਾਰਟੀ ਨੂੰ ਉਸ ਸਮੇਂ ਵੱਡਾ ਬਲ ਮਿਲਿਆ, ਜਦੋਂ ਮੋਹਾਲੀ ਦੇ ਮੁੱਲਾਂਪੁਰ ਵਿਖੇ ਰੱਖੇ ਸਮਾਗਮ ਵਿੱਚ ਮੋਹਿਤ ਜੰਡ ਦੀ ਪ੍ਰੇਰਨਾ ਸਦਕਾ ਵੱਡੀ ਗਿਣਤੀ 'ਚ ਨੌਜਵਾਨ ਪਾਰਟੀ ਵਿੱਚ ਸ਼ਾਮਲ ਹੋਏ। ਇਹਨਾਂ ਨੌਜਵਾਨਾਂ ਨੂੰ ਭਾਜਪਾ ਦੇ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਬੀਜੇਪੀ ਵਿੱਚ ਸ਼ਾਮਲ ਕਰਵਾਇਆ।

ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਸਭ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਨੌਜਵਾਨਾਂ ਨੇ ਪੰਜਾਬ ਦੇ ਸੁਨਹਿਰੀ ਤੇ ਚੰਗੇ ਭਵਿੱਖ ਲਈ ਭਾਜਪਾ ਵਿੱਚ ਸ਼ਾਮਲ ਹੋ ਕੇ ਸਹੀ ਰਸਤਾ ਚੁਣਿਆ ਹੈ। ਉਹਨਾਂ ਕਿਹਾ ਕਿ ਨੌਜਵਾਨ ਕਿਸੇ ਵੀ ਦੇਸ਼ ਜਾਂ ਸੂਬੇ ਦੀ ਸਭ ਤੋਂ ਵੱਡੀ ਤਾਕਤ ਹੁੰਦੇ ਹਨ। ਪੰਜਾਬ ਦੇ ਨੌਜਵਾਨਾਂ ਵਰਗਾ ਜੋਸ਼ ਤੇ ਮਿਹਨਤ ਹੋਰ ਕਿਤੇ ਨਹੀਂ, ਪਰ ਮੌਜੂਦਾ ਸਮੇਂ ਇਸ ਜੋਸ਼ ਨੂੰ ਸਹੀ ਦਿਸ਼ਾ ਦੇਣ ਦੀ ਸਖ਼ਤ ਲੋੜ ਹੈ। ਸੂਬਾ ਪ੍ਰਧਾਨ ਢਿੱਲੋਂ ਨੇ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਕਿਹਾ ਕਿ 'ਆਪ' ਨੇ ਤਿੰਨ ਮਹੀਨਿਆਂ 'ਚ ਨਸ਼ਾ ਖ਼ਤਮ ਕਰਨ ਦਾ ਦਾਅਵਾ ਕੀਤਾ ਸੀ, ਪਰ ਅੱਜ ਹਾਲਾਤ ਸਭ ਦੇ ਸਾਹਮਣੇ ਹਨ। ਬੇਰੁਜ਼ਗਾਰੀ ਅਤੇ ਨਸ਼ੇ ਨੇ ਸਾਡੀ ਜਵਾਨੀ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ ਅਤੇ ਹਰ ਨੌਜਵਾਨ ਆਪਣੇ ਭਵਿੱਖ ਨੂੰ ਲੈ ਕੇ ਡੂੰਘੀ ਚਿੰਤਾ ਵਿੱਚ ਹੈ। ਜੇਕਰ ਪੰਜਾਬ ਨੂੰ ਨਸ਼ੇ ਦੇ ਇਸ ਦਲਦਲ ਤੋਂ ਬਚਾਉਣਾ ਹੈ, ਤਾਂ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਹੀ ਇਕੋ-ਇਕ ਹੱਲ ਹੈ।

ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਮੌਜੂਦਾ ਸਰਕਾਰ ਕੋਲ ਨਾ ਤਾਂ ਸਰਕਾਰੀ ਨੌਕਰੀਆਂ ਦੀ ਕੋਈ ਨੀਤੀ ਹੈ ਤੇ ਨਾ ਹੀ ਪ੍ਰਾਈਵੇਟ ਖੇਤਰ ਲਈ। ਸਰਕਾਰ ਦਾ ਪੂਰਾ ਜ਼ੋਰ ਸਿਰਫ਼ ਇਸ਼ਤਿਹਾਰਬਾਜ਼ੀ 'ਤੇ ਲੱਗਿਆ ਹੋਇਆ ਹੈ। ਸੂਬੇ ਦੀ ਇੰਡਸਟਰੀ ਪੰਜਾਬ ਛੱਡ ਕੇ ਜਾ ਰਹੀ ਹੈ, ਜਦਕਿ ਰੁਜ਼ਗਾਰ ਉਦਯੋਗਾਂ ਨਾਲ ਹੀ ਸੰਭਵ ਹੈ। ਉਹਨਾਂ ਗੁਆਂਢੀ ਸੂਬੇ ਹਰਿਆਣਾ ਦੀ ਉਦਾਹਰਨ ਦਿੰਦਿਆਂ ਕਿਹਾ ਕਿ ਇਕੱਲਾ ਗੁਰੂਗ੍ਰਾਮ ਹੀ ਪੂਰੀ ਸਰਕਾਰ ਚਲਾ ਰਿਹਾ ਹੈ ਅਤੇ ਲੱਖਾਂ ਨੌਜਵਾਨਾਂ ਨੂੰ ਰੁਜ਼ਗਾਰ ਦੇ ਰਿਹਾ ਹੈ।

ਢਿੱਲੋਂ ਨੇ ਸੂਬੇ ਦੀ ਵਿਗੜ ਰਹੀ ਕਾਨੂੰਨ ਵਿਵਸਥਾ, ਗੈਂਗਸਟਰਵਾਦ ਅਤੇ ਖੇਤੀਬਾੜੀ 'ਚ ਐਮ.ਐਸ.ਪੀ. ਵਰਗੇ ਅਹਿਮ ਮੁੱਦਿਆਂ 'ਤੇ ਵੀ ਸਰਕਾਰ ਨੂੰ ਘੇਰਿਆ। ਉਹਨਾਂ ਕਿਹਾ ਕਿ ਸਰਕਾਰ ਦੇ 'ਸਿੱਖਿਆ ਕ੍ਰਾਂਤੀ' ਤੇ 'ਸਿਹਤ ਕ੍ਰਾਂਤੀ' ਦੇ ਦਾਅਵੇ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਏ ਹਨ। ਸਕੂਲਾਂ-ਕਾਲਜਾਂ 'ਚ 31 ਹਜ਼ਾਰ ਅਧਿਆਪਕਾਂ ਦੀਆਂ ਪੋਸਟਾਂ ਖਾਲੀ ਹਨ ਅਤੇ 2400 ਪ੍ਰੋਫੈਸਰਾਂ ਦੀ ਘਾਟ ਹੈ। ਇਸੇ ਤਰ੍ਹਾਂ 16 ਮੈਡੀਕਲ ਕਾਲਜ ਬਣਾਉਣ ਦੇ ਵਾਅਦੇ ਅਧੂਰੇ ਹਨ। ਸੂਬੇ 'ਤੇ ਕਰਜ਼ਾ 2 ਲੱਖ 82 ਹਜ਼ਾਰ ਕਰੋੜ ਰੁਪਏ ਤੋਂ ਵਧ ਕੇ ਸਾਢੇ ਚਾਰ ਲੱਖ ਕਰੋੜ ਰੁਪਏ ਤੱਕ ਪਹੁੰਚ ਚੁੱਕਾ ਹੈ।

ਉਹਨਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਨੂੰ ਇਸ ਸੰਕਟ 'ਚੋਂ ਸਿਰਫ਼ ਭਾਜਪਾ ਦੀ 'ਡਬਲ ਇੰਜਣ' ਸਰਕਾਰ ਹੀ ਕੱਢ ਸਕਦੀ ਹੈ। ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 'ਚ ਨੌਜਵਾਨਾਂ ਦੀ ਭੂਮਿਕਾ ਸਭ ਤੋਂ ਮਹੱਤਵਪੂਰਨ ਹੋਵੇਗੀ। ਭਾਜਪਾ ਦਾ ਟੀਚਾ ਸਿਰਫ਼ ਚੋਣਾਂ ਜਿੱਤਣਾ ਨਹੀਂ, ਸਗੋਂ ਇੱਕ ਮਜ਼ਬੂਤ, ਖੁਸ਼ਹਾਲ, ਨਸ਼ਾ-ਮੁਕਤ ਅਤੇ ਰੁਜ਼ਗਾਰਯੁਕਤ ਪੰਜਾਬ ਦਾ ਨਿਰਮਾਣ ਕਰਨਾ ਹੈ।

ਸ਼ਾਮਲ ਹੋਏ ਸਾਰੇ ਨੌਜਵਾਨਾਂ ਨੂੰ ਭਰੋਸਾ ਦਿਵਾਉਂਦਿਆਂ ਉਹਨਾਂ ਕਿਹਾ ਕਿ ਪਾਰਟੀ ਹਰ ਇੱਕ ਦੀ ਮਿਹਨਤ ਤੇ ਸਮਰੱਥਾ ਦਾ ਪੂਰਾ ਮਾਣ-ਸਨਮਾਨ ਕਰੇਗੀ। ਉਹਨਾਂ ਨੌਜਵਾਨਾਂ ਨੂੰ ਅੱਗੇ ਆ ਕੇ ਜ਼ਿੰਮੇਵਾਰੀ ਸੰਭਾਲਣ ਅਤੇ ਪੰਜਾਬ ਦੀ ਰਾਜਨੀਤੀ 'ਚ ਆਪਣੀ ਮਜ਼ਬੂਤ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ।

ਇਸ ਮੌਕੇ ਉਹਨਾਂ ਨਾਲ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ, ਪੰਜਾਬ ਭਾਜਪਾ ਦੇ ਉਪ ਪ੍ਰਧਾਨ ਸੁਭਾਸ਼ ਸ਼ਰਮਾ, ਉਪ ਪ੍ਰਧਾਨ ਰਣਜੀਤ ਸਿੰਘ ਗਿੱਲ, ਸੀਨੀਅਰ ਨੇਤਾ ਫਤਹਿਜੰਗ ਸਿੰਘ ਬਾਜਵਾ, ਜ਼ਿਲ੍ਹਾ ਪ੍ਰਧਾਨ ਮੋਹਾਲੀ ਸੰਜੀਵ ਵਸ਼ਿਸ਼ਟ, ਐਨ.ਕੇ ਵਰਮਾ ਤੇ ਹੋਰ ਵੱਡੀ ਗਿਣਤੀ ਵਿੱਚ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜ਼ਨਾ ਤਹਿਤ ਧਾਰਮਿਕ ਸਥਾਨਾਂ ਦਾ ਵਾਧਾ

**ਬਠਿੰਡਾ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਪਿਛਲੇ ਸਮੇਂ ਦੌਰਾਨ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜ਼ਨਾ ਦੌਰਾਨ ਆਮ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਪਹਿਲਾਂ ਕਰਵਾਏ ਜਾ ਰਹੇ ਧਾਰਮਿਕ ਅਸਥਾਨਾਂ ਦੇ ਨਾਲ-ਨਾਲ 3 ਹੋਰ ਤੀਰਥ ਸਥਾਨਾਂ ਦਾ ਵਿਸਥਾਰ ਕੀਤਾ ਗਿਆ ਹੈ।

ਇਹ ਜਾਣਕਾਰੀ ਨਗਰ ਨਿਗਮ ਦੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਸਾਂਝੀ ਕੀਤੀ।

ਮੇਅਰ ਨਗਰ ਨਿਗਮ ਸ੍ਰੀ ਪਦਮਜੀਤ ਸਿੰਘ ਮਹਿਤ ਨੇ ਦੱਸਿਆ ਕਿ ਜਿਹੜੇ 3 ਤੀਰਥ ਸਥਾਨਾਂ ਦਾ ਵਿਸਥਾਰ ਕੀਤਾ ਗਿਆ ਹੈ, ਉਨ੍ਹਾਂ ਵਿੱਚ ਸ੍ਰੀ ਸਾਲਾਸਰ ਬਾਲਾਜੀ ਧਾਮ ਤੇ ਖਾਟੂ ਸ਼ਾਮ ਜੀ, ਦੂਜਾ ਹਰਿਦੁਆਰ ਤੇ ਰਿਸ਼ੀਕੇਸ ਜੀ ਅਤੇ ਵਰਿੰਦਾਵਨ ਤੇ ਮਥੁਰਾ ਜੀ ਨੂੰ ਸ਼ਾਮਲ ਕੀਤਾ ਗਿਆ ਹੈ।

ਸ੍ਰੀ ਮਹਿਤਾ ਨੇ ਦੱਸਿਆ ਕਿ ਬਠਿੰਡਾ ਵਾਸੀਆਂ ਨੂੰ ਇਨ੍ਹਾਂ ਤੀਰਥ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਜ਼ੋਨ ਇੰਚਾਰਜ ਸ੍ਰੀ ਰਾਕੇਸ਼ ਪੁਰੀ ਤੇ ਜ਼ਿਲ੍ਹਾ ਇੰਚਾਰਜ ਸ੍ਰੀ ਅਮਰਦੀਪ ਸਿੰਘ ਰਾਜਨ ਦੀ ਦੇਖਰੇਖ ਹੇਠ 20 ਅਗਸਤ ਸ਼ਾਮ 6 ਵਜੇ ਫਾਇਰ ਬਿਗ੍ਰੇਡ ਚੌਂਕ ਤੋਂ 2-2 ਬੱਸਾਂ ਰਵਾਨਾ ਕੀਤੀਆਂ ਜਾਣਗੀਆਂ। ਉਸ ਤੋਂ ਬਾਅਦ 23 ਅਗਸਤ ਤੇ 29 ਅਗਸਤ ਨੂੰ ਹੋਰ ਬੱਸਾਂ ਵੀ ਇਨ੍ਹਾਂ ਤਿੰਨਾਂ ਧਾਰਮਿਕ ਸਥਾਨਾਂ ਲਈ ਰਵਾਨਾ ਕੀਤੀਆਂ ਜਾਣਗੀਆਂ।

ਮੇਅਰ ਸ੍ਰੀ ਮਹਿਤਾ ਨੇ 9 ਅਗਸਤ ਨੂੰ ਬਠਿੰਡਾ ਵਿਖੇ ਕਰਵਾਏ ਗਏ ਪ੍ਰੋਗਰਾਮ ਹਮਾਰੇ ਰਾਮ ਪਲੇਅ ਬਾਰੇ ਕਿਹਾ ਕਿ ਬਠਿੰਡਾ ਵਾਸੀਆਂ ਨੇ ਇਸ ਪ੍ਰੋਗਰਾਮ ਨੂੰ ਬਹੁਤ ਹੀ ਭਰਵਾਂ ਹੁੰਗਾਰਾ ਦਿੱਤਾ ਹੈ ਅਤੇ ਇਸ ਪ੍ਰੋਗਰਾਮ ਨੂੰ ਬਹੁਤ ਹੀ ਸਲਾਹਿਆ ਗਿਆ ਹੈ।

ਮਿੰਨੀ ਕਹਾਣੀਆਂ



## ਟਿਊਸ਼ਨ

• ਇਕਵਾਕ ਸਿੰਘ ਪੱਟੀ

ਉਜਾਗਰ ਸਿੰਘ ਸੱਥ ਵਿਚ ਬੈਠੇ ਬੰਦਿਆਂ ਨੂੰ ਦੱਸਣ ਲੱਗਾ ਕਿ ਜਦ ਉਹ ਆਪਣੇ ਪੋਤੇ ਨੂੰ ਸਕੂਲ ਦਾਖਲ ਕਰਵਾਉਣ ਗਿਆ ਤਾਂ ਹਰ ਚੀਜ਼ ਸਕੂਲ ਤੋਂ ਲੈਣੀ ਪਈ ਜਿਵੇਂ ਕਾਪੀਆਂ, ਪੈਂਸਿਲਾਂ, ਪੈੱਨ, ਫੁੱਟਾ, ਰਬੜ-ਸ਼ਾਪਨਰ, ਜੁਮੈਟਰੀ, ਕਿਤਾਬਾਂ, ਬੈਗ, ਕਾਪੀਆਂ ਦੇ ਕਵਰ, ਬੂਟ-ਜ਼ੁਰਾਬਾਂ, ਪੈਂਟ-ਕਮੀਜ਼, ਟਾਈ-ਬੈਲਟ, ਬੈਚ, ਰੁਮਾਲ ਅਤੇ ਹੋਰ ਬਹੁਤ ਨਿੱਕ-ਸੁੱਕ ਦੇ ਨਾਲ ਮੋਟੀ ਫ਼ੀਸ। ਹਰ ਚੀਜ਼ ਤੇ ਸਕੂਲ ਦਾ ਨਾਂ ਛਪਿਆ ਹੋਇਆ ਸੀ।

ਇਹ ਸੁਣ ਗੁਰਬਚਨ ਸਿੰਘ ਕਹਿਣ ਲੱਗਾ, ਚੱਲ ਰੱਬ ਨੇ ਦਿੱਤਾ ਹੈ ਤਾਂ ਬੱਚਿਆਂ ਤੇ ਹੀ ਖਰਚ ਕਰਨਾ ਆਪਾਂ, ਨਾਲੇ ਮਹਿੰਗੇ ਤੇ ਵਧੀਆ ਸਕੂਲ ਵਿੱਚ ਪੜ੍ਹਾਈ ਵਧੀਆ ਕਰ ਲਊਗਾ ਜੁਆਕ। ਪੜ੍ਹਾਈ ਵਾਲੀ ਗੱਲ ਸੁਣਦਿਆਂ ਵਿੱਚੋਂ ਹੀ ਟੋਕ ਕੇ ਉਜਾਗਰ ਸਿੰਘ ਕਹਿਣ ਲੱਗਾ, ਪੜ੍ਹਾਈ ਲਈ ਤਾਂ ਟਿਊਸ਼ਨ ਰਖਵਾਈ ਆ ਬਾਹਰ। ਸਕੂਲਾਂ ਵਿਚ ਤਾਂ ਬੱਸ ਹੁਣ ਕਾਰੋਬਾਰ ਹੀ ਹੁੰਦਾ ਪੜ੍ਹਾਉਣ-ਲਿਖਾਉਣ ਦੇ ਕੰਮ ਦਾ ਤਾਂ ਬੱਸ ਰੱਬ ਹੀ ਰਾਖਾ...! •



## ਸ਼ਰਾਧ

ਅੱਜ ਪ੍ਰਸ਼ਿਨੀ ਨੇ ਅਪਣੇ ਸਹੁਰੇ ਦੇ ਪਿਤਾ ਦਾ ਸ਼ਰਾਧ ਪਾਉਣਾ ਹੈ। ਉਹ ਪੂਰੀ ਤਿਆਰੀ ਕਰ ਕੇ ਪੰਡਿਤ ਦੇ ਆਉਣ ਦੀ ਉਡੀਕ ਵਿਚ ਹੈ ਪਰ ਬਾਹਮਣ ਨੇ ਪਹਿਲਾਂ ਹੋਰ ਕਈ ਘਰਾਂ ਦੇ ਸ਼ਰਾਧ ਖਾਣ ਜਾਣਾ ਹੈ, ਜਿਸ ਕਰਕੇ ਕਾਫ਼ੀ ਦੇਰ ਹੋ ਗਈ। ਘਰ ਦੇ ਛੋਟੇ-ਛੋਟੇ ਬੱਚੇ ਦੇਰ ਕਾਰਨ ਭੁੱਖ ਨਾਲ ਵਿਲਕ ਦੇ ਦਾਦੇ ਤੋਂ ਦੇਖੇ ਨਾ ਗਏ।

ਮਨ ਵਿਚ ਸੋਚਦਾ ਹੋਇਆ ਆਪਣੀ ਨਹੁੰ ਨੂੰ ਬੋਲਿਆ, 'ਬਹੂ ਰਾਣੀ, ਇਨ੍ਹਾਂ ਬੱਚਿਆਂ ਨੂੰ ਭੁੱਖਾ ਕਿਉਂ ਮਾਰਿਆ ਹੈ। ਦੇਖ ਤਾਂ ਭਾਈ ਇਨ੍ਹਾਂ ਦਾ ਕਿੰਨਾਂ ਬੁਰਾ ਹਾਲ ਹੋਇਆ ਪਿਆ ਹੈ...।' ਅਪਣੀ ਬਹੂ (ਨੂੰਹ ਰਾਣੀ) ਨੂੰ ਤਾਕੀਦ ਕਰਦਾ ਸਹੁਰਾ ਬੋਲਿਆ, 'ਲਿਆ ਭਾਈ ਇਨ੍ਹਾਂ ਬੱਚਿਆਂ ਨੂੰ ਖਾਣ ਨੂੰ ਦੇ, ਜੋ ਕੁਝ ਮੇਰੇ ਪਿਤਾ ਦੇ ਸ਼ਰਾਧ ਲਈ ਤਿਆਰ ਕੀਤਾ ਹੈ। ਭੁੱਖ ਨਾਲ ਵਿਲਕਦੇ ਬੱਚਿਆਂ ਨੂੰ ਭੋਜਨ ਸਮੇਂ ਸਿਰ ਖਵਾ ਦੇਣਾ ਹੀ ਸ਼ਰਾਧ ਖਵਾਉਣ ਤੋਂ ਵੀ ਮਹਾਨ ਤੇ ਸ਼ੁਭ ਕੰਮ ਹੈ।' ਦਾਦਾ ਬੱਚਿਆਂ ਨੂੰ ਰੋਟੀ (ਸ਼ਰਾਧ) ਖਾਂਦਿਆਂ ਵੇਖ ਕੇ ਬਹੁਤ ਹੀ ਖ਼ੁਸ਼ੀ ਮਹਿਸੂਸ ਕਰ ਰਿਹਾ ਸੀ ਤੇ ਸੋਚ ਰਿਹਾ ਸੀ 'ਅਸਲ ਸ਼ਰਾਧ ਤਾਂ ਮੈਂ ਅੱਜ ਪਾਇਆ ਹੈ'।

• ਰਣਜੀਤ ਆਜ਼ਾਦ ਕਾਂਝਲਾ

# ਉਸਤਾਦ ਗ਼ਜ਼ਲਗੋ ਗੁਰਦੀਪ ਭਾਟੀਆ 'ਦੀਪ'



ਅਮਰਜੀਤ ਸਿੰਘ ਸੰਧੂ
ਮੋਬਾਈਲ : 94636-13528

*ਗੁਰਦੀਪ ਨੇ ਮਲੇਰਕੋਟਲੇ ਇਕ ਵੱਡਾ ਸਾਹਿਤਕ ਸਮਾਗਮ ਰੱਖ ਲਿਆ, ਜਿਸ ਦੀ ਪ੍ਰਧਾਨਗੀ ਡਾ. ਸਾਧੂ ਸਿੰਘ ਹਮਦਰਦ ਅਤੇ ਉਨ੍ਹਾਂ ਦੀ ਸੁਪਤਨੀ ਬੀਬੀ ਪ੍ਰਕਾਸ਼ ਕੌਰ ਨੇ ਕਰਨੀ ਸੀ। ਸਾਰੇ ਮਲੇਰਕੋਟਲੇ ਦੇ ਸਾਹਿਤਕ ਹਲਕਿਆਂ ਵਿਚ ਦੀਪ ਦਾ ਮੌਜੂ ਉਡਾਇਆ ਗਿਆ ਕਿ ਇਕ 'ਫੇਰੀ ਲਾਉਣ ਵਾਲੇ' ਦੇ ਸਮਾਗਮ ਵਿਚ ਹਮਦਰਦ ਨਾ ਆਇਆ ਪਰ ਸਦਕੇ ਜਾਈਏ ਦੀਪ ਦੇ ਸਿਦਕ ਦੇ ਤੇ ਹਮਦਰਦ ਦੀ ਵਾਅਦਾ ਨਿਭਾਉਣੀ ਫ਼ਿਤਰਤ ਦੇ, ਪ੍ਰੋਗਰਾਮ ਸਾਢੇ ਨੌਂ ਵਜੇ ਸ਼ੁਰੂ ਹੋਣਾ ਸੀ ਤੇ ਹਮਦਰਦ ਹੁਰੀਂ ਸਾਢੇ ਅੱਠ ਵਜੇ ਹੀ ਆਪਣੇ ਲਾਓ-ਲਸ਼ਕਰ ਨਾਲ ਦੀਪ ਦਾ ਘਰ ਲੱਭਦੇ ਫਿਰ ਰਹੇ ਸਨ...*

ਗੁਰਦੀਪ ਭਾਟੀਆ ਨੂੰ ਮੈਂ ਉਸ ਦੀ ਅੱਲ੍ਹੜ ਉਮਰ ਤੋਂ ਜਾਣਦਾ ਹਾਂ। ਉਦੋਂ ਉਹ ਆਪਣੀ ਗੋਤ 'ਭਾਟੀਆ' ਨੂੰ ਹੀ ਤਖ਼ੱਲਸ ਦੇ ਤੌਰ 'ਤੇ ਵਰਤਿਆ ਕਰਦਾ ਸੀ। 'ਦੀਪ' ਉਪਨਾਮ ਤਾਂ ਉਸ ਨੂੰ ਡਾ. ਸਾਧੂ ਸਿੰਘ ਹਮਦਰਦ ਨੇ ਲਾਡ ਨਾਲ ਦਿੱਤਾ ਸੀ, ਜੋ ਭਾਟੀਆ ਨੇ ਤਗਮੇ ਵਾਂਗ ਆਪਣੇ ਦਿਲ 'ਤੇ ਅਤੇ ਕਲਗੀ ਵਾਂਗ ਆਪਣੀ ਦਸਤਾਰ 'ਤੇ ਸਜਾ ਲਿਆ। ਹਮਦਰਦ 'ਦੀਪ' ਨੂੰ ਆਪਣੇ ਪੁੱਤਰਾਂ ਸਮਾਨ ਹੀ ਸਮਝਿਆ ਕਰਦਾ ਸੀ। ਮੈਨੂੰ ਯਾਦ ਹੈ ਜਦ ਦੀਪ ਨੇ ਮਲੇਰ ਕੋਟਲੇ ਇਕ ਵੱਡਾ ਸਾਹਿਤਕ ਸਮਾਗਮ ਰੱਖ ਲਿਆ, ਜਿਸ ਦੀ ਪ੍ਰਧਾਨਗੀ ਡਾ. ਹਮਦਰਦ ਅਤੇ ਉਨ੍ਹਾਂ ਦੀ ਸੁਪਤਨੀ ਬੀਬੀ ਪ੍ਰਕਾਸ਼ ਕੌਰ ਨੇ ਕਰਨੀ ਸੀ। ਸਾਰੇ ਮਲੇਰ ਕੋਟਲੇ ਦੇ ਸਾਹਿਤਕ ਹਲਕਿਆਂ ਵਿਚ ਦੀਪ ਦਾ ਮੌਜੂ ਉਡਾਇਆ ਗਿਆ ਕਿ ਇਕ 'ਫੇਰੀ ਲਾਉਣ ਵਾਲੇ' ਦੇ ਸਮਾਗਮ ਵਿਚ ਹਮਦਰਦ ਨਾ ਆਇਆ। ਪਰ ਸਦਕੇ ਜਾਈਏ ਦੀਪ ਦੇ ਸਿਦਕ ਦੇ ਤੇ ਹਮਦਰਦ ਦੀ ਵਾਅਦਾ ਨਿਭਾਉਣੀ ਫ਼ਿਤਰਤ ਦੇ ਕਿ ਪ੍ਰੋਗਰਾਮ ਸਾਢੇ ਨੌਂ ਵਜੇ ਸ਼ੁਰੂ ਹੋਣਾ ਸੀ ਤੇ ਹਮਦਰਦ ਹੁਰੀਂ ਸਾਢੇ ਅੱਠ ਵਜੇ ਹੀ ਆਪਣੇ ਲਾਓ-ਲਸ਼ਕਰ ਨਾਲ ਦੀਪ ਦਾ ਘਰ ਲੱਭਦੇ ਫਿਰ ਰਹੇ ਸਨ।

ਮੈਨੂੰ ਇਹ ਵੀ ਯਾਦ ਹੈ, ਜਦੋਂ ਅਸੀਂ ਪਹਿਲੀ ਵਾਰ 1975 ਵਿਚ 'ਅਰਸ਼ਦੀਪ' ਮਾਸਿਕ ਪੱਤਰ ਸ਼ੁਰੂ ਕੀਤਾ ਸੀ। ਪਰਚਾ ਸੰਪਾਦਤ ਕਰ ਦੇ ਸਮੇਂ ਕਈ ਵਾਰ ਸੰਪਾਦਕ ਦੀਆਂ ਮਜਬੂਰੀਆਂ ਗ਼ੈਰਤਮੰਦ ਲੇਖਕਾਂ ਦੀਆਂ ਭਾਵਨਾਵਾਂ ਨੂੰ ਚੋਟ ਪਹੁੰਚਾ ਜਾਂਦੀਆਂ ਹਨ। ਦੀਪ ਨਾਲ ਵੀ ਸਾਡੇ ਵੱਲੋਂ ਕੁਝ ਐਸਾ ਹੀ ਵਾਪਰ ਗਿਆ। ਮੈਂ ਵੇਖਿਆ ਹੈ, ਵੱਡੇ-ਵੱਡੇ ਲੇਖਕ ਵੀ ਸੰਪਾਦਕ ਦੀ ਵਧੀਕੀ ਨੂੰ ਮਾਂ ਦਾ ਦੁੱਧ ਸਮਝ ਕੇ ਪੀ ਜਾਂਦੇ ਹਨ ਪਰ ਦੀਪ ਨੇ ਐਸੀ ਅਣਖ ਭਰੀ ਚਿੱਠੀ ਲਿਖੀ ਜਿਸ ਨੇ ਮੈਨੂੰ ਸਦਾ ਵਾਸਤੇ ਉਸ ਦਾ ਮਦਾਹ ਬਣਾ ਦਿੱਤਾ ਤੇ ਅੱਜ ਤਕ ਮੈਂ ਉਸ ਦੇ ਅਣਖੀ ਸੁਭਾਅ ਦਾ ਕਾਇਲ ਹਾਂ। ਮੇਰੀ ਤੇ ਦੀਪ ਦੀ ਦੋਸਤੀ ਦਾ ਰਾਜ਼ ਵੀ ਸਾਡੀ ਅਣਖੀ-ਸਾਂਝ ਹੀ ਹੈ।

ਦੀਪ ਨੇ ਕਦੀ ਹਲਕੇ ਜਾਂ ਬੇ-ਵਜ਼ਨੇ ਸ਼ਿਅਰ ਕਹੇ ਹੋਣਗੇ, ਮੈਨੂੰ ਯਾਦ ਨਹੀਂ। ਉਹ ਸਦਾ ਬੁਲੰਦ ਪਰਵਾਜ਼ ਅਤੇ ਸਮ-ਤੋਲ ਵਜ਼ਨ ਲੈ ਕੇ ਹੀ ਪਾਠਕਾਂ/ਸਰੋਤਿਆਂ ਦੇ ਰੂਬਰੂ ਹੋਇਆ ਹੈ। ਇਸ ਪ੍ਰਾਪਤੀ ਵਿਚ ਉਸ ਦੇ ਮਾਣਯੋਗ ਉਸਤਾਦ ਜਨਾਬ ਸੁਦਰਸ਼ਨ ਕੰਵਲ, ਮਲੇਰ ਕੋਟਲੇ ਵਾਲੇ, ਦਾ ਹੱਦੋਂ ਵੱਧ ਯੋਗਦਾਨ ਹੈ। ਦੀਪ ਦੱਸਦਾ ਹੈ ਕਿ ਜਦ ਵੀ ਉਸ ਨੇ ਆਪਣੇ ਉਸਤਾਦ ਜੀ ਨੂੰ ਗ਼ਜ਼ਲ ਸੁਣਾਉਣੀ ਉਨ੍ਹਾਂ ਨੇ ਬੜੇ ਧਿਆਨ ਨਾਲ ਸੁਣਨੀ, ਪਰ ਨਾਲ ਹੀ ਕਹਿ ਦੇਣਾ 'ਇਸ ਨੂੰ ਪਾੜ ਦੇ, ਹੋਰ ਲਿਖ।' ਬੇਸ਼ਕ ਦੀਪ ਨੇ ਮਨ ਵਿਚ ਮਹਿਸੂਸ ਕਰਨਾ ਕਿ ਦੋਸਤਾਂ ਵੱਲੋਂ ਐਨੀ ਸਲਾਹੀ ਜਾਣ ਵਾਲੀ ਗ਼ਜ਼ਲ ਨੂੰ 'ਪਾੜ ਦੇਣ' ਵਾਸਤੇ ਕਿਉਂ ਕਿਹਾ ਜਾ ਰਿਹਾ ਹੈ, ਪਰ ਉਸ ਨੇ ਉਹ ਗ਼ਜ਼ਲ ਪਾੜ ਹੀ ਦੇਣੀ ਤੇ ਹੋਰ ਗ਼ਜ਼ਲ ਉਸ ਤੋਂ ਵੀ ਵੱਧ ਮਿਹਨਤ ਅਤੇ ਚੌਕਸੀ ਨਾਲ ਲਿਖਣੀ, ਭਾਵੇਂ ਅੰਜ਼ਾਮ ਉਸ ਦਾ ਵੀ ਉਹੋ ਹੀ ਹੋਣਾ। ਇਸ ਮੁਸੱਲਸਲ ਰਿਆਜ਼ ਦੀ ਕੁਠਾਲੀ ਨੇ ਦੀਪ ਦੀ ਗ਼ਜ਼ਲ ਨੂੰ ਕੁੰਦਨ ਬਣਾ ਕੇ ਹੀ ਗ਼ਜ਼ਲ-ਖੇਤਰ ਵਿਚ ਪ੍ਰਵੇਸ਼ ਕਰਵਾਇਆ। ਜਿਸ ਕਾਰਨ ਸ਼ੁਰੂ ਤੋਂ ਹੀ ਗ਼ਜ਼ਲਗੋਆਂ ਵਿਚ ਦੀਪ ਦਾ ਠੁੱਕ ਬੱਝ ਗਿਆ।

ਦੀਪ ਦੇ ਸ਼ਿਅਰ ਹਮੇਸ਼ਾ ਖ਼ਿਆਲ, ਵਜ਼ਨ ਅਤੇ ਵਿਆਕਰਨ ਪੱਖੋਂ ਸੰਪੂਰਨ ਹੁੰਦੇ ਹਨ। ਉਸ ਦੀ ਗ਼ਜ਼ਲ ਦਾ ਮੀਰੀ-ਗੁਣ ਸਪਸ਼ਟਤਾ ਤੇ ਸਾਦਗੀ ਹੈ। ਜਦੋਂ ਭਾਟੀਆ ਦਾ ਪਹਿਲਾ ਗ਼ਜ਼ਲ-ਸੰਗ੍ਰਹਿ 'ਸੁਲਗਦੇ ਅਹਿਸਾਸ' ਛਪ ਰਿਹਾ ਸੀ ਤਾਂ ਮੈਂ ਉਸ ਨੂੰ ਕਿਹਾ ਕਿ ਇਸ ਕਿਤਾਬ ਦੇ ਛਪ ਜਾਣ ਪਿੱਛੋਂ ਇਸ ਪਾਏ ਦੀ ਹੋਰ ਗ਼ਜ਼ਲ-ਪੁਸਤਕ ਪੰਜਾਬੀ ਸਾਹਿਤ ਵਿੱਚੋਂ ਲੱਭਣੀ ਮੁਸ਼ਕਿਲ ਹੋ ਜਾਵੇਗੀ। ਇਸ ਦਾ ਉਹ ਹਮੇਸ਼ਾਂ ਇਹੋ ਹੀ ਉੱਤਰ ਦਿੰਦਾ ਹੈ ਕਿ ਤੁਹਾਡੀ ਸੰਗਤ ਦਾ ਹੀ ਫਲ ਹੈ। ਪਿਛੇ ਜਿਹੇ ਇਕ ਬਹੁਤ ਹੀ ਪਿਆਰੇ ਵਿਦਵਾਨ ਦੋਸਤ ਨੇ ਦੀਪ ਨੂੰ ਕਿਹਾ ਕਿ ਕੁਝ ਲਫ਼ਜ਼ ਏਧਰ-ਓਧਰ ਕਰ ਲਿਆ ਕਰ, ਤੇਰੇ ਸ਼ਿਅਰ ਤਾਂ ਬਿਲਕੁਲ ਵਾਰਤਕ ਵਰਗੇ ਹੀ ਹੁੰਦੇ ਨੇ। ਜਦ ਦੀਪ ਨੇ ਇਹ ਗੱਲ ਮੈਨੂੰ ਦੱਸੀ ਤਾਂ ਮੇਰੇ ਮੂੰਹੋਂ ਇਕ ਦਮ ਨਿਕਲਿਆ- 'ਬਸ ਬਸ ਬਸ, ਸਾਨੂੰ ਇਹੋ ਹੀ ਰੀਮਾਰਕਸ ਚਾਹੀਦੇ ਸਨ। ਇਹ ਤੁਹਾਡੇ ਸ਼ਿਅਰਾਂ ਲਈ ਸਨਦ ਹੋ ਗਈ ਭਾਟੀਆ! ਅਸਲ ਸ਼ਾਇਰੀ ਹੈ ਹੀ ਉਹੀ ਜੋ ਵਜ਼ਨ, ਬਹਿਰ, ਕਾਫ਼ੀਆ, ਰਦੀਫ਼ ਆਦਿ ਅਰੂਜ਼ ਤੇ ਪਿੰਗਲ ਦੀਆਂ ਸਾਰੀਆਂ ਬੰਧਸ਼ਾਂ ਵਿਚ ਪੂਰੀ ਉੱਤਰਦੀ ਹੋਈ ਵੀ ਵਾਰਤਕ ਵਰਗੀ ਸਰਲ ਤੇ ਵਿਆਕਰਨ ਪੱਖੋਂ ਬਿਲਕੁਲ ਵਾਰਤਕ ਜਿੰਨੀ ਹੀ ਸਹੀ ਹੋਵੇ। ਦੀਪ ਤੂੰ ਸ਼ਾਇਰੀ ਦੇ ਇਮਤਿਹਾਨ ਵਿੱਚੋਂ ਪਾਸ ਹੀ ਨਹੀਂ ਹੋਇਆ, ਸਗੋਂ ਮੈਂ ਸਮਝਦਾ ਹਾਂ ਕਿ 'ਗੋਲਡ-ਮੈਡਲਿਸਟ' ਹੋ ਗਿਆ।' ਮੇਰੇ ਇਸ ਕਥਨ ਦੀ ਪ੍ਰੋੜਤਾ ਲਈ ਕੁਝ ਸ਼ਿਅਰ ਵੰਨਗੀ ਦੇ ਤੌਰ ਤੇ ਵੇਖੋ :

*ਕਹੀਂ ਨਾ, ਚਾਰ ਅੱਖਰ ਹੀ ਲਿਖੇ ਨੇ।*
*ਮੁਹੱਬਤ ਹੈ ਤਾਂ ਏਨੇ ਹੀ ਬੜੇ ਨੇ।*

*ਝੂਠ ਨੂੰ ਝੂਠ ਕਿਹਾ, ਉਸ ਨੂੰ ਬੁਰਾ ਲਗਦਾ ਹੈ।*
*ਮੈਨੂੰ ਉਹ ਵਕਤ ਦੀ ਸਰਕਾਰ ਜਿਹਾ ਲਗਦਾ ਹੈ।*

*ਚੜ੍ਹਦੀ ਸਵੇਰ ਦੇ ਗਈ ਅਖ਼ਬਾਰ, ਦੇਖੀਏ!*
*ਕੀ ਕੀ ਹਨੇਰ ਪਾ ਰਿਹੈ ਸੰਸਾਰ, ਦੇਖੀਏ!*

ਇਨ੍ਹਾਂ ਸ਼ਿਅਰਾਂ ਦੇ ਖ਼ਿਆਲਾਂ ਨੂੰ ਜੇ ਵਾਰਤਕ ਵਿਚ ਵੀ ਲਿਖਣਾ ਹੋਵੇ ਤਾਂ ਆਪਾਂ ਇਸ ਵਿਚ ਕੀ ਤਬਦੀਲੀ ਕਰ ਸਕਾਂਗੇ? ਬਸ, ਇਹ ਗੁਣ ਸ਼ਾਇਰੀ ਦਾ ਸਿਖ਼ਰ ਹੈ, ਜੋ ਦੀਪ ਨੇ ਪ੍ਰਾਪਤ ਕਰ ਲਿਆ ਹੈ।

ਕਲਾ ਵਿਚ ਜਦੋਂ ਕੋਈ ਕਲਾਕਾਰ ਆਪਣੀ ਕਲਾ ਵਿਚ 'ਮਾਸਟਰੀ' ਹਾਸਿਲ ਕਰ ਲਵੇ ਤਾਂ ਉਸ ਨੂੰ 'ਉਸਤਾਦ' ਦਾ ਰੁਤਬਾ ਮਿਲ ਜਾਂਦਾ ਹੈ, ਚਾਹੇ ਉਸ ਦਾ ਕੋਈ ਹਕੀਕੀ ਸ਼ਾਗਿਰਦ ਨਾ ਵੀ ਹੋਵੇ। ਭਾਟੀਏ ਨੂੰ 'ਉਸਤਾਦੀ' ਦੀ ਸਨਦ ਤਾਂ ਕਦੋਂ ਦੀ ਮਿਲ ਚੁੱਕੀ ਹੈ ਪਰ ਹੁਣ ਉਸ ਦੇ ਆਪਣੇ ਕਈ ਸ਼ਾਗਿਰਦ ਵੀ ਹਨ ਜਿਨ੍ਹਾਂ ਨੂੰ ਉਹ ਸਹੀ ਸੇਧ ਦੇ ਕੇ ਮੰਜ਼ਿਲੇ-ਮਕਸੂਦ ਤੱਕ ਪਹੁੰਚਾਉਣ ਦੇ ਆਹਰ ਵਿੱਚ ਹੈ। ਹੋਣਹਾਰ ਸ਼ਾਇਰ ਸਰਬਜੀਤ ਸਿੰਘ 'ਜੀਤ' ਉਸ ਦੇ ਉੱਤਮ ਗ਼ਜ਼ਲਾਂ ਕਹਿਣ ਵਾਲੇ ਸ਼ਾਗਿਰਦਾਂ ਵਿੱਚੋਂ ਸਿਰਕੱਢ ਸ਼ਾਗਿਰਦ ਹੈ। ਭਾਟੀਆ ਆਪਣੇ ਕੋਲ ਮਿਲਣ ਆਏ ਕਿਸੇ ਵੀ ਨੌਜਵਾਨ ਸ਼ਇਰ ਨੂੰ ਸਹੀ ਸੇਧ ਦੇਣ ਤੋਂ ਕਦੀ ਨਹੀਂ ਉੱਕਦਾ। ਕਈ ਵਾਰ ਜਦੋਂ ਅੱਜ ਦੇ ਕਮ-ਚੋਰ ਸ਼ਾਇਰ ਮੁਫ਼ਤ ਮਿਲੀ 'ਅਕਲ' ਨੂੰ ਵੀ ਲੈਣ ਤੋਂ ਆਨਾ-ਕਾਨੀ ਕਰਦੇ ਹਨ ਅਤੇ ਇਸ ਦਾ ਮਨ ਹੀ ਮਨ ਵਿਚ ਬੁਰਾ ਮਨਾਉਂਦੇ ਹਨ ਤਾਂ ਭਾਟੀਆ ਆਪ-ਮੁਹਾਰੇ ਕਹਿ ਰਹਿ ਉੱਠਦਾ ਹੈ :

*ਹਰਿਕ ਸ਼ਾਇਰ ਦੀ ਕੌੜੀ ਅੱਖ,*
*ਰਹਿੰਦੀ ਹੈ ਮੇਰੇ ਵੱਲ ਹੀ,*
*ਬੜਾ ਮਹਿੰਗਾ ਪਿਐ ਮੈਨੂੰ ਗ਼ਜ਼ਲ ਦਾ ਪਾਰਖੂ ਹੋਣਾ।*

ਬੇ-ਗੁਰੇ ਸ਼ਾਇਰ, ਜਿਨ੍ਹਾਂ ਨੇ ਆਪ ਕਿਸੇ ਉਸਤਾਦ ਨੂੰ ਉਸਤਾਦ ਨਹੀਂ ਮੰਨਿਆਂ, ਪਰ ਆਪ ਨੌਜਵਾਨ ਸ਼ਾਇਰਾਂ ਤੋਂ ਗੋਡੀ ਹੱਥ ਲਗਵਾਉਣ ਦੀ ਲਾਲਸਾ ਨੂੰ ਤਿਆਗ ਨਹੀਂ ਸਕਦੇ, ਉਨ੍ਹਾਂ ਬਾਰੇ ਭਾਟੀਏ ਦੇ ਵਿਅੰਗ ਦੇ ਤੀਰ ਬੜੇ ਕਾਟਵੇਂ ਹੁੰਦੇ ਹਨ। ਜਿਵੇਂ :

*ਅਜੋਕੇ ਦੌਰ ਵਿਚ ਕੋਈ ਵੀ ਸ਼ਿਸ਼ ਬਣਨਾ ਨਹੀਂ ਚਾਹੁੰਦਾ,*
*ਜਦੋਂ ਕਿ ਲੋਚਦੈ ਹਰ ਕੋਈ, ਹਰ ਇਕ ਦਾ ਗੁਰੂ ਹੋਣਾ।*

1990 ਦੇ ਕਰੀਬ ਇਕ ਦਿਨ ਦੀਪ ਆਪਣੇ ਦੋਹਾਂ ਬੱਚਿਆਂ ਨਾਲ, ਦਕੋਹੇ ਦੇ ਹੀ ਗੁਆਂਢੀ ਪਿੰਡ, ਢਿਲਵਾਂ ਵਿਚ ਸਕੂਟਰ 'ਤੇ ਜਾਂਦਾ ਮਿਲ ਪਿਆ। ਮੈਨੂੰ ਐਨੀ ਖ਼ੁਸ਼ੀ ਹੋਈ ਜਿਵੇਂ ਮੈਨੂੰ ਕੋਈ ਬੜੀ ਹੀ ਦੁਰਲੱਭ ਚੀਜ਼ ਮਿਲ ਗਈ ਹੋਵੇ। ਜਦੋਂ ਦੀਪ ਨੇ ਦੱਸਿਆ ਕਿ ਉਹ ਢਿਲਵਾਂ ਵਿਚ ਹੀ ਡਾਕਟਰੀ ਦੀ ਪ੍ਰੈਕਟਿਸ ਕਰ ਰਿਹਾ ਹੈ ਤਾਂ ਮੈਂ ਦੰਗ ਰਹਿ ਗਿਆ। ਮਲੇਰ ਕੋਟਲੇ ਵਿਚ ਪਰਚੂਨ, ਬਜਾਜੀ ਆਦਿ ਦੀ ਦੁਕਾਨ ਕਰਦਾ ਕਰਦਾ ਉਹ ਡਾਕਟਰ ਕਿਵੇਂ ਬਣ ਗਿਆ? ਪਰ ਇਹ ਵੀ ਦੀਪ ਦੇ ਦ੍ਰਿੜ-ਇਰਾਦੇ ਦਾ ਹੀ ਕ੍ਰਿਸ਼ਮਾ ਕਹਿ ਲਵੋ ਕਿ ਉਸ ਦਾ ਰੋਟੀ-ਰੋਜ਼ੀ ਦੇ ਮਸਲੇ ਵਿਚ ਜਿੱਥੇ ਵੀ ਨਹੁੰ ਅੜਿਆ, ਉਸ ਨੇ ਉੱਥੋਂ ਹੀ ਉੱਪਰ ਵੱਲ ਚੜ੍ਹਨ ਦੀ ਹਰ ਸੰਭਵ ਕੋਸ਼ਿਸ਼ ਕੀਤੀ ਤੇ ਸਫਲ ਵੀ ਹੋਇਆ।

ਅਸਲ ਵਿਚ ਦੀਪ ਦੀ ਕਿਸਮਤ ਅਤੇ ਰਿਸ਼ਤੇਦਾਰਾਂ, ਦੋਸਤਾਂ ਮਿੱਤਰਾਂ ਦੀ ਠਿੱਬੀ ਨੇ ਹੀ ਉਸ ਨੂੰ ਮੇਰੇ ਗੁਆਂਢ ਲਿਆ ਸੁੱਟਿਆ ਸੀ। ਮਿੱਤਰਾਂ ਪਿਆਰਿਆਂ ਦੀ ਮਾਰੀ ਹੋਈ ਇਹ ਲੱਤ ਕੁੱਬੇ ਦਾ ਕੁੱਬ ਕੱਢ ਗਈ। ਹੁਣ ਉਸ ਕੋਲ ਆਪਣਾ ਘਰ ਹੈ। 'ਕਾਮਯਾਬ ਡਾਕਟਰੀ ਕਲੀਨਿਕ' ਵੱਲੋਂ 'ਭਾਟੀਆਂ' ਦੇ ਸੁਭਾਅ ਅਨੁਸਾਰ ਉਹ ਫਿਰ ਬਜਾਜੀ ਵੱਲ ਛਾਲ ਮਾਰ ਕੇ, ਆਪਣੇ ਹੋਣਹਾਰ, ਆਗਿਆਕਾਰ ਅਤੇ ਬੜੀ ਹੀ ਪਿਆਰੀ ਤਬੀਅਤ ਵਾਲੇ ਖ਼ੂਬਸੂਰਤ ਬੇਟੇ ਸੁਮੀਤ ਨਾਲ ਰਾਮਾ ਮੰਡੀ (ਜਲੰਧਰ) ਵਿਚ ਪ੍ਰਮੁੱਖ ਬਜਾਜ ਬਣ ਬੈਠਾ। ਪਰ ਰੁਜ਼ਗਾਰ ਦੇ ਪੜੁੱਲ 'ਤੇ ਉਹ ਹੋਰ ਕਈ ਛਾਲਾਂ ਮਾਰਨ ਮਗਰੋਂ ਅੱਜ-ਕਲ੍ਹ ਡਰੋਲੀ ਕਲਾਂ ਦੇ ਕਾਲਜ ਦੇ ਸਾਹਮਣੇ ਆਪਣਾ ਸੁਹਣਾ 'ਰਿਫਰੈਸ਼ਮੈਂਟ ਹੋਮ' ਚਲਾ ਰਿਹਾ ਹੈ। ਪਰ ਮਲੇਰ ਕੋਟਲਾ ਛੱਡਣ ਦੀਆਂ ਕੌੜੀਆਂ ਕੁਸੈਲੀਆਂ ਯਾਦਾਂ ਨੂੰ ਉਹ ਨਾ ਭੁੱਲਾ ਸਕਿਆ, ਨਾ ਭੁੱਲ ਸਕੇਗਾ। ਇਸ ਸਾਰੇ ਘਟਨਾ-ਚੱਕਰ ਦੀ ਗੁਆਹੀ ਉਸ ਦੇ ਸ਼ਿਅਰ ਭਰਦੇ ਹਨ। ਜਿਵੇਂ :

*ਸੱਤ-ਬਿਗਾਨੇ ਲੋਕਾਂ ਵਿਚ, ਤੇ ਅਪਣੇ ਘਰ ਤੋਂ ਦੂਰ,*
*ਕੋਈ ਕਿਸੇ ਮਜਬੂਰੀ ਵੱਸ ਹੀ ਕਰਦਾ ਹੈ ਪਰਵਾਸ।*



ਆਪਣੇ ਹੋ ਕੇ ਵੀ ਔਕੜ ਵੇਲੇ ਮੂੰਹ ਮੋੜ ਲੈਣ ਵਾਲੇ 'ਆਪਣਿਆਂ' ਬਾਰੇ ਉਹ ਖ਼ੂਬ ਕਹਿੰਦਾ ਹੈ :

*ਉਨ੍ਹਾਂ ਨੂੰ ਮੇਰਿਆਂ ਜ਼ਖ਼ਮਾਂ ਦੀ ਪੀੜ ਹੋਵੇ ਕਿਵੇਂ,*
*ਉਹ ਸਿਰਫ਼ 'ਆਪਣੇ' ਨੇ, ਦੁਖ-ਸੁਖ ਦੇ ਭਾਈਵਾਲ ਨਹੀਂ।*

ਦੀਪ ਬਹੁਤ ਮਿਹਨਤੀ ਸੁਭਾਅ ਦਾ ਸ਼ਖ਼ਸ ਹੈ। ਉਹ ਸੱਚ ਕਹਿੰਦਾ ਹੈ :

*ਨਿਰਧਨ ਸਹੀ ਧਨ ਵਾਲਿਓ, ਬੇਕਾਰ ਨਹੀਂ ਹਾਂ।*
*ਇਕ ਠੋਸ ਹਕੀਕਤ ਹਾਂ, ਸਮਾਚਾਰ ਨਹੀਂ ਹਾਂ।*

ਦੀਪ ਨੂੰ ਬਹੁਤ ਛੋਟੀਆਂ ਛੋਟੀਆਂ ਕਿਰਤਾਂ ਵੀ ਕੀਤੀਆਂ। ਉਸ ਨੇ ਫੇਰੀ ਲਾਈ, ਕਰਿਆਨੇ ਦੀ ਦੁਕਾਨ ਕੀਤੀ, ਕਮੇਟੀਆਂ ਪਾਈਆਂ, ਲੱਕੀ ਸਕੀਮਾਂ ਚਲਾਈਆਂ, ਇਲੈਕਟਰੀਕਲ ਸ਼ੋ-ਰੂਮ ਤੋਂ ਬਾਅਦ ਬਜਾਜੀ ਦਾ ਕੰਮ ਕੀਤਾ, ਬਾਕਾਇਦਾ ਡਾਕਟਰੀ ਸਿੱਖਿਆ ਲਈ ਤੇ ਕਾਮਯਾਬ ਕਲੀਨਿਕ ਚਲਾਉਣ ਮਗਰੋਂ ਹੁਣ ਫਿਰ ਬਜਾਜੀ ਦੇ ਕੰਮ ਵੱਲੋਂ ਖੁਆਉਣ-ਪਿਲਾਉਣ ਦੀ ਸੇਵਾ ਵੱਲ ਆਉਣ ਤਕ ਉਸ ਨੇ ਕਿਸੇ ਕੰਮ ਨੂੰ ਛੋਟਾ ਸਮਝ ਕੇ ਹੀਣਤਾ ਮਹਿਸੂਸ ਨਹੀਂ ਕੀਤੀ ਤੇ ਨਾ ਹੀ ਵੱਡੇ ਕੰਮ ਦਾ ਕਦੀ ਗ਼ਰੂਰ ਹੀ ਕੀਤਾ। ਉਸ ਨੇ ਤੰਗੀਆਂ-ਤੁਰਸ਼ੀਆਂ ਵਿਚ ਵੀ ਆਪਣੇ ਆਪ ਨੂੰ ਤੇ ਬੀਵੀ-ਬੱਚਿਆਂ ਨੂੰ ਇਉਂ ਹੀ ਹੌਂਸਲਾ ਦਿੱਤਾ ਹੈ :

*'ਅਜੇ ਨਾ ਹਾਰਿਓ ਦਿਲ', ਦਿਲ ਦੀ ਬਾਤ ਕਹਿੰਦੀ ਹੈ।*
*'ਗੁਜ਼ਰ ਹੀ ਜਾਏਗੀ, ਭੁੱਖਿਆਂ ਨੂੰ ਰਾਤ' ਕਹਿੰਦੀ ਹੈ।*

ਪਰ ਦੁੱਖ ਤਾਂ ਦੁੱਖ ਹੈ, ਦੁੱਖ ਦਾ ਅਹਿਸਾਸ ਜੇ ਇਕ ਸ਼ਾਇਰ ਦੇ ਦਿਲ ਨੂੰ ਨਹੀਂ ਹੋਵੇਗਾ ਤਾਂ ਕਿਸ ਨੂੰ ਹੋਵੇਗਾ?

*ਨਹੀਂ ਅੱਖੀਆਂ 'ਚ ਜੇ ਅੱਥਰੂ,*
*ਇਦ੍ਹਾ ਇਹ ਅਰਥ ਨਈਂ ਯਾਰੋ,*
*ਕਿ ਲੱਗੀ ਠੇਸ ਦਾ ਇਸ ਦਿਲ ਨੂੰ*
*ਦੁੱਖ ਨਾ ਪਹੁੰਚਿਆ ਹੋਵੇ।*

ਜਿਸ ਬੋਟ ਨੂੰ ਜੰਮਣ ਵਾਲੇ ਆਲ੍ਹਣੇ ਵਿੱਚੋਂ ਧੱਕਾ ਦੇ ਦੇਣ, ਉਸ ਦਾ ਤਾਂ ਫਿਰ ਅੱਲਾ ਹੀ ਬੇਲੀ ਹੁੰਦਾ ਹੈ। ਸੋ 'ਧੀਦੋ ਹੋ ਤੁਰਿਆ ਵਾਰਿਸ ਸ਼ਾਹ ਜੇਹਾ' ਦੀ ਹਾਲਤ ਵਿਚ ਜਦੋਂ ਦੀਪ ਆਪਣਿਆਂ ਦਾ ਹੀ ਸਤਾਇਆ ਹੋਇਆ, ਘਰ-ਬਾਰ ਤਿਆਗ ਕੇ ਪਰਦੇਸੀ ਹੋ ਤੁਰਿਆ ਤਾਂ ਵੀ ਦੋਖੀਆਂ ਨੇ ਉਸ ਤੇ ਆਵਾਜ਼ੇ ਕੱਸੇ ਤੇ ਦੂਸ਼ਣ ਲਾਏ। ਦੋਸਤਾਂ ਨੇ ਉਸ ਦੀ ਮਜਬੂਰੀ ਸਮੇਂ ਮਦਦ ਤਾਂ ਕੀ ਕਰਨੀ ਸੀ, ਉਲਟਾ ਉਸ ਨੂੰ ਜ਼ਲੀਲ ਕਰਨ ਦੀ ਪੂਰੀ ਵਾਹ ਲਾ ਦਿੱਤੀ। ਦੀਪ ਸਭ ਕੁਝ ਛੱਡ-ਛਡਾ ਕੇ, ਆਪਣੇ ਰੌਸ਼ਨ ਖ਼ਿਆਲਾਂ ਨੂੰ ਹੀ ਆਪਣੀ ਜੀਵਨ-ਪੂੰਜੀ ਸਮਝਦਾ, ਸੰਭਾਲਦਾ ਹੋਇਆ ਜਲੰਧਰ ਆਣ ਲੱਥਾ :

*ਇਕ ਲੁੱਟ ਨਾ ਹੋਏ ਓਸ ਤੋਂ, ਮੇਰੇ ਖ਼ਿਆਲ 'ਦੀਪ',*
*ਬਾਕੀ ਸਮਾਨ ਜੋ ਵੀ ਸੀ, ਬੋਰੀ 'ਚ ਪਾ ਲਿਆ।*

ਜਲੰਧਰ ਆਏ ਨੂੰ ਉਸ ਨੂੰ ਜਿਵੇਂ ਪੰਜਾਬੀ ਦੇ ਪੁਖ਼ਤਾ ਗ਼ਜ਼ਲਗੋਅ ਸੁਖਵੰਤ ਪੱਟੀ ਨੇ ਬੋਚ ਲਿਆ, ਉਸ ਦੇ ਪ੍ਰਭਾਵ ਥੱਲੇ ਦੀਪ ਆਪ-ਮੁਹਾਰੇ ਕਹਿ ਉੱਠਿਆ :

*ਨਾ ਖ਼ੂਨ ਦਾ ਦਾਅਵਾ ਹੈ, ਨਾ ਜ਼ਾਤ ਦਾ ਰੌਲ਼ਾ ਹੈ,*
*ਇਕ ਵੱਖਰੀ ਸਕੀਰੀ ਹੈ ਦੁਖ-ਸੁਖ ਦੇ ਭਿਆਲਾਂ ਦੀ।*

ਦੀਪ ਬੜੀ ਗਹਿਰ ਗੰਭੀਰ ਤਬੀਅਤ ਦਾ ਮਾਲਿਕ ਹੈ ਪਰ ਜਦ ਉਹ ਮੇਰੇ ਜਿਹੇ ਚੋਣਵੇਂ ਦੋਸਤਾਂ ਕੋਲ ਆਪਣੇ ਦੁੱਖ-ਸੁਖ ਸਾਂਝੇ ਕਰਦਾ ਹੈ ਤਾਂ ਉਸ ਦਾ ਸ਼ਿਅਰ ਆਪਣੇ ਆਪ ਸਿਰ ਚੜ੍ਹ ਬੋਲ ਉੱਠਦਾ ਹੈ :

*ਜਿਦ੍ਹੇ ਚਿਹਰੇ 'ਤੇ ਇਕ ਸੰਜਮ ਜਿਹੀ*
*ਮੁਸਕਾਨ ਰਹਿੰਦੀ ਹੈ,*
*ਕੀ ਉਸ ਦੇ ਮਨ 'ਚ ਸੋਚਾਂ ਦਾ*
*ਖਿਲਾਰਾ ਹੋ ਨਹੀਂ ਸਕਦਾ?*

*ਨਹੀਂ ਅੱਖੀਆਂ 'ਚ ਜੇ ਅੱਥਰੂ,*
*ਇਦ੍ਹਾ ਇਹ ਅਰਥ ਨਹੀਂ ਯਾਰੋ,*
*ਕਿ ਲੱਗੀ ਠੇਸ ਦਾ ਇਸ ਦਿਲ ਨੂੰ,*
*ਦੁੱਖ ਨਾ ਪਹੁੰਚਿਆ ਹੋਵੇ।*

ਪਰ ਅੱਜ ਦੀਪ ਆਪਣੀਆਂ ਤੰਗੀਆਂ-ਤੁਰਸ਼ੀਆਂ ਤੇ ਮਜਬੂਰੀਆਂ ਨੂੰ ਦ੍ਰਿੜ ਇਰਾਦੇ, ਹੌਂਸਲੇ ਤੇ ਮਿਹਨਤ ਦੇ ਪੈਰਾਂ ਹੇਠ ਦਰੜਦਾ ਹੋਇਆ, ਰਿਸ਼ਤੇਦਾਰੀਆਂ, ਸਮਾਜ ਅਤੇ ਸਾਹਿਤਕ ਖੇਤਰ ਵਿਚ ਆਪਣੀ ਹੋਂਦ ਦਾ ਰੜਕਵਾਂ ਅਹਿਸਾਸ ਕਰਵਾ ਰਿਹਾ ਹੈ। ਕਈ ਵਾਰ ਤਾਂ ਉਹ ਚਹਿਚਹਾ ਵੀ ਉੱਠਦਾ ਹੈ :

*ਉਹ ਉਂਗਲਾਂ ਮੂੰਹ 'ਚ ਪਾਉਂਦੇ ਨੇ*
*ਜੋ ਦਾਅਵੇ ਨਾਲ ਕਹਿੰਦੇ ਸੀ,*
*ਅਸਾਂ ਨੇ ਡੋਬ ਦਿੱਤੈ 'ਦੀਪ',*
*ਹੁਣ ਇਹ ਤਰ ਨਹੀਂ ਸਕਦਾ।*

ਦੀਪ ਮੇਰਾ ਬੜੇ ਤਰਸੇਵੇਂ ਦਾ ਦੋਸਤ ਹੈ। ਅਸੀਂ ਸਰੀਰਕ ਤੌਰ 'ਤੇ ਹੀ ਇਕ ਦੂਜੇ ਦੇ ਨੇੜੇ ਨਹੀਂ ਰਹੇ, ਸਗੋਂ ਖ਼ਿਆਲਾਂ ਤੇ ਮੁਹੱਬਤ ਦੇ ਪੱਖੋਂ ਵੀ ਅਤੇ ਮਾਨਸਿਕ ਤੌਰ ਤੇ ਵੀ ਇਕ ਦੂਜੇ ਦੇ ਸਾਂਝੀ ਅਤੇ ਪੂਰਕ ਹਾਂ। ਉਸ ਦੇ ਗੁਣਾਂ ਨੂੰ ਮੈਂ ਆਪਣੇ ਗੁਣ ਸਮਝਦਾ ਹੋਇਆ ਫ਼ਖਰ ਮਹਿਸੂਸ ਕਰਦਾ ਹਾਂ ਤੇ ਉਸ ਦੀਆਂ ਕਮਜ਼ੋਰੀਆਂ ਨੂੰ ਆਪਣੀਆਂ ਕਮਜ਼ੋਰੀਆਂ ਸਮਝਕੇ ਕਬੂਲ ਕਰਨ ਵਿਚ ਮੈਨੂੰ ਕੋਈ ਝਿਜਕ ਨਹੀਂ ਹੈ। ਮੇਰੀ ਹਰ ਵੇਲੇ ਇਹੀ ਦੁਆ ਰਹਿੰਦੀ ਹੈ ਕਿ ਪਰਮਾਤਮਾ ਉਸ ਦੀ ਸੋਚ ਨੂੰ ਸਦਾ ਹੀ ਇਸੇ ਤਰ੍ਹਾਂ ਸਹੀ ਦਿਸ਼ਾ ਪ੍ਰਦਾਨ ਕਰਦਾ ਰਹੇ ਅਤੇ ਦੀਪ ਇਕ ਇਨਸਾਨ ਅਤੇ ਇਕ ਸ਼ਾਇਰ ਦੇ ਤੌਰ ਤੇ ਹੋਰ ਬੁਲੰਦੀਆਂ ਹਾਸਿਲ ਕਰੇ। ਬੇਸ਼ੱਕ ਦੀਪ ਇਉਂ ਵੀ ਕਹਿੰਦਾ ਫਿਰੇ :

*ਉਹ ਜਦੋਂ ਮਿਲਦੇ ਨੇ, 'ਦੀਵਾਨ' ਦੀ ਗੱਲ ਕਰਦੇ ਨੇ,*
*'ਦੀਪ' ਸ਼ਾਇਰ ਲਈ 'ਦੀਵਾਨ' ਜ਼ਰੂਰੀ ਤਾਂ ਨਹੀਂ।*

ਪਰ ਹਕੀਕਤ ਇਹ ਹੈ ਕਿ ਅੱਜ ਗੁਰਦੀਪ ਭਾਟੀਆ 'ਦੀਪ' ਦੋ ਗ਼ਜ਼ਲ-ਮਜਮੂਹਿਆਂ ('ਸੁਲਘਦੇ-ਅਹਿਸਾਸ' ਅਤੇ 'ਸ਼ੀਸ਼ੇ ਦਾ ਕੀ ਕਸੂਰ?') ਦਾ ਸਾਹਿਬ-ਕਿਤਾਬ ਹੈ ਤੇ ਇਨ੍ਹਾਂ ਦੋਹਾਂ ਕਿਤਾਬਾਂ ਨੂੰ ਪਾਠਕਾਂ ਵੱਲੋਂ ਐਨਾਂ ਪਿਆਰ ਮਿਲਿਆ ਹੈ ਕਿ ਕਈ ਵਾਰ ਭਾਟੀਆ 'ਤੇ ਰਸ਼ਕ ਹੋ ਆਉਂਦਾ ਹੈ। ਪ੍ਰਮਾਤਮਾ ਭਾਟੀਆ ਦੀ ਕਲਮ ਨੂੰ ਹੋਰ ਬਲ ਬਖ਼ਸ਼ੇ ਤੇ ਕਲਾਮ ਨੂੰ ਹੋਰ ਬੁਲੰਦੀ। •

## ਦੋਹੇ

ਬਾਗੀਂ ਖਿੜੇ ਬਹਾਰ ਕੀ, ਮਾਲੀ ਮਿਲੇ ਮਕਾਰ।
ਖ਼ੁਦ ਹੀ ਧਰਤ ਸੁਆਰੀਏ, ਖ਼ੁਦ ਹੀ ਚੁਣੀਏ ਖ਼ਾਰ।

ਮੌਤ ਮੁਲਤਵੀ ਰਹੇਗੀ, ਹਾਲੇ ਕੁਝ ਕੁ ਸਾਲ।
ਉਨ੍ਹਾਂ ਖੰਜਰ ਖੋਭਿਆ, ਏਸ ਮੁਹਾਰਤ ਨਾਲ।

ਭਖਦੇ ਮੁੱਦੇ ਭੁੱਲ ਕੇ, ਵਿਕ ਜਾਂਦੀ ਹੈ ਵੋਟ।
ਦਿੰਦਾ ਜਦ ਦਸ ਨੰਬਰੀ, ਦੋ ਨੰਬਰ ਦੇ ਨੋਟ।

ਸੱਚੀ-ਸੁੱਚੀ ਕਿਰਤ ਨੂੰ, ਮਿਲਿਆ ਇਹ ਸਨਮਾਨ।
ਖ਼ਾਲੀ ਘਰ ਦੇ ਬੋਝ ਨੇ, ਕੀਤੀ ਕਮਰ ਕਮਾਨ।

ਹੋਸ਼ 'ਚ ਗੁੰਨ੍ਹ ਕੇ ਜੋਸ਼ ਨੂੰ, ਸਿਖ ਜੂਝਣ ਦੀ ਜਾਂਚ।
ਕੇਵਲ ਅੰਨ੍ਹੇ ਜੋਸ਼ ਵਿਚ, ਜਾਂਦੀ ਹੋਸ਼ ਗੁਆਚ।

ਸਾਡੀ ਖ਼ਾਤਰ ਸ਼ਖ਼ਸ ਜੋ, ਜੂਝੇ ਉਮਰ ਤਮਾਮ।
ਕਿਸ ਕੀਤੇ ਇਤਿਹਾਸ 'ਚੋਂ, ਉਹ ਸੂਰੇ ਗੁੰਮਨਾਮ।

ਹੱਥ ਖ਼ੁਦਾ ਦੇ ਡੋਰੀਆਂ, ਕੁਝ ਨਾ ਸਾਡੇ ਹੱਥ।
ਰੱਖਣ ਜਿਹੜੇ ਸੋਚ ਇਹ, ਰਹਿੰਦੇ ਖ਼ਾਲੀ ਹੱਥ।

ਖ਼ੁਦ ਸਰਕਾਰੀ ਮਾਲ ਨੂੰ, ਨੇਤਾ ਜੀ ਥੁੱਕ ਲਾਉਣ।
ਭੁੱਖੇ ਨੰਗਿਆਂ ਵਾਸਤੇ, ਥੁੱਕੀਂ ਵੜੇ ਪਕਾਉਣ।

ਹੋਵੇ ਖ਼ੂਨ ਸਫ਼ੈਦ ਜਦ, ਮਨ ਵਿਚ ਵਧੇ ਖਟਾਸ।
ਕਰਦੀ ਫੇਰ ਖਟਾਸ ਇਹ, ਨਹੁੰਆਂ ਤੋਂ ਵੱਖ ਮਾਸ।

ਰਹਿੰਦਾ ਹੈ ਉਹ ਤੜਫਦਾ, ਭਰਦਾ ਨਾ ਪਰਵਾਜ਼।
ਜਿਹੜਾ ਨਜ਼ਰੋਂ ਡਿੱਗ ਕੇ, ਹੁੰਦਾ ਨਜ਼ਰ-ਅੰਦਾਜ਼।

ਇਸ ਥਾਂ ਕਿਸੇ ਬਹਾਰ ਦੇ, ਮਿਲਦੇ ਕਿਵੇਂ ਨਿਸ਼ਾਨ।
ਰੱਬ ਸਬੱਬੀ ਬਣਦੀਆਂ, ਕੁਝ ਕਣੀਆਂ ਮਹਿਮਾਨ।



• ਹਰਮਿੰਦਰ ਸਿੰਘ ਕੋਹਾਰਵਾਲਾ, ਮੋਬਾਈਲ : 98768-73735

## ਗ਼ਜ਼ਲਾਂ

ਮੇਰੀ ਮਾਸੂਮੀਅਤ ਦੇ ਪੰਖ ਉੱਤੇ ਭਾਰ ਇੰਨਾਂ ਪਾਉ ਨਾ।
ਉੱਡਣ ਦਿਉ ਉੱਚਾ ਅੰਬਰੀਂ ਮੈਨੂੰ ਬਹੁਤਾ ਤਰਸਾਉ ਨਾ।

ਬੋਝ ਵੀ ਮੈਂ ਝੱਲ ਸਕਦਾਂ ਰਹਿ ਸਕਦਾਂ ਬੁੜ੍ਹਾਂ ਦੇ ਵਿਚ,
ਲੇਕਿਨ ਮੇਰੇ ਮੁੱਖ ਤੋਂ ਖ਼ੁਸ਼ੀ ਤੇ ਬਚਪਨ, ਚੁਰਾਉ ਨਾ।

ਪਲ ਵਿਚ ਹੀ ਲੰਘ ਜਾਣਾ ਏ ਸਮਾਂ ਨੰਨੀਆਂ ਖੇਡਾਂ ਦਾ,
ਏ ਖੇਡ ਮੁਨਾਫ਼ੇ ਵਾਲੀ ਦਾ ਮੈਨੂੰ ਹਿੱਸਾ ਅਜੇ ਬਣਾਉ ਨਾ।

ਕੀ ਜਾਤਾਂ, ਕੀ ਧਰਮ ਤੇ ਕੀ ਕਰਨਾ ਮੈਂ ਉਪਦੇਸ਼ਾਂ ਨੂੰ,
ਜਿਉਣ ਜੋਗੀ ਧਰਤ ਉੱਤੇ ਪਲ ਫ਼ੁਰਸਤ ਦੇ ਦਿਵਾਉ ਨਾ।

ਨਾ ਮੈਂ ਚਾਹਾਂ ਮਹਿਲ ਮੁਨਾਰੇ ਤੇ ਨਾ ਚਾਹਾਂ ਵਸਤਾਂ ਨੂੰ,
ਮੈਨੂੰ ਮੇਰੀ ਮਾਂ ਦੀ ਗੋਦੀ ਤੇ ਪਿਉ ਦਾ ਲਾਡ ਭੁਲਾਉ ਨਾ।

ਮਾਰ ਉਡਾਰੀਆਂ ਉੱਚੀਆਂ ਪਹੁੰਚੇ ਦੂਰ ਸਭ ਹਾਣੀ ਮੇਰੇ,
ਪੁੱਜ ਜਾਵਾਂਗਾ ਰੀਂਗ ਕੇ ਨੈਂ ਵੀ ਰਾਹ ਤੋਂ ਮੈਨੂੰ ਭਟਕਾਉ ਨਾ।

ਲੰਬੀਆਂ ਵਾਟਾਂ ਦਾ ਹਾਂ ਰਾਹੀ ਚਾਹੇ ਕਦਮ ਛੋਟੇ ਨੇ ਮੇਰੇ,
ਹਨੇਰਿਆਂ ਵਿਚਾਲੇ ਖੜ੍ਹ ਕੇ ਮੇਰਾ ਰਾਹ ਕੋਈ ਰੁਸ਼ਨਾਉ ਨਾ।



• ਕੁਲਦੀਪ ਹੰਸਪਾਲ, ਮੋਬਾਈਲ : 8872521400

ਰੋਈ ਤਿਤਲੀ ਮਾਲੀ ਰੋਏ।
ਬਾਗ਼ੀਂ ਫੁੱਲ ਕਲੀ ਨੇ ਮੋਏ।

ਐਵੇਂ ਨਜ਼ਰਾਂ ਰਾਹਾਂ ਤੱਕਣ,
ਆਵੇ ਨਾ ਉਹ ਲੋਏ ਲੋਏ।

ਐਸੇ ਉਹ ਪਰਦੇਸ ਗਏ ਨੇ,
ਮੁੜ ਨਾ ਖੁੱਲ੍ਹੇ ਬੂਹੇ ਢੋਏ।

ਦਿਲਬਰ ਬਣ ਕੇ ਕਹਿਰ ਗੁਜ਼ਾਰੇ,
ਰਾਹੀਂ ਮੇਰੇ ਥੋਹਰ ਬੋਏ।

ਰੌਸ਼ਨ ਕਰਦੇ ਜੋ ਮਨ ਮੇਰਾ,
ਕੋਈ ਐਸਾ ਸੂਰਜ ਹੋਏ।

ਮੌਲਾ ਵੈਰੀ ਬਣਿਆ ਮੇਰਾ,
ਲੱਭੇ ਨਾਹੀ ਮੋਤੀ ਖੋਏ।



• ਕਰਮਜੀਤ "ਦਿਉਣ"
ਮੋਬਾਈਲ : 94672-95003

## ਕਵਿਤਾਵਾਂ

### ਹੰਝੂ

ਬੜਾ ਮੁਸ਼ਕਿਲ ਸੀ ਤੈਨੂੰ ਦਿਲ ਦੀ ਸੁਣਾਉਣਾ।
ਨੈਣਾਂ 'ਚ ਰੱਖਣੇ ਹੰਝੂ ਤੇ ਝੂਠਾ ਮੁਸਕਰਾਉਣਾ।

ਜੁਗਨੂੰਆਂ ਦੇ ਕਾਫ਼ਲੇ ਤੋਂ ਸੂਰਜ ਦੀ ਅੱਗ ਮੰਗਣੀ,
ਤੇ ਹਨੇਰੇ 'ਚ ਗ਼ਮ ਦੀ ਲਾਟ ਦਾ ਜਗਮਗਾਉਣਾ।

ਉਦਾਸੀ ਰੁੱਤ ਦੇ ਗਲ਼ ਲੱਗ ਰੋਣਾ ਅਕਸਰ,
ਪਤਝੜ 'ਚ ਬਹਾਰ ਦਾ ਭਰਮ ਬਣਾਉਣਾ।

ਉੱਡਣ ਨਾ ਦੇਣਾ ਯਾਦਾਂ ਦੇ ਪੰਖੇਰੂ ਨੂੰ,
ਮਿਲਣੇ ਦੀ ਤਾਂਘ ਵਿਚ ਜ਼ਿੰਦਗੀ ਬਿਤਾਉਣਾ।

ਸੌਖਾ ਨਹੀਂ ਸੀ, ਤੈਨੂੰ ਲਿਖੇ ਖ਼ਤ ਸਾੜ ਦੇਣੇ,
ਫਿਰ ਰਾਖ ਨੂੰ ਸੀਨੇ ਲਾ ਹੰਝੂ ਵਹਾਉਣਾ।



• ਮਨਿੰਦਰ ਕੌਰ 'ਬਸੀ', ਮੋਬਾਈਲ : 98784-38722

### ਮਾਂ ਦੀ ਸੇਵਾ

ਮਾਂ ਧਰਤੀ ਦਾ ਰੱਬ ਹੈ ਦੂਜਾ
ਮਾਂ ਦੀ ਕਰੋ ਹਮੇਸ਼ਾ ਪੂਜਾ
ਮਾਂ ਦੀ ਮਮਤਾ 'ਚ ਅਥਾਹ ਸ਼ਕਤੀ
ਮਾਂ ਦੀ ਕਰੋ ਸੇਵਾ ਭਗਤੀ
ਮਾਂ ਦਾ ਕਰਜ਼ ਉਤਾਰ ਨਾ ਸਕੇ ਕੋਈ
ਜੋ ਦੁੱਖ ਦੇਵੇ ਮਾਂ ਨੂੰ, ਮਿਲੇ ਨਾ ਉਸ ਨੂੰ ਢੋਈ
ਮਾਂ ਦਾ ਦਿਲ ਜਿਸ ਨੇ ਵੀ ਦੁਖਾਇਆ
ਦੁੱਖ ਤੋਂ ਛੁਟਕਾਰਾ ਉਸ ਕਦੇ ਨਾ ਪਾਇਆ
ਸਦਾ ਹੀ ਮਾਂ ਨੂੰ ਪੁੱਤ 'ਤੇ ਤਰਸ ਹੈ ਆਇਆ
ਨਾ ਉਸ ਨੂੰ ਸਮਝਿਆ ਉਸ ਕਦੇ ਪਰਾਇਆ
ਵਿਰਦੀ ਜੋ ਕਰਨ ਮਾਂ ਦੀ ਰੱਜ ਕੇ ਸੇਵਾ
ਦੋਹੀਂ ਜਹਾਨੀ ਮਿਲੇ ਉਨ੍ਹਾਂ ਨੂੰ ਮੇਵਾ।



• ਅਮਰਜੀਤ ਸਿੰਘ ਵਿਰਦੀ

### ਫੱਟ ਮੁਹੱਬਤਾਂ ਦੇ

ਮਿਲਦੇ ਨਹੀਂ ਲੱਗੇ ਹੋਏ ਡੂੰਘੇ ਫੱਟ ਮੁਹੱਬਤਾਂ ਦੇ।
ਭੁਲਾਇਆਂ ਵੀ ਨਹੀਂ ਭੁੱਲਦੇ ਬੀਤੇ ਝੱਟ ਮੁਹੱਬਤਾਂ ਦੇ।

ਬਾਹਰੋਂ ਦੇਖਣ ਨੂੰ ਤਾਂ ਬੁੱਤ ਪੂਰਾ-ਸੂਰਾ ਦਿੱਸਦਾ ਹੈ,
ਅੰਦਰੋਂ ਘੁਣ ਵਾਂਗੂ ਜਾਂਦੇ ਨੇ ਦੁੱਖ ਚੱਟ ਮੁਹੱਬਤਾਂ ਦੇ।

ਹੁਸਨ ਕੱਚਿਆਂ 'ਤੇ ਠਿੱਲ੍ਹ ਪੈਂਦੈ ਲਾਉਂਦੇ ਜਾਨ ਦੀ ਬਾਜ਼ੀ,
ਮੱਛੀ ਦੀ ਥਾਂ ਭੁੰਨੇ ਜਾਂਦੇ ਜਦੋਂ ਵੀ ਪੱਟ ਮੁਹੱਬਤਾਂ ਦੇ।

ਰੋਗ ਉਮਰਾਂ ਦਾ ਬਣ ਜਾਂਦੀ ਕੀਤੀ ਦੋ ਘੜੀਆਂ ਦੀ ਭੁੱਲ,
ਜਦੋਂ ਲੇਖਾਂ ਵਿਚ ਲਿਖੇ ਹੋਣ, ਲੇਖੇ ਘੱਟ ਮੁਹੱਬਤਾਂ ਦੇ।

ਜਗ ਰੁੱਸਦੈ ਤਾਂ ਰੁੱਸ ਜਾਵੇ ਇਸ ਗੱਲ ਦਾ ਝੋਰਾ ਨਹੀਂ,
ਜਰਨੇ ਬੜੇ ਔਖੇ ਨੇ ਮੱਥੇ ਪਏ ਵੱਟ ਮੁਹੱਬਤਾਂ ਦੇ।

ਚੀਮੇ ਬੇਵਸੀਆਂ ਵੱਸ ਪੈ ਕੇ ਹਾਰਗੇ ਇਸ਼ਕੇ ਦੀ ਬਾਜ਼ੀ,
ਸੱਚੇ ਹੁੰਦਿਆਂ ਝੂਠੇ ਮਿਹਣੇ ਲਏ ਖੱਟ ਮੁਹੱਬਤਾਂ ਦੇ।



• ਅਮਰਬੀਰ ਸਿੰਘ ਚੀਮਾ, ਮੋਬਾਈਲ : 98889-40211

# ਇਤਿਹਾਸਕ ਨਾਵਲ ਸੂਰਜ ਦੀ ਅੱਖ



ਹਰਪਾਲ ਸਿੰਘ ਪੰਨੂ
ਮੋਬਾਈਲ 94642-51454

*ਸਰਕਾਰ ਖ਼ਾਲਸਾ ਦਾ ਅਦਬ, ਸਲੀਕਾ ਕਿੰਨਾ ਸ਼ਾਨਦਾਰ ਸੀ, ਇਹ ਤੱਥ ਤਾਂ ਵਿਦੇਸ਼ੀ ਵੀ ਲਿਖ ਗਏ ਹਨ। ਜਿਸ ਤਰ੍ਹਾਂ ਦੀ ਹੋਲੀ ਬਲਦੇਵ ਸਿੰਘ ਨੇ ਦਿਖਾਈ ਹੈ, ਯੂਪੀ ਦੇ ਗ਼ਰੀਬ ਲੋਕ ਤਾਂ ਖੇਡਦੇ ਦੇਖੇ, ਇਕ ਦੂਜੇ ਉੱਪਰ ਗੋਹਾ, ਗਾਰਾ ਵੀ ਸੁੱਟ ਦਿੰਦੇ ਹਨ। ਪੰਜਾਬ ਵਿਚ ਤਾਂ ਹੁਣ ਵੀ ਆਮ ਲੋਕ ਇਸ ਤਰ੍ਹਾਂ ਦਾ ਵਰਤਾਰਾ ਹੋਲੀ ਦੇ ਦਿਨ ਨਹੀਂ ਕਰਦੇ...*

*(ਲੜੀ ਜੋੜਨ ਲਈ ਅਦਬ ਦਾ 3 ਸਤੰਬਰ ਦਾ ਅੰਕ ਦੇਖੋ)*

ਮੇਰਾ ਰਣਜੀਤ ਸਿੰਘ ਉੱਤੇ ਲਿਖਿਆ ਲੇਖ ਪੜ੍ਹਕੇ ਇਕ ਮਿੱਤਰ ਨੇ ਫੋਨ ਕੀਤਾ, ਕਿਹਾ-ਤੇਰੀ ਲਿਖਤ ਪੜ੍ਹ ਲਈ ਹੈ। ਇਹ ਦੱਸ, ਰਣਜੀਤ ਸਿੰਘ ਵਿਚ ਕੋਈ ਨੁਕਸ ਨਹੀਂ ਸੀ? ਮੈਂ ਕਿਹਾ-ਤੇਰੀ ਲਿਖਤ ਪੜ੍ਹੀ ਸੀ, ਇਹ ਦੱਸ ਰਣਜੀਤ ਸਿੰਘ ਵਿਚ ਗੁਣ ਨਹੀਂ ਸੀ? ਔਗੁਣ ਹੀ ਔਗੁਣ ਲਿਖੇ ਦੇਖੇ ਤਾਂ ਸਮਤੋਲ ਕਾਇਮ ਕਰਨ ਲਈ ਮੈਂ ਗੁਣ ਹੀ ਗੁਣ ਲਿਖ ਦਿੱਤੇ। ਜੇ ਤੂੰ ਕੋਈ ਗੁਣ ਲਿਖਦਾ, ਮੈਂ ਕੋਈ ਔਗਣ ਵੀ ਲਿਖ ਸਕਦਾ ਫਿਰ।

ਰਣਜੀਤ ਸਿੰਘ ਨੂੰ ਲਾਹੌਰ ਵਿਚ ਹੋਲੀ ਖੇਡਦਾ ਦਿਖਾਇਆ ਹੈ, ਸ਼ਰਾਬ ਪੀਤੀ ਹੋਈ ਹੈ, ਹਾਥੀ ਉੱਪਰ ਮੋਰਾਂ ਆਪਣੇ ਨਾਲ ਬਿਠਾ ਰੱਖੀ ਹੈ, ਰੰਗ ਪਾਉਂਦਿਆਂ ਪਾਉਂਦਿਆਂ ਸਰਦਾਰ ਇਕ ਦੂਜੇ ਨੂੰ ਪੱਥਰ ਮਾਰਨ ਲੱਗਦੇ ਹਨ, ਜੁੱਤੀਆਂ ਮਾਰਨ ਲੱਗਦੇ ਹਨ। ਸਰਕਾਰ ਖ਼ਾਲਸਾ ਦਾ ਅਦਬ, ਸਲੀਕਾ ਕਿੰਨਾ ਸ਼ਾਨਦਾਰ ਸੀ, ਇਹ ਤੱਥ ਤਾਂ ਵਿਦੇਸ਼ੀ ਵੀ ਲਿਖ ਗਏ ਹਨ। ਜਿਸ ਤਰ੍ਹਾਂ ਦੀ ਹੋਲੀ ਬਲਦੇਵ ਸਿੰਘ ਨੇ ਦਿਖਾਈ ਹੈ, ਯੂਪੀ ਦੇ ਗ਼ਰੀਬ ਲੋਕ ਤਾਂ ਖੇਡਦੇ ਦੇਖੇ ਹਨ, ਇਕ ਦੂਜੇ ਉੱਪਰ ਗੋਹਾ, ਗਾਰਾ ਵੀ ਸੁੱਟ ਦਿੰਦੇ ਹਨ। ਪੰਜਾਬ ਵਿਚ ਤਾਂ ਹੁਣ ਵੀ ਆਮ ਲੋਕ ਇਸ ਤਰ੍ਹਾਂ ਦਾ ਵਰਤਾਰਾ ਹੋਲੀ ਦੇ ਦਿਨ ਨਹੀਂ ਕਰਦੇ।

ਆਪਣੇ ਵਜ਼ੀਰਾਂ, ਅਫ਼ਸਰਾਂ ਨਾਲ ਗੱਲਾਂ ਕਰਦਿਆਂ ਰਣਜੀਤ ਸਿੰਘ ਤੋਂ ਜਿਹੜੇ ਵਾਕ ਬੁਲਵਾਏ ਹਨ ਉਹ ਨੀਵੀਂ ਪੱਧਰ ਦੇ ਹਨ। ਚੇਤੇ ਰਹੇ ਕਿ ਰਣਜੀਤ ਸਿੰਘ ਹੱਲ ਵਾਹੁੰਦਾ-ਵਾਹੁੰਦਾ ਅਚਾਨਕ ਇਕ ਦਿਨ ਮਹਾਰਾਜੇ ਦੀ ਗੱਦੀ 'ਤੇ ਨਹੀਂ ਬੈਠ ਗਿਆ ਸੀ। ਮਹਾਰਾਜੇ ਦੇ ਬਾਬਾ ਚੜ੍ਹਤ ਸਿੰਘ ਦਾ ਬਾਬਾ, ਬੁੱਢਾ ਸਿੰਘ ਗੁਰੂ ਹਰਿਰਾਇ ਦਾ ਸਿੱਖ ਸਜਿਆ ਜਿਸ ਨੇ ਦਸਮ ਪਾਤਸ਼ਾਹ ਤੋਂ ਅੰਮ੍ਰਿਤ ਛਕਿਆ ਤੇ ਬਾਬਾ ਬੰਦਾ ਸਿੰਘ ਦੀ ਸੈਨਾ ਵਿਚ ਸੂਰਮਗਤੀ ਦੇ ਜੌਹਰ ਦਿਖਾਏ। ਮਿਸਲ ਸ਼ੁਕਰਚੱਕ ਦੀ ਸਥਾਪਨਾ ਬੁੱਢਾ ਸਿੰਘ ਨੇ ਕਰ ਦਿੱਤੀ ਸੀ। ਇਨ੍ਹਾਂ ਸਰਦਾਰਾਂ ਵਿਚ ਬੋਲ ਬਾਣੀ ਦਾ ਸਲੀਕਾ ਪੁਸ਼ਤਾਂ ਤੋਂ ਤੁਰਿਆ ਆਇਆ ਸੀ। ਵੈਸੇ ਵੀ ਮਝੈਲ, ਰਹਿਣ-ਸਹਿਣ, ਬੋਲਣ-ਚਲਣ ਵਿਚ ਬਾਕੀ ਦੇ ਪੰਜਾਬੀਆਂ ਤੋਂ ਅੱਗੇ ਸਨ ਤੇ ਹਨ।

ਜੋ ਕੁਝ ਸਾਡੇ ਸਾਹਮਣੇ ਪਏ ਸਰੋਤਾਂ ਵਿਚ ਮੌਜੂਦ ਹੈ, ਉਹ ਉਵੇਂ ਦਾ ਉਵੇਂ ਪਾਠਕਾਂ ਅੱਗੇ ਨਹੀਂ ਰੱਖਣਾ ਹੁੰਦਾ। ਛਾਣਨੀ ਨਹੀਂ ਤਾਂ ਰੋਟੀਆਂ ਵਿਚ ਕੋਕੜੂ, ਕੰਕਰ ਆਉਣਗੇ ਹੀ ਆਉਣਗੇ। ਸਾਲ 1975 ਵਿਚ ਗੁਰੂ ਤੇਗ ਬਹਾਦਰ ਸਾਹਿਬ ਦੀ ਤਿੰਨ ਸੌ ਸਾਲਾ ਸ਼ਹੀਦੀ ਸ਼ਤਾਬਦੀ ਮਨਾਈ ਗਈ ਸੀ। ਵਿਦਵਾਨਾਂ ਨੇ ਖੋਜ ਪੱਤਰ ਲਿਖੇ, ਪੜ੍ਹੇ।

ਡਾ. ਫੌਜਾ ਸਿੰਘ ਨੇ ਇਕ ਲੇਖ ਵਿਚ ਗੁਲਾਮ ਹੁਸੈਨ ਦਾ ਹਵਾਲਾ ਦੇ ਦਿੱਤਾ ਜਿਸ ਨੇ ਗੁਰੂ ਜੀ ਬਾਰੇ ਲਿਖਿਆ ਸੀ ਕਿ ਉਹ ਲੁੱਟਮਾਰ ਕਰਿਆ ਕਰਦੇ ਸਨ। ਮੂਲ ਫ਼ਾਰਸੀ ਵਾਕ ਦਾ ਅੰਗਰੇਜ਼ੀ ਉਲਥਾ ਸੀ। ਇਸ ਇਕ ਵਾਕ ਨੇ ਫੌਜਾ ਸਿੰਘ ਦੇ ਸਾਰੇ ਕੈਰੀਅਰ ਨੂੰ ਮਿੱਟੀ ਵਿਚ ਮਿਲਾ ਦਿੱਤਾ। ਥਾਂ ਥਾਂ ਲਿਖਤੀ ਤੇ ਜ਼ਬਾਨੀ ਮਾਫ਼ੀਆਂ ਮੰਗਦਾ ਫਿਰਿਆ। ਫੌਜਾ ਸਿੰਘ ਖ਼ਿਲਾਫ਼ ਆਖਰੀ ਸਟੀਕ ਲੇਖ ਕਪੂਰ ਸਿੰਘ ਨੇ ਲਿਖਿਆ, 1977 ਵਿਚ ਪੰਜਾਬੀ ਯੂਨੀਵਰਸਿਟੀ ਵਿਖੇ ਪੜ੍ਹਿਆ। ਜਿਸ ਵਿਚ ਉਨ੍ਹਾਂ ਨੇ ਦੱਸਿਆ ਕਿ ਗੁਲਾਮ ਹੁਸੈਨ ਦਾ ਹਵਾਲਾ ਫੌਜਾ ਸਿੰਘ ਨੇ ਮਨਘੜਤ ਨਹੀਂ ਸੀ ਦਿੱਤਾ, ਮੌਜੂਦ ਹੈ। ਫੌਜਾ ਸਿੰਘ ਨੇ ਉਸ ਦਾ ਵਾਕ ਲਿਖ ਦਿੱਤਾ, ਵਾਕ ਦੀ ਵਜ਼ਾਹਤ ਨਹੀਂ ਕੀਤੀ, ਸਮਝਿਆ ਗਿਆ ਕਿ ਫੌਜਾ ਸਿੰਘ, ਗੁਲਾਮ ਹੁਸੈਨ ਨਾਲ ਸਹਿਮਤ ਹੈ।

ਸਦਾ ਕੌਰ ਆਪਣੇ ਜਵਾਈ ਰਣਜੀਤ ਸਿੰਘ ਨੂੰ ਹਰ ਥਾਂ ਕਾਕਾ ਜੀ ਕਹਿ ਕੇ ਗੱਲ ਕਰਦੀ ਹੈ। ਉਨ੍ਹਾਂ ਦਿਨਾਂ ਵਿਚ ਕੀ, ਪਿਛਲੀ ਵੀਹਵੀਂ ਸਦੀ ਤਕ ਜਵਾਈਆਂ ਨੂੰ ਸਾਊ ਕਿਹਾ ਜਾਂਦਾ ਸੀ ਕਾਕਾ ਜੀ ਨਹੀਂ। ਕਾਕਾ ਜੀ ਪਿਛਲੇ ਤੀਹ ਕੁ ਸਾਲਾਂ ਦੇ ਸਮੇਂ ਵਿਚ ਵਿਕਸਿਤ ਹੋਇਆ ਹੈ। ਪੰਜਾਬੀ ਦੇ ਇਕ ਉੱਘੇ ਨਾਵਲਕਾਰ ਨੇ ਤਾਂ ਲਿਖਤ ਵਿਚ ਗੁਰੂ ਜੀ ਦੇ ਸਾਹਿਬਜ਼ਾਦੇ ਨੂੰ ਵੀ ਕਾਕਾ ਜੀ ਲਿਖ ਦਿੱਤਾ ਸੀ। ਵਡੇਰੀਆਂ ਔਰਤਾਂ ਨੂੰ ਸ਼ਰਾਬਣਾਂ, ਕਬਾਬਣਾਂ ਤੇ ਦੁਰਾਚਾਰਨੀਆਂ ਦਿਖਾ ਕੇ ਚਟਖਾਰੇ ਲਏ ਹਨ। ਲਿਖਿਆ ਹੈ ਜਦੋਂ ਮਹਾਰਾਣੀ ਜਿੰਦਾ ਨਾਲ ਵਿਆਹ ਹੋਇਆ ਉਦੋਂ ਤਾਂ ਰਣਜੀਤ ਸਿੰਘ ਨਪੁੰਸਕ ਹੋ ਚੁੱਕਾ ਸੀ, ਗੱਲਾਂ ਹੋ ਰਹੀਆਂ ਹਨ ਕਿ ਦਲੀਪ ਸਿੰਘ ਮਹਾਰਾਜੇ ਦਾ ਨਹੀਂ ਮਾਸ਼ਕੀ ਦਾ ਬੀਜ ਹੈ। ਇਸੇ ਤਰ੍ਹਾਂ ਰਾਣੀ ਮਹਿਤਾਬ ਕੌਰ ਦੇ ਦੋ ਜੌੜੇ ਬੇਟੇ ਜਨਮ ਲੈਂਦੇ ਹਨ ਤਾਂ ਰਣਜੀਤ ਸਿੰਘ ਨੂੰ ਪਤਾ ਸੀ ਇਕ ਲੜਕਾ ਧੋਬੀ ਦਾ ਹੈ ਦੂਜਾ ਸਦਾ ਕੌਰ ਦੀ ਇਕ ਨੌਕਰਾਣੀ ਦਾ। ਨਮੋਸ਼ੀ ਤੋਂ ਬਚਣ ਲਈ ਰਣਜੀਤ ਸਿੰਘ ਨੇ ਖ਼ੁਸ਼ੀ ਮਨਾਉਣ ਦਾ ਹੁਕਮ ਦਿੱਤਾ। (ਪੰਨਾ 209)

ਹਕੀਮ ਮਹਾਰਾਜਾ ਨੂੰ ਦਵਾਈ ਦੇਣ ਆਇਆ ਤਾਂ ਆਪਣੇ ਜੁਆਨ ਬੇਟੇ ਅਜੀਜ਼ਉਦੀਨ ਨੂੰ ਵੀ ਨਾਲ ਲਿਆਇਆ। ਇਸ ਜੁਆਨ ਦੀ ਜ਼ਬਾਨ ਏਨੀ ਬਾਅਦਬ ਕਿ ਮਹਾਰਾਜੇ ਨੇ ਹਕੀਮ ਨੂੰ ਕਿਹਾ-ਇਹ ਬੇਟਾ ਸਾਡੇ ਮਹਿਲਾਂ ਵਿਚ ਰਹੇਗਾ। ਜਿਸ ਸ਼ਖ਼ਸ ਵਿਚ ਖ਼ੁਦ ਸਲੀਕਾ ਨਾ ਹੋਵੇ ਉਸ ਨੂੰ ਸਲੀਕੇਦਾਰ ਲੋਕ ਚੰਗੇ ਨਹੀਂ ਲੱਗਿਆ ਕਰਦੇ। ਮਹਾਰਾਜਾ ਆਪਣੇ ਤੋਂ ਛੋਟਿਆਂ ਨੂੰ ਵੀ ਤੁਸੀਂ ਕਹਿਕੇ ਬੁਲਾਉਂਦਾ ਹੁੰਦਾ ਸੀ। ਇਸ ਨਾਵਲ ਵਿਚ ਉਹ ਆਪਣੇ ਵਜ਼ੀਰਾਂ ਨਾਲ ਇਕ ਵਚਨ ਵਿਚ ਤੂੰ-ਤੂੰ ਕਹਿਕੇ ਗੱਲ ਕਰਦਾ ਹੈ।

ਸਰਕਾਰ ਖ਼ਾਲਸਾ ਦੀ ਮਾਇਕ ਹਾਲਤ ਏਨੀ ਮਾੜੀ ਹੋ ਗਈ ਕਿ ਮਹਾਰਾਜੇ ਨੇ ਸਾਰੇ ਮੁਲਾਜ਼ਮਾਂ ਨੂੰ ਦੋ ਦੋ ਮਹੀਨੇ ਦੀ ਤਨਖ਼ਾਹ ਜਮ੍ਹਾਂ ਕਰਵਾਉਣ ਲਈ ਕਿਹਾ। ਬਾਕੀ ਤਾਂ ਮੰਨ ਗਏ, ਜਰਨੈਲ ਐਲਾਰਡ ਅਤੇ ਵੈਨਤੂਰਾ ਅੜ ਗਏ, ਤਨਖ਼ਾਹ ਜਮ੍ਹਾਂ ਨਹੀਂ ਕਰਵਾਈ। ਮਹਾਰਾਜੇ ਨੇ ਤਲਬ ਕਰ ਲਏ। ਦਰਬਾਰ ਦੀ ਸਾਰੀ ਮਰਿਆਦਾ ਭੁਲਾ ਕੇ ਉਨ੍ਹਾਂ ਨੂੰ ਮਾਵਾਂ-ਭੈਣਾਂ ਦੀਆਂ ਗਾਲ੍ਹਾਂ ਕੱਢਣ ਲੱਗਾ। ਖੰਜਰ ਲੈ ਕੇ ਉਨ੍ਹਾਂ ਉੱਪਰ ਝਪਟਿਆ। (ਪੰਨਾ 409)

ਫਕੀਰ ਅਜੀਜ਼ਉਦੀਨ ਹੈਨਰੀ ਕੁਰਟ ਅਤੇ ਅਵੀਤਾਬੇਲ ਨੂੰ ਮਹਾਰਾਜੇ ਅੱਗੇ ਪੇਸ਼ ਕਰਦਿਆਂ ਆਖਦਾ ਹੈ, 'ਮਹਾਰਾਜ ਇਹ ਇਤਾਲਵੀ ਅਵੀਤਾਬੇਲ ਥੋੜ੍ਹਾ ਹਰਾਮੀ ਜਾਪਦਾ ਏ' (ਪੰਨਾ 420)। ਇਹ ਦੋਵੇਂ ਸਰਕਾਰ ਖ਼ਾਲਸਾ ਦੇ ਜਰਨੈਲ ਹਨ। (ਪੰਨਾ 430, 431 ਉੱਪਰ) ਲੈਲੀ ਨੂੰ ਘੋੜਾ ਦੱਸਦਾ ਹੈ ਪਰ (ਪੰਨਾ 594, 595



ਉੱਪਰ) ਲੈਲੀ ਅਚਾਨਕ ਘੋੜੀ ਹੋ ਗਈ। ਘੋੜਿਆਂ ਦੇ ਵਪਾਰੀ ਜੋ ਮੁੱਲ ਮੰਗਦੇ ਹਨ, ਮਹਾਰਾਜੇ ਨੂੰ ਮਨਜ਼ੂਰ ਨਹੀਂ। ਹੁਕਮ ਦਿੰਦਾ ਹੈ, ਵਪਾਰੀਆਂ ਨੂੰ ਕੋੜੇ ਮਾਰੋ। ਕੋੜੇ ਖਾ ਕੇ ਵਪਾਰੀ ਜਿੰਨੇ ਪੈਸੇ ਮਿਲੇ ਲੈ ਕੇ ਤੁਰਨ ਦੀ ਕਰਦੇ ਹਨ (ਪੰਨਾ 431), ਨਪੁੰਸਕ ਰਾਜੇ ਦੀਆਂ ਰਾਣੀਆਂ ਪੁੱਤਰ ਜੰਮਦੀਆਂ ਰਹੀਆਂ, ਉਹ ਖ਼ੁਸ਼ੀਆਂ ਮਨਾਉਂਦਾ ਰਿਹਾ (444)।

ਦੂਤ ਖ਼ੁਸ਼ਖ਼ਬਰੀ ਸੁਣਾਉਂਦਾ ਹੈ, "ਮਹਾਰਾਜ, ਕੁੰਵਰ ਖੜਕ ਸਿੰਘ ਨੇ ਮਿਠਨਕੋਟ 'ਤੇ ਕਬਜ਼ਾ ਕਰ ਲਿਆ ਹੈ। ਹੁਣ ਉਸ ਨੇ ਸ਼ਿਕਾਰਪੁਰ ਉੱਪਰ ਕਬਜ਼ਾ ਕਰਨ ਦੀ ਆਗਿਆ ਮੰਗੀ ਹੈ"। ਦੂਤ ਨੇ ਕੁੰਵਰ ਵਾਸਤੇ ਉਸ ਨੇ ਸ਼ਬਦ ਵਰਤੇ ਹਨ, ਉਨ੍ਹਾਂ ਨੇ ਨਹੀਂ।

ਸਹੂਲਤ ਲਈ ਅਤੇ ਖ਼ੁਦ ਨੂੰ ਖ਼ਤਰਨਾਕ ਖ਼ਿਆਲਾਂ ਤੋਂ ਨਿਰਲੇਪ ਕਰਨ ਲਈ ਲੇਖਕ ਨੇ ਇਕ ਪਾਤਰ ਘੜ ਲਿਆ ਹੈ ਪ੍ਰੋਫੈਸਰ ਕੌਤਕੀ। ਕੌਤਕੀ ਲਫ਼ਜ਼ ਆਪਣੇ ਆਪ ਵਿਚ ਹਲਕਾ ਹੈ, ਜਿਵੇਂ ਮਦਾਰੀ। ਕੌਤਕ ਕੋਈ ਨਹੀਂ ਦਿਖਾਉਂਦਾ, ਮਹਾਰਾਜੇ ਦਾ ਨਿੱਘਰਿਆ ਰੂਪ ਪੇਸ਼ ਕਰਦਾ ਹੈ। ਇਹ ਪਾਤਰ ਸੰਜੀਦਾ ਹੋਣ ਦੀ ਥਾਂ ਰਾਮਲੀਲਾ ਦਾ ਮਖੌਲੀਆ ਵਧੀਕ ਲੱਗਦਾ ਹੈ। ਜਿਸ ਤੋਂ ਵਧੀਕ ਗੰਭੀਰਤਾ ਦੀ ਉਮੀਦ ਸੀ, ਉਹੀ ਵਾਰ-ਵਾਰ ਸੰਜੀਦਗੀ ਵਿਚ ਤ੍ਰੇੜਾਂ ਪਾਉਂਦਾ ਹੈ।

ਇਸ ਨਾਵਲ ਨਾਲ ਨਾ ਇਤਿਹਾਸ ਵਿਚ ਕੋਈ ਵਾਧਾ ਹੋਇਆ ਨਾ ਨਾਵਲਕਾਰੀ ਵਿਚ। ਪਾਠਕਾਂ ਨੂੰ ਤੈਸ਼ ਵਿਚ ਆ ਕੇ ਲੇਖਕ ਵਾਸਤੇ ਅਪਸ਼ਬਦ ਨਹੀਂ ਬੋਲਣੇ ਚਾਹੀਦੇ। ਰਣਜੀਤ ਸਿੰਘ ਸਿੱਖਾਂ ਦਾ ਕੋਈ ਧਾਰਮਿਕ ਨੇਤਾ ਨਹੀਂ ਹੈ। ਸਖ਼ਤ ਦਿਲ ਸਖ਼ਤ ਜਾਨ ਹੈ, ਚਤਰ ਹੈ, ਸਵਾਰਥੀ ਹੈ, ਲੋਭੀ ਹੈ, ਰੋਮਾਂਟਿਕ ਹੈ, ਰਾਜੇ ਇਸੇ ਤਰ੍ਹਾਂ ਦੇ ਹੋਇਆ ਕਰਦੇ ਹਨ। ਦੇਖਣਾ ਇਹ ਹੈ ਕਿ ਹਜ਼ਾਰ ਔਗੁਣਾਂ ਦੇ ਹੁੰਦਿਆਂ ਉਸ ਨੇ ਅੱਧੀ ਸਦੀ ਤਕ 8 ਫ਼ੀਸਦੀ ਸਿੱਖਾਂ ਦਾ ਰਾਜ 92 ਫ਼ੀਸਦੀ ਪਰਜਾ ਉੱਪਰ ਕਰਵਾਇਆ ਜਿਸ ਦੇ ਜਿਉਂਦਿਆਂ ਕਿਸੇ ਨੇ ਗੱਦਾਰੀ ਨਹੀਂ ਕੀਤੀ। ਏਸ਼ੀਆ ਵਿਚ ਮੁਸਲਮਾਨਾਂ ਦੇ ਰਾਜ ਸਮੇਂ ਕੇਵਲ ਰਣਜੀਤ ਸਿੰਘ ਇਹ ਜੁਰਅਤ ਕਰ ਸਕਿਆ ਕਿ ਮੁਸਲਮਾਨ ਦੇਸ਼ਾਂ ਵਿਚਕਾਰ ਘਿਰਿਆ ਹੋਣ ਦੇ ਬਾਵਜੂਦ ਉਸ ਨੇ ਮੁਸਲਮਾਨ ਵਜ਼ੀਰ ਅਤੇ ਜਰਨੈਲ ਰੱਖੇ। ਕਿਸੇ ਮੁਸਲਮਾਨ ਵਜ਼ੀਰ ਜਾਂ ਜਰਨੈਲ ਨੇ ਰਣਜੀਤ ਸਿੰਘ ਦੀ ਮੌਤ ਤੋਂ ਬਾਅਦ ਸਾਜ਼ਿਸ਼ਾਂ ਵਿਚ ਹਿੱਸਾ ਨਹੀਂ ਲਿਆ, ਗ਼ੱਦਾਰੀ ਨਹੀਂ ਕੀਤੀ। ਮਾਖੇ ਖ਼ਾਨ ਅੰਗਰੇਜ਼ਾਂ ਉੱਪਰ ਤੋਪਾਂ ਦੇ ਗੋਲੇ ਦਾਗ਼ਦਾ ਰਿਹਾ। ਅੰਗਰੇਜ਼ਾਂ ਨੂੰ ਤੀਸਰੀ ਜਾਤ ਕਹਿੰਦਿਆਂ ਸ਼ਾਹ ਮੁਹੰਮਦ ਲਿਖਦਾ ਹੈ :

*ਸੁਖੀ ਬਹੁਤ ਵੱਸਣ ਮੁਸਲਮਾਨ ਹਿੰਦੂ,*
*ਸਿਰ ਦੋਹਾਂ ਦੇ ਉੱਤੇ ਆਫ਼ਾਤ ਆਈ।*
*ਸ਼ਾਹ ਮੁਹੰਮਦਾ ਵਿਚ ਪੰਜਾਬ ਦੇ ਜੀ*
*ਕਦੇ ਨਹੀਂ ਸੀ ਤੀਸਰੀ ਜਾਤ ਆਈ।* •

# ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਅਨਿਲ ਠਾਕੁਰ ਵੱਲੋਂ ਸਮੀਖਿਆ ਮੀਟਿੰਗ

**ਸੰਗਰੂਰ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਟੇਟ ਟ੍ਰੇਡਰ ਕਮਿਸ਼ਨ ਦੇ ਵਾਈਸ ਚੇਅਰਮੈਨ ਸ੍ਰੀ ਅਨਿਲ ਠਾਕੁਰ ਵੱਲੋਂ ਵਪਾਰੀਆਂ ਦੀਆਂ ਸ਼ਿਕਾਇਤਾਂ ਅਤੇ ਮੁਸ਼ਕਲਾਂ ਦੇ ਨਿਪਟਾਰੇ ਸਬੰਧੀ ਇੱਕ ਅਹਿਮ ਸਮੀਖਿਆ ਮੀਟਿੰਗ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕੀਤੀ ਗਈ।

ਇਸ ਮੌਕੇ ਸ੍ਰੀ ਅਨਿਲ ਠਾਕੁਰ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਵਪਾਰ ਕਮਿਸ਼ਨ ਲਈ 40 ਕਰੋੜ ਰੁਪਏ ਦੀ ਰਾਸ਼ੀ ਮਨਜ਼ੂਰ ਕੀਤੀ ਗਈ ਹੈ। ਇਸ ਰਾਸ਼ੀ ਵਿੱਚੋਂ ਹਰੇਕ ਜ਼ਿਲ੍ਹੇ ਨੂੰ ਕਰੀਬ 02-02 ਕਰੋੜ ਰੁਪਏ ਵੰਡੇ ਗਏ ਹਨ। ਇਸ ਵਿਸ਼ੇਸ਼ ਫੰਡ ਨਾਲ ਸੂਬੇ ਦੇ ਵਪਾਰਕ ਬਾਜ਼ਾਰਾਂ ਵਿੱਚ ਲੰਬੇ ਸਮੇਂ ਤੋਂ ਚੱਲ ਰਹੀਆਂ ਬੁਨਿਆਦੀ ਸਮੱਸਿਆਵਾਂ ਦਾ ਹੱਲ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਇਸ ਫੰਡ ਤਹਿਤ ਬਾਜ਼ਾਰਾਂ ਵਿੱਚ ਆਧੁਨਿਕ ਵਾਸ਼ਰੂਮਾਂ ਦੀ ਉਸਾਰੀ ਅਤੇ ਮੁਰੰਮਤ, ਸੜਕਾਂ ਦੀ ਉਸਾਰੀ ਅਤੇ ਮੁਰੰਮਤ, ਬਿਜਲੀ ਨਾਲ ਸਬੰਧਤ ਸਮੱਸਿਆਵਾਂ



ਦੇ ਨਿਪਟਾਰੇ ਅਤੇ ਹੋਰ ਲੋੜੀਂਦੀਆਂ ਨਾਗਰਿਕ ਸਹੂਲਤਾਂ ਦੇ ਵਿਕਾਸ ਲਈ ਕੰਮ ਕਰਵਾਏ ਜਾਣਗੇ, ਜਿਸ ਨਾਲ ਵਪਾਰੀਆਂ ਦੇ ਨਾਲ-ਨਾਲ ਆਮ ਲੋਕਾਂ ਨੂੰ ਵੀ ਵੱਡਾ ਲਾਭ ਮਿਲੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪਹਿਲੀ ਵਾਰ ਕਿਸੇ ਸਰਕਾਰ ਵੱਲੋਂ ਵਪਾਰੀਆਂ ਅਤੇ ਦੁਕਾਨਦਾਰਾਂ ਨਾਲ ਸਬੰਧਤ ਸਥਾਨਕ ਪੱਧਰ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਿਧਾਨ ਸਭਾ ਹਲਕਾ ਅਤੇ ਜ਼ਿਲ੍ਹਾ ਪੱਧਰੀ ਟ੍ਰੇਡਰਜ਼ ਕਮਿਸ਼ਨ ਸਥਾਪਿਤ ਕੀਤੇ ਗਏ ਹਨ।

ਇਸ ਤੋਂ ਇਲਾਵਾ ਸੂਬਾ ਪੱਧਰ 'ਤੇ ਵਿੱਤ ਮੰਤਰੀ ਦੀ ਅਗਵਾਈ ਹੇਠ ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ, ਜੋ ਵਪਾਰੀਆਂ ਨਾਲ ਸਿੱਧਾ ਸੰਵਾਦ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਕੰਮ ਕਰ ਰਿਹਾ ਹੈ। ਸ੍ਰੀ ਅਨਿਲ ਠਾਕੁਰ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਅਤੇ ਜ਼ਿਲ੍ਹਾ ਪੱਧਰੀ ਟ੍ਰੇਡਰਜ਼ ਕਮਿਸ਼ਨਾਂ ਵੱਲੋਂ ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਦੀ ਅਗਵਾਈ ਹੇਠ ਹੁਣ ਤੱਕ ਸੂਬੇ ਭਰ ਵਿੱਚ ਵਪਾਰੀਆਂ ਨਾਲ 800 ਤੋਂ ਵੱਧ ਮੀਟਿੰਗਾਂ ਕੀਤੀਆਂ ਜਾ ਚੁੱਕੀਆਂ ਹਨ।

ਇਨ੍ਹਾਂ ਮੀਟਿੰਗਾਂ ਦੌਰਾਨ ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਸਥਾਨਕ ਪੱਧਰ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕਰਨ ਦੇ ਨਾਲ-ਨਾਲ ਸੂਬਾ ਪੱਧਰ 'ਤੇ ਵੀ ਕਈ ਮਹੱਤਵਪੂਰਨ ਫ਼ੈਸਲੇ ਕਰਵਾਏ ਗਏ ਹਨ।

ਉਨ੍ਹਾਂ ਕਿਹਾ ਕਿ ਇਨ੍ਹਾਂ ਮੀਟਿੰਗਾਂ ਦੌਰਾਨ ਵਪਾਰੀਆਂ ਵੱਲੋਂ ਬੁਨਿਆਦੀ ਢਾਂਚੇ ਵਿੱਚ ਸੁਧਾਰ ਸਬੰਧੀ ਉਠਾਈਆਂ ਗਈਆਂ ਮੰਗਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ 40 ਕਰੋੜ ਰੁਪਏ ਦਾ ਵਿਸ਼ੇਸ਼ ਫੰਡ ਮਨਜ਼ੂਰ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੀ ਭਲਾਈ, ਵਪਾਰਕ ਸਰਗਰਮੀਆਂ ਨੂੰ ਹੋਰ ਪ੍ਰੋਤਸਾਹਨ ਦੇਣ ਅਤੇ ਬਾਜ਼ਾਰਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਹ ਵਿਸ਼ੇਸ਼ ਫੰਡ ਉਸੇ ਦਿਸ਼ਾ ਵਿੱਚ ਇੱਕ ਅਹਿਮ ਅਤੇ ਦੂਰਅੰਦੇਸ਼ੀ ਕਦਮ ਸਾਬਤ ਹੋਵੇਗਾ।

# ਪੰਜਾਬੀ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਵਲੋਂ ਜਸਵੰਤ ਸਿੰਘ ਕੌਲੀ ਨੂੰ ਕੀਤਾ ਗਿਆ ਸਨਮਾਨਿਤ

**ਪਟਿਆਲਾ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਵੰਡ ਦੇ ਭਿਆਨਕ ਯਾਦਗਾਰੀ ਦਿਵਸ 2026 ਅਤੇ 80ਵੇਂ ਆਜ਼ਾਦੀ ਦਿਵਸ ਦੇ ਸੰਦਰਭ ਵਿੱਚ ਪੰਜਾਬੀ ਯੂਨੀਵਰਸਿਟੀ ਦੇ ਨਾਰੀ ਅਧਿਐਨ ਕੇਂਦਰ ਵੱਲੋਂ ਡਾ ਜਗਦੀਪ ਸਿੰਘ ,ਵਾਈਸ-ਚਾਂਸਲਰ, ਪੰਜਾਬੀ ਯੂਨੀਵਰਸਿਟੀ ,ਪਟਿਆਲਾ ਦੀ ਸਰਪਰਸਤੀ ਅਤੇ ਡਾ ਨੈਨਾ ਸ਼ਰਮਾ, ਡਾਇਰੈਕਟਰ ,ਨਾਰੀ ਅਧਿਅਨ ਕੇਂਦਰ ਦੀ ਅਗਵਾਈ ਹੇਠ ਮਿਤੀ 14 ਅਗਸਤ 2026 ਨੂੰ ਸਾਇੰਸ ਔਡੀਟੋਰੀਅਮ, ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਇੱਕ ਖਾਸ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਵਿੱਚ ਬਟਵਾਰੇ ਸਮੇਂ ਅਤੇ ਪੁਨਰ ਵਸੇਬੇ ਦੌਰਾਨ ਔਰਤਾਂ ਵੱਲੋਂ ਨਿਭਾਈ ਗਈ ਭੂਮਿਕਾ ਦੇ ਸੰਦਰਭ ਵਿੱਚ ਨੌ ਔਰਤਾਂ ਤੇ ਚਾਰ ਮਰਦ ਬਿਰਤਾਂਤਕਾਰਾਂ ਦਾ ਸਨਮਾਨ ਕੀਤਾ ਗਿਆ। ਇਹਨਾਂ ਵਿੱਚ ਸ਼ਾਮਿਲ ਵਿਰਤਾਂਤਕਾਰ ਵਿੱਚ ਉਸ ਪੀੜੀ ਦੀਆਂ ਔਰਤਾਂ ਜਿਨਾਂ ਨੇ ਇਸ ਨੂੰ ਆਪਣੇ ਪਿੰਡੇ ਹੰਡਾਇਆ ਅਤੇ ਉਨ ?ਾਂ ਦੇ ਬੱਚੇ ਸ਼ਾਮਿਲ ਸਨ ਜਿਨਾਂ ਨੇ ਉਹਨਾਂ ਨੂੰ ਇਹ ਮਿਹਨਤ ਕਰਦਿਆਂ ਵੇਖਿਆ ਅਤੇ ਉਹਨਾਂ ਤੋਂ ਉਸ ਸਮੇਂ ਦੀਆਂ ਯਾਦਾਂ ਸ਼ੁਰੂ ਤੋਂ ਸੁਣੀਆਂ। ਇਸ ਵਿੱਚ ਬੀਬੀ ਕਰਤਾਰ ਕੌਰ, ਬੀਬੀ ਬਲਬੀਰ ਕੌਰ, ਬੀਬੀ ਬਲਜਿੰਦਰ ਕੌਰ, ਬੀਬੀ ਹਰਬੰਸ ਕੌਰ, ਬੀਬੀ ਰਾਮ ਕੌਰ, ਬੀਬੀ ਬਸੰਤ ਕੌਰ ਅਤੇ ਬੀਬੀ ਸਰੋਜ ਵਾਲਾ ਸ਼ਾਮਿਲ ਹੋਈਆਂ। ਇਸ ਤੋਂ



ਇਲਾਵਾ ਸਰਦਾਰ ਵਰਿੰਦਰ ਸਿੰਘ, ਸਰਦਾਰ ਜਸਵੰਤ ਸਿੰਘ, ਸਰਦਾਰ ਮਿੱਠਾ ਸਿੰਘ ਅਤੇ ਸ੍ਰੀ ਸ਼ਿਵ ਕੁਮਾਰ ਚੋਪੜਾ ਦਾ ਵੀ ਕੇਂਦਰ ਵੱਲੋਂ ਖਾਸ ਸਨਮਾਨ ਕੀਤਾ ਗਿਆ। ਇਸ ਮੌਕੇ ਕੇਂਦਰ ਵੱਲੋਂ ਜਰਨਲਿਜ਼ਮ ਵਿਭਾਗ, ਪੰਜਾਬੀ ਯੂਨੀਵਰਸਿਟੀ ,ਪਟਿਆਲਾ ਦੇ ਸਹਿਯੋਗ ਨਾਲ ਬਣਾਈ ਗਈ ਡਾਕੂਮੈਂਟਰੀ ਵੰਡ ਤੋਂ ਵਜੂਦ ਤੱਕ ਵੀ ਪ੍ਰਦਰਸ਼ਿਤ ਕੀਤੀ ਗਈ। ਸਰਦਾਰ ਜਸਵੰਤ ਸਿੰਘ ਕੌਲੀ ਜਿਨਾਂ ਨੇ ਸਾਲ 2012 ਸਮੇਂ ਕੇਂਦਰ ਦੇ ਮਾਈਨਰ ਪ੍ਰੋਜੈਕਟ ਔਰਤਾਂ ਅਤੇ ਬਟਵਾਰਾ ਅਤੇ ਮੇਜਰ ਪ੍ਰੋਜੈਕਟ ਸੰਨ ਸੰਤਾਲੀ ਦਾ ਬਟਵਾਰਾ: ਔਰਤਾਂ ਦੀ ਗਾਥਾ ਉਹਨਾਂ ਦੀ ਜ਼ੁਬਾਨੀ ਦੇ ਸ਼ੁਰੂ ਤੋਂ ਲੈ ਕੇ ਸੰਪੰਨ ਹੋਣ ਤੱਕ ਪਾਏ ਯੋਗਦਾਨ ਲਈ ਨਾਰੀ ਅਧਿਅਨ ਕੇਂਦਰ ਵੱਲੋਂ ਉਹਨਾਂ ਨੂੰ ਇੱਕ ਸ਼ਲਾਘਾ ਪੱਤਰ ਵੀ ਦਿੱਤਾ ਗਿਆ। ਡਾ ਅਮਨਦੀਪ ਕੌਰ, ਫੀਲਡ ਇਨਵੈਸਟੀਗੇਟਰ, ਨਾਰੀ ਅਧਿਐਨ ਕੇਂਦਰ ਵੱਲੋਂ ਪ੍ਰੋਜੈਕਟ ਦੀ ਜਾਣਕਾਰੀ ਤੇ ਖੋਜ ਦੇ ਨਤੀਜੇ ਦਰਸ਼ਕਾਂ ਨਾਲ ਸਾਂਝੇ ਕੀਤੇ। ਡਾ ਰਾਜੇਸ਼ ਗਿੱਲ, ਸਾਬਕਾ ਪ੍ਰੋਫੈਸਰ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਔਰਤਾਂ ਅਤੇ ਸੁਤੰਤਰ ਭਾਰਤ ਦਾ ਨਿਰਮਾਣ: ਆਜ਼ਾਦੀ, ਬਟਵਾਰਾ ਅਤੇ ਪੁਨਰ ਵਸੇਬਾ ਵਿਸ਼ੇ ਉੱਪਰ ਖਾਸ ਭਾਸ਼ਣ ਦਿੱਤਾ ਗਿਆ। ਡਾਕਟਰ ਸੁਖਜੀਤ ਕੌਰ, ਸਾਬਕਾ ਮੁਖੀ, ਬਾਇਓਟੈਕਨੋਲੋਜੀ, ਐਸ ਯੂ ਐਸ ਈ ਟੀ, ਤੰਗੋਰੀ, ਮੋਹਾਲੀ ਇਸ ਪ੍ਰੋਗਰਾਮ ਦੇ ਖਾਸ ਮਹਿਮਾਨ ਵਜੋਂ ਸ਼ਾਮਿਲ ਹੋਏ। ਸਟੇਜ ਦੀ ਭੂਮਿਕਾ ਡਾ ਸੁਖਵਿੰਦਰ ਸਿੰਘ, ਅਸਿਸਟੈਂਟ ਪ੍ਰੋਫੈਸਰ, ਨਾਰੀ ਅਧਿਐਨ ਕੇਂਦਰ ਵੱਲੋਂ ਨਿਭਾਈ ਗਈ।

# ਆਜ਼ਾਦੀ ਦਿਵਸ ਸਬੰਧੀ ਆਂਗਣਵਾੜੀ ਕੇਂਦਰਾਂ ਵਿੱਚ ਬੱਚਿਆਂ ਲਈ ਵਿਸ਼ੇਸ਼ ਗਤੀਵਿਧੀਆਂ

**ਸੰਗਰੂਰ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਆਜ਼ਾਦੀ ਦਿਵਸ ਸਬੰਧੀ ਜ਼ਿਲ੍ਹਾ ਸੰਗਰੂਰ ਦੇ ਵੱਖ-ਵੱਖ ਆਂਗਣਵਾੜੀ ਕੇਂਦਰਾਂ ਵਿੱਚ ਬੱਚਿਆਂ ਲਈ ਵਿਸ਼ੇਸ਼ ਗਤੀਵਿਧੀਆਂ ਕਰਵਾਈਆਂ ਗਈਆਂ। ਇਨ੍ਹਾਂ ਗਤੀਵਿਧੀਆਂ ਰਾਹੀਂ ਬੱਚਿਆਂ ਨੂੰ ਦੇਸ਼ ਦੀ ਆਜ਼ਾਦੀ ਦੇ ਇਤਿਹਾਸ, ਰਾਸ਼ਟਰੀ ਝੰਡੇ ਦੀ ਮਹੱਤਤਾ ਅਤੇ ਦੇਸ਼ ਲਈ ਕੁਰਬਾਨੀਆਂ ਦੇਣ ਵਾਲੇ ਆਜ਼ਾਦੀ ਘੁਲਾਟੀਆਂ ਬਾਰੇ ਸਰਲ ਅਤੇ ਰੁਚੀਕਰ ਢੰਗ ਨਾਲ ਜਾਣੂ ਕਰਵਾਇਆ ਗਿਆ। ਆਂਗਣਵਾੜੀ ਵਰਕਰਾਂ ਵੱਲੋਂ ਬੱਚਿਆਂ ਨਾਲ ਤਿਰੰਗੇ ਦੇ ਰੰਗਾਂ, ਦੇਸ਼ ਭਗਤੀ ਅਤੇ ਰਾਸ਼ਟਰੀ ਏਕਤਾ ਨਾਲ ਸਬੰਧਤ ਗਤੀਵਿਧੀਆਂ ਕਰਵਾਈਆਂ ਗਈਆਂ। ਬੱਚਿਆਂ ਨੇ ਦੇਸ਼ ਭਗਤੀ ਦੇ ਗੀਤ ਅਤੇ ਕਵਿਤਾਵਾਂ ਪੇਸ਼ ਕਰਨ ਤੋਂ ਇਲਾਵਾ ਚਿੱਤਰਕਾਰੀ, ਰੰਗ ਭਰਨ ਅਤੇ ਹੋਰ ਸਿਰਜਣਾਤਮਕ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।

ਇਸ ਦੌਰਾਨ ਬੱਚਿਆਂ ਨੂੰ ਆਜ਼ਾਦੀ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਦੇਸ਼ ਦੀ ਆਜ਼ਾਦੀ ਅਨੇਕਾਂ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਪ੍ਰਾਪਤ ਹੋਈ ਹੈ। ਬੱਚਿਆਂ ਨੂੰ ਆਪਸੀ ਭਾਈਚਾਰੇ ਨੂੰ ਮਜ਼ਬੂਤ ਬਣਾਉਣ ਲਈ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਸੰਦੇਸ਼ ਵੀ ਦਿੱਤਾ ਗਿਆ। ਜ਼ਿਲ੍ਹਾ ਪ੍ਰੋਗਰਾਮ ਅਫਸਰ ਸ੍ਰੀ ਪ੍ਰਦੀਪ ਸਿੰਘ ਗਿੱਲ ਨੇ ਕਿਹਾ ਕਿ ਬਚਪਨ ਦੀ ਉਮਰ ਸਿੱਖਣ ਅਤੇ ਚੰਗੀਆਂ ਕਦਰਾਂ-ਕੀਮਤਾਂ ਨੂੰ ਅਪਣਾਉਣ ਲਈ ਬਹੁਤ ਮਹੱਤਵਪੂਰਨ ਹੁੰਦੀ ਹੈ। ਇਸ ਲਈ ਆਂਗਣਵਾੜੀ ਕੇਂਦਰਾਂ ਵਿੱਚ ਤਿਉਹਾਰਾਂ ਅਤੇ ਰਾਸ਼ਟਰੀ ਦਿਵਸਾਂ ਨਾਲ ਸਬੰਧਤ ਗਤੀਵਿਧੀਆਂ ਕਰਵਾਉਣ ਨਾਲ ਬੱਚਿਆਂ ਦੇ ਗਿਆਨ ਵਿੱਚ ਵਾਧਾ ਹੋਣ ਦੇ ਨਾਲ-ਨਾਲ ਉਨ੍ਹਾਂ ਵਿੱਚ ਦੇਸ਼ ਪ੍ਰਤੀ ਮਾਣ ਅਤੇ ਸਤਿਕਾਰ ਦੀ ਭਾਵਨਾ ਵੀ ਵਿਕਸਿਤ ਹੁੰਦੀ ਹੈ।

# ਹਾਈ ਕੋਰਟ ਦੇ ਨਿਰਦੇਸ਼ਾਂ ਮੁਤਾਬਕ ਅਬਲੋਵਾਲ ਵਿਖੇ ਸੜਕ ਦਾ ਕੰਮ ਜਲਦ ਮੁਕੰਮਲ ਕਰਕੇ ਡੇਅਰੀ ਫਾਰਮਰਜ਼ ਨੂੰ ਸ਼ਿਫਟ ਕੀਤਾ ਜਾਵੇ: ਡਾ. ਹਿਮਾਂਸ਼ੂ ਅਗਰਵਾਲ



**ਪਟਿਆਲਾ, 20 ਅਗਸਤ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਾਣਯੋਗ ਹਾਈ ਕੋਰਟ ਦੇ ਨਿਰਦੇਸ਼ਾਂ ਅਨੁਸਾਰ ਅਬਲੋਵਾਲ ਵਿਖੇ ਚੱਲ ਰਹੇ ਸੜਕ ਦੇ ਕੰਮ ਨੂੰ ਤੇਜ਼ੀ ਨਾਲ ਮੁਕੰਮਲ ਕੀਤਾ ਜਾਵੇ, ਤਾਂ ਜੋ ਸ਼ਹਿਰ ਅੰਦਰ ਚੱਲ ਰਹੇ ਡੇਅਰੀ ਫਾਰਮਾਂ ਨੂੰ ਜਲਦ ਤੋਂ ਜਲਦ ਅਬਲੋਵਾਲ ਵਿਖੇ ਸ਼ਿਫਟ ਕਰਨ ਦੀ ਪ੍ਰਕਿਰਿਆ ਨੂੰ ਅੱਗੇ ਵਧਾਇਆ ਜਾ ਸਕੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅਬਲੋਵਾਲ ਵਿਖੇ ਡੇਅਰੀ ਫਾਰਮਰਜ਼ ਨੂੰ ਤਬਦੀਲ ਕਰਨ ਲਈ ਬੁਨਿਆਦੀ ਸਹੂਲਤਾਂ ਦਾ ਵਿਕਾਸ ਕਰਨਾ ਜ਼ਰੂਰੀ ਹੈ। ਇਸ ਦੇ ਮੱਦੇਨਜ਼ਰ ਸੜਕ ਦਾ ਕੰਮ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਡੇਅਰੀ ਫਾਰਮਰਜ਼ ਨੂੰ ਉੱਥੇ ਤਬਦੀਲ ਕਰਨ ਵਿੱਚ ਕਿਸੇ ਕਿਸਮ ਦੀ ਰੁਕਾਵਟ ਨਾ ਆਵੇ। ਉਨ੍ਹਾਂ ਕਿਹਾ ਕਿ ਸਬੰਧਤ ਅਧਿਕਾਰੀ ਆਪਸੀ ਤਾਲਮੇਲ ਨਾਲ ਕੰਮ ਕਰਦਿਆਂ ਨਿਰਮਾਣ ਕਾਰਜ ਦੀ ਲਗਾਤਾਰ ਨਿਗਰਾਨੀ ਕਰਨ ਅਤੇ ਕੰਮ ਦੀ ਗੁਣਵੱਤਾ ਦੇ ਨਾਲ-ਨਾਲ ਸਮੇਂ ਸਿਰ ਮੁਕੰਮਲ ਹੋਣ ਨੂੰ ਵੀ ਯਕੀਨੀ ਬਣਾਉਣ। ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਸ਼ਹਿਰ ਵਿੱਚ ਡੇਅਰੀ ਫਾਰਮਾਂ ਨੂੰ ਨਿਰਧਾਰਤ ਸਥਾਨ 'ਤੇ ਤਬਦੀਲ ਕਰਨ ਨਾਲ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਸਫ਼ਾਈ, ਆਵਾਜਾਈ ਅਤੇ ਵਾਤਾਵਰਣ ਨਾਲ ਸਬੰਧਤ ਸਮੱਸਿਆਵਾਂ ਨੂੰ ਘਟਾਉਣ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਸ਼ਹਿਰ ਵਾਸੀਆਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਇਸ ਦਿਸ਼ਾ ਵਿੱਚ ਅਬਲੋਵਾਲ ਵਿਖੇ ਡੇਅਰੀ ਫਾਰਮਰਜ਼ ਨੂੰ ਤਬਦੀਲ ਕਰਨਾ ਵੀ ਇੱਕ ਅਹਿਮ ਕਦਮ ਹੈ।ਉਨ੍ਹਾਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਕਿਹਾ ਕਿ ਮਾਣਯੋਗ ਕੋਰਟ ਵੱਲੋਂ ਜਾਰੀ ਹਦਾਇਤਾਂ ਦੀ ਪੂਰੀ ਤਰ੍ਹਾਂ ਪਾਲਣਾ ਕੀਤੀ ਜਾਵੇ ਅਤੇ ਅਬਲੋਵਾਲ ਵਿਖੇ ਲੋੜੀਂਦੇ ਕੰਮਾਂ ਨੂੰ ਬਿਨਾਂ ਕਿਸੇ ਦੇਰੀ ਦੇ ਪੂਰਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸੜਕ ਦਾ ਕੰਮ ਮੁਕੰਮਲ ਹੋਣ ਉਪਰੰਤ ਡੇਅਰੀ ਫਾਰਮਰਜ਼ ਨੂੰ ਅਬਲੋਵਾਲ ਵਿਖੇ ਸ਼ਿਫਟ ਕਰਨ ਦੀ ਕਾਰਵਾਈ ਵਿੱਚ ਵੀ ਤੇਜ਼ੀ ਲਿਆਂਦੀ ਜਾਵੇ, ਤਾਂ ਜੋ ਇਸ ਮਾਮਲੇ ਦਾ ਜਲਦ ਹੱਲ ਕੀਤਾ ਜਾ ਸਕੇ। ਗੌਰਤਲਬ ਹੈ ਕਿ ਹਾਈ ਕੋਰਟ ਵੱਲੋਂ ਨਗਰ ਨਿਗਮ ਨੂੰ ਇਹ ਨਿਰਦੇਸ਼ ਦਿੱਤੇ ਗਏ ਹਨ ਕਿ ਸੜਕ ਦਾ ਕੰਮ ਪੂਰਾ ਹੋਣ ਉਪਰੰਤ ਡੇਅਰੀ ਮਾਲਕਾਂ ਨੂੰ ਡੇਅਰੀ ਸ਼ਿਫਟ ਕਰਨ ਲਈ ਕਿਹਾ ਜਾਵੇ। ਨਗਰ ਨਿਗਮ ਨੇ ਦੱਸਿਆ ਕਿ ਇਹ ਕੰਮ ਆਉਣ ਵਾਲੇ ਕੁਝ ਹਫਤਿਆਂ 'ਚ ਪੂਰਾ ਹੋਣ ਦੀ ਉਮੀਦ ਹੈ।

ਇਸ ਮੌਕੇ ਨਗਰ ਨਿਗਮ ਦੇ ਐਡੀਸ਼ਨਲ ਕਮਿਸ਼ਨਰ ਸਿਮਰਪ੍ਰੀਤ ਕੌਰ ਵੀ ਮੌਜੂਦ ਸਨ। ਉਨ੍ਹਾਂ ਵੱਲੋਂ ਅਬਲੋਵਾਲ ਵਿਖੇ ਚੱਲ ਰਹੇ ਕੰਮਾਂ ਸਬੰਧੀ ਡਿਪਟੀ ਕਮਿਸ਼ਨਰ ਨੂੰ ਜਾਣਕਾਰੀ ਦਿੱਤੀ ਗਈ ਅਤੇ ਸਬੰਧਤ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਲਈ ਕੀਤੀਆਂ ਜਾ ਰਹੀਆਂ ਕਾਰਵਾਈਆਂ ਬਾਰੇ ਵੀ ਜਾਣੂ ਕਰਵਾਇਆ ਗਿਆ।

# ਬਾਰਾਦਰੀ ਗਾਰਡਨਜ਼ ਪਟਿਆਲਾ ਵਿਖੇ 80ਵਾਂ ਆਜ਼ਾਦੀ ਦਿਹਾੜਾ ਧੂਮਧਾਮ ਨਾਲ ਮਨਾਇਆ



**ਪਟਿਆਲਾ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਇਤਿਹਾਸਕ ਬਾਰਾਦਰੀ ਗਾਰਡਨਜ਼, ਪਟਿਆਲਾ ਵਿਖੇ ਸਾਰੇ 27 ਫਰੈਂਡਜ਼ ਗਰੁੱਪਾਂ ਵੱਲੋਂ ਸਾਂਝੇ ਤੌਰ 'ਤੇ 80ਵਾਂ ਆਜ਼ਾਦੀ ਦਿਹਾੜਾ ਪੂਰੇ ਦੇਸ਼-ਭਗਤੀ ਦੇ ਜਜ਼ਬੇ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸ਼ੁਭ ਮੌਕੇ ਗੋਲ ਚੱਕਰ (ਬਾਰਾਦਰੀ ਗਾਰਡਨ) ਵਿਖੇ ਵੱਡੀ ਗਿਣਤੀ ਵਿੱਚ ਸੈਰ ਪ੍ਰੇਮੀ, ਯੋਗਾ ਸਾਧਕ ਅਤੇ ਵੱਖ-ਵੱਖ ਗਰੁੱਪਾਂ ਦੇ ਮੈਂਬਰ ਇਕੱਤਰ ਹੋਏ। ਸਮਾਗਮ ਦੌਰਾਨ ਬਾਰਾਦਰੀ ਗਾਰਡਨਜ਼ ਦੇ ਸਮੂਹ 27 ਫਰੈਂਡਜ਼ ਗਰੁੱਪਾਂ ਵੱਲੋਂ ਮੁੱਖ ਕੋਆਰਡੀਨੇਟਰ ਸ. ਜਸਵੰਤ ਸਿੰਘ ਕੌਲੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੂੰ ਸਮੂਹ ਗਰੁੱਪਾਂ ਨੂੰ ਇੱਕ ਸਾਂਝੇ ਮੰਚ 'ਤੇ ਲਿਆਉਣ, ਆਪਸੀ ਭਾਈਚਾਰਕ ਸਾਂਝ ਮਜ਼ਬੂਤ ਕਰਨ ਅਤੇ ਦੇਸ਼-ਭਗਤੀ ਦਾ ਇਹ ਪ੍ਰੋਗਰਾਮ ਸਫਲਤਾਪੂਰਵਕ ਉਲੀਕਣ ਲਈ ਹਾਰ ਅਤੇ ਸਿਰੋਪਾਓ ਭੇਟ ਕਰਕੇ ਸਨਮਾਨ ਬਖ਼ਸ਼ਿਆ ਗਿਆ। ਇਸ ਮੌਕੇ ਵੱਖ-ਵੱਖ ਗਰੁੱਪਾਂ ਦੇ ਮੈਂਬਰਾਂ ਵੱਲੋਂ ਤਿਰੰਗਾ ਲਹਿਰਾਉਣ ਦੀ ਰਸਮ ਸਮੇਤ ਦੇਸ਼-ਭਗਤੀ ਦੀਆਂ ਗਤੀਵਿਧੀਆਂ, ਫਿਟਨੈੱਸ ਅਤੇ ਯੋਗਾ ਪ੍ਰਦਰਸ਼ਨ ਕੀਤੇ ਗਏ। ਆਜ਼ਾਦੀ ਦਿਹਾੜੇ ਦੇ ਜੈਕਾਰਿਆਂ ਅਤੇ ਦੇਸ਼-ਭਗਤੀ ਦੇ ਨਾਅਰਿਆਂ ਨਾਲ ਪੂਰਾ ਮਾਹੌਲ ਗੂੰਜ ਉੱਠਿਆ। ਸ. ਜਸਵੰਤ ਸਿੰਘ ਕੌਲੀ ਨੇ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਾਰੇ ਗਰੁੱਪ ਮੈਂਬਰਾਂ, ਕੋਆਰਡੀਨੇਟਰਾਂ ਅਤੇ ਸ਼ਹਿਰ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਨਾਰੀ ਜਾਗ੍ਰਤੀ ਸੇਵਾ ਮੰਡਲ ਵੱਲੋਂ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਲੁਧਿਆਣਾ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਨਾਰੀ ਜਾਗ੍ਰਤੀ ਸੇਵਾ ਮੰਡਲ ਵੱਲੋਂ ਪ੍ਰਿੰਸ ਕਾਲੋਨੀ, ਵਿਜੈ ਨਗਰ, ਹੈਬੋਵਾਲ ਕਲਾਂ ਵਿਖੇ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ, ਖੁਸ਼ੀ ਅਤੇ ਪੰਜਾਬੀ ਸੱਭਿਆਚਾਰਕ ਰੰਗਾਂ ਨਾਲ ਮਨਾਇਆ ਗਿਆ। ਸਮਾਗਮ ਵਿੱਚ ਇਲਾਕੇ ਦੀਆਂ ਮਹਿਲਾਵਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਤੀਆਂ ਦੀਆਂ ਰਵਾਇਤੀ ਰੌਣਕਾਂ ਨੂੰ ਚਾਰ ਚੰਨ ਲਗਾਏ।

ਇਸ ਮੌਕੇ ਮਹਿਲਾਵਾਂ ਨੇ ਪੰਜਾਬੀ ਸੱਭਿਆਚਾਰ ਨਾਲ ਜੁੜੇ ਰਵਾਇਤੀ ਪਹਿਰਾਵੇ ਪਹਿਨ ਕੇ ਸਮਾਗਮ ਦੀ ਖੂਬਸੂਰਤੀ ਵਧਾਈ। ਇਸ ਦੌਰਾਨ ਗਿੱਧਾ, ਕੈਟ ਵਾਕ ਅਤੇ ਹੋਰ ਮਨੋਰੰਜਕ ਤੇ ਸੱਭਿਆਚਾਰਕ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਮਹਿਲਾਵਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।

ਸਮਾਗਮ ਦੌਰਾਨ 'ਬੈਸਟ ਤੀਆਂ' ਦਾ ਐਵਾਰਡ ਜਪਨੂਰ ਕੌਰ ਨੇ ਆਪਣੇ ਨਾਮ ਕੀਤਾ, ਜਦਕਿ ਕੈਟ ਵਾਕ ਦਾ ਐਵਾਰਡ ਬਬੀਤਾ ਬੇਦੀ ਨੇ ਜਿੱਤਿਆ। ਵੱਖ-ਵੱਖ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੀਆਂ ਜੇਤੂ ਮਹਿਲਾਵਾਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਇਸ ਮੌਕੇ ਮਹਿਲਾਵਾਂ ਨੇ ਗਿੱਧੇ ਅਤੇ ਤੀਆਂ ਨਾਲ ਸਬੰਧਤ ਹੋਰ ਗਤੀਵਿਧੀਆਂ ਵਿੱਚ ਭਾਗ ਲੈਂਦਿਆਂ ਪੰਜਾਬੀ ਲੋਕ-ਵਿਰਸੇ ਦੀ ਸੁੰਦਰ ਝਲਕ ਪੇਸ਼ ਕੀਤੀ। ਉਨ੍ਹਾਂ ਨੇ ਇੱਕ-ਦੂਜੇ ਨਾਲ ਖੁਸ਼ੀਆਂ ਸਾਂਝੀਆਂ ਕੀਤੀਆਂ ਅਤੇ ਤੀਆਂ ਦੇ ਤਿਉਹਾਰ ਦੀਆਂ ਰਵਾਇਤੀ ਰੌਣਕਾਂ ਦਾ ਭਰਪੂਰ ਆਨੰਦ ਮਾਣਿਆ। ਨਾਰੀ ਜਾਗ੍ਰਤੀ ਸੇਵਾ ਮੰਡਲ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਨਵੀਂ ਪੀੜ੍ਹੀ ਨੂੰ ਪੰਜਾਬੀ ਸੱਭਿਆਚਾਰ, ਰਵਾਇਤੀ ਰਸਮਾਂ ਅਤੇ ਅਮੀਰ ਲੋਕ-ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਤੀਆਂ ਦਾ ਤਿਉਹਾਰ ਮਹਿਲਾਵਾਂ ਨੂੰ ਆਪਸੀ ਮਿਲਵਰਤਣ, ਖੁਸ਼ੀਆਂ ਸਾਂਝੀਆਂ ਕਰਨ ਅਤੇ ਆਪਣੀ ਸੱਭਿਆਚਾਰਕ ਵਿਰਾਸਤ ਨੂੰ ਅੱਗੇ ਤੋਰਨ ਦਾ ਸੁੰਦਰ ਮੌਕਾ ਪ੍ਰਦਾਨ ਕਰਦਾ ਹੈ।

# ਪੀ ਆਰ ਟੀ ਸੀ ਦੇ ਮੁਲਾਜਮਾਂ ਦਾ ਵਧੀਆ ਸੇਵਾਵਾਂ ਲਈ ਕੀਤਾ ਧੰਨਵਾਦ : ਚੇਅਰਮੈਨ ਜੁਨੇਜਾ



**ਪਟਿਆਲਾ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਪੀਆਰਟੀਸੀ) ਦੇ ਮੁੱਖ ਦਫ਼ਤਰ ਪਟਿਆਲਾ ਵਿਖੇ ਅੱਜ 80ਵਾਂ ਆਜ਼ਾਦੀ ਦਿਵਸ ਪੂਰੇ ਉਤਸ਼ਾਹ, ਦੇਸ਼ਭਗਤੀ ਅਤੇ ਸ਼ਰਧਾ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ । ਕੌਮੀ ਝੰਡਾ ਲਹਿਰਾਉਣ ਉਪਰੰਤ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਪੀਆਰਟੀਸੀ ਵਿੱਚ ਆਪਣੀ ਡਿਊਟੀ ਇਮਾਨਦਾਰੀ, ਮਿਹਨਤ ਅਤੇ ਤਨਦੇਹੀ ਨਾਲ ਨਿਭਾਉਂਦਿਆਂ ਵਿਭਾਗ ਦੀ ਬਿਹਤਰੀ ਵਿੱਚ ਯੋਗਦਾਨ ਪਾਉਣ ਵਾਲੇ ਮੁਲਾਜ਼ਮਾਂ ਨੂੰ ਸਨਮਾਨਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਭਾਗ ਦੀ ਸਫਲਤਾ ਉਸ ਦੇ ਮੁਲਾਜ਼ਮਾਂ ਦੀ ਮਿਹਨਤ ਅਤੇ ਸਮਰਪਣ ਨਾਲ ਹੀ ਸੰਭਵ ਹੁੰਦੀ ਹੈ ਅਤੇ ਪੀਆਰਟੀਸੀ ਦਾ ਹਰ ਕਰਮਚਾਰੀ ਵਿਭਾਗ ਦੇ ਪਰਿਵਾਰ ਦਾ ਅਹਿਮ ਹਿੱਸਾ ਹੈ ।

# ਭੈਣ ਦੇ ਵਿਆਹ ਦੇ ਕਾਰਡ ਦੇਣ ਦਾ ਰਹੇ 15 ਸਾਲਾ ਇਕਲੌਤੇ ਭਰਾ ਦੀ ਟਰੈਕਟਰ ਦੀ ਬੇਟ ਵੱਜਣ ਨਾਲ ਹੋਈ ਮੌਤ

**ਮਾਛੀਵਾੜਾ ਸਾਹਿਬ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਕੂਮ ਕਲਾਂ ਇਲਾਕੇ ਵਿੱਚੋਂ ਉਸ ਵੇਲੇ ਸੋਗ ਦੀ ਲਹਿਰ ਦੌੜ ਗਈ ਜਦੋਂ ਭਮਾਂ ਕਲਾਂ ਦੇ 15 ਸਾਲ ਦੇ ਬੱਚੇ ਦੀ ਦਰਦਨਾਕ ਸੜਕ ਹਾਦਸੇ ਦੌਰਾਨ ਮੌਤ ਹੋ ਗਈ। ਜਾਣਕਾਰੀ ਅਨੁਸਾਰ ਨੇੜਲੇ ਪਿੰਡ ਭਮਾਂ ਕਲਾਂ ਦੇ ਵਸਨੀਕ ਸੁਰਜੀਤ ਸਿੰਘ ਦੇ 15 ਸਾਲਾ ਨਾਬਾਲਗ ਪੁੱਤਰ ਯੁਵਰਾਜ ਸਿੰਘ ਦੀ ਸੜਕ ਹਾਦਸੇ ਵਿੱਚ ਮੌਤ ਹੋ ਗਈ। ਇਹ ਹਾਦਸਾ ਇੰਨਾ ਭਿਆਨਕ ਸੀ ਕਿ ਵਿਆਹ ਦੀਆਂ ਤਿਆਰੀਆਂ ਵਿੱਚ ਰੁੱਝੇ ਪਰਿਵਾਰ ਦੀਆਂ ਖੁਸ਼ੀਆਂ ਪਲਾਂ ਵਿੱਚ ਮਾਤਮ ਵਿੱਚ ਬਦਲ ਗਈਆਂ।



ਜਾਣਕਾਰੀ ਮੁਤਾਬਕ ਯੁਵਰਾਜ ਸਿੰਘ ਆਪਣੇ ਚਚੇਰੇ ਭਰਾ ਗੁਰਮਨਪ੍ਰੀਤ ਸਿੰਘ ਦੇ ਨਾਲ ਮੋਟਰਸਾਈਕਲ 'ਤੇ ਸਵਾਰ ਹੋ ਕੇ ਵੱਡੀ ਭੈਣ ਦੇ ਵਿਆਹ ਦੇ ਸੱਦਾ-ਪੱਤਰ ਵੰਡਣ ਲਈ ਜਾ ਰਿਹਾ ਸੀ। ਜਿਵੇਂ ਹੀ ਉਹ ਪਿੰਡ ਗਹਿਲੇਵਾਲ ਨੇੜੇ ਪੁਲੀ ਕੋਲ ਪਹੁੰਚੇ, ਅੱਗੇ ਜਾ ਰਹੀ ਇੱਕ ਅਣਪਛਾਤੀ ਟਰੈਕਟਰ-ਟਰਾਲੀ ਨੂੰ ਓਵਰਟੇਕ ਕਰਨ ਸਮੇਂ ਟਰਾਲੀ ਚਾਲਕ ਨੇ ਉਨ੍ਹਾਂ ਦੇ ਵਾਹਨ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਦੋਵੇਂ ਨੌਜਵਾਨ ਸੜਕ 'ਤੇ ਡਿੱਗ ਕੇ ਗੰਭੀਰ ਜ਼ਖ਼ਮੀ ਹੋ ਗਏ। ਆਸ-ਪਾਸ ਦੇ ਲੋਕਾਂ ਨੇ ਤੁਰੰਤ ਦੋਵਾਂ ਨੂੰ ਨੇੜਲੇ ਹਸਪਤਾਲ ਪਹੁੰਚਾਇਆ। ਪਰ ਡਾਕਟਰਾਂ ਨੇ ਯੁਵਰਾਜ ਸਿੰਘ ਨੂੰ ਮ੍ਰਿਤਕ ਐਲਾਨ ਦਿੱਤਾ। ਉਹ ਸੱਟਾਂ ਕਾਰਨ ਜ਼ਿੰਦਗੀ ਦੀ ਜੰਗ ਹਾਰ ਗਿਆ। ਜਦਕਿ ਗੁਰਮਨਪ੍ਰੀਤ ਸਿੰਘ ਦਾ ਇਲਾਜ ਚੱਲ ਰਿਹਾ ਹੈ। ਘਰ ਵਿੱਚ ਕੁਝ ਦਿਨਾਂ ਬਾਅਦ ਵੱਡੀ ਭੈਣ ਦਾ ਵਿਆਹ ਹੋਣ ਵਾਲਾ ਸੀ। ਘਰ ਵਿੱਚ ਡੋਲੀ ਦੀ ਰਵਾਨਗੀ ਦੀਆਂ ਤਿਆਰੀਆਂ ਜ਼ੋਰਾਂ 'ਤੇ ਸਨ। ਪਰ ਕਿਸਮਤ ਨੂੰ ਕੁਝ ਹੋਰ ਹੀ ਮਨਜ਼ੂਰ ਸੀ। ਵਿਆਹ ਤੋਂ ਪਹਿਲਾਂ ਹੀ ਘਰ ਵਿੱਚੋਂ ਵਿਆਹ ਦੀ ਡੋਲੀ ਦੀ ਥਾਂ ਭਰਾ ਦੀ ਅਰਥੀ ਉੱਠੀ। ਯੁਵਰਾਜ ਸਿੰਘ ਆਪਣੀਆਂ ਦੋ ਭੈਣਾਂ ਦਾ ਇਕਲੌਤਾ ਭਰਾ ਸੀ। ਉਸਦੇ ਜਾਣ ਨਾਲ ਪੂਰੇ ਪਰਿਵਾਰ ਅਤੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਹਰ ਅੱਖ ਨਮ ਹੈ। ਇਸ ਸਬੰਧ ਵਿੱਚ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ 'ਤੇ ਪੁਲਿਸ ਨੇ ਅਣਪਛਾਤੇ ਟਰੈਕਟਰ-ਟਰਾਲੀ ਚਾਲਕ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ। ਪੁਲਿਸ ਨੇ ਮ੍ਰਿਤਕ ਦਾ ਪੋਸਟਮਾਰਟਮ ਕਰਵਾ ਕੇ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ।

# ਨਿਸ਼ਕਾਮ ਭਾਵਨਾ ਨਾਲ ਸਮਾਜ ਸੇਵਾ ਕਰਨ ਵਾਲੇ ਲੋਕ ਹੋਰਨਾਂ ਲਈ ਬਣਦੇ ਨੇ ਪ੍ਰੇਰਣਾ ਸਰੋਤ : ਚੇਅਰਮੈਨ ਜਗਰੂਪ ਸਿੰਘ ਸੇਹ



**ਲੁਧਿਆਣਾ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ 80ਵੇਂ ਆਜ਼ਾਦੀ ਦਿਵਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਸ਼ਲਾਘਾਯੋਗ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਵਿੱਚ ਜ਼ਿਲ੍ਹਾ ਪ੍ਰੀਸ਼ਦ ਲੁਧਿਆਣਾ ਦੇ ਚੇਅਰਮੈਨ ਜਗਰੂਪ ਸਿੰਘ ਸੇਹ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

ਇਸ ਮੌਕੇ ਨਸ਼ਾ ਮੁਕਤੀ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਸਰਗਰਮ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਜਸਪ੍ਰੀਤ ਸਿੰਘ, ਜ਼ਿਲ੍ਹਾ ਇੰਚਾਰਜ ਨਸ਼ਾ ਮੁਕਤੀ ਮੋਰਚਾ ਲੁਧਿਆਣਾ, ਗੁਰਬਿੰਦਰ ਸਿੰਘ ਰਾਣਾ, ਸੰਗਠਨ ਇੰਚਾਰਜ ਪਾਇਲ, ਤੇਜਪਾਲ ਸਿੰਘ ਭਰਥਲਾ, ਹਲਕਾ ਕੋਆਰਡੀਨੇਟਰ ਨਸ਼ਾ ਮੁਕਤੀ ਮੋਰਚਾ ਸਮਰਾਲਾ ਅਤੇ ਸੁੱਖੀ ਖੱਟਰਾਂ, ਬਲਾਕ ਸੰਮਤੀ ਮੈਂਬਰ ਸਮਰਾਲਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਸਨਮਾਨ ਸਮਾਰੋਹ ਦੌਰਾਨ ਪੰਜਾਬ ਦੇ ਕਰ ਤੇ ਆਬਕਾਰੀ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਨ੍ਹਾਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਕਰਦਿਆਂ ਸਮਾਜ ਦੀ ਬਿਹਤਰੀ ਲਈ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ।

ਇਸ ਮੌਕੇ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਲੁਧਿਆਣਾ ਜਗਰੂਪ ਸਿੰਘ ਸੇਹ ਨੇ ਸਨਮਾਨਿਤ ਸ਼ਖ਼ਸੀਅਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਮਾਜ ਦੀ ਬਿਹਤਰੀ ਲਈ ਨਿਸ਼ਕਾਮ ਭਾਵਨਾ ਨਾਲ ਕੰਮ ਕਰਨ ਵਾਲੇ ਲੋਕ ਹੋਰਨਾਂ ਲਈ ਪ੍ਰੇਰਣਾ ਦਾ ਸਰੋਤ ਬਣਦੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਉਨ੍ਹਾਂ ਨੂੰ ਸਹੀ ਦਿਸ਼ਾ ਪ੍ਰਦਾਨ ਕਰਨ ਲਈ ਸਮਾਜ ਦੇ ਹਰ ਵਰਗ ਨੂੰ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਉਣੀ ਚਾਹੀਦੀ ਹੈ।

ਚੇਅਰਮੈਨ ਜਗਰੂਪ ਸਿੰਘ ਸੇਹ ਨੇ ਕਿਹਾ ਕਿ ਨਸ਼ਾ ਮੁਕਤੀ ਅਤੇ ਸਮਾਜ ਸੇਵਾ ਵਰਗੇ ਕਾਰਜ ਸਿਰਫ਼ ਕਿਸੇ ਇੱਕ ਵਿਅਕਤੀ ਜਾਂ ਸੰਸਥਾ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਸਨਮਾਨਿਤ ਸ਼ਖ਼ਸੀਅਤਾਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਲੋਕ ਭਲਾਈ ਅਤੇ ਸਮਾਜ ਸੇਵਾ ਦੇ ਕਾਰਜ ਜਾਰੀ ਰੱਖਣ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਪਟਿਆਲਾ ਜ਼ਿਲ੍ਹਾ ਫੈਂਸਿੰਗ ਚੈਂਪੀਅਨਸ਼ਿਪ ਵਿੱਚ ਮਨਕੀਰਤ ਸਿੰਘ ਮਲੱਣ ਨੇ ਜਿੱਤਿਆ ਬਰੌਂਜ਼ ਮੈਡਲ




**ਪਟਿਆਲਾ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਜ਼ਿਲ੍ਹਾ ਫੈਂਸਿੰਗ ਐਸੋਸ਼ੀਏਸ਼ਨ ਵੱਲੋਂ ਮਾਈਲਸਟੋਨ ਸਕੂਲ, ਡਕਾਲਾ ਰੋਡ, ਪਟਿਆਲਾ ਵਿਖੇ ਜ਼ਿਲ੍ਹਾ ਪੱਧਰੀ ਫੈਂਸਿੰਗ ਚੈਂਪੀਅਨਸ਼ਿਪ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਚੈਂਪੀਅਨਸ਼ਿਪ ਵਿੱਚ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਅਤੇ ਅਕੈਡਮੀਆਂ ਤੋਂ ਵੱਡੀ ਗਿਣਤੀ ਵਿੱਚ ਖਿਡਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਪ੍ਰਤੀਯੋਗਤਾ ਦੌਰਾਨ ਅੰਡਰ-10 ਅਤੇ ਅੰਡਰ-12 ਵਰਗ ਦੇ ਵੱਖ-ਵੱਖ ਈਵੈਂਟਸ ਦੇ ਰੋਮਾਂਚਕ ਮੁਕਾਬਲੇ ਕਰਵਾਏ ਗਏ। ਇਸ ਚੈਂਪੀਅਨਸ਼ਿਪ ਵਿੱਚ ਰਾਈਜ਼ਿੰਗ ਫੈਂਸਿੰਗ ਅਕੈਡਮੀ ਪਟਿਆਲਾ ਦੇ ਹੋਨਹਾਰ ਖਿਡਾਰੀ ਮਨਕੀਰਤ ਸਿੰਘ ਮਲੱਣ ਪੁੱਤਰ ਸ੍ਰੀ ਮਨਪ੍ਰੀਤ ਸਿੰਘ ਨੇ ਅੰਡਰ-12 ਦੇ ਫੋਆਇਲ ਈਵੈਂਟ ਵਿੱਚ ਹਿੱਸਾ ਲਿਆ। ਮਨਕੀਰਤ ਨੇ ਆਪਣੀ ਬਹਿਤਰੀਨ ਖੇਡ ਤਕਨੀਕ ਅਤੇ ਸ਼ਾਨਦਾਰ ਪ੍ਰਦਰਸ਼ਨ ਦੇ ਦਮ 'ਤੇ ਬਰੋਂਜ਼ (ਕਾਂਸੀ) ਮੈਡਲ ਹਾਸਲ ਕਰਕੇ ਅਕੈਡਮੀ ਅਤੇ ਆਪਣੇ ਪਰਿਵਾਰ ਦਾ ਨਾਂ ਰੌਸ਼ਨ ਕੀਤਾ। ਇਸ ਮੌਕੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਨ ਲਈ ਫੈਂਸਿੰਗ ਕੋਚ ਸ੍ਰੀ ਦੀਪਕ ਸੋਨੀ, ਫੈਂਸਿੰਗ ਕੋਚ ਸ੍ਰੀ ਸੁਮਿਤ ਮਹਾਜਨ, ਸ੍ਰੀ ਮਨਦੀਪ ਸਿੰਘ, ਸ੍ਰੀ ਸੁਰਿੰਦਰ ਸਿੰਘ ਅਤੇ ਹੋਰ ਪ੍ਰਮੁੱਖ ਕੋਚ ਸਾਹਿਬਾਨ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸਾਰੇ ਕੋਚਾਂ ਨੇ ਜੇਤੂ ਖਿਡਾਰੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ।

# ਗਿਆਨਦੀਪ ਮੰਚ ਵੱਲੋਂ ਅਜ਼ਾਦੀ ਦਿਵਸ ਨੂੰ ਸਮਰਪਿਤ ਕਵੀ ਦਰਬਾਰ ਕਰਵਾਇਆ ਗਿਆ



**ਪਟਿਆਲਾ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਗਿਆਨਦੀਪ ਸਾਹਿਤ ਸਾਧਨਾ ਮੰਚ (ਰਜਿ )ਪਟਿਆਲਾ ਵੱਲੋਂ ਭਾਸ਼ਾ ਵਿਭਾਗ ਪੰਜਾਬ, ਪਟਿਆਲਾ ਦੇ ਸੈਮੀਨਾਰ ਹਾਲ ਵਿਖੇ ਅਜ਼ਾਦੀ ਦਿਹਾੜੇ ਨੂੰ ਸਮਰਪਿਤ ਇੱਕ ਸਾਹਿਤਕ ਸਮਾਗਮ ਅਤੇ ਕਵੀ ਦਰਬਾਰ ਮਿਤੀ 16/08/26(ਐਤਵਾਰ) ਨੂੰ ਕਰਵਾਇਆ ਗਿਆ ਜਿਸ ਵਿੱਚ ਪਟਿਆਲਾ ਅਤੇ ਆਸ ਪਾਸ ਦੇ ਸ਼ਹਿਰਾਂ ਤੋਂ ਨਾਮਵਰ ਕਵੀਆਂ ਅਤੇ ਵਿਦਵਾਨਾਂ ਨੇ ਸ਼ਿਰਕਤ ਕੀਤੀ। ਸਮਾਗਮ ਦੀ ਪ੍ਰਧਾਨਗੀ ਗਿਆਨਦੀਪ ਮੰਚ ਦੇ ਪ੍ਰਧਾਨ ਡਾ. ਜੀ ਐੱਸ ਆਨੰਦ ਜੀ ਨੇ ਕੀਤੀ।ਵਿਸ਼ੇਸ਼ ਮਹਿਮਾਨ ਵਜੋਂ ਬਹੁਪੱਖੀ ਲੇਖਕ ਅਤੇ ਸ਼ਾਇਰ ਧਰਮ ਸਿੰਘ ਕੰਮੇਆਣਾ ਨੇ ਸ਼ਿਰਕਤ ਕੀਤੀ।

ਅਜ਼ਾਦੀ ਦਿਹਾੜੇ ਨੂੰ ਸਮਰਪਿਤ ਕਵੀ ਦਰਬਾਰ ਦਾ ਆਗਾਜ਼ ਕਰਦਿਆਂ ਜਨਰਲ ਸਕੱਤਰ ਗੁਰਚਰਨ ਸਿੰਘ ਚੰਨ ਪਟਿਆਲ਼ਵੀ ਨੇ ਅਜ਼ਾਦੀ ਦਿਹਾੜੇ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਅਤੇ ਹਾਜ਼ਰ ਸ਼ਾਇਰਾਂ ਬਾਰੇ ਸੰਖੇਪ ਜਾਣਕਾਰੀ ਦਿੱਤੀ।ਇਸ ਤੋਂ ਉਪਰੰਤ ਮਹਿੰਦਰ ਸਿੰਘ ਬਲਬੇੜਾ ਅਤੇ ਰਾਜੇਸ਼ ਸਰਮਾ ਦੇ ਕਵੀਸ਼ਰੀ ਜਥੇ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸਮਰਪਿਤ ਕਵੀਸ਼ਰੀ ਰੰਗ ਨਾਲ ਸਮਾਗਮ ਦਾ ਆਗਾਜ਼ ਕੀਤਾ। ਇਸ ਸਮਾਗਮ ਵਿੱਚ ਸੁਪ੍ਰਸਿੱਧ ਪੰਜਾਬੀ ਮੈਗਜ਼ੀਨ ਗੁਸਈਆਂ ਦੇ ਅਜ਼ਾਦੀ ਦਿਵਸ ਵਿਸ਼ੇਸ਼ ਅੰਕ ਦਾ ਲੋਕ ਅਰਪਣ ਵੀ ਕੀਤਾ ਗਿਆ।

ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਡਾ. ਜੀ ਐੱਸ ਆਨੰਦ ਨੇ ਕਿਹਾ ਕਿ ਦੇਸ਼ ਦੀ ਅਜ਼ਾਦੀ ਵਿੱਚ ਪੰਜਾਬੀਆਂ ਨੂੰ ਬਹੁਤ ਵੱਡੀ ਕੀਮਤ ਚੁਕਾਉਣੀ ਪਈ ਅਤੇ ਬਹੁਤ ਦਰਦ ਹੰਢਾਇਆ।ਮੰਚ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਗੁਸਈਆਂ ਮੈਗਜ਼ੀਨ ਦੇ ਮੁੱਖ ਸੰਪਾਦਕ ਕੁਲਵੰਤ ਸਿੰਘ ਨਾਰੀਕੇ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਮੈਗਜ਼ੀਨ ਗੁਸਈਆਂ ਆਪ ਸਭ ਦੇ ਸਹਿਯੋਗ ਨਾਲ ਉੱਨੀਵੇਂ ਸਾਲ ਵਿੱਚ ਪ੍ਰਵੇਸ਼ ਕਰ ਚੁੱਕਾ ਹੈ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦਾ ਦੇਸ਼ ਦੀ ਅਜ਼ਾਦੀ ਲਈ ਇੱਕ ਸੁਪਨਾ ਸੀ ਕਿ ਦੇਸ਼ ਅਜ਼ਾਦ ਹੋਵੇ ਪਰ ਉਨ੍ਹਾਂ ਦਾ ਸੁਪਨਾ ਸਾਕਾਰ ਨਹੀਂ ਹੋਇਆ। ਉਨ੍ਹਾਂ ਵੱਲੋਂ ਸਮਾਗਮ ਵਿੱਚ ਪਹੁੰਚੇ ਸਾਰੇ ਸਾਹਿਤਕਾਰਾਂ ਅਤੇ ਸਰੋਤਿਆਂ ਦਾ ਧੰਨਵਾਦ ਕੀਤਾ ਗਿਆ।

ਕਵਿਤਾ ਦੇ ਸੈਸ਼ਨ ਵਿੱਚ ਹਾਜ਼ਰ ਕਵੀਆਂ ਵਿੱਚੋਂ ਧਰਮ ਸਿੰਘ ਕੰਮੇਆਣਾ,ਬਚਨ ਸਿੰਘ ਗੁਰਮ, ਦਰਸ਼ਨ ਸਿੰਘ ਦਰਸ਼ ਪਸਿਆਣਾ,ਗੁਰਪ੍ਰੀਤ ਸਿੰਘ ਢਿੱਲੋਂ,ਕੁਲਦੀਪ ਕੌਰ ਧੰਜੂ,ਐਡਵੋਕੇਟ ਗੁਰਦਰਸ਼ਨ ਸਿੰਘ ਗੁਸੀਲ, ਤਰਲੋਚਨ ਮੀਰ ,ਰਾਮ ਸਿੰਘ ਬੰਗ,ਜਸਵਿੰਦਰ ਕੌਰ,ਸੰਤ ਸਿੰਘ ਸੋਹਲ,ਬਲਵਿੰਦਰ ਭੱਟੀ, ਇੰਜ. ਮੇਜਰ ਸਿੰਘ,ਕ੍ਰਿਸ਼ਨ ਧੀਮਾਨ,ਹਰੀ ਸਿੰਘ ਚਮਕ,ਬਲਬੀਰ ਸਿੰਘ ਦਿਲਦਾਰ, ਮੰਗਤ ਖਾਨ,ਰਾਜੇਸ਼ਵਰ ਕੁਮਾਰ, ਅਮਨਦੀਪ ਸਿੰਘ ਪਟਿਆਲਾ ਨੇ ਆਪਣੀਆਂ ਰਚਨਾਵਾਂ ਪੇਸ਼ ਕਰਕੇ ਖੂਬ ਰੰਗ ਬੰਨ੍ਹਿਆ। ਰਬਿੰਦਰ ਸਿੰਘ ਐੱਸ ਡੀ ਓ,ਗੁਰਦੀਪ ਸਿੰਘ ਸੱਗੂ,ਚਰਨ ਸਿੰਘ ਬੰਬੀਹਾ ਭਾਈ,ਗੁਰਦੇਵ ਸਿੰਘ ਅਤੇ ਪਵਨ ਕੁਮਾਰ ਵੀ ਹਾਜ਼ਰ ਰਹੇ। ਫੋਟੋਗ੍ਰਾਫੀ ਦੇ ਫਰਜ਼ ਦਰਸ਼ ਪਸਿਆਣਾ ਵੱਲੋਂ ਬਾਖੂਬੀ ਨਿਭਾਏ ਗਏ।

# ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ ਵੱਲੋਂ ਨਸ਼ਿਆਂ ਵਿਰੁੱਧ ਕੰਮ ਕਰ ਰਹੇ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਪ੍ਰਸ਼ੰਸਾ ਪਦਕ ਨਾਲ ਸਨਮਾਨ

**ਪਟਿਆਲਾ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਤੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜ਼ਿਲ੍ਹਾ ਪਟਿਆਲਾ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਅਤੇ ਸਮਾਜ ਸੇਵਾ ਨਾਲ ਜੋੜਨ ਲਈ ਨਿਰੰਤਰ ਕੰਮ ਕਰ ਰਹੀਆਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ ਅਤੇ ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਰਪ੍ਰਸਤਾਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ , ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕੋਸਲਿੰਗ ਸੈਲ ਪਟਿਆਲਾ ਪੁਲਿਸ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੂੰ ਐਸ ਐਸ ਪੀ ਪਟਿਆਲਾ



ਵਰੁਣ ਸ਼ਰਮਾ (ਆਈ.ਪੀ.ਐਸ) ਅਤੇ ਐਸ ਪੀ ਹੈਡਕੁਆਰਟਰ ਵੈਭਵ ਚੋਧਰੀ (ਆਈ.ਪੀ.ਐਸ) ਵੱਲੋਂ ਪ੍ਰਸ਼ੰਸਾ ਪਦਕ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਐਸ.ਐਸ.ਪੀ. ਪਟਿਆਲਾ ਵਰੁਣ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਸਮਾਜ ਸੇਵੀ ਸੰਸਥਾਵਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਵੱਲੋਂ ਪਿਛਲੇ ਕਈ ਸਾਲਾਂ ਤੋਂ ਪਟਿਆਲਾ ਪੁਲਿਸ ਦੇ ਸਹਿਯੋਗ ਨਾਲ ਵੱਖ-ਵੱਖ ਪਿੰਡਾਂ, ਸਕੂਲਾਂ, ਕਾਲਜਾਂ , ਯੂਨੀਵਰਸਿਟੀਆ ਅਤੇ ਯੂਥ ਕਲੱਬਾਂ ਰਾਹੀਂ ਜੋ ਨਸ਼ਾ ਵਿਰੋਧੀ ਜਾਗਰੂਕਤਾ ਲਹਿਰ ਚਲਾਈ ਜਾ ਰਹੀ ਹੈ, ਉਹ ਬਹੁਤ ਹੀ ਸ਼ਲਾਘਾਯੋਗ ਹੈ। ਉਨ੍ਹਾਂ ਦੀ ਮਿਹਨਤ ਸਦਕਾ ਸੈਂਕੜੇ ਨੌਜਵਾਨ ਨਸ਼ਿਆਂ ਨੂੰ ਛੱਡ ਕੇ ਖੇਡਾਂ, ਸਿੱਖਿਆ, ਸਮਾਜ ਸੇਵਾ ਅਤੇ ਰੁਜ਼ਗਾਰ ਵੱਲ ਪਰਤ ਰਹੇ ਹਨ।ਉਹਨਾਂ ਨੇ ਕਿਹਾ ਕਿ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਸਿਰਫ਼ ਸਰਕਾਰੀ ਅਭਿਆਨ ਨਹੀਂ, ਸਗੋਂ ਇਹ ਇੱਕ ਜਨ ਅੰਦੋਲਨ ਬਣ ਚੁੱਕਾ ਹੈ। ਜਦੋਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਵਰਗੀਆਂ ਸਖਸ਼ੀਅਤਾਂ ਖੁਦ ਗਲੀ-ਗਲੀ ਜਾ ਕੇ ਲੋਕਾਂ ਨੂੰ ਪ੍ਰੇਰਿਤ ਕਰਦੀਆਂ ਹਨ ਤਾਂ ਇਸ ਦਾ ਸਮਾਜ 'ਤੇ ਡੂੰਘਾ ਅਸਰ ਪੈਂਦਾ ਹੈ। ਉਨ੍ਹਾਂ ਕਿਹਾ ਕਿ ਦੋਵਾਂ ਸਖਸ਼ੀਅਤਾਂ ਦੇ ਕੰਮ ਨੂੰ ਪੁਲਿਸ ਵਿਭਾਗ ਦਿਲੋਂ ਸਲਾਮ ਕਰਦਾ ਹੈ, ਅਤੇ ਉਹੋ ਸਮਾਜ ਸੇਵੀ ਕਾਰਜਾਂ ਲਈ ਹਮੇਸ਼ਾ ਹਰ ਸੰਭਵ ਮਦਦ ਲਈ ਤਿਆਰ ਹਨ।

ਸਨਮਾਨ ਤੋਂ ਬਾਅਦ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਨੇ ਕਿਹਾ ਕਿ ਇਹ ਸਨਮਾਨ ਉਨ੍ਹਾਂ ਦਾ ਨਹੀਂ, ਸਗੋਂ ਉਨ੍ਹਾਂ ਦੇ ਸਾਰੇ ਦੇ ਮੈਂਬਰਾਂ ਦਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਇੱਕੋ ਇੱਕ ਮਕਸਦ ਹੈ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਦੇਸ਼ ਦੀ ਤਰੱਕੀ ਵਿੱਚ ਲਾਇਆ ਜਾਵੇ। ਉਨ੍ਹਾਂ ਕਿਹਾ ਕਿ ਅਸੀਂ ਪੁਲਿਸ ਪ੍ਰਸ਼ਾਸਨ ਦੇ ਨਾਲ ਮਿਲ ਕੇ ਇਹ ਮੁਹਿੰਮ ਹੋਰ ਤੇਜ਼ ਕਰਾਂਗੇ। ਉਹਨਾਂ ਕਿਹਾ ਕਿ ਅੱਜ ਪੰਜਾਬ ਨੂੰ ਸਭ ਤੋਂ ਵੱਧ ਲੋੜ ਨੌਜਵਾਨਾਂ ਦੀ ਸਹੀ ਸੇਧ ਦੀ ਹੈ। ਜੇ ਹਰ ਪਿੰਡ ਦੀ ਪੰਚਾਇਤ, ਸ਼ਹਿਰਾਂ ਦੇ ਐਮ ਸੀ ਅਤੇ ਯੂਥ ਕਲੱਬ ਆਪਣੀ ਜ਼ਿੰਮੇਵਾਰੀ ਸਮਝਣ ਤਾਂ ਪੰਜਾਬ ਵਿੱਚੋਂ ਨਸ਼ਾ ਬਿਲਕੁਲ ਖਤਮ ਹੋ ਸਕਦਾ ਹੈ। ਉਨ੍ਹਾਂ ਐਸ.ਐਸ.ਪੀ. ਵਰੁਣ ਸ਼ਰਮਾ ਦਾ ਧੰਨਵਾਦ ਕੀਤਾ ਅਤੇ ਉਹਨਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਟੀਮ ਦਿਨ-ਰਾਤ ਨਸ਼ਿਆਂ ਵਿਰੁੱਧ ਕੰਮ ਕਰਦੀ ਰਹੇਗੀ।

# ਦੇਸ਼ ਦੀ ਸੇਵਾ ਵਿੱਚ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਜਵਾਨਾਂ ਦੀ ਰਹੀ ਵੱਡੀ ਭੂਮਿਕਾ: ਹਰਜੋਤ ਬੈਂਸ



**ਸ੍ਰੀ ਆਨੰਦਪੁਰ ਸਾਹਿਬ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਬੀਤੀ ਕੱਲ 15 ਅਗਸਤ ਨੂੰ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਜਾਨ ਗਵਾਉਣ ਵਾਲੇ ਇੰਡੋ-ਤਿੱਬਤੀਅਨ ਬਾਰਡਰ ਪੁਲਿਸ (ਆਈ.ਟੀ.ਬੀ.ਪੀ.)ਦੇ ਡੀ.ਆਈ.ਜੀ. ਪਰਮਿੰਦਰ ਸਿੰਘ ਨੂੰ ਅੱਜ ਉਨ੍ਹਾਂ ਦੇ ਜੱਦੀ ਸ਼ਹਿਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੈਂਕੜੇ ਨਮ ਅੱਖਾਂ ਨੇ ਅੰਤਿਮ ਵਿਦਾਈ ਦਿੱਤੀ। ਚਰਨ ਗੰਗਾ ਸ਼ਮਸ਼ਾਨਘਾਟ ਵਿਖੇ ਹੋਏ ਅੰਤਿਮ ਸੰਸਕਾਰ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਦੇ ਅਧਿਕਾਰੀਆਂ, ਆਈ.ਟੀ.ਬੀ.ਪੀ. ਦੇ ਸੀਨੀਅਰ ਅਧਿਕਾਰੀਆਂ, ਜਵਾਨਾਂ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੇ ਸ਼ਾਮਲ ਹੋ ਕੇ ਸਵ.ਪਰਮਿੰਦਰ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਆਈ.ਟੀ.ਬੀ.ਪੀ. ਦੇ ਜਵਾਨਾਂ ਵੱਲੋਂ ਪੂਰੇ ਸਨਮਾਨ ਨਾਲ ਉਨ੍ਹਾਂ ਨੂੰ ਸਲਾਮੀ ਦਿੱਤੀ ਗਈ।

ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਦੇਸ਼ ਦੀ ਸੇਵਾ ਅਤੇ ਸੁਰੱਖਿਆ ਵਿੱਚ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਨੌਜਵਾਨਾਂ ਦੀ ਹਮੇਸ਼ਾ ਵੱਡੀ ਭੂਮਿਕਾ ਰਹੀ ਹੈ। ਇਸ ਇਲਾਕੇ ਦੇ ਅਨੇਕਾਂ ਨੌਜਵਾਨ ਦੇਸ਼ ਦੀਆਂ ਵੱਖ-ਵੱਖ ਸੁਰੱਖਿਆ ਅਤੇ ਰੱਖਿਆ ਫੋਰਸਾਂ ਵਿੱਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ ਅਤੇ ਕਈ ਉੱਚ ਅਹੁਦਿਆਂ 'ਤੇ ਪਹੁੰਚ ਕੇ ਇਲਾਕੇ ਅਤੇ ਪੰਜਾਬ ਦਾ ਨਾਮ ਰੌਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜਦੋਂ ਦੇਸ਼ ਦੀ ਸੇਵਾ ਕਰ ਰਹੀ ਕੋਈ ਮਹਾਨ ਸ਼ਖਸੀਅਤ ਅਚਾਨਕ ਸਾਡੇ ਤੋਂ ਵਿਛੜ ਜਾਂਦੀ ਹੈ ਤਾਂ ਇਸ ਦੁੱਖ ਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਮੁਸ਼ਕਲ ਹੁੰਦਾ ਹੈ। ਬੈਂਸ ਨੇ ਕਿਹਾ ਕਿ ਸਵ.ਪਰਮਿੰਦਰ ਸਿੰਘ ਸਾਡੇ ਇਲਾਕੇ ਦਾ ਮਾਣ ਸਨ ਅਤੇ ਉਨ੍ਹਾਂ ਦੀ ਸਮਰਪਿਤ ਸੇਵਾ ਨੌਜਵਾਨਾਂ ਲਈ ਹਮੇਸ਼ਾ ਪ੍ਰੇਰਨਾ ਦਾ ਸਰੋਤ ਰਹੇਗੀ।

ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ 54 ਸਾਲਾ ਸਵ.ਪਰਮਿੰਦਰ ਸਿੰਘ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਵਿਦਿਆਰਥੀ ਰਹੇ ਸਨ ਅਤੇ ਇੱਕ ਅਗਾਂਹਵਧੂ, ਮਿਹਨਤੀ ਅਤੇ ਸਮਰਪਿਤ ਸ਼ਖਸੀਅਤ ਵਜੋਂ ਜਾਣੇ ਜਾਂਦੇ ਸਨ। ਉਹ ਇਸ ਸਮੇਂ ਆਈ.ਟੀ.ਬੀ.ਪੀ. ਵਿੱਚ ਡੀ.ਆਈ.ਜੀ. ਦੇ ਅਹੁਦੇ 'ਤੇ ਸ੍ਰੀਨਗਰ ਵਿਖੇ ਤਾਇਨਾਤ ਸਨ। ਉਨ੍ਹਾਂ ਕਿਹਾ ਕਿ 15 ਅਗਸਤ ਨੂੰ ਸਹਾਰਨਪੁਰ ਨੇੜੇ ਦੇਹਰਾਦੂਨ-ਪੰਚਕੂਲਾ ਕੌਮੀ ਮਾਰਗ 'ਤੇ ਵਾਪਰੇ ਭਿਆਨਕ ਸੜਕ ਹਾਦਸੇ ਵਿੱਚ ਪਰਮਿੰਦਰ ਸਿੰਘ ਅਤੇ ਉਨ੍ਹਾਂ ਦੇ ਡਰਾਈਵਰ ਰਵੀ ਸ਼ੰਕਰ ਦੀ ਮੌਤ ਹੋ ਗਈ। ਕੈਬਨਿਟ ਮੰਤਰੀ ਨੇ ਪਰਿਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਸਰਕਾਰ ਅਤੇ ਸਮੁੱਚਾ ਇਲਾਕਾ ਪਰਿਵਾਰ ਦੇ ਨਾਲ ਖੜ੍ਹਾ ਹੈ। ਉਨ੍ਹਾਂ ਨੇ ਪਰਿਵਾਰ ਨੂੰ ਇਹ ਅਸਹਿ ਦੁੱਖ ਸਹਿਣ ਦੀ ਤਾਕਤ ਬਖਸ਼ਣ ਲਈ ਅਰਦਾਸ ਕੀਤੀ।

ਸੰਸਕਾਰ ਮੌਕੇ ਆਈ.ਟੀ.ਬੀ.ਪੀ. ਦੇ ਸੀਨੀਅਰ ਅਧਿਕਾਰੀਆਂ ਅਤੇ ਜਵਾਨਾਂ ਨੇ ਆਪਣੇ ਸਾਥੀ ਅਧਿਕਾਰੀ ਦੀ ਸ਼ਹਾਦਤ ਵਰਗੀ ਸਮਰਪਿਤ ਸੇਵਾ ਨੂੰ ਯਾਦ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ। ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਅਧਿਕਾਰੀਆਂ ਨੇ ਵੀ ਸਵ.ਪਰਮਿੰਦਰ ਸਿੰਘ ਦੀ ਮ੍ਰਿਤਕ ਦੇਹ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਮਾਹੌਲ ਗਮਗੀਨ ਰਿਹਾ ਅਤੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਦੋਸਤਾਂ ਅਤੇ ਇਲਾਕਾ ਵਾਸੀਆਂ ਨੇ ਨਮ ਅੱਖਾਂ ਨਾਲ ਉਨ੍ਹਾਂ ਨੂੰ ਅੰਤਿਮ ਵਿਦਾਈ ਦਿੱਤੀ। ਸਵ.ਪਰਮਿੰਦਰ ਸਿੰਘ ਵੱਲੋਂ ਦੇਸ਼ ਦੀ ਸੁਰੱਖਿਆ ਅਤੇ ਸੇਵਾ ਲਈ ਨਿਭਾਈਆਂ ਗਈਆਂ ਜ਼ਿੰਮੇਵਾਰੀਆਂ ਨੂੰ ਹਮੇਸ਼ਾ ਸਤਿਕਾਰ ਨਾਲ ਯਾਦ ਕੀਤਾ ਜਾਵੇਗਾ।

ਇਸ ਮੌਕੇ ਡਾ.ਅਰੁਣ ਸਭਰਵਾਲ ਆਈ.ਜੀ., ਮਨੂੰ ਮਹਾਜਨ ਆਈ.ਜੀ., ਅਸ਼ਵਨੀ ਡੋਗਰਾ ਆਈ.ਜੀ., ਮੋਹਿਤ ਚਾਵਲਾ ਡੀ.ਆਈ.ਜੀ., ਵਿਜੇ ਦੇਸ਼ਵਾਲ ਡੀ.ਆਈ.ਜੀ., ਪ੍ਰਿੰ.ਜਸਵੀਰ ਸਿੰਘ, ਅਰਵਿੰਦ ਮੀਨਾ ਐਸ.ਪੀ., ਸੁਖਪਾਲ ਸਿੰਘ ਐਸ.ਡੀ.ਐਮ, ਜਸ਼ਨਦੀਪ ਸਿੰਘ ਡੀ.ਐਸ.ਪੀ., ਜਤਿਨ ਕਪੂਰ ਥਾਣਾ ਮੁਖੀ, ਡਾ.ਸੰਜੀਵ ਗੌਤਮ ਜ਼ਿਲ੍ਹਾ ਪ੍ਰਧਾਨ ਰੂਪਨਗਰ, ਤਜਿੰਦਰ ਸਿੰਘ ਤੇ ਵੱਡੀ ਗਿਣਤੀ ਵਿਚ ਪਤਵੰਤੇ ਹਾਜ਼ਰ ਸਨ।

# ਮੈਡਮ ਖੁਸ਼ਬੂ ਸਾਵਨ ਸੁੱਖਾ ਸਵਨਾਂ ਵੱਲ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ 3 ਬੱਸਾਂ ਰਵਾਨਾ




**ਫਾਜ਼ਿਲਕਾ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ* ਤਹਿਤ ਅੱਜ ਪਿੰਡ ਬਕੈਨ ਵਾਲਾ ਤੋਂ ਸ਼ਰਧਾਲੂਆਂ ਨੂੰ ਲੈ ਕੇ 3 ਬੱਸਾਂ ਤੀਰਥ ਅਸਥਾਨਾਂ ਲਈ ਰਵਾਨਾ ਕੀਤੀਆਂ ਗਈਆਂ। ਇਸ ਮੌਕੇ ਮੈਡਮ ਖੁਸ਼ਬੂ ਸਾਵਨ ਸੁੱਖਾ ਸਵਨਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ

ਉਨ੍ਹਾਂ ਸ਼ਰਧਾਲੂਆਂ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ ਅਤੇ ਦੱਸਿਆ ਕਿ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ , ਦੁਰਗਿਆਨਾ ਮੰਦਿਰ, ਜਲਿਆ ਵਾਲਾ ਬਾਗ, ਰਾਮਤੀਰਥ ਮੰਦਿਰ ਅਤੇ ਕਈ ਗੁਰੂਧਾਮਾਂ ਦੇ ਦਰਸ਼ਨ ਕਰਨਗੇ। ਉਨ੍ਹਾਂ ਕਿਹਾ ਕਿ ਤੀਰਥ ਸਥਾਨਾਂ ਦੇ ਦਰਸ਼ਨਾਂ ਤੋਂ ਇਲਾਵਾ ਰਹਿਣ-ਸਹਿਣ, ਖਾਣ -ਪੀਣ ਦਾ ਵਧੀਆ ਤੇ ਮੁਫਤ ਪ੍ਰਬੰਧ ਪੰਜਾਬ ਸਰਕਾਰ ਵਲੋ ਕੀਤਾ ਗਿਆ ਹੈ।

ਯਾਤਰੀਆਂ ਲਈ ਆਵਾਜਾਈ, ਰਹਿਣ-ਸਹਿਣ ਤੇ ਭੋਜਨ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਯਾਤਰੀ ਨੂੰ ਕੋਈ ਅਸੁਵਿਧਾ ਨਾ ਹੋਵੇ। ਉਨ੍ਹਾਂ ਕਿਹਾ ਕਿ ਬਜੁਰਗ ਅਵਸਥਾ ਵਿਚ ਸ਼ਰਧਾਲੂ ਤੀਰਥ ਸਥਾਨਾਂ ਵਿਖੇ ਜਾਣ ਤੋਂ ਵਾਂਝੇ ਰਹਿ ਜਾਂਦੇ ਸਨ ਤੇ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਮੁੱਖ ਉਦੇਸ਼ ਵੱਡੀ ਉਮਰ ਦੇ ਲੋਕਾਂ ਅਤੇ ਧਾਰਮਿਕ ਸ਼ਰਧਾਲੂਆਂ ਨੂੰ ਆਸਾਨ, ਸੁਰੱਖਿਅਤ ਅਤੇ ਮੁਫ਼ਤ ਤੀਰਥ ਦਰਸ਼ਨ ਕਰਵਾਉਣਾ ਹੈ।

ਇਸ ਸਮਾਗਮ ਵਿੱਚ ਸਰਪੰਚ ਸ. ਜਸਵੀਰ ਸਿੰਘ, ਸਰਪੰਚ ਸ. ਲਵਪ੍ਰੀਤ ਸਿੰਘ, ਸਰਪੰਚ ਸ. ਹਰਜੀਤ ਸਿੰਘ, ਸ੍ਰੀ ਹਰਜਿੰਦਰ ਕੁਮਾਰ ਬਿੰਦੂ, ਸ੍ਰੀ ਦੀਪਕ ਸ਼ਰਮਾ - ਬ੍ਰਾਹਮਣ ਵੈਲਫੇਅਰ ਬੋਰਡ, ਸ੍ਰੀ ਹਰੀਸ਼ ਠਾਕੁਰ - ਰਾਜਪੂਤ ਸਮਾਜ ਚੇਅਰਮੈਨ ਅਤੇ ਸ੍ਰੀ ਸੋਮਾ ਐਮ.ਸੀ* ਸਮੇਤ ਪਿੰਡ ਦੇ ਪਤਵੰਤੇ ਸੱਜਣ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।

# ਸੁੱਖ ਸਾਗਰ ਸਾਹਿਬ ਵਿਖੇ ਸਲਾਨਾ ਧਾਰਮਿਕ ਸਮਾਗਮ ਵਿੱਚ ਕੈਬਨਿਟ ਮੰਤਰੀ ਹਰਜੋਤ ਬੈਂਸ ਹੋਏ ਨਤਮਸਤਕ

**ਸ੍ਰੀ ਆਨੰਦਪੁਰ ਸਾਹਿਬ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**



ਕੈਬਨਿਟ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਅੱਜ ਸੁੱਖ ਸਾਗਰ ਸਾਹਿਬ ਲੰਗ ਮਜਾਰੀ ਵਿਖੇ ਨਤਮਸਤਕ ਹੋਏ। ਉਨ੍ਹਾਂ ਨੇ ਇੱਥੇ ਕਰਵਾਏ ਗਏ ਸਲਾਨਾ ਧਾਰਮਿਕ ਸਮਾਗਮ ਵਿੱਚ ਸ਼ਰਧਾ ਅਤੇ ਸਤਿਕਾਰ ਨਾਲ ਸ਼ਮੂਲੀਅਤ ਕੀਤੀ ਅਤੇ ਗੁਰੂ ਚਰਨਾਂ ਵਿੱਚ ਮੱਥਾ ਟੇਕ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਨੇ ਸੰਗਤ ਨਾਲ ਮਿਲ ਕੇ ਗੁਰਬਾਣੀ ਕੀਰਤਨ ਅਤੇ ਧਾਰਮਿਕ ਸਮਾਗਮ ਵਿੱਚ ਹਾਜ਼ਰੀ ਭਰੀ ਅਤੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ।

ਕੈਬਨਿਟ ਮੰਤਰੀ ਬੈਂਸ ਨੇ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਸਾਨੂੰ ਸੱਚ, ਸੇਵਾ, ਨਿਮਰਤਾ, ਭਾਈਚਾਰਕ ਸਾਂਝ ਅਤੇ ਮਨੁੱਖਤਾ ਦੀ ਭਲਾਈ ਲਈ ਕੰਮ ਕਰਨ ਦੀ ਪ੍ਰੇਰਨਾ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਾਡੀ ਨੌਜਵਾਨ ਪੀੜ੍ਹੀ ਨੂੰ ਆਪਣੇ ਅਮੀਰ ਧਾਰਮਿਕ ਅਤੇ ਸੱਭਿਆਚਾਰਕ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਗੁਰੂ ਸਾਹਿਬਾਨ ਵੱਲੋਂ ਦਿੱਤੇ ਸਰਬ ਸਾਂਝੀਵਾਲਤਾ ਅਤੇ ਸੇਵਾ ਦੇ ਸੰਦੇਸ਼ ਨੂੰ ਆਪਣੇ ਜੀਵਨ ਵਿੱਚ ਅਪਣਾਇਆ ਜਾਵੇ।

ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਦਾ ਸਿੱਖ ਇਤਿਹਾਸ ਅਤੇ ਧਾਰਮਿਕ ਵਿਰਸੇ ਵਿੱਚ ਵਿਸ਼ੇਸ਼ ਸਥਾਨ ਹੈ। ਇਸ ਪਵਿੱਤਰ ਧਰਤੀ ਨਾਲ ਜੁੜੇ ਹਰ ਧਾਰਮਿਕ ਅਸਥਾਨ ਦੀ ਆਪਣੀ ਵਿਲੱਖਣ ਮਹੱਤਤਾ ਹੈ ਅਤੇ ਇੱਥੇ ਹੋਣ ਵਾਲੇ ਸਮਾਗਮ ਸੰਗਤਾਂ ਨੂੰ ਆਤਮਿਕ ਸ਼ਾਂਤੀ ਪ੍ਰਦਾਨ ਕਰਨ ਦੇ ਨਾਲ-ਨਾਲ ਸਾਂਝੀਵਾਲਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਧਾਰਮਿਕ ਅਤੇ ਇਤਿਹਾਸਕ ਵਿਰਸੇ ਦੀ ਸੰਭਾਲ ਅਤੇ ਇਸ ਨਾਲ ਸਬੰਧਤ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਵਚਨਬੱਧ ਹੈ।

ਇਸ ਮੌਕੇ ਪ੍ਰਬੰਧਕਾਂ ਅਤੇ ਸੰਗਤ ਵੱਲੋਂ ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਦਾ ਸਨਮਾਨ ਵੀ ਕੀਤਾ ਗਿਆ। ਬੈਂਸ ਨੇ ਸਮਾਗਮ ਦੇ ਪ੍ਰਬੰਧਕਾਂ ਨੂੰ ਸਲਾਨਾ ਧਾਰਮਿਕ ਸਮਾਗਮ ਸਫਲਤਾਪੂਰਵਕ ਕਰਵਾਉਣ ਲਈ ਵਧਾਈ ਦਿੱਤੀ ਅਤੇ ਸੰਗਤ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਗੁਰੂ ਘਰਾਂ ਵਿੱਚ ਨਤਮਸਤਕ ਹੋ ਕੇ ਸੇਵਾ ਅਤੇ ਸਿਮਰਨ ਨਾਲ ਜੁੜਨਾ ਹਮੇਸ਼ਾ ਮਨ ਨੂੰ ਸਕੂਨ ਦਿੰਦਾ ਹੈ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ ਅਤੇ ਗੁਰੂ ਸਾਹਿਬ ਦਾ ਅਸ਼ੀਰਵਾਦ ਪ੍ਰਾਪਤ ਕੀਤਾ।

ਇਸ ਮੌਕੇ ਸੰਤ ਬਾਬਾ ਦਰਸ਼ਨ ਸਿੰਘ, ਗੁਰਨਾਮ ਸਿੰਘ ਬਿੰਦਰਾ, ਕਰਤਾਰ ਸਿੰਘ ਬਰੋਟੂ, ਸਰਪੰਚ ਮਹਿਸ਼ਾ ਆਨੰਦ, ਕੁਲਵਿੰਦਰ ਸਿੰਘ ਬਿੰਦਰਾ, ਸ਼ਸ਼ੀ ਬਾਲਾ ਆਦਿ ਹਾਜ਼ਰ ਸਨ।

# ਵਿਧਾਇਕ ਫਾਜ਼ਿਲਕਾ ਨੇ 3 ਕਰੋੜ ਤੋਂ ਵਧੇਰੇ ਦੀ ਲਾਗਤ ਨਾਲ ਖੁਦ ਪਿੰਡ ਕਬੂਲਸਾਹ ਖੁੱਬਣ ਵਿਖੇ ਪਹੁੰਚ ਕੇ ਕੰਮ ਦੀ ਕਰਵਾਈ ਸ਼ੁਰੂਆਤ

**ਫਾਜ਼ਿਲਕਾ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ ਦੇ ਵਿਧਾਇਕ ਸ੍. ਨਰਿੰਦਰਪਾਲ ਸਿੰਘ ਸਵਨਾ ਨੇ 3 ਕਰੋੜ 34 ਲੱਖ ਦੀ ਲਾਗਤ ਨਾਲ ਪਿੰਡ ਕਬੂਲਸ਼ਾਹ ਖੁੱਬਣ ਤੋ ਸਤੀਰ ਵਾਲਾ, ਹਿੰਦੂਮਲਕੋਟ ਤੱਕ ਨਵੀਂ ਸੜਕ, ਪਿੰਡ ਦੀ ਫਿਰਨੀ ਤੋਂ ਇਲਾਵਾ ਪਿੰਡ ਕਬੂਲਸ਼ਾਹ ਤੋ ਫਾਜ਼ਿਲਕਾ, ਅਬੋਹਰ ਰੋਡ ਤੱਕ ਸੜਕ ਬਣਾਉਣ ਦਾ ਨੀਹ ਪੱਥਰ ਰੱਖਕੇ ਕੰਮ ਦੀ ਸ਼ੁਰੂਆਤ ਕਰਾਈ ਗਈ ।



ਇਸ ਮੌਕੇ ਬੋਲਿਦਿਆਂ ਵਿਧਾਇਕ ਸਵਨਾ ਨੇ ਕਿਹਾ ਕਿ ਪਿੰਡ ਕਬੂਲਸ਼ਾਹ ਖੁੱਬਣ ਲੋਕਾਂ ਨੇ ਹਰ ਸਮੇਂ ਕਾਫੀ ਮਾਨ ਸਤਿਕਾਰ ਦਿੱਤਾ ਜਾਂਦਾ ਰਿਹਾ ਹੈ ਤੇ ਅਨੇਕਾਂ ਵਿਕਾਸ ਦੇ ਕੰਮ ਕਰਵਾਏ ਗਏ। ਇੱਥੋਂ ਦੇ ਲੋਕਾਂ ਦੀ ਬਹੁਤ ਲੰਬੇ ਸਮੇਂ ਤੋਂ ਮੰਗ ਸੀ ਕਿ ਪਿੰਡ ਕਬੂਲਸ਼ਾਹ ਖੁੱਬਣ ਤੋਂ ਹਿੰਦੂਮਲਕੋਟ ਸੜਕ ਨਵੀਂ ਬਣਾਉਣ ਦੇ ਕੰਮ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ, ਇਸ ਦੇ ਨਾਲ ਹੀ ਪਿੰਡ ਦੀ ਫਿਰਨੀ ਬਣਾਉਣ ਲਈ ਵੀ ਕੰਮ ਸ਼ੁਰੂ ਕੀਤਾ ਗਿਆ ਹੈ ਤੇ ਇਸ ਦਾ ਵੀ ਨੀਹ ਪੱਥਰ ਰੱਖ ਦਿੱਤਾ ਗਿਆ ਹੈ।

ਇਸ ਤੋਂ ਇਲਾਵਾ ਪਿੰਡ ਤੋਂ ਲੈ ਕੇ ਅਬੋਹਰ ਫਾਜ਼ਿਲਕਾ ਰੋਡ ਨਵੀਂ ਸੜਕ ਬਣਾਉਣ ਦਾ ਕੰਮ ਸ਼ੁਰੂ ਕਰਵਾ ਦਿੱਤਾ ਗਿਆ ਹੈ। ਇਹ ਕੰਮ ਆਉਣ ਵਾਲੇ ਢਾਈ ਤੋਂ ਤਿੰਨ ਮਹੀਨਿਆਂ ਵਿੱਚ ਪੂਰਾ ਹੋ ਜਾਵੇਗਾ।

ਉਨ੍ਹਾਂ ਪਿੰਡ ਵਾਸੀਆਂ ਤੇ ਇਲਾਕਾ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕਾਰਜਕਾਲ ਦੌਰਾਨ ਅਨੇਕਾਂ ਹੀ ਵਿਕਾਸ ਦੇ ਕੰਮ ਹੋਏ ਹਨ ਤੇ ਅਨੇਕਾਂ ਚੱਲ ਰਹੇ ਹਨ। ਲੋਕਾਂ ਦੀ ਹਰ ਮੰਗ ਪੂਰੀ ਕੀਤੀ ਗਈ ਹੈ ਤੇ ਅੱਜ ਇਸ ਪਿੰਡ ਦੇ ਲੋਕਾਂ ਦੀ 40 ਸਰਕਾਰ ਦੀ ਪੁਰਾਣੀ ਮੰਗ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੂਰਾ ਕੀਤਾ ਹੈ । ਜਿਸ ਲਈ ਉਹ ਆਪਣੀ ਪਾਰਟੀ ਅਤੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਧੰਨਵਾਦੀ ਹਨ।

ਉਨ੍ਹਾਂ ਕਿਹਾ ਕਿ ਹਲਕੇ ਦੇ ਕੋਈ ਵੀ ਪਿੰਡ ਵਿਕਾਸ ਪੱਖੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ। ਹਲਕੇ ਦੇ ਲੋਕ ਕਿਸੇ ਵੀ ਸਮੱਸਿਆ ਲਈ ਉਨ੍ਹਾਂ ਨੂੰ ਮਿਲ ਸਕਦੇ ਹਨ ਉਹ ਆਪਣੇ ਹਲਕੇ ਦੇ ਲੋਕਾਂ ਦੇ ਨਾਲ ਹਨ। ਸਾਡੀ ਪੰਜਾਬ ਸਰਕਾਰ ਵੱਲੋਂ ਸਾਰੇ ਵਿਕਾਸ ਦੇ ਕੰਮ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕੀਤੇ ਜਾ ਰਹੇ ਹਨ।

# ਯਮੁਨਾਨਗਰ 'ਚ ਕਾਂਗਰਸ ਵੱਲੋਂ ਸੱਤਿਆਗ੍ਰਹਿ




**ਯਮੁਨਾਨਗਰ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਉੱਤਰਾਖੰਡ ਦੇ ਹਲਦਵਾਨੀ ਵਿੱਚ ਕਾਂਗਰਸ ਦੇ ਕੌਮੀ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਰੈਲੀ ਤੋਂ ਬਾਅਦ ਭਾਜਪਾ ਵਰਕਰਾਂ ਦੁਆਰਾ ਰੈਲੀ ਸਥਾਨ ਦੇ ਕਥਿਤ ਤੌਰ 'ਤੇ ਸ਼ੁੱਧੀਕਰਨ ਦਾ ਮਾਮਲਾ ਭਖਦਾ ਜਾ ਰਿਹਾ ਹੈ। ਇਸ ਘਟਨਾ 'ਤੇ ਆਪਣਾ ਰੋਸ ਜ਼ਾਹਿਰ ਕਰਦਿਆਂ ਕਾਂਗਰਸੀ ਵਰਕਰਾਂ ਨੇ ਸੱਤਿਆਗ੍ਰਹਿ ਕੀਤਾ ਅਤੇ ਇਸ ਕਾਰਵਾਈ ਨੂੰ ਲੋਕਤੰਤਰੀ ਕਦਰਾਂ-ਕੀਮਤਾਂ ਦੇ ਉਲਟ ਕਰਾਰ ਦਿੱਤਾ। ਕਾਂਗਰਸ ਜ਼ਿਲ੍ਹਾ ਪ੍ਰਧਾਨ (ਦਿਹਾਤੀ) ਨਰਪਾਲ ਗੁੱਜਰ ਨੇ ਕਿਹਾ ਕਿ ਸੈਂਕੜੇ ਕਾਂਗਰਸੀ ਵਰਕਰ ਇਸ ਮਾਮਲੇ ਦਾ ਸੱਤਿਆਗ੍ਰਹਿ ਰਾਹੀਂ ਵਿਰੋਧ ਕਰਨ ਲਈ ਮਟਕਾ ਚੌਕ 'ਤੇ ਇਕੱਠੇ ਹੋਏ। ਵਰਕਰਾਂ ਨੇ ਝੰਡਾ ਚੌਕ ਪਹੁੰਚਣ ਤੋਂ ਪਹਿਲਾਂ ਸ਼ਹਿਰ ਦੀਆਂ ਵੱਖ-ਵੱਖ ਪ੍ਰਮੁੱਖ ਸੜਕਾਂ 'ਤੇ ਪੈਦਲ ਮਾਰਚ ਕੀਤਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਲੋਕਤੰਤਰ, ਸੰਵਿਧਾਨ ਅਤੇ ਸਮਾਜਿਕ ਸਦਭਾਵਨਾ ਵਿੱਚ ਵਿਸ਼ਵਾਸ ਰੱਖਦੀ ਹੈ।

ਕਿਸੇ ਰਾਜਨੀਤਿਕ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਵੱਲੋਂ ਕੀਤੀ ਗਈ ਰੈਲੀ ਤੋਂ ਬਾਅਦ ਸਥਾਨ ਦੀ ਕਥਿਤ ਸ਼ੁੱਧਤਾ ਲੋਕਤੰਤਰੀ ਪਰੰਪਰਾਵਾਂ ਦੇ ਵਿਰੁੱਧ ਹੈ। ਉਨ੍ਹਾਂ ਅੱਗੇ ਕਿਹਾ ਕਿ ਕਾਂਗਰਸੀ ਵਰਕਰ ਸ਼ਾਂਤੀਪੂਰਨ ਅਤੇ ਲੋਕਤੰਤਰੀ ਢੰਗ ਨਾਲ ਅਜਿਹੀਆਂ ਘਟਨਾਵਾਂ ਦਾ ਵਿਰੋਧ ਕਰਦੇ ਰਹਿਣਗੇ। ਸੱਤਿਆਗ੍ਰਹਿ ਦੌਰਾਨ ਵਰਕਰਾਂ ਨੇ ਭਾਜਪਾ ਵਿਰੁੱਧ ਨਾਅਰੇਬਾਜ਼ੀ ਕਰਕੇ ਆਪਣੀ ਨਾਰਾਜ਼ਗੀ ਪ੍ਰਗਟ ਕੀਤੀ।

# ਵਿਕਸਿਤ ਭਾਰਤ-2047 ਦੇ ਨਿਰਮਾਣ ਵਿੱਚ ਹਰਿਆਣਾ ਦੀ ਭੂਮਿਕਾ ਨੂੰ ਰੇਖਾਂਕਿਤ ਕਰੇਗੀ ਸਰਕਾਰ

**ਚੰਡੀਗੜ੍ਹ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਨੇ ਸੂਬੇ ਦੇ ਹਰ ਉਦਯੋਗਿਕ ਅਦਾਰੇ ਵਿੱਚ ਰੋਜ਼ਾਨਾ ਪੰਜ ਮਿੰਟ ਦਾ 'ਵਾਈ-ਬ੍ਰੇਕ' (ਕੰਮ ਵਾਲੀ ਥਾਂ 'ਤੇ ਯੋਗਾ ਬ੍ਰੇਕ) ਯਕੀਨੀ ਬਣਾਉਣ ਲਈ ਸਮਾਂਬੱਧ ਪਹਿਲਕਦਮੀ ਸ਼ੁਰੂ ਕੀਤੀ ਹੈ।

ਇਸ ਤਹਿਤ ਹਰ ਉਦਯੋਗਿਕ ਇਕਾਈ ਵਿੱਚ ਯੋਗਾ ਕੈਂਪ ਅਤੇ ਸਿਖਲਾਈ ਸੈਸ਼ਨ ਆਯੋਜਿਤ ਕੀਤੇ ਜਾਣਗੇ ਅਤੇ ਇੱਕ ਮਹੀਨੇ ਦੇ ਅੰਦਰ ਹਰ 50 ਕਰਮਚਾਰੀਆਂ ਪਿੱਛੇ ਘੱਟੋ-ਘੱਟ ਇੱਕ ਕਰਮਚਾਰੀ ਨੂੰ ਸਿਖਲਾਈ ਦਿੱਤੀ ਜਾਵੇਗੀ, ਜੋ ਕੰਮ ਵਾਲੀ ਥਾਂ 'ਤੇ ਯੋਗਾ ਸੈਸ਼ਨਾਂ ਦਾ ਸੰਚਾਲਨ ਕਰੇਗਾ। ਇਹ ਜਾਣਕਾਰੀ ਆਯੂਸ਼ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਦਿੱਤੀ।

ਸ਼ਿਫਟਾਂ ਵਿੱਚ ਚੱਲਣ ਵਾਲੀਆਂ ਉਦਯੋਗਿਕ ਇਕਾਈਆਂ ਵਿੱਚ ਕੰਮ ਕਰਨ ਵਾਲੀ ਹਰੇਕ ਸ਼ਿਫਟ ਦੇ 50 ਕਰਮਚਾਰੀਆਂ ਦੇ ਸਮੂਹ 'ਤੇ ਘੱਟੋ-ਘੱਟ ਇੱਕ ਸਿਖਲਾਈ ਪ੍ਰਾਪਤ ਕਰਮਚਾਰੀ ਦਾ ਪ੍ਰਬੰਧ ਕੀਤਾ ਜਾਵੇਗਾ। ਇਸ ਨਾਲ ਵੱਖ-ਵੱਖ ਸ਼ਿਫਟਾਂ ਵਿੱਚ ਕੰਮ ਕਰਨ ਵਾਲੇ ਕਰਮਚਾਰੀਆਂ ਲਈ ਵੀ ਕੰਮ ਵਾਲੀ ਥਾਂ 'ਤੇ ਯੋਗਾ ਦੀ ਸਹੂਲਤ ਯਕੀਨੀ ਬਣਾਈ ਜਾ ਸਕੇਗੀ।

ਇਹ ਪ੍ਰੋਗਰਾਮ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਸਾਲ 2026-27 ਦੀ ਬਜਟ ਘੋਸ਼ਣਾ ਦੇ ਅਨੁਰੂਪ ਸ਼ੁਰੂ ਕੀਤਾ ਗਿਆ ਹੈ, ਜਿਸ ਵਿੱਚ ਹਰਿਆਣਾ ਦੇ ਸਾਰੇ ਉਦਯੋਗਿਕ ਅਦਾਰਿਆਂ ਵਿੱਚ ਕੰਮ ਕਰਨ ਵਾਲੇ ਕਰਮਚਾਰੀਆਂ ਲਈ ਰੋਜ਼ਾਨਾ ਪੰਜ ਮਿੰਟ ਦੇ 'ਵਾਈ-ਬ੍ਰੇਕ' ਦੀ ਵਿਵਸਥਾ ਕੀਤੀ ਗਈ ਸੀ।

ਆਯੂਸ਼ ਵਿਭਾਗ ਨੇ ਉਦਯੋਗ ਅਤੇ ਵਣਜ ਵਿਭਾਗ ਨੂੰ ਪੱਤਰ ਲਿਖ ਕੇ ਹਰਿਆਣਾ ਦੇ ਸਾਰੇ ਉਦਯੋਗਿਕ ਅਦਾਰਿਆਂ ਅਤੇ ਉਦਯੋਗਿਕ ਸੰਘਾਂ ਤੱਕ ਇਸ ਐਡਵਾਈਜ਼ਰੀ ਨੂੰ ਪਹੁੰਚਾਉਣ ਅਤੇ ਨਿਰਧਾਰਤ ਮਾਨਕ ਸੰਚਾਲਨ ਪ੍ਰਕਿਰਿਆ (ਐਸਓਪੀ) ਦੇ ਅਨੁਸਾਰ ਇਸਨੂੰ ਸਮਾਂਬੱਧ ਢੰਗ ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਹਨ।

ਡਾ. ਮਿਸ਼ਰਾ ਨੇ ਦੱਸਿਆ ਕਿ ਹਰੇਕ ਜ਼ਿਲ੍ਹੇ ਵਿੱਚ ਜ਼ਿਲ੍ਹਾ ਉਦਯੋਗ ਕੇਂਦਰ (7$-493) ਦੇ ਮਹਾਪ੍ਰਬੰਧਕ, ਜ਼ਿਲ੍ਹਾ ਆਯੁਰਵੇਦ ਅਧਿਕਾਰੀ ਨਾਲ ਤਾਲਮੇਲ ਕਰਕੇ ਯੋਗਾ ਕੈਂਪਾਂ ਅਤੇ ਸਿਖਲਾਈ ਸੈਸ਼ਨਾਂ ਦਾ ਪ੍ਰੋਗਰਾਮ ਤਿਆਰ ਕਰਨਗੇ।

ਇਸ ਤਾਲਮੇਲ ਵਾਲੇ ਯਤਨ ਰਾਹੀਂ ਇਹ ਯਕੀਨੀ ਬਣਾਇਆ ਜਾਵੇਗਾ ਕਿ ਜ਼ਿਲ੍ਹੇ ਦੀ ਹਰੇਕ ਉਦਯੋਗਿਕ ਇਕਾਈ ਨੂੰ ਇਸ ਪ੍ਰੋਗਰਾਮ ਦਾ ਲਾਭ ਮਿਲੇ। ਯੋਗਾ ਸਹਾਇਕਾਂ ਦੀ ਅਗਵਾਈ ਹੇਠ ਇੱਕ ਮਹੀਨੇ ਦੇ ਅੰਦਰ ਹਰੇਕ ਉਦਯੋਗਿਕ ਇਕਾਈ ਦੁਆਰਾ ਇੱਕ ਜਾਂ ਦੋ ਕਰਮਚਾਰੀਆਂ ਦੀ ਚੋਣ ਕਰਕੇ ਉਨ੍ਹਾਂ ਨੂੰ ਸਿਖਲਾਈ ਦਿੱਤੀ ਜਾਵੇਗੀ। ਇਸ ਨਾਲ ਹਰ 50 ਕਰਮਚਾਰੀਆਂ ਪਿੱਛੇ ਘੱਟੋ-ਘੱਟ ਇੱਕ ਸਿਖਲਾਈ ਪ੍ਰਾਪਤ ਯੋਗਾ ਟ੍ਰੇਨਰ ਉਪਲਬਧ ਹੋਵੇਗਾ, ਜੋ ਆਪਣੇ ਕੰਮ ਵਾਲੀ ਥਾਂ 'ਤੇ 'ਵਾਈ-ਬ੍ਰੇਕ' ਸੈਸ਼ਨਾਂ ਦਾ ਸੰਚਾਲਨ ਕਰੇਗਾ।

ਐਡਵਾਈਜ਼ਰੀ ਤਹਿਤ ਉਦਯੋਗ ਅਤੇ ਵਣਜ ਵਿਭਾਗ ਦੇ ਕਰਮਚਾਰੀਆਂ ਨੂੰ ਵੀ ਆਪਣੀ ਮਰਜ਼ੀ ਨਾਲ ਕੰਮ ਦੇ ਸਮ ? ਦੌਰਾਨ ਪੰਜ ਮਿੰਟ ਦਾ 'ਵਾਈ-ਬ੍ਰੇਕ' ਅਪਣਾਉਣ ਅਤੇ ਇਸਦਾ ਅਭਿਆਸ ਕਰਨ ਦੀ ਅਪੀਲ ਕੀਤੀ ਗਈ ਹੈ। ਇਸ ਪਹਿਲਕਦਮੀ ਦਾ ਉਦੇਸ਼ ਕਰਮਚਾਰੀਆਂ ਦੀ ਸਰੀਰਕ, ਮਾਨਸਿਕ ਅਤੇ ਭਾਵਨਾਤਮਕ ਸਿਹਤ ਨੂੰ ਬਿਹਤਰ ਬਣਾਉਣਾ ਅਤੇ ਵਧੇਰੇ ਸਿਹਤਮੰਦ, ਉਤਪਾਦਕ ਅਤੇ ਤਣਾਅ-ਮੁਕਤ ਕੰਮ ਦਾ ਮਾਹੌਲ ਤਿਆਰ ਕਰਨਾ ਹੈ।

ਡਾ. ਮਿਸ਼ਰਾ ਨੇ ਦੱਸਿਆ ਕਿ 'ਵਾਈ-ਬ੍ਰੇਕ' ਪ੍ਰੋਟੋਕੋਲ ਵਿਗਿਆਨਕ ਤੌਰ 'ਤੇ ਤਿਆਰ ਕੀਤੀ ਗਈ ਇੱਕ ਸਰਲ ਰੁਟੀਨ ਹੈ, ਜਿਸ ਵਿੱਚ ਆਸਾਨ ਯੋਗਾਸਨ, ਪ੍ਰਾਣਾਯਾਮ ਅਤੇ ਧਿਆਨ ਦੀਆਂ ਤਕਨੀਕਾਂ ਸ਼ਾਮਲ ਹਨ। ਇਸਦਾ ਅਭਿਆਸ ਕੰਮ ਵਾਲੀ ਥਾਂ 'ਤੇ ਬਿਨਾਂ ਕਿਸੇ ਖਾਸ ਉਪਕਰਣ ਜਾਂ ਬੁਨਿਆਦੀ ਢਾਂਚੇ ਦੇ ਕੀਤਾ ਜਾ ਸਕਦਾ ਹੈ। ਆਯੁਸ਼ ਮੰਤਰਾਲੇ ਦੁਆਰ ਤਿਆਰ ਇਹ ਪ੍ਰੋਟੋਕੋਲ ਕਰਮਚਾਰੀਆਂ ਨੂੰ ਤਣਾਅ-ਮੁਕਤ ਕਰਨ, ਊਰਜਾ ਮੁੜ ਪ੍ਰਾਪਤ ਕਰਨ ਅਤੇ ਇਕਾਗਰਤਾ ਵਧਾਉਣ ਵਿੱਚ ਮਦਦ ਕਰਨ ਦੇ ਨਾਲ-ਨਾਲ ਕੰਮ ਵਾਲੀ ਥਾਂ ਦੀ ਕੁਸ਼ਲਤਾ, ਉਤਪਾਦਕਤਾ ਅਤੇ ਸਮੁੱਚੀ ਸਿਹਤ ਅਤੇ ਭਲਾਈ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਤਿਆਰ ਕੀਤਾ ਗਿਆ ਹੈ।

**ਅਧਿਕਾਰਤ ਐਪ ਅਤੇ ਵੀਡੀਓ ਦੀ ਕੀਤੀ ਜਾਵੇਗੀ ਵਰਤੋਂ**

ਐਡਵਾਈਜ਼ਰੀ ਵਿੱਚ ਕਰਮਚਾਰੀਆਂ ਲਈ ਆਯੁਸ਼ ਮੰਤਰਾਲੇ ਦੇ 'ਵਾਈ-ਬ੍ਰੇਕ' ਪ੍ਰੋਟੋਕੋਲ ਨੂੰ ਆਸਾਨ ਬਣਾਉਣ ਅਤੇ ਉਨ੍ਹਾਂ ਨੂੰ ਨਿਰਧਾਰਤ ਕ੍ਰਮ ਦੇ ਅਨੁਸਾਰ ਇਸਦਾ ਅਭਿਆਸ ਕਰਨ ਲਈ ਉਤਸ਼ਾਹਿਤ ਕਰਨ ਲਈ ਕਿਹਾ ਗਿਆ ਹੈ। ਕਰਮਚਾਰੀਆਂ ਨੂੰ ਨਿਰਦੇਸ਼ਿਤ ਅਭਿਆਸ ਲਈ ਅਧਿਕਾਰਤ 'ਵਾਈ-ਬ੍ਰੇਕ' ਮੋਬਾਈਲ ਐਪਲੀਕੇਸ਼ਨ ਅਤੇ ਸਿਖਲਾਈ ਵੀਡੀਓ ਦੀ ਵਰਤੋਂ ਕਰਨ ਲਈ ਵੀ ਉਤਸ਼ਾਹਿਤ ਕੀਤਾ ਜਾਵੇਗਾ। 'ਵਾਈ-ਬ੍ਰੇਕ' ਪੁਸਤਕ ਅਤੇ ਵੀਡੀਓ ਸਮੇਤ ਸੰਦਰਭ ਸਮੱਗਰੀ ਆਯੁਸ਼ ਮੰਤਰਾਲੇ/$4©9⬆ ਦੇ 'ਵਾਈ-ਬ੍ਰੇਕ' ਸਰੋਤਾਂ ਰਾਹੀਂ ਉਪਲਬਧ ਹੈ।

ਐਡਵਾਈਜ਼ਰੀ ਵਿੱਚ ਨਿਯਮਤ ਯੋਗਾ ਦੇ ਸਿਹਤ ਲਾਭਾਂ ਨੂੰ ਲੈ ਕੇ ਜਾਗਰੂਕਤਾ ਮੁਹਿੰਮ ਚਲਾਉਣ ਅਤੇ ਕਰਮਚਾਰੀਆਂ ਨੂੰ ਆਪਣੀ ਰੋਜ਼ਾਨਾ ਦੀ ਰੁਟੀਨ ਵਿੱਚ 'ਵਾਈ-ਬ੍ਰੇਕ' ਨੂੰ ਸ਼ਾਮਲ ਕਰਨ ਲਈ ਪ੍ਰੇਰਿਤ ਕਰਨ 'ਤੇ ਵੀ ਜ਼ੋਰ ਦਿੱਤਾ ਗਿਆ ਹੈ। ਇਸ ਵਿੱਚ ਕਰਮਚਾਰੀਆਂ ਦੀ ਭਾਗੀਦਾਰੀ ਸਵੈ-ਇੱਛੁਕ ਰਹੇਗੀ। ਉਦਯੋਗਿਕ ਇਕਾਈਆਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ ਕਿ ਪੰਜ ਮਿੰਟ ਦੇ ਯੋਗਾ ਸੈਸ਼ਨ ਸੁਰੱਖਿਅਤ ਤਰੀਕੇ ਨਾਲ ਆਯੋਜਿਤ ਹੋਣ ਅਤੇ ਉਨ੍ਹਾਂ ਦੇ ਆਮ ਕੰਮਕਾਜ ਵਿੱਚ ਕਿਸੇ ਕਿਸਮ ਦਾ ਵਿਘਨ ਨਾ ਪਵੇ।

# ਜ਼ੋਨ ਪਟਿਆਲਾ-2 ਦੇ ਜ਼ੋਨਲ ਕ੍ਰਿਕਟ ਟੂਰਨਾਮੈਂਟ ਵਿੱਚ ਆਰਮੀ ਅਤੇ ਬੁੱਢਾ ਦਲ ਸਕੂਲ ਅਵੱਲ



**ਪਟਿਆਲਾ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਿੱਖਿਆ ਅਫਸਰ ਸ੍ਰੀਮਤੀ ਸ਼ਾਲੂ ਮਹਿਰਾ, ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ. ਰਵਿੰਦਰਪਾਲ ਸਿੰਘ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਸ੍ਰੀ ਦਲਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾ. ਰਜਨੀਸ਼ ਗੁਪਤਾ (ਪ੍ਰਧਾਨ, ਜ਼ੋਨਲ ਟੂਰਨਾਮੈਂਟ ਕਮੇਟੀ ਪਟਿਆਲਾ-2) , ਸ੍ਰੀ ਬਲਵਿੰਦਰ ਸਿੰਘ ਜੱਸਲ (ਜ਼ੋਨਲ ਸਕੱਤਰ, ਜ਼ੋਨਲ ਟੂਰਨਾਮੈਂਟ ਕਮੇਟੀ ਪਟਿਆਲਾ-2), ਸ੍ਰੀ ਬਲਕਾਰ ਸਿੰਘ (ਵਿੱਤ ਸਕੱਤਰ, ਜ਼ੋਨਲ ਟੂਰਨਾਮੈਂਟ ਕਮੇਟੀ ਪਟਿਆਲਾ-2) ਅਤੇ ਸ੍ਰੀ ਸਤਵਿੰਦਰ ਸਿੰਘ (ਕ੍ਰਿਕਟ ਇੰਚਾਰਜ, ਪਟਿਆਲਾ-2) ਦੀ ਅਗਵਾਈ ਵਿੱਚ ਜ਼ੋਨ ਪਟਿਆਲਾ-2 ਦਾ ਜ਼ੋਨਲ ਕ੍ਰਿਕਟ ਟੂਰਨਾਮੈਂਟ ਬੁੱਢਾ ਦਲ ਸਪੋਰਟਸ ਕੰਪਲੈਕਸ ਪਟਿਆਲਾ ਵਿਖੇ ਕਰਵਾਇਆ ਜਾ ਰਿਹਾ ਹੈ। ਟੂਰਨਾਮੈਂਟ ਦੇ ਸਾਰੇ ਮੈਚ ਬਹੁਤ ਹੀ ਰੋਮਾਂਚਕ ਰਹੇ। ਅੰਡਰ-14 ਲੜਕਿਆਂ ਦੇ ਟੂਰਨਾਮੈਂਟ ਵਿੱਚ ਆਰਮੀ ਪਬਲਿਕ ਸਕੂਲ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪਹਿਲਾ, ਭੁਪਿੰਦਰਾ ਇੰਟਰਨੈਸ਼ਨਲ ਪਬਲਿਕ ਸਕੂਲ ਨੇ ਦੂਜਾ ਅਤੇ ਬੁੱਢਾ ਦਲ ਪਬਲਿਕ ਸਕੂਲ ਨੇ ਤੀਜਾ ਸਥਾਨ ਹਾਸਲ ਕੀਤਾ। ਅੰਡਰ-17 ਲੜਕਿਆਂ ਦੇ ਟੂਰਨਾਮੈਂਟ ਵਿੱਚ ਬੁੱਢਾ ਦਲ ਪਬਲਿਕ ਸਕੂਲ ਨੇ ਪਹਿਲਾ, ਸਕੂਲ ਆਫ਼ ਐਮੀਨੈਂਸ ਫੀਲਖਾਨਾ ਨੇ ਦੂਜਾ ਅਤੇ ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ ਤੀਜਾ ਸਥਾਨ ਹਾਸਲ ਕੀਤਾ। ਸ੍ਰੀ ਬਲਵਿੰਦਰ ਸਿੰਘ ਜੱਸਲ (ਜ਼ੋਨਲ ਸਕੱਤਰ) ਨੇ ਦੱਸਿਆ ਕਿ ਇਸ ਵਾਰ ਜ਼ੋਨਲ ਕ੍ਰਿਕਟ ਟੂਰਨਾਮੈਂਟ ਵਿੱਚ ਹਰ ਉਮਰ ਵਰਗ ਵਿੱਚ ਵੱਡੀ ਗਿਣਤੀ ਵਿੱਚ ਟੀਮਾਂ ਨੇ ਭਾਗ ਲਿਆ ਅਤੇ ਲਾਜ਼ਵਾਬ ਖੇਡ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਸ੍ਰੀਮਤੀ ਯਾਦਵਿੰਦਰ ਕੌਰ, ਸ੍ਰੀਮਤੀ ਮਮਤਾ ਰਾਣੀ, ਸ੍ਰੀਮਤੀ ਜ਼ਾਹਿਦਾ ਕੁਰੈਸ਼ੀ, ਸ੍ਰੀਮਤੀ ਸੰਦੀਪ ਕੌਰ, ਸ੍ਰੀ ਹਰਦੇਵ ਸਿੰਘ ਅਤੇ ਸ੍ਰੀ ਮਨਪ੍ਰੀਤ ਸਿੰਘ (ਪ੍ਰੈਸ ਇੰਚਾਰਜ) ਮੌਜੂਦ ਸਨ।

# ਬਟਾਲਾ ਸ਼ਹਿਰ ਵਿੱਚ ਕਾਂਗਰਸ ਪਾਰਟੀ ਨੂੰ ਲੱਗਾ ਝਟਕਾ, ਵਾਰਡ ਨੰਬਰ 48 ਤੋਂ ਵੱਖ-ਵੱਖ ਪਰਿਵਾਰ ਆਮ ਆਦਮੀ ਵਿੱਚ ਹੋਏ ਸ਼ਾਮਲ



**ਬਟਾਲਾ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵਲੋਂ ਬਟਾਲਾ ਵਿਖੇ ਕਰਵਾਏ ਲੋਕਪੱਖੀ ਵਿਕਾਸ ਕੰਮਾਂ ਨੂੰ ਭਰਵਾਂ ਪਿਆਰ ਮਿਲ ਰਿਹਾ ਹੈ,ਜਿਸ ਦੇ ਚੱਲਦਿਆਂ ਅੱਜ ਵਾਰਡ ਨੰਬਰ 48 ਤੋਂ ਕਾਂਗਰਸ ਵਰਕਰ ਐਮਨੂਅਲ ਮਸੀਹ, ਪਿੰਡ ਸ਼ੇਖਮੀਰ ਤੋਂ ਸ੍ਰੀ ਬਲਵਿੰਦਰ ਅਤੇ ਮੰਗਾ ਮਸੀਹ ਕਾਂਗਰਸ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ, ਜਿਨ੍ਹਾਂ ਦਾ ਵਿਧਾਇਕ ਸ਼ੈਰੀ ਕਲਸੀ ਵਲੋਂ ਸਵਾਗਤ ਕੀਤਾ ਗਿਆ।

ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਨੂੰ ਜੀ ਆਇਆਂ ਕਹਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀ ਪਾਰਟੀ ਹੈ ਅਤੇ ਇਸ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਵਿਅਕਤੀ ਦਾ ਪੂਰਾ ਮਾਣ ਸਨਮਾਨ ਕੀਤਾ ਜਾਵੇਗਾ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਆਪ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਰਵਾਇਤੀ ਪਾਰਟੀਆਂ ਦੇ ਆਗੂ/ਵਰਕਰ, ਦਿਨੋ-ਦਿਨ ਆਪ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ ਤੇ ਆਪ ਪਾਰਟੀ ਦਾ ਕਾਫਲਾ ਲਗਾਤਾਰ ਵੱਧ ਰਿਹਾ ਹੈ।ਪੰਜਾਬ ਸਰਕਾਰ ਦੇ ਵਿਕਾਸ ਕੰਮਾਂ ਦੀ ਗੱਲ ਕਰਦਿਆਂ ਉਨਾਂ ਦੱਸਿਆ ਕਿ ਮਹਿਜ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਹੀ ਲੋਕਾਂ ਨਾਲ ਕੀਤੀਆਂ ਗਰੰਟੀਆਂ ਪੂਰੀਆਂ ਕੀਤੀਆਂ ਗਈਆਂ ਹਨ। ਹਰੇਕ ਵਰਗ ਦੀ ਭਲਾਈ ਲਈ ਵਿਸ਼ੇਸ ਉਪਰਾਲੇ ਕੀਤੇ ਗਏ ਹਨ। ਸਿੱਖਿਆ, ਸਿਹਤ, ਬਿਜਲੀ ਸਮੇਤ ਵੱਖ-ਵੱਖ ਖੇਤਰਾਂ ਵਿੱਚ ਲੋਕ ਹਿੱਤ ਲਈ ਵੱਡੇ ਕਾਰਜ ਕੀਤੇ ਗਏ ਹਨ।

ਬਟਾਲਾ ਹਲਕੇ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਨੌਜਵਾਨ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਹਲਕੇ ਨੂੰ ਵਿਕਾਸ ਪੱਖੋ ਨਮੂਨੇ ਦਾ ਹਲਕਾ ਬਣਾਇਆ ਜਾਵੇਗਾ ਤੇ ਵਿਕਾਸ ਕਾਰਜਾਂ ਵਿੱਚ ਕਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਵੱਖ ਵੱਖ ਵਿਭਾਗਾਂ ਤੇ ਕਾਰਪੋਰੇਸ਼ਨ ਬਟਾਲਾ ਵਲੋਂ ਸ਼ਹਿਰ ਵਿੱਚ ਵਿਕਾਸ ਕੰਮ ਚੱਲ ਰਹੇ ਹਨ ਅਤੇ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਦੇ ਸੁੰਦਰੀਕਰਨ ਲਈ ਵਿਸ਼ੇਸ ਰਣਨੀਤੀ ਉਲੀਕੀ ਗਈ ਹੈ।

ਇਸ ਮੌਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਪਰਿਵਾਰਾਂ ਨੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਕੀਤੇ ਜਾ ਰਹੇ ਹਨ, ਜੋ ਪਹਿਲਾਂ ਵੇਖਣ ਨੂੰ ਨਹੀਂ ਮਿਲੇ ਹਨ। ਇਸ ਲਈ ਉਹ ਆਪ ਪਾਰਟੀ ਵਿੱਚ ਸ਼ਾਮਲ ਹੋਏ ਹਨ।

# ਮੰਡ ਝੜੌਂਦੀ ਦੰਗਲ ਕਮੇਟੀ ਦੀ ਮੇਲੇ ਸਬੰਧੀ ਹੋਈ ਮੀਟਿੰਗ

**ਮਾਛੀਵਾੜਾ ਸਾਹਿਬ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਸਤਲੁਜ ਦਰਿਆ ਦ ਕੰਢੇ ਤੇ ਵੱਸੇ ਪਿੰਡ ਮੰਡ ਝੜੌਂਦੀ ਦੌਲਤਪੁਰ ਦਾ ਸਲਾਨਾ ਵਿਸ਼ਾਲ ਦੰਗਲ ਮੇਲਾ 15 ਭਾਦੋਂ 31 ਅਗਸਤ ਨੂੰ ਸਮੂਹ ਪਿੰਡ ਵਾਸੀ ਇਲਾਕਾ ਨਿਵਾਸੀ ਅਤੇ ਐਨ. ਆਰ. ਆਈ. ਵੀਰਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ ।

ਮੇਲੇ ਸਬੰਧੀ ਜਾਣਕਾਰੀ ਦਿੰਦਿਆਂ ਗ੍ਰਾਮ ਪੰਚਾਇਤ ਸਰਪੰਚ ਗੁਰਮੀਤ ਸਿੰਘ ਭਾਊ, ਪ੍ਰਬੰਧਕ ਕਮੇਟੀ ਪ੍ਰਧਾਨ ਸੰਤੋਖ ਸਿੰਘ ਨੇ ਸਾਂਝੇ ਤੌਰ ਤੇ ਦੱਸਿਆ ਕਿ ਅੱਜ ਮੇਲੇ ਸਬੰਧੀ ਪ੍ਰਬੰਧਕ ਕਮੇਟੀ ਅਤੇ ਗ੍ਰਾਮ ਪੰਚਾਇਤ ਦੀ ਗੁਰਦੁਆਰਾ ਸਾਹਿਬ ਵਿੱਚ ਮੀਟਿੰਗ ਸੱਦੀ ਗਈ ਜਿਸ ਵਿੱਚ ਸਲਾਨਾ ਮੇਲੇ ਦੀਆਂ ਤਿਆਰੀਆਂ ਸਬੰਧੀ ਵਿਚਾਰ ਵਟਾਂਦਰੇ ਕਰਦਿਆਂ ਡਿਊਟੀਆਂ ਵੀ ਲਗਾਈਆਂ ਗਈਆਂ। ਉਹਨਾਂ ਦੱਸਿਆ ਕਿ ਅੱਜ ਦੀ ਮੀਟਿੰਗ ਵਿੱਚ ਇਹ ਵਿਚਾਰ ਪੇਸ਼ ਕੀਤਾ ਗਿਆ ਕਿ ਸਿਰਫ ਸੱਦਾ ਪੱਤਰ ਵਾਲੇ ਪਹਿਲਵਾਨਾਂ ਦੀਆਂ ਹੀ ਕੁਸ਼ਤੀਆਂ ਕਰਵਾਈਆਂ ਜਾਣਗੀਆਂ। ਮੇਲੇ ਦੀ ਸਫਲਤਾ ਲਈ ਪਿੰਡ ਦੀ ਗ੍ਰਾਮ ਪੰਚਾਇਤ ਸਰਪੰਚ ਗੁਰਮੀਤ ਸਿੰਘ ਭਾਊ,ਮੈਂਬਰ ਯਸਮੀਤ ਸਿੰਘ, ਸਤਨਾਮ ਸਿੰਘ, ਸੁਖਦੇਵ ਸਿੰਘ, ਗੁਰਮੀਤ ਕੌਰ, ਰੀਨਾ ਦੇਵੀ (ਸਾਰੇ ਪੰਚ), ਪ੍ਰਬੰਧਕ ਕਮੇਟੀ ਪ੍ਰਧਾਨ ਸੰਤੋਖ ਸਿੰਘ, ਸਾਬਕਾ ਸਰਪੰਚ ਗੁਰਮੁਖ ਸਿੰਘ, ਦਰਸ਼ਨ ਸਿੰਘ ਸੈਕਟਰੀ, ਜਰਨੈਲ ਸਿੰਘ ਖਜਾਨਚੀ, ਨੰਬਰਦਾਰ ਜਗੀਰ ਸਿੰਘ, ਦਿਲਬਾਰਾ ਸਿੰਘ ਪੰਛੀ, ਸੁੱਚਾ ਸਿੰਘ ਸਾਬਕਾ ਸਰਪੰਚ, ਸਾਬਕਾ ਪ੍ਰਧਾਨ ਬਲਵੀਰ ਸਿੰਘ, ਬਾਬਾ ਅਜਮੇਰ ਸਿੰਘ, ਪ੍ਰੀਤਮ ਸਿੰਘ , ਅਜਮੇਰ ਸਿੰਘ ਸਾਬਕਾ ਮੈਂਬਰ, ਥਾਣੇਦਾਰ ਬੂਟਾ ਸਿੰਘ, ਸਰਪੰਚ ਜਸਪ੍ਰੀਤ ਸਿੰਘ ਈਸਾਪੁਰ ਅਤੇ ਪਿੰਡ ਦੇ ਨੌਜਵਾਨਾਂ ਦੀ ਸਮੁੱਚੀ ਟੀਮ ਤਿਆਰੀਆਂ ਵਿੱਚ ਜੁਟੀ ਹੋਈ ਹੈ।

# ਨਾਭਾ ਬਲਾਕ ਦੇ ਪਿੰਡ ਧਨੌਰੀ, ਧਨੌਰਾ ਅਤੇ ਦਾਂਦਰਾਲਾ ਖਰੌੜ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਨਾਭਾ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਨਾਭਾ ਬਲਾਕ ਦੇ ਪਿੰਡ ਧਨੌਰੀ, ਧਨੌਰਾ ਅਤੇ ਦਾਂਦਰਾਲਾ ਖਰੌੜ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ।

ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।

ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਹਰਿਆਣਾ ਸਰਕਾਰ ਨੇ ਰੀ-ਏਂਪਲੋਇਮੈਂਟ ਮਾਮਲਿਆਂ ਲਈ ਕੀਤਾ ਕਮੇਟੀ ਦਾ ਪੁਰਨ ਗਠਨ

**ਚੰਡੀਗੜ੍ਹ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਨੇ ਸਰਕਾਰੀ ਸੇਵਾਵਾਂ ਵਿੱਚ ਰੀ-ਏਂਪਲੋਇਮੈਂਟ ਨਾਲ ਜੁੜੇ ਮਾਮਲਿਆਂ ਦੀ ਜਾਂਚ ਅਤੇ ਸਿਫਾਰਿਸ਼ ਲਈ ਪਹਿਲਾਂ ਤੋਂ ਗਠਨ ਕਮੇਟੀ ਵਿੱਚ ਅੰਸ਼ਿਕ ਸੋਧ ਕਰਦੇ ਹੋਏ ਨਵੀਂ ਕਮੇਟੀ ਦਾ ਗਠਨ ਕੀਤਾ ਹੈ। ਇਹ ਕਮੇਟੀ ਆਪਣੀ ਸਿਫਾਰਿਸ਼ਾਂ ਸਬੰਧਿਤ ਪ੍ਰਸ਼ਾਸਨਿਕ ਵਿਭਾਗਾਂ ਨੂੰ ਪੇਸ਼ ਕਰੇਗੀ, ਜਿਨ੍ਹਾਂ ਦੇ ਆਧਾਰ 'ਤੇ ਅੱਗੇ ਦੀ ਕਾਰਵਾਈ ਕੀਤੀ ਜਾਵੇਗੀ।

ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਆਦੇਸ਼ ਅਨੁਸਾਰ ਸੀਨੀਅਰ ਆਈਏਐਸ ਅਧਿਕਾਰੀ ਸ੍ਰੀ ਸੁਧੀਰ ਰਾਜਪਾਲ, ਡਾ. ਸੁਮਿਤਾ ਮਿਸ਼ਰਾ ਅਤੇ ਸ੍ਰੀ ਵਿਨੀਤ ਗਰਗ ਨੂੰ ਕਮੇਟੀ ਦੇ ਬਤੌਰ ਮੈਂਬਰ ਸ਼ਾਮਿਲ ਕੀਤਾ ਗਿਆ ਹੈ।

ਇਹ ਕਮੇਟੀ ਰੀ-ਏਂਪਿਲੋਇਮੈਂਅ ਨਾਲ ਸਬੰਧਿਤ ਨਿਜੀ ਮਾਮਲਿਆਂ ਦੇ ਨਾਲ-ਨਾਲ ਪ੍ਰਸ਼ਾਸਨਿਕ ਵਿਭਾਗਾਂ ਵੱਲੋਂ ਭੇਜੇ ਜਾਣ ਵਾਲੇ ਕਿਸੇ ਵਰਗ ਜਾਂ ਸ਼੍ਰੇਣੀ ਦੇ ਕਰਮਚਾਰੀਆਂ ਨਾਲ ਸਬੰਧਿਤ ਮਾਮਲਿਆਂ ਦੀ ਵੀ ਜਾਂਚ ਕਰਗੀ। ਅਜਿਹੇ ਮਾਮਲਿਆਂ ਵਿੱਚ ਰੀ-ਏਂਪਲੋਇਮੈਂਟ ਤਾਂਹੀ ਵਿਚਾਰਧੀਨ ਹੋਵੇਗੀ, ਜਦੋਂ ਇਸ ਜਨ ਸੇਵਾਵਾਂ ਦੀ ਕੁਸ਼ਲ ਡਿਲੀਵਰੀ ਅਤੇ ਸਬੰਧਿਤ ਵਿਭਾਗਾਂ ਦੇ ਉਦੇਸ਼ਾਂ ਦੀ ਪੂਰਤੀ ਲਈ ਜਰੂਰੀ ਮੰਨਿਆ ਜਾਵੇ।

ਇਹ ਧਿਆਨ ਦੇਣ ਯੋਗ ਹੈ ਕਿ ਇਹ ਕਮੇਟੀ ਪਹਿਲਾਂ ਵਿੱਚ 20 ਜੂਨ, 2025 ਨੂੰ ਗਠਨ ਕੀਤੀ ਗਈ ਸੀ, ਜਿਸ ਵਿੱਚ 5 ਸਤੰਬਰ, 2025 ਨੂੰ ਵੀ ਸੋਧ ਕੀਤਾ ਗਿਆ ਸੀ।

# ਬਿਜਲੀ ਮੁਲਾਜ਼ਮਾਂ ਵੱਲੋਂ ਸਰਕਾਰ ਖਿਲਾ.ਫ ਰੋਸ ਮੁਜ਼ਾਹਰਾ

**ਜਗਰਾਉਂ, 20 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਨੂੰ ਮਹਿੰਗਾਈ ਭੱਤੇ ਦੀਆਂ ਬਕਾਇਆ ਰਹਿੰਦੀਆਂ ਕਿਸ਼ਤਾਂ ਜਾਰੀ ਨਾ ਕਰਨ ਕਾਰਨ ਮੁਲਾਜ਼ਮ ਵਰਗ 'ਚ ਰੋਸ ਪਾਇਆ ਜਾ ਰਿਹਾ ਹੈ। ਇਸ ਨੂੰ ਲੈ ਕੇ ਅੱਜ ਬਿਜਲੀ ਮੁਲਾਜ਼ਮਾਂ ਨੇ ਜੁਆਇੰਟ ਫੋਰਮ ਪੰਜਾਬ ਦੇ ਸੱਦੇ 'ਤੇ ਰੋਹ ਭਰਪੂਰ ਮੁਜ਼ਾਹਰਾ ਕੀਤਾ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕ ਕੇ ਹੱਕਾਂ ਦੀ ਪ੍ਰਾਪਤੀ ਤੱਕ ਸੰਘਰਸ਼ ਜਾਰੀ ਰੱਖਣ ਦਾ ਐਲਾਨ ਕੀਤਾ। ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਆਗੂ ਹਰਵਿੰਦਰ ਸਵੱਦੀ, ਦਲਜੀਤ ਜੱਸੋਵਾਲ, ਅਵਤਾਰ ਕਲੇਰ ਨੇ ਕਿਹਾ ਕਿ ਬਦਲਾਓ ਦੇ ਨਾਮ 'ਤੇ ਲੋਕਾਂ ਦਾ ਭਰੋਸਾ ਹਾਸਲ ਕਰਨ ਵਾਲੀ ਭਗਵੰਤ ਮਾਨ ਸਰਕਾਰ ਨੇ ਹਰ ਵਰਗ ਨਾਲ ਧੋਖਾ ਕੀਤਾ ਹੈ। ਸਰਕਾਰ ਦੇ ਖਜ਼ਾਨਾ ਮੰਤਰੀ ਹਰਪਾਲ ਚੀਮਾ ਅਤੇ ਮੁੱਖ ਮੰਤਰੀ ਦਾ ਰਵੱਈਆ ਸੱਤਾ ਸੰਭਾਲਣ ਤੋਂ ਲੈ ਕੇ ਹੀ ਮੁਲਾਜ਼ਮ ਵਿਰੋਧੀ ਹੈ। ਪੰਜਾਬ ਦੇ ਮੁਲਜ਼ਮਾਂ ਨੂੰ ਇੱਕ ਵੀ ਕਿਸ਼ਤ ਮਹਿੰਗਾਈ ਭੱਤੇ ਦੀ ਜਾਰੀ ਨਹੀਂ ਕੀਤੀ ਗਈ ਜਦਕਿ ਕੇਂਦਰ ਵੱਲੋਂ ਆਪਣੇ ਮੁਲਾਜ਼ਮਾਂ ਨੂੰ 46 ਫ਼ੀਸਦੀ ਮਹਿੰਗਾਈ ਭੱਤਾ ਦਿੱਤਾ ਜਾ ਰਿਹਾ ਹੈ। ਸਰਕਾਰ ਦੇ ਇਸ਼ਾਰੇ 'ਤੇ ਪਾਵਰਕੌਮ ਵੱਲੋਂ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਵੀ ਲਾਗੂ ਨਹੀਂ ਕੀਤੀਆਂ ਜਾ ਰਹੀਆਂ। ਉਨ੍ਹਾਂ ਕਿਹਾ ਕਿ ਤਨਖਾਹ ਸਕੇਲ ਸੋਧ ਕੇ ਲਾਗੂ ਕੀਤੇ ਜਾਣ, ਪੈਨਸ਼ਨਰਾਂ ਦੇ ਬਕਾਏ, ਕੇਂਦਰ ਦੇ ਤਨਖਾਹ ਸਕੇਲਾਂ ਦੀ ਥਾਂ ਬਿਜਲੀ ਵਿਭਾਗ ਦੇ ਸਕੇਲ ਜਾਰੀ ਕੀਤੇ ਜਾਣ।

# ਖੇਡਣ ਵਤਨ ਪੰਜਾਬ ਦੀਆ' ਦਾ ਚੌਥਾ ਐਡੀਸ਼ਨ 5 ਸਤੰਬਰ ਨੂੰ ਬਠਿੰਡਾ ਤੋਂ ਸ਼ੁਰੂ ਹੋ ਕੇ 29 ਨਵੰਬਰ ਨੂੰ ਪਟਿਆਲਾ ਵਿਖੇ ਸਮਾਪਤ ਹੋਵੇਗਾ : ਭਗਵੰਤ ਮਾਨ

**ਚੰਡੀਗੜ੍ਹ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਨੂੰ ਐਲਾਨ ਕੀਤਾ ਕਿ ਪੰਜਾਬ ਸਰਕਾਰ 5 ਸਤੰਬਰ ਤੋਂ 29 ਨਵੰਬਰ ਤੱਕ ਖੇਡ ਵਤਨ ਪੰਜਾਬ ਦੀਆਂ ਚੌਥੀ ਐਡੀਸ਼ਨ ਦਾ ਆਯੋਜਨ ਕਰੇਗੀ, ਜਿਸ ਵਿੱਚ ਹਰ ਉਮਰ ਵਰਗ ਦੇ 10 ਲੱਖ ਤੋਂ ਵੱਧ ਭਾਗੀਦਾਰਾਂ ਨੂੰ ਸ਼ਾਮਲ ਕਰਨ ਦਾ ਟੀਚਾ ਹੈ। ਪੰਜਾਬ ਦੇ ਖੇਡ ਸੱਭਿਆਚਾਰ ਨੂੰ ਮੁੜ ਸੁਰਜੀਤ ਕਰਨ ਅਤੇ ਨੌਜਵਾਨਾਂ ਦੀ ਊਰਜਾ ਨੂੰ ਖੇਡਾਂ ਵੱਲ ਸਿਜਾਣ ਦੇ ਉਦੇਸ਼ ਨਾਲ ਇਹ ਸ਼ਾਨਦਾਰ ਖੇਡ ਸਮਾਗਮ ਬਠਿੰਡਾ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿੱਚ ਉਦਘਾਟਨੀ ਸਮਾਰੋਹ ਨਾਲ ਸ਼ੁਰੂ ਹੋਵੇਗਾ ਅਤੇ ਪਟਿਆਲਾ ਵਿੱਚ ਸਮਾਪਤੀ ਸਮਾਰੋਹ ਨਾਲ ਸਮਾਪਤ ਹੋਵੇਗਾ। 2026 ਦੇ ਐਡੀਸ਼ਨ ਨੂੰ ਹੁਣ ਤੱਕ ਦੇ ਖੇਡ ਉਤਸਾਹ ਦੇ ਸਭ ਤੋਂ ਵੱਡੇ ਐਡੀਸ਼ਨ ਵਜੋਂ ਯੋਜਨਾਬੱਧ ਕੀਤਾ ਗਿਆ ਹੈ। ਦਸਵੇਂ ਸਥਾਨ 'ਤੇ ਪਹੁੰਚਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ: ਨੌਜਵਾਨਾਂ ਦੀ ਊਰਜਾ ਨੂੰ ਵਰਤਣ ਅਤੇ ਨਸ਼ਿਆਂ ਵਿਰੁੱਧ ਲੜਨ ਲਈ ਖੇਡਾਂ ਨੂੰ ਸਭ ਤੋਂ ਵੱਡਾ ਹਥਿਆਰ ਬਣਾਇਆ ਜਾਵੇਗਾ, ਪੰਜਾਬ ਸਰਕਾਰ 5 ਸਤੰਬਰ ਨੂੰ ਬਠਿੰਡਾ ਤੋਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਸੀਜ਼ਨ 4 ਦੀ ਸ਼ੁਰੂਆਤ ਕਰ ਰਹੀ ਹੈ। ਇਸ ਸਾਲ 10 ਲੱਖ ਤੋਂ ਵੱਧ ਖਿਡਾਰੀਆਂ ਦੇ ਖੇਡ ਮੈਦਾਨਾਂ ਵਿੱਚ ਆਉਣ ਦੀ ਉਮੀਦ ਹੈ, ਜਿਸਦਾ ਗ੍ਰੈਂਡ ਫਿਨਾਲੇ 29 ਨਵੰਬਰ ਨੂੰ ਪਟਿਆਲਾ ਵਿੱਚ ਹੋਣ ਵਾਲਾ ਹੈ।

ਪਹਿਲੀ ਵਾਰ, ਖੇਡਾਂ ਲਈ ?1,794 ਕਰੋੜ ਦਾ ਵੱਡਾ ਬਜਟ ਅਲਾਟ ਕੀਤਾ ਗਿਆ ਹੈ। ਪਿੰਡਾਂ ਵਿੱਚ 3,148 ਖੇਡ ਮੈਦਾਨ ਵਿਕਸਤ ਕਰਨ ਦੇ ਨਾਲ 6,000 ਜਿੰਮ ਵਿਕਸਤ ਕਰਨ ਦੇ ਨਾਲ-ਨਾਲ, ਖੇਡ ਦਵਾਈ ਦੇ ਖੇਤਰ ਵਿੱਚ ਵੀ ਵਿਸ਼ੇਸ਼ ਕੰਮ ਕੀਤਾ ਜਾ ਰਿਹਾ ਹੈ। ਆਓ ਆਪਾਂ ਤਿੰਨ ਪੀੜ੍ਹੀਆਂ ਦੇ ਪੰਜਾਬੀਆਂ ਨੂੰ ਇੱਕੋ ਮੈਦਾਨ ਵਿੱਚ ਇਕੱਠੇ ਖੇਡਦੇ ਹੋਏ ਵੇਖੀਏ ਅਤੇ ਪੰਜਾਬ ਨੂੰ ਖੇਡਾਂ ਵਿੱਚ ਮੋਹਰੀ ਸੂਬਾ ਬਣਾਈਏ, ਪੋਸਟ ਨੇ ਸਮਾਪਤ ਕੀਤਾ।

ਇੱਕ ਪ੍ਰੈਸ ਰਿਲੀਜ਼ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਖੇਡਾਂ ਵਤਨ ਪੰਜਾਬ ਦੀਆਂ' ਦਾ ਚੌਥਾ ਐਡੀਸ਼ਨ 5 ਸਤੰਬਰ ਨੂੰ ਸ਼ੁਰੂ ਹੋਵੇਗਾ ਅਤੇ ਖੇਡਾਂ ਦਾ ਉਦਘਾਟਨ ਬਠਿੰਡਾ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿੱਚ ਕੀਤਾ ਜਾਵੇਗਾ। ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਇਸ ਸਾਲ ਸਾਡਾ ਟੀਚਾ 10 ਲੱਖ ਖਿਡਾਰੀਆਂ ਨੂੰ ਸ਼ਾਮਲ ਕਰਨਾ ਹੈ। ਖੇਡਾਂ ਵਤਨ ਪੰਜਾਬ ਦੀਆਂ ਪੰਜਾਬ ਦੇ ਹਰ ਪਿੰਡ, ਕਸਬੇ ਅਤੇ ਸ਼ਹਿਰ ਵਿੱਚੋਂ ਛੁਪੀ ਹੋਈ ਖੇਡ ਪ੍ਰਤਿਭਾ ਦੀ ਪਛਾਣ ਕਰਨ, ਉਤਸ਼ਾਹਿਤ ਕਰਨ ਅਤੇ ਪਾਲਣ ਪੋਸ਼ਣ ਲਈ ਸਭ ਤੋਂ ਵਧੀਆ ਪਲੇਟਫਾਰਮ ਹੈ।

ਮੁੱਖ ਮੰਤਰੀ ਨੇ ਕਿਹਾ, ਇਨ੍ਹਾਂ ਖੇਡਾਂ ਰਾਹੀਂ, ਸਾਡਾ ਉਦੇਸ਼ ਆਪਣੇ ਬੱਚਿਆਂ ਅਤੇ ਨੌਜਵਾਨਾਂ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਮੁਕਾਬਲਿਆਂ ਲਈ ਤਿਆਰ ਕਰਨਾ ਹੈ। ਖੇਡ ਵਤਨ ਪੰਜਾਬ ਦੀਆਂ ਇੱਕ ਵਿਲੱਖਣ ਵਿਸ਼ੇਸ਼ਤਾ ਇਹ ਹੈ ਕਿ ਇਹ ਵੱਖ-ਵੱਖ ਪੀੜ੍ਹੀਆਂ ਨੂੰ ਇੱਕਠੇ ਕਰਦੀ ਹੈ। ਪਿਛਲੇ ਐਡੀਸ਼ਨਾਂ ਵਿੱਚ, ਇੱਕੋ ਪਰਿਵਾਰ ਦੀਆਂ ਤਿੰਨ ਪੀੜ੍ਹੀਆਂ, ਜਿਨ੍ਹਾਂ ਵਿੱਚ ਦਾਦਾ, ਪੁੱਤਰ ਅਤੇ ਪੋਤਾ ਸ਼ਾਮਲ ਸਨ, ਨੇ ਖੇਡਾਂ ਵਿੱਚ ਹਿੱਸਾ ਲਿਆ ਸੀ। ਇਸ ਸਾਲ, ਨੌਂ ਉਮਰ ਸਮੂਹਾਂ ਦੇ ਖਿਡਾਰੀ ਹਿੱਸਾ ਲੈਣਗੇ, ਜਿਨ੍ਹਾਂ ਦੀ ਉਮਰ 14 ਸਾਲ ਤੋਂ ਲੈ ਕੇ 70 ਸਾਲ ਤੋਂ ਵੱਧ ਹੈ।

ਉਨ੍ਹਾਂ ਕਿਹਾ, ਇਸ ਸਾਲ ਕੁੱਲ 38 ਖੇਡ ਵਿਸ਼ਿਆਂ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਚਾਰ ਪੈਰਾ-ਖੇਡਾਂ, ਜਿਵੇਂ ਕਿ ਅਥਲੈਟਿਕਸ, ਪਾਵਰਲਿਫਟਿੰਗ, ਬੈਡਮਿੰਟਨ ਅਤੇ ਵ੍ਹੀਲਚੇਅਰ ਬਾਸਕਟਬਾਲ ਸ਼ਾਮਲ ਹਨ। ਅਸੀਂ ਇਸ ਸਾਲ ਇੱਕ ਬਹੁਤ ਹੀ ਸਧਾਰਨ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਕੀਤੀ ਹੈ ਅਤੇ ਰਜਿਸਟ੍ਰੇਸ਼ਨ ਪੂਰੀ ਤਰ੍ਹਾਂ ਮੁਫਤ ਹੈ। ਪਹਿਲੀ ਵਾਰ, ਖੇਡ ਵਿਭਾਗ ਨੇ QR-ਕੋਡ-ਅਧਾਰਤ ਰਜਿਸਟ੍ਰੇਸ਼ਨ ਸ਼ੁਰੂ ਕੀਤੀ ਹੈ, ਜਿਸ ਨਾਲ ਖਿਡਾਰੀ ਕਿਸੇ ਵੀ ਸਮੇਂ ਅਤੇ ਕਿਤੇ ਵੀ ਰਜਿਸਟਰ ਕਰ ਸਕਦੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਖੇਡ ਵਿਭਾਗ ਦੇ ਪੋਰਟਲ



ਰਾਹੀਂ ਵੀ ਰਜਿਸਟ੍ਰੇਸ਼ਨ ਪੂਰੀ ਕੀਤੀ ਜਾ ਸਕਦੀ ਹੈ ਅਤੇ ਇਹ ਪ੍ਰਕਿਰਿਆ ਪਹਿਲਾਂ ਹੀ ਚੱਲ ਰਹੀ ਹੈ। ਮੈਂ ਸਾਰੇ ਖਿਡਾਰੀਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਆਪਣੇ ਆਪ ਨੂੰ ਰਜਿਸਟਰ ਕਰਨ ਅਤੇ ਇਨ੍ਹਾਂ ਖੇਡਾਂ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ। ਇਹ ਮੁਕਾਬਲੇ ਬਲਾਕ, ਜ਼ਿਲ੍ਹਾ ਅਤੇ ਰਾਜ ਪੱਧਰ 'ਤੇ ਆਯੋਜਿਤ ਕੀਤੇ ਜਾਣਗੇ, ਜਿਸ ਵਿੱਚ ਪੰਜਾਬ ਦੇ ਸਾਰੇ 153 ਬਲਾਕਾਂ ਅਤੇ ਸਾਰੇ 23 ਜ਼ਿਲ੍ਹੇ ਸ਼ਾਮਲ ਹੋਣਗੇ। ਰਾਜ ਪੱਧਰੀ ਖੇਡਾਂ 16 ਜ਼ਿਲ੍ਹਿਆਂ ਵਿੱਚ ਆਯੋਜਿਤ ਕੀਤੀਆਂ ਜਾਣਗੀਆਂ।

ਮੁੱਖ ਮੰਤਰੀ ਨੇ ਕਿਹਾ, ਪਹਿਲੀ ਵਾਰ, ਮੁੰਡਿਆਂ ਅਤੇ ਕੁੜੀਆਂ ਦੋਵਾਂ ਲਈ ਟੈਨਿਸ ਬਾਲ ਕ੍ਰਿਕਟ ਨੂੰ ਇੱਕ ਪ੍ਰਦਰਸ਼ਨੀ ਖੇਡ ਵਜੋਂ ਸ਼ਾਮਲ ਕੀਤਾ ਗਿਆ ਹੈ। ਮਸ਼ਾਲ ਮਾਰਚ, ਜਾਂ ਮਸ਼ਾਲ ਰਿਲੇ, 12 ਅਗਸਤ ਨੂੰ ਸ਼ੁਰੂ ਹੋਇਆ ਸੀ ਅਤੇ 5 ਸਤੰਬਰ ਨੂੰ ਆਪਣੀ ਮੰਜ਼ਿਲ 'ਤੇ ਪਹੁੰਚਣ ਤੋਂ ਪਹਿਲਾਂ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚੋਂ ਲੰਘੇਗਾ। ਖੇਡਾਂ 29 ਨਵੰਬਰ ਨੂੰ ਪਟਿਆਲਾ ਵਿੱਚ ਸਮਾਪਤ ਹੋਣਗੀਆਂ। ਰਾਜ ਪੱਧਰ 'ਤੇ ਸੋਨ ਤਗਮਾ ਜੇਤੂਆਂ ਨੂੰ ?10,000, ਚਾਂਦੀ ਤਗਮਾ ਜੇਤੂਆਂ ਨੂੰ ?7,000 ਅਤੇ ਕਾਂਸੀ ਤਗਮਾ ਜੇਤੂਆਂ ਨੂੰ ?5,000 ਮਿਲਣਗੇ।

ਉਨ੍ਹਾਂ ਕਿਹਾ, 40 ਸਾਲ ਤੱਕ ਦੀ ਉਮਰ ਦੇ ਮੈਡਲ ਜੇਤੂਆਂ ਨੂੰ ਗ੍ਰੇਜੂਏਸ਼ਨ ਸਰਟੀਫਿਕੇਟ ਵੀ ਮਿਲੇਗਾ, ਜਿਸ ਨਾਲ ਉਹ ਸਰਕਾਰੀ ਨੌਕਰੀਆਂ ਵਿੱਚ ਖੇਡ ਕੋਟੇ ਦਾ ਲਾਭ ਪ੍ਰਾਪਤ ਕਰਨ ਦੇ ਯੋਗ ਬਣ ਜਾਣਗੇ। ਪਹਿਲੇ ਤਿੰਨ ਸੀਜ਼ਨਾਂ ਦੌਰਾਨ, ਖਿਡਾਰੀਆਂ ਵਿੱਚ ?25.51 ਕਰੋੜ ਦੀ ਇਨਾਮੀ ਰਾਸ਼ੀ ਵੰਡੀ ਗਈ ਸੀ, ਜੋ ਇਨ੍ਹਾਂ ਖੇਡਾਂ ਦੀ ਵੱਡੀ ਸਫਲਤਾ ਨੂੰ ਦਰਸਾਉਂਦੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪਹਿਲੇ ਸੀਜ਼ਨ ਵਿੱਚ, 3.50 ਲੱਖ ਖਿਡਾਰੀਆਂ ਨੇ ਹਿੱਸਾ ਲਿਆ, 9,688 ਖਿਡਾਰੀਆਂ ਨੇ ਤਗਮੇ ਜਿੱਤੇ ਅਤੇ 6.88 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਵੰਡੀ ਗਈ। ਦੂਜੇ ਸੀਜ਼ਨ ਵਿੱਚ, 4 ਲੱਖ ਤੋਂ ਵੱਧ ਖਿਡਾਰੀਆਂ ਨੇ ਹਿੱਸਾ ਲਿਆ, 12,500 ਖਿਡਾਰੀਆਂ ਨੇ ਤਗਮੇ ਜਿੱਤੇ ਅਤੇ 8.87 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਵੰਡੀ ਗਈ। ਤੀਜੇ ਸੀਜ਼ਨ ਵਿੱਚ, 4.35 ਲੱਖ ਖਿਡਾਰੀਆਂ ਨੇ ਹਿੱਸਾ ਲਿਆ, 14,500 ਖਿਡਾਰੀਆਂ ਨੇ ਤਗਮੇ ਜਿੱਤੇ ਅਤੇ 9.76 ਕਰੋੜ ਰੁਪਏ ਵੰਡੇ ਗਏ। ਹੜ੍ਹਾਂ ਕਾਰਨ 2025 ਵਿੱਚ ਖੇਡਾਂ ਦਾ ਆਯੋਜਨ ਨਹੀਂ ਹੋ ਸਕਿਆ।

ਮੁੱਖ ਮੰਤਰੀ ਨੇ ਕਿਹਾ, ਖੇਡਾਂ ਹਮੇਸ਼ਾ ਪੰਜਾਬ ਦੇ ਮਾਣਮੱਤੇ ਸੱਭਿਆਚਾਰਕ ਵਿਰਸੇ ਅਤੇ ਪਛਾਣ ਦਾ ਅਨਿੱਖੜਵਾਂ ਅੰਗ ਰਹੀਆਂ ਹਨ। ਸਾਡੇ ਨੌਜਵਾਨਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਲਿਜਾਣ ਲਈ, 2023 ਵਿੱਚ ਨਵੀਂ ਖੇਡ ਨੀਤੀ ਪੇਸ਼ ਕੀਤੀ ਗਈ ਸੀ। ਇਸਨੇ ਖੇਡਾਂ ਲਈ ਬਜਟ ਅਲਾਟਮੈਂਟ ਵਿੱਚ ਵਾਧਾ ਕੀਤਾ ਅਤੇ ਖਿਡਾਰੀਆਂ ਨੂੰ ਨਕਦ ਇਨਾਮ ਦੇ ਨਾਲ-ਨਾਲ ਸਿਖਲਾਈ ਅਤੇ ਤਿਆਰੀ ਲਈ ਵਿੱਤੀ ਸਹਾਇਤਾ ਪ੍ਰਦਾਨ ਕੀਤੀ।

# ਸੁਪਰੀਮ ਕੋਰਟ ਨੇ ਰਾਧਾਕ੍ਰਿਸ਼ਨਨ ਪੈਨਲ ਦੀਆਂ ਸਿਫ਼ਾਰਸ਼ਾਂ ਨੂੰ ਲਾਗੂ ਕਰਨ ਬਾਰੇ ਰਿਪੋਰਟ ਮੰਗੀ

## ਬੈਂਚ ਨੇ ਇੱਕ ਤਾਜ਼ਾ ਹਲ਼ਫਨਾਮਾ ਦਾਖ਼ਲ ਕਰਨ ਲਈ ਕਿਹਾ

**ਨਵੀਂ ਦਿੱਲੀ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਨੇ ਬੁੱਧਵਾਰ ਨੂੰ ਨੈਸ਼ਨਲ ਟੈਸਟਿੰਗ ਏਜੰਸੀ ਨੂੰ ਰਾਧਾਕ੍ਰਿਸ਼ਨਨ ਪੈਨਲ ਅਤੇ ਨੰਦਨ ਨੀਲੇਕਣੀ ਕਮੇਟੀ ਦੀਆਂ ਸਿਫ਼ਾਰਸ਼ਾਂ ਨੂੰ ਲਾਗੂ ਕਰਨ ਲਈ ਚੁੱਕੇ ਗਏ ਕਦਮਾਂ ਬਾਰੇ ਜਾਣਕਾਰੀ ਦੇਣ ਦੇ ਨਿਰਦੇਸ਼ ਦਿੱਤੇ ਹਨ। ਕੋਰਟ ਨੇ ਨੋਟ ਕੀਤਾ ਕਿ ਨੀਟ ਪ੍ਰੀਖਿਆਵਾਂ ਵਿੱਚ ਸੁਧਾਰਾਂ ਨੂੰ ਸੰਸਥਾਗਤ ਬਣਾਉਣ ਦੀ ਲੋੜ ਹੈ।ਜਸਟਿਸ ਪੀ.ਐਸ. ਨਰਸਿਮਹਾ ਅਤੇ ਆਲੋਕ ਅਰਾਧੇ ਦੀ ਬੈਂਚ ਨੇ ਸੌਲਿਸਟਰ ਜਨਰਲ ਤੁਸ਼ਾਰ ਮਹਿਤਾ ਨੂੰ ਇਸ ਮਾਮਲੇ ਵਿੱਚ ਇੱਕ ਤਾਜ਼ਾ ਹਲ਼ਫ਼ਨਾਮਾ ਦਾਖ਼ਲ ਕਰਨ ਲਈ ਕਿਹਾ।

ਬੈਂਚ ਨੇ ਕਿਹਾ, ਰਾਧਾਕ੍ਰਿਸ਼ਨਨ ਕਮੇਟੀ ਨੇ ਬਿਲਕੁਲ ਸਹੀ ਕਿਹਾ ਹੈ ਕਿ ਇਹ ਇੱਕ ਪ੍ਰਣਾਲੀਗਤ ਸਮੱਸਿਆ ਹੈ ਜਿਸ ਨੂੰ ਸੰਸਥਾਗਤ ਬਣਾਉਣ ਦੀ ਲੋੜ ਹੈ, ਜੋ ਕਿ ਇਸ ਦਾ ਸਭ ਤੋਂ ਮਹੱਤਵਪੂਰਨ ਹਿੱਸਾ ਹੈ। ਕਾਗਜ਼ 'ਤੇ ਇਹ ਪ੍ਰਕਿਰਿਆ ਹਰ ਪੱਖੋਂ ਠੀਕ ਹੈ। ਪਰ ਫਿਰ ਇੱਕ ਪ੍ਰੀਖਿਆ ਹੁੰਦੀ ਹੈ ਅਤੇ ਜਦੋਂ ਤੱਕ ਦੂਜੀ



ਪ੍ਰੀਖਿਆ ਹੁੰਦੀ ਹੈ, ਇਹ ਬਿਲਕੁਲ ਇੱਕ ਨਵਾਂ ਚਿੱਤਰ ਬਣ ਜਾਂਦਾ ਹੈ। ਸ਼ੁਰੂ ਵਿੱਚ, ਮਹਿਤਾ ਨੇ ਅਦਾਲਤ ਨੂੰ ਨੀਟ ਪ੍ਰਸ਼ਨ ਪੱਤਰ ਛਾਪਣ ਤੋਂ ਲੈ ਕੇ ਵਿਦਿਆਰਥੀਆਂ ਤੱਕ ਪਹੁੰਚਣ ਤੱਕ ਸੁਰੱਖਿਆ ਉਪਾਵਾਂ ਨਾਲ ਅਪਣਾਈ ਗਈ ਪ੍ਰਕਿਰਿਆ ਬਾਰੇ ਦੱਸਿਆ।

ਕਾਨੂੰਨੀ ਅਧਿਕਾਰੀ ਨੇ ਦਾਅਵਾ ਕੀਤਾ ਕਿ ਨੀਟ ਪ੍ਰੀਖਿਆਵਾਂ ਲਈ ਮੌਜੂਦਾ ਸਿਸਟਮ ਫੂਲਪਰੂਫ ਹੈ ਅਤੇ ਇਸ ਵਿੱਚ ਸੰਨ੍ਹ ਲਗਾਉਣੀ ਮੁਸ਼ਕਲ ਹੈ। ਉਨ੍ਹਾਂ ਕਿਹਾ ਕਿ ਕਈ ਮੋਡਰੇਟਰਾਂ ਨੂੰ ਪ੍ਰਸ਼ਨ ਬੈਂਕ ਤਿਆਰ ਕਰਨ ਲਈ ਕਿਹਾ ਜਾਂਦਾ ਹੈ ਅਤੇ ਉਨ੍ਹਾਂ ਨੂੰ ਨਹੀਂ ਪਤਾ ਹੁੰਦਾ ਕਿ ਕਿਹੜਾ ਪ੍ਰਸ਼ਨ ਪੱਤਰ ਦਾ ਹਿੱਸਾ ਬਣੇਗਾ। ਮਹਿਤਾ ਨੇ ਕਿਹਾ ਕਿ ਨੀਟ ਦੇ ਪ੍ਰਸ਼ਨ ਪੱਤਰ ਲੈ ਕੇ ਜਾਣ ਵਾਲੇ ਵਾਹਨਾਂ ਵਿੱਚ ਜੀ.ਪੀ.ਐਸ. ਹੁੰਦਾ ਹੈ ਅਤੇ ਛੋਟੀ ਜਿਹੀ ਹਲਚਲ ਵੀ ਰਿਕਾਰਡ ਕੀਤੀ ਜਾਂਦੀ ਹੈ।

ਇਹ ਵਕੀਲ ਤਨਵੀ ਦੂਬੇ ਵੱਲੋਂ ਫੈਡਰੇਸ਼ਨ ਆਫ਼ ਆਲ ਇੰਡੀਆ ਮੈਡੀਕਲ ਐਸੋਸੀਏਸ਼ਨ (619$1) ਵੱਲੋਂ ਦਾਇਰ ਕੀਤੀ ਗਈ ਪਟੀਸ਼ਨ ਸਮੇਤ ਪਟੀਸ਼ਨਾਂ ਦੇ ਇੱਕ ਸਮੂਹ ਦੀ ਸੁਣਵਾਈ ਕਰ ਰਿਹਾ ਸੀ। ਨੀਟ-ਯੂ.ਜੀ. ਪੇਪਰ ਲੀਕ ਹੋਣ ਦੇ ਮੱਦੇਨਜ਼ਰ ਪ੍ਰੀਖਿਆ ਪ੍ਰਕਿਰਿਆ ਵਿੱਚ ਸੁਧਾਰ, ਡਾਟਾ ਸੁਰੱਖਿਆ ਪ੍ਰੋਟੋਕੋਲ ਵਿੱਚ ਸੁਧਾਰ ਅਤੇ ਨੈਸ਼ਨਲ ਟੈਸਟਿੰਗ ਏਜੰਸੀ (ਐਨ.ਟੀ.ਏ.) ਦੇ ਢਾਂਚੇ ਅਤੇ ਕੰਮਕਾਜ ਬਾਰੇ ਸਿਫ਼ਾਰਸ਼ਾਂ ਕਰਨ ਲਈ ਸਿੱਖਿਆ ਮੰਤਰਾਲੇ ਦੁਆਰਾ ਸੱਤ ਮੈਂਬਰੀ ਰਾਧਾਕ੍ਰਿਸ਼ਨਨ ਕਮੇਟੀ ਦਾ ਗਠਨ ਕੀਤਾ ਗਿਆ ਸੀ।

ਸਰਕਾਰ ਨੇ ਨੀਟ ਪ੍ਰੀਖਿਆਵਾਂ ਵਿੱਚ ਸੁਧਾਰਾਂ ਲਈ ਇਨਫੋਸਿਸ ਦੇ ਸਹਿ-ਸੰਸਥਾਪਕ ਨੀਲੇਕਣੀ ਦੀ ਅਗਵਾਈ ਵਿੱਚ ਇੱਕ ਉੱਚ-ਪਾਵਰ ਟਾਸਕ ਫੋਰਸ ਦਾ ਗਠਨ ਵੀ ਕੀਤਾ ਸੀ।

## ਗੋ ਗਲੋਬਲ ਅਪਰੋਚ ਨਾਲ ਹਰਿਆਣਾ ਨੂੰ ਦੁਨੀਆ ਨਾਲ ਜੋੜਨ ਦੀ ਦਿਸ਼ਾ ਵਿੱਚ ਕਦਮ

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ 14 ਦੇਸ਼ਾਂ ਦੇ ਵਿਦੇਸ਼ੀ ਵਿਦਿਆਰਥੀਆਂ ਨਾਲ ਕੀਤਾ ਸੰਵਾਦ



**ਚੰਡੀਗੜ੍ਹ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਨੂੰ 'ਗੋ ਗਲੋਬਲ'ਅਪਰੋਚ ਨਾਲ ਦੁਨੀਆ ਨਾਲ ਜੋੜਨ ਅਤੇ ਨੌਜਵਾਨਾਂ ਲਈ ਅੰਤਰਰਾਸ਼ਟਰੀ ਮੌਕਿਆਂ ਦਾ ਵਿਸਤਾਰ ਕਰਨ ਦੀ ਦਿਸ਼ਾ ਵਿੱਚ ਵਿਦੇਸ਼ ਸਹਿਯੋਗ ਵਿਭਾਗ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸੇ ਲੜੀ ਵਿੱਚ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਬੁੱਧਵਾਰ ਨੂੰ ਸੰਤ ਕਬੀਰ ਕੁਟੀਰ ਵਿੱਚ ਹਰਿਆਣਾ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਵਿੱਚ ਪੜ੍ਹ ਰਹੇ ਵਿਦੇਸ਼ੀ ਵਿਦਿਆਰਥੀਆਂ ਨਾਲ ਸੰਵਾਦ ਕੀਤਾ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਮੌਜੂਦ ਵਿਦੇਸ਼ੀ ਵਿਦਿਆਰਥੀਆਂ ਨੂੰ ਸੰਬੋਧਤ ਕਰਦਿਆਂ ਕਿਹਾ ਕਿ ਅੱਜ ਦੁਨੀਆ ਤੇਜ਼ੀ ਨਾਲ ਬਦਲ ਰਹੀ ਹੈ। ਆਰਟੀਫੀਸ਼ੀਅਲ ਇੰਟੈਲੀਜੈਂਸ, ਰੋਬੋਟਿਕਸ ਅਤੇ ਹੋਰ ਆਧੁਨਿਕ ਤਕਨੀਕਾਂ ਨੇ ਸਿੱਖਿਆ, ਮੈਡੀਕਲ, ਖੇਤੀਬਾੜੀ ਸਮੇਤ ਵੱਖ-ਵੱਖ ਖੇਤਰਾਂ ਵਿੱਚ ਨਵੇਂ ਮੌਕੇ ਪੈਦਾ ਕੀਤੇ ਹਨ। ਅਜਿਹੇ ਵਿੱਚ ਨੌਜਵਾਨਾਂ ਨੂੰ ਲਗਾਤਾਰ ਸਿੱਖਦੇ ਰਹਿਣ, ਨਵੀਆਂ ਤਕਨੀਕਾਂ ਨੂੰ ਅਪਣਾਉਣ ਅਤੇ ਬਦਲਦੀ ਦੁਨੀਆ ਨਾਲ ਕਦਮ ਮਿਲਾ ਕੇ ਅੱਗੇ ਵਧਣ ਦੀ ਲੋੜ ਹੈ। 'ਗੋ ਗਲੋਬਲ'ਅਪਰੋਚ ਨਾਲ ਅੱਗੇ ਵਧਦਿਆਂ ਨੌਜਵਾਨਾਂ ਨੂੰ ਗਲੋਬਲ ਮੌਕਿਆਂ ਦਾ ਲਾਭ ਉਠਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਜੀਵਨ ਦਾ ਆਖਰੀ ਪੜਾਅ ਨਹੀਂ, ਸਗੋਂ ਅੱਗੇ ਵਧਣ ਦੀ ਸ਼ੁਰੂਆਤ ਹੈ। ਸੰਵਾਦ ਪ੍ਰੋਗਰਾਮ ਵਿੱਚ ਚੌਧਰੀ ਚਰਨ ਸਿੰਘ ਹਰਿਆਣਾ ਖੇਤੀਬਾੜੀ ਯੂਨੀਵਰਸਿਟੀ ਹਿਸਾਰ, ਕੁਰੂਕਸ਼ੇਤਰ ਯੂਨੀਵਰਸਿਟੀ ਕੁਰੂਕਸ਼ੇਤਰ ਅਤੇ ਮਹਿਰਿਸ਼ੀ ਮਾਰਕੰਡੇਸ਼ਵਰ ਯੂਨੀਵਰਸਿਟੀ ਮੁਲਾਣਾ ਵਿੱਚ ਪੜ੍ਹ ਰਹੇ 14 ਦੇਸ਼ਾਂ ਦੇ ਵਿਦਿਆਰਥੀ ਸ਼ਾਮਲ ਹੋਏ। ਇਸ ਦੌਰਾਨ ਮੁੱਖ ਮੰਤਰੀ ਨੇ ਵਿਦਿਆਰਥੀਆਂ ਨਾਲ ਉਨ੍ਹਾਂ ਦੀ ਪੜ੍ਹਾਈ ਅਤੇ ਖੋਜ ਕਾਰਜ ਨੂੰ ਲੈ ਕੇ ਸਿੱਧਾ ਸੰਵਾਦ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਤੋਂ ਪੁੱਛਿਆ ਕਿ ਉਹ ਜਿਸ ਵਿਸ਼ੇ 'ਤੇ ਖੋਜ ਕਰ ਰਹੇ ਹਨ, ਉਸ ਵਿੱਚ ਉਨ੍ਹਾਂ ਨੂੰ ਕੀ ਨਵਾਂ ਸਿੱਖਣ ਨੂੰ ਮਿਲਿਆ ਅਤੇ ਹਰਿਆਣਾ ਵਿੱਚ ਉਨ੍ਹਾਂ ਦਾ ਤਜਰਬਾ ਕਿਹੋ ਜਿਹਾ ਰਿਹਾ। ਵਿਦਿਆਰਥੀਆਂ ਨੇ ਵੀ ਮੁੱਖ ਮੰਤਰੀ ਦੇ ਸਾਹਮਣੇ ਆਪਣੇ ਤਜ਼ਰਬੇ ਸਾਂਝੇ ਕੀਤੇ ਅਤੇ ਹਰਿਆਣਾ ਵਿੱਚ ਸਿੱਖਿਆ, ਖੋਜ, ਯੂਨੀਵਰਸਿਟੀਆਂ ਦੇ ਮਾਹੌਲ, ਇੱਥੋਂ ਦੀ ਸੰਸਕ੍ਰਿਤੀ ਅਤੇ ਲੋਕਾਂ ਨਾਲ ਜੁੜੇ ਆਪਣੇ ਤਜ਼ਰਬਿਆਂ ਬਾਰੇ ਦੱਸਿਆ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਯੂਨੀਵਰਸਿਟੀ ਦਾ ਸਮਾਂ ਸਿਰਫ਼ ਡਿਗਰੀ ਹਾਸਲ ਕਰਨ ਤੱਕ ਸੀ ਨਹੀਂ ਹੁੰਦਾ। ਇਸ ਦੌਰਾਨ ਪ੍ਰਾਪਤ ਸਿੱਖਿਆ, ਤਜਰਬਾ ਅਤੇ ਯਾਦਾਂ ਜੀਵਨ ਭਰ ਨਾਲ ਰਹਿੰਦੀਆਂ ਹਨ। ਹਰਿਆਣਾ ਵਿੱਚ ਸਿੱਖਿਆ ਪ੍ਰਾਪਤ ਕਰ ਰਹੇ ਵਿਦੇਸ਼ੀ ਵਿਦਿਆਰਥੀ ਜਦੋਂ ਆਪਣੇ-ਆਪਣੇ ਦੇਸ਼ਾਂ ਵਿੱਚ ਵਾਪਸ ਜਾਣਗੇ, ਤਾਂ ਉਹ ਇੱਥੋਂ ਦੇ ਤਜ਼ਰਬਿਆਂ ਨੂੰ ਉੱਥੇ ਸਾਂਝਾ ਕਰਨਗੇ।

ਉਨ੍ਹਾਂ ਕਿਹਾ ਕਿ ਇਹ ਵਿਦਿਆਰਥੀ ਹਰਿਆਣਾ ਦੇ 'ਬ੍ਰਾਂਡ ਅੰਬੈਸਡਰ'ਵਾਂਗ ਕੰਮ ਕਰ ਸਕਦੇ ਹਨ ਅਤੇ ਆਪਣੇ ਦੇਸ਼ਾਂ ਵਿੱਚ ਸੂਬੇ ਦੀ ਸਿੱਖਿਆ, ਸੰਸਕ੍ਰਿਤੀ ਅਤੇ ਇੱਥੇ ਮਿਲੇ ਤਜ਼ਰਬਿਆਂ ਦੀ ਸਕਾਰਾਤਮਕ ਤਸਵੀਰ ਪੇਸ਼ ਕਰ ਸਕਦੇ ਹਨ। ਮੁੱਖ ਮੰਤਰੀ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਹਰਿਆਣਾ ਤੋਂ ਪ੍ਰਾਪਤ ਗਿਆਨ ਅਤੇ ਤਜ਼ਰਬਿਆਂ ਦਾ ਲਾਭ ਉਹ ਆਪਣੇ ਦੇਸ਼ਾਂ ਦੇ ਵਿਕਾਸ ਵਿੱਚ ਵੀ ਪਹੁੰਚਾਉਣ।

# ਸਤਿੰਦਰ ਜੈਨ ਨੂੰ ਨਿਆਂਇਕ ਹਿਰਾਸਤ ਵਿੱਚ ਭੇਜਣ ਦੀ ਅਰਜ਼ੀ 'ਤੇ ਅਦਾਲਤ ਨੇ ਫ਼ੈਸਲਾ ਸੁਰੱਖਿਅਤ ਰੱਖਿਆ

**ਨਵੀਂ ਦਿੱਲੀ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਦੀ ਇੱਕ ਅਦਾਲਤ ਨੇ ਬੁੱਧਵਾਰ ਨੂੰ ਭ੍ਰਿਸ਼ਟਾਚਾਰ ਦੇ ਕਥਿਤ ਮਾਮਲੇ ਵਿੱਚ ਦਿੱਲੀ ਦੇ ਸਾਬਕਾ ਮੰਤਰੀ ਸਤੇਂਦਰ ਜੈਨ, ਦਿੱਲੀ ਜਲ ਬੋਰਡ (ਡੀ.ਜੇ.ਬੀ.) ਦੇ ਸਾਬਕਾ ਮੁੱਖ ਕਾਰਜਕਾਰੀ ਅਧਿਕਾਰੀ ਉਦਿਤ ਪ੍ਰਕਾਸ਼ ਰਾਏ ਅਤੇ ਤਿੰਨ ਹੋਰ ਮੁਲਜ਼ਮਾਂ ਨੂੰ 14 ਦਿਨਾਂ ਦੀ ਨਿਆਂਇਕ ਹਿਰਾਸਤ ਵਿੱਚ ਭੇਜਣ ਦੀ ਮੰਗ ਕਰਨ ਵਾਲੀ ਭ੍ਰਿਸ਼ਟਾਚਾਰ ਰੋਕੂ ਸ਼ਾਖਾ (ਏ ਸੀ ਬੀ) ਦੀ ਅਰਜ਼ੀ 'ਤੇ ਆਪਣਾ ਫ਼ੈਸਲਾ ਸੁਰੱਖਿਅਤ ਰੱਖ ਲਿਆ ਹੈ।

ਇਹ ਮਾਮਲਾ ਡੀ ਜੇ ਬੀ ਦੇ ਸੀਵਰੇਜ ਟਰੀਟਮੈਂਟ ਪਲਾਂਟ (ਐਸ ਟੀ ਪੀ) ਪ੍ਰਾਜੈਕਟਾਂ ਦੀ ਟੈਂਡਰ ਪ੍ਰਕਿਰਿਆ ਨਾਲ ਜੁੜਿਆ ਹੋਇਆ ਹੈ।

ਅਦਾਲਤ ਨੇ ਏ ਸੀ ਬੀ ਦੀ ਉਸ ਅਰਜ਼ੀ 'ਤੇ ਵੀ ਫ਼ੈਸਲਾ ਸੁਰੱਖਿਅਤ ਰੱਖ ਲਿਆ, ਜਿਸ ਵਿੱਚ ਡੀ ਜੇ ਬੀ ਦੇ ਸਾਬਕਾ ਕੰਟਰੈਕਟ ਸਲਾਹਕਾਰ ਅੰਕਿਤ ਸ਼੍ਰੀਵਾਸਤਵ ਦੀ ਪੁਲੀਸ ਹਿਰਾਸਤ ਦੀ ਮੰਗ ਕੀਤੀ ਗਈ ਸੀ।

ਸੁਣਵਾਈ ਦੌਰਾਨ ਜੈਨ ਦੇ ਵਕੀਲ ਨੇ ਕਿਹਾ ਕਿ 10 ਮਈ 2024 ਨੂੰ ਐੱਫ ਆਈ ਆਰ ਦਰਜ ਹੋਣ ਤੋਂ ਕਾਫ਼ੀ ਸਮੇਂ ਬਾਅਦ ਉਨ੍ਹਾਂ ਦੇ ਮੁਵੱਕਿਲ ਨੂੰ ਪਹਿਲੀ ਵਾਰ 5 ਅਗਸਤ 2026 ਨੂੰ ਪੁੱਛਗਿੱਛ ਲਈ ਬੁਲਾਇਆ ਗਿਆ ਅਤੇ ਫਿਰ ਮੰਗਲਵਾਰ ਨੂੰ ਫੋਨ ਕਰਕੇ ਦੂਜੀ ਵਾਰ ਬੁਲਾਇਆ ਗਿਆ, ਜਿਸ ਤੋਂ ਬਾਅਦ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।

# ਰੱਖੜੀ 'ਤੇ ਜਾਰੀ ਹੋਵੇਗਾ 3 ਮਹੀਨਿਆਂ ਦਾ ਭੱਤਾ, 9 ਲੱਖ ਤੋਂ ਵੱਧ ਔਰਤਾਂ ਨੂੰ ਮਿਲੇਗਾ ਲਾਭ

**ਚੰਡੀਗੜ੍ਹ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਮਾਨ ਮਾਵਾਂ ਧੀਆਂ ਸਤਿਕਾਰ ਯੋਜਨਾ ਦੇ ਤੀਜੇ ਪੜਾਅ ਦਾ ਆਗਾਜ਼ ਰੱਖੜੀ ਦੇ ਤਿਉਹਾਰ ਮੌਕੇ ਕਰਨਗੇ। ਪੰਜਾਬ ਸਰਕਾਰ ਵੱਲੋਂ ਰੱਖੜੀ ਦੇ ਤਿਉਹਾਰ 'ਤੇ ਸੂਬਾਈ ਸਮਾਗਮ ਕੀਤਾ ਜਾਵੇਗਾ ਜਿਸ 'ਚ ਤਿੰਨ ਮਹੀਨੇ ਦਾ ਸਤਿਕਾਰ ਭੱਤਾ ਉਨ੍ਹਾਂ ਔਰਤਾਂ ਨੂੰ ਜਾਰੀ ਕੀਤਾ ਜਾਵੇਗਾ ਜਿਨ੍ਹਾਂ ਦੇ ਖਾਤਿਆਂ 'ਚ ਹਾਲੇ ਤੱਕ ਰਕਮ ਨਹੀਂ ਪੁੱਜੀ। ਪਹਿਲੀ ਜੁਲਾਈ ਤੋਂ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦਾ ਮਾਣ ਭੱਤਾ ਦੇਣਾ ਸ਼ੁਰੂ ਕੀਤਾ ਗਿਆ ਹੈ। ਹੁਣ ਤੱਕ ਇਸ ਯੋਜਨਾ ਦਾ ਲਾਭ ਲੈਣ ਲਈ 75.50 ਲੱਖ ਔਰਤਾਂ ਰਜਿਸਟਰਡ ਹੋਈਆਂ ਹਨ ਜਿਨ੍ਹਾਂ 'ਚੋਂ 51.62 ਲੱਖ ਜਨਰਲ ਵਰਗ ਅਤੇ 23.88 ਲੱਖ ਔਰਤਾਂ ਦਲਿਤ ਵਰਗ ਦੀਆਂ ਹਨ। ਮੁੱਖ ਮੰਤਰੀ ਭਗਵੰਤ ਮਾਨ ਨੇ ਪਹਿਲੀ ਜੁਲਾਈ ਤੋਂ ਸਮਾਗਮ ਕਰ ਕੇ ਇਹ ਸਤਿਕਾਰ ਭੱਤਾ ਦੇਣਾ ਸ਼ੁਰੂ ਕੀਤਾ ਅਤੇ ਹੁਣ



ਤੱਕ 65.62 ਲੱਖ ਔਰਤਾਂ ਦੇ ਖਾਤਿਆਂ 'ਚ ਪੈਸੇ ਟਰਾਂਸਫਰ ਹੋ ਚੁੱਕੇ ਹਨ ਜਦੋਂ ਕਿ 9.88 ਲੱਖ ਔਰਤਾਂ ਨੂੰ ਇਹ ਰਾਸ਼ੀ ਮਿਲਣੀ ਬਾਕੀ ਹੈ ਜਿਨ੍ਹਾਂ ਨੂੰ ਰੱਖੜੀ ਦੇ ਤਿਉਹਾਰ ਮੌਕੇ ਰਾਸ਼ੀ ਟਰਾਂਸਫਰ ਕੀਤੀ ਜਾਵੇਗੀ। ਮੁੱਢਲੇ ਪੜਾਅ 'ਤੇ ਔਰਤਾਂ ਨੂੰ ਤਿੰਨ ਮਹੀਨੇ (ਜੁਲਾਈ ਤੋਂ ਸਤੰਬਰ ਤੱਕ) ਦਾ ਸਤਿਕਾਰ ਭੱਤਾ ਇਕੱਠਾ ਦਿੱਤਾ ਜਾ ਰਿਹਾ ਹੈ। ਰੱਖੜੀ ਦੇ ਤਿਉਹਾਰ 'ਤੇ ਕਰੀਬ 348 ਕਰੋੜ ਰੁਪਏ ਔਰਤਾਂ ਦੇ ਖਾਤਿਆਂ 'ਚ ਭੇਜੇ ਜਾਣੇ ਹਨ। ਪੰਜਾਬ ਸਰਕਾਰ ਹੁਣ ਤੱਕ ਇਸ ਸਕੀਮ ਤਹਿਤ ਔਰਤਾਂ ਦੇ ਖਾਤਿਆਂ 'ਚ ਕਰੀਬ 2,275 ਕਰੋੜ ਰੁਪਏ ਭੇਜ ਚੁੱਕੀ ਹੈ।

ਮੌਜੂਦਾ ਰਜਿਸਟ੍ਰੇਸ਼ਨ ਦੇ ਲਿਹਾਜ਼ ਨਾਲ ਇਸ ਸਕੀਮ 'ਤੇ ਸਾਲਾਨਾ 10,492.80 ਕਰੋੜ ਦਾ ਖ਼ਰਚਾ ਆਵੇਗਾ ਜੋ ਪ੍ਰਤੀ ਮਹੀਨਾ 874.40 ਕਰੋੜ ਰੁਪਏ ਬਣਦਾ ਹੈ। ਔਸਤਨ ਦੇਖੀਏ ਤਾਂ ਔਰਤਾਂ ਦੀ ਝੋਲੀ 'ਚ ਰੋਜ਼ਾਨਾ 28.74 ਕਰੋੜ ਦਾ ਸਤਿਕਾਰ ਭੱਤਾ ਪਏਗਾ। ਜਾਣਕਾਰੀ ਅਨੁਸਾਰ ਇਸ ਸਕੀਮ ਲਈ ਔਰਤਾਂ ਦੀ ਰਜਿਸਟ੍ਰੇਸ਼ਨ 75.50 ਲੱਖ 'ਤੇ ਰੁਕ ਗਈ ਹੈ ਜਦੋਂ ਕਿ ਇਸ ਸਕੀਮ ਦਾ ਲਾਭ 90 ਲੱਖ ਔਰਤਾਂ ਨੂੰ ਮਿਲਣ ਦੇ ਅੰਦਾਜ਼ੇ ਲਾਏ ਗਏ ਸਨ। ਪੰਜਾਬ 'ਚ ਔਰਤ ਵੋਟਰਾਂ ਦੀ ਗਿਣਤੀ ਇੱਕ ਕਰੋੜ ਤੋਂ ਵੱਧ ਹੈ। ਵੱਡੀ ਗਿਣਤੀ 'ਚ ਔਰਤਾਂ ਹਾਲੇ ਇਸ ਸਕੀਮ ਨਾਲ ਜੁੜੀਆਂ ਵੀ ਨਹੀਂ ਹਨ। ਅਗਸਤ ਮਹੀਨੇ 'ਚ ਇਸ ਸਕੀਮ ਲਈ ਨਵੀਂ ਰਜਿਸਟ੍ਰੇਸ਼ਨ ਕਾਫ਼ੀ ਸੁਸਤ ਹੋ ਗਈ ਹੈ। ਇਸ ਯੋਜਨਾ ਤਹਿਤ ਜਨਰਲ ਵਰਗ ਦੀਆਂ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਤੇ ਦਲਿਤ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਸਤਿਕਾਰ ਭੱਤਾ ਦਿੱਤਾ ਜਾ ਰਿਹਾ ਹੈ।

# ਸੁਰੱਖਿਆ ਕਾਰਨਾਂ ਕਰਕੇ ਫਿਲਹਾਲ ਬੰਦ ਰਹੇਗਾ ਕਰਤਾਰਪੁਰ ਲਾਂਘਾ: ਕੇਂਦਰ

**ਨਵੀਂ ਦਿੱਲੀ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹਣ ਅਤੇ ਸਿੱਖ ਸ਼ਰਧਾਲੂਆਂ ਲਈ ਵੀਜ਼ਾ ਕੋਟਾ ਵਧਾਉਣ ਦੀਆਂ ਉੱਠ ਰਹੀਆਂ ਮੰਗਾਂ ਵਿਚਾਲੇ ਭਾਰਤੀ ਵਿਦੇਸ਼ ਮੰਤਰਾਲੇ ($51) ਨੇ ਆਪਣਾ ਰੁੱਖ ਸਪੱਸ਼ਟ ਕਰ ਦਿੱਤਾ ਹੈ। ਮੰਤਰਾਲੇ ਨੇ ਸਾਫ਼ ਕੀਤਾ ਹੈ ਕਿ ਮੌਜੂਦਾ ਸੁਰੱਖਿਆ ਹਾਲਾਤ ਨੂੰ ਦੇਖਦਿਆਂ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਦੀਆਂ ਸੇਵਾਵਾਂ ਫਿਲਹਾਲ ਬੰਦ ਹੀ ਰਹਿਣਗੀਆਂ, ਜਦੋਂਕਿ ਦੋਹਾਂ ਦੇਸ਼ਾਂ ਵਿਚਾਲੇ ਸ਼ਰਧਾਲੂਆਂ ਦੀ ਯਾਤਰਾ ਪੁਰਾਣੇ ਦੋਪੱਖੀ ਸਮਝੌਤਿਆਂ ਅਧੀਨ ਹੀ ਚੱਲੇਗੀ।

ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਇਹ ਟਿੱਪਣੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਾਕਿਸਤਾਨੀ ਡਿਪਲੋਮੈਟ ਨਾਲ ਕੀਤੀ ਮੁਲਾਕਾਤ ਤੋਂ ਬਾਅਦ ਦਿੱਤੀ ਹੈ। ਐਸ.ਜੀ.ਪੀ.ਸੀ. ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਦਿੱਲੀ 'ਚ ਪਾਕਿਸਤਾਨ ਦੇ ਚਾਰਜ ਡੀ ਅਫੇਅਰਜ਼ ਸਾਦ ਅਹਿਮਦ ਵੜੈਚ ਨਾਲ ਮੁਲਾਕਾਤ ਕਰਕੇ ਨਵੰਬਰ 2026 'ਚ ਆ ਰਹੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਲਈ 7,500 ਤੋਂ ਵੱਧ ਸ਼ਰਧਾਲੂਆਂ ਨੂੰ ਵੀਜ਼ੇ ਦੇਣ ਦੀ ਅਪੀਲ ਕੀਤੀ ਸੀ, ਜਦੋਂਕਿ ਆਮ ਤੌਰ 'ਤੇ ਇਹ ਕੋਟਾ ਲਗਭਗ 1,800 ਵੀਜ਼ਿਆਂ ਦਾ ਹੁੰਦਾ ਹੈ। ਲਾਂਘਾ ਖੋਲ੍ਹਣ ਦੇ ਮੁੱਦੇ 'ਤੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਦੱਸਿਆ ਕਿ ਪਹਿਲਗਾਮ 'ਚ ਹੋਏ ਅਤਿਵਾਦੀ ਹਮਲੇ ਤੋਂ ਬਾਅਦ 7 ਮਈ 2025 ਤੋਂ ਸੁਰੱਖਿਆ ਕਾਰਨਾਂ ਕਰਕੇ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਦੀਆਂ ਸੇਵਾਵਾਂ ਮੁਅੱਤਲ ਕੀਤੀਆਂ ਗਈਆਂ ਸਨ। ਉਨ੍ਹਾਂ ਕਿਹਾ ਕਿ ਮੌਜੂਦਾ ਸੁਰੱਖਿਆ ਸਥਿਤੀ ਨੂੰ ਦੇਖਦੇ ਹੋਏ ਇਹ ਸੇਵਾਵਾਂ ਅਜੇ ਵੀ ਬੰਦ ਰੱਖਣ ਦਾ ਫੈਸਲਾ ਬਰਕਰਾਰ ਹੈ। ਦੂਜੇ ਪਾਸੇ, ਐਸ.ਜੀ.ਪੀ.ਸੀ. ਨੇ ਕੇਂਦਰ ਸਰਕਾਰ ਤੋਂ ਵੀ ਮੰਗ ਕੀਤੀ ਹੈ ਕਿ ਉਹ ਸ਼ਰਧਾਲੂਆਂ ਦੀਆਂ ਭਾਵਨਾਵਾਂ ਨੂੰ ਦੇਖਦੇ ਹੋਏ ਇਸ ਲਾਂਘੇ ਨੂੰ ਜਲਦ ਤੋਂ ਜਲਦ ਬਹਾਲ ਕਰਵਾਏ।

# ਰਾਹੁਲ ਗਾਂਧੀ ਦੀ ਹਾਈ-ਪ੍ਰੋਫਾਈਲ ਮੀਟਿੰਗ 'ਚੋਂ 'ਚੰਨੀ' ਗਾਇਬ !

**ਚੰਡੀਗੜ੍ਹ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਵਿੱਚ ਹੋਣ ਵਾਲੀ ਕਾਂਗਰਸ ਵਰਕਿੰਗ ਕਮੇਟੀ ਦੀ ਇੱਕ ਮਹੱਤਵਪੂਰਨ ਬੈਠਕ ਵਿੱਚ ਅੱਜ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਸ਼ਾਮਲ ਨਹੀਂ ਹੋਣਗੇ। ਅਹਿਮ ਸੂਤਰਾਂ ਅਨੁਸਾਰ ਚੰਨੀ ਪੰਜਾਬ ਯੂਨੀਵਰਸਿਟੀ ਤੋਂ ਪੀ.ਐੱਚ.ਡੀ. ਕਰ ਰਹੇ ਹਨ ਅਤੇ ਵੀਰਵਾਰ ਨੂੰ ਉਨ੍ਹਾਂ ਦੀ ਪ੍ਰੀਖਿਆ ਹੈ। ਉਨ੍ਹਾਂ ਦੀ ਗੈਰ-ਹਾਜ਼ਰੀ ਸਬੰਧੀ ਹਾਲੇ ਅਧਿਕਾਰਤ ਪੁਸ਼ਟੀ ਹੋਣੀ ਬਾਕੀ ਹੈ।



ਰਾਹੁਲ ਗਾਂਧੀ ਦੀ ਸ਼ਮੂਲੀਅਤ ਵਾਲੀ ਮੀਟਿੰਗ ਵਿੱਚੋਂ ਚੰਨੀ ਦੀ ਗੈਰ-ਹਾਜ਼ਰੀ ਦੇ ਸਿਆਸੀ ਮਾਇਨੇ ਹਨ। ਇਹ ਦੂਜੀ ਵਾਰ ਹੈ ਜਦੋਂ ਚੰਨੀ ਗੈਰ-ਹਾਜ਼ਰ ਹੋਣਗੇ। ਪਿਛਲੀ ਵਾਰ ਜਦੋਂ ਸੰਸਦ ਵਿੱਚ ਪੇਪਰ ਲੀਕ ਮੁੱਦੇ 'ਤੇ ਰਾਹੁਲ ਗਾਂਧੀ ਦਾ ਭਾਸ਼ਣ ਸੀ, ਤਾਂ ਉਸ ਵੇਲੇ ਵੀ ਚੰਨੀ ਸੰਸਦ ਵਿੱਚੋਂ ਗੈਰ-ਹਾਜ਼ਰ ਸਨ। ਉਸ ਦਿਨ ਚੰਨੀ ਨੇ ਫ਼ਰੀਦਕੋਟ ਵਿਖੇ ਧਰਨੇ ਵਿੱਚ ਸ਼ਮੂਲੀਅਤ ਕੀਤੀ ਸੀ।

ਅੱਜ ਦਿੱਲੀ ਵਿੱਚ ਹੋ ਰਹੀ ਮੀਟਿੰਗ ਵਿੱਚ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਪ੍ਰਤਾਪ ਸਿੰਘ ਬਾਜਵਾ, ਸੁਖਜਿੰਦਰ ਸਿੰਘ ਰੰਧਾਵਾ ਅਤੇ ਵਿਜੇ ਇੰਦਰ ਸਿੰਗਲਾ ਵੀ ਮੌਜੂਦ ਰਹਿਣਗੇ। ਇਸ ਬੈਠਕ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਅਤੇ ਜ਼ਮੀਨੀ ਪੱਧਰ 'ਤੇ ਪਾਰਟੀ ਕੇਡਰ ਨੂੰ ਮਜ਼ਬੂਤ ਕਰਨ ਬਾਰੇ ਚਰਚਾ ਕੀਤੀ ਜਾਵੇਗੀ। ਚੰਨੀ ਦੀ ਸੰਭਾਵੀ ਗੈਰ-ਹਾਜ਼ਰੀ ਪੰਜਾਬ ਕਾਂਗਰਸ ਅੰਦਰ ਚੱਲ ਰਹੀ ਗੁੱਟਬੰਦੀ ਅਤੇ ਆਗੂਆਂ ਦੇ ਆਪਸੀ ਮਤਭੇਦਾਂ ਵੱਲ ਇਸ਼ਾਰਾ ਕਰਦੀ ਹੈ। ਉੱਧਰ ਗੁਰਦਾਸਪੁਰ ਤੋਂ ਸੰਸਦ ਮੈਂਬਰ ਸੁਖਜਿੰਦਰ ਰੰਧਾਵਾਂ ਨੇ ਵੀ ਸਾਬਕਾ ਮੁੱਖ ਮੰਤਰੀ ਚਰਨਜੀਤ ਚੰਨੀ ਨੂੰ ਪੀ.ਐੱਚ.ਡੀ ਦੀ ਪ੍ਰੀਖਿਆ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਸੂਬਾ ਸਰਕਾਰ ਐਲੋਪੈਥੀ ਦੇ ਨਾਲ-ਨਾਲ ਰਵਾਇਤੀ ਮੈਡੀਕਲ ਪ੍ਰਣਾਲੀਆਂ ਨੂੰ ਵੀ ਦੇ ਰਹੀ ਹੈ ਬਢਾਵਾ : ਆਰਤੀ ਸਿੰਘ ਰਾਓ

**ਚੰਡੀਗੜ੍ਹ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਰਾਜ ਦੇ ਸਰਕਾਰੀ ਕਰਮਚਾਰੀਆਂ, ਪੈਨਸ਼ਨਰਾਂ ਅਤੇ ਉਨ੍ਹਾਂ ਦੇ ਆਸ਼ਰਤਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਇਸੇ ਕੜੀ ਵਿਚ ਰਾਜ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਮਈ 2023 ਵਿੱਚ ਲਾਗੂ ਕੀਤੀ ਗਈ 'ਆਯੂਸ਼ ਮੈਡੀਕਲ ਪ੍ਰਤੀਪੂਰਤੀ ਨੀਤੀ' ਦਾ ਲਾਭ ਹੁਣ ਲਾਭਪਾਤਰੀਆਂ ਤੱਕ ਸਿੱਧਾ ਪਹੁੰਚ ਰਿਹਾ ਹੈ।

ਇਸ ਨੀਤੀ ਤਹਿਤ, ਜੇਕਰ ਕੋਈ ਯੋਗ ਵਿਅਕਤੀ ਰਵਾਇਤੀ ਅਤੇ ਕੁਦਰਤੀ ਮੈਡੀਕਲ ਪੱਧਤੀਆਂ ਰਾਹੀਂ ਆਪਣਾ ਇਲਾਜ ਕਰਵਾਉਂਦਾ ਹੈ, ਤਾਂ ਉਸ ਵੱਲੋਂ ਕੀਤੇ ਗਏ ਮੈਡੀਕਲ ਖਰਚਿਆਂ ਦੀ ਪ੍ਰਤੀਪੂਰਤੀ (ਰਿਇੰਬਰਸਮੈਂਟ) ਰਾਜ ਸਰਕਾਰ ਵੱਲੋਂ ਕੀਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਇਸ ਨੀਤੀ ਦਾ ਮੁੱਖ ਉਦੇਸ਼ ਐਲੋਪੈਥੀ ਦੇ ਨਾਲ-ਨਾਲ ਰਵਾਇਤੀ ਮੈਡੀਕਲ ਪ੍ਰਣਾਲੀਆਂ ਨੂੰ ਉਤਸ਼ਾਹ ਕਰਨਾ ਅਤੇ ਕਰਮਚਾਰੀਆਂ ਨੂੰ ਸਿਹਤ ਸੰਭਾਲ ਦੇ ਵਧੇਰੇ ਵਿਕਲਪ ਪ੍ਰਦਾਨ ਕਰਨਾ ਹੈ।



ਇਸ ਦੇ ਤਹਿਤ ਆਯੁਰਵੇਦ, ਯੋਗ, ਕੁਦਰਤੀ ਚਿਕਿਤ ?ਸਾ, ਯੂਨਾਨੀ, ਸਿੱਧ ਅਤੇ ਹੈਮੋਪੈਥੀ (AYUSH) ਵਰਗੀਆਂ ਪੱਧਤੀਆਂ ਨਾਲ ਕਰਵਾਇਆ ਗਿਆ ਇਲਾਜ ਪੂਰੀ ਤਰ੍ਹਾਂ ਕਵਰ ਹੁੰਦਾ ਹੈ। ਸਰਕਾਰ ਇਸ ਪਹਿਲਕਦਮੀ ਨਾਲ ਉਨ੍ਹਾਂ ਪੁਰਾਣੀਆਂ ਬਿਮਾਰੀਆਂ ਦੇ ਇਲਾਜ ਵਿੱਚ ਮਰੀਜ਼ਾਂ ਨੂੰ ਵੱਡੀ ਰਾਹਤ ਮਿਲ ਰਹੀ ਹੈ, ਜਿੱਥੇ ਲੋਕ ਐਲੋਪੈਥੀ ਦੀ ਜਗ੍ਹਾ ਰਵਾਇਤੀ ਅਤੇ ਕੁਦਰਤੀ ਇਲਾਜ ਨੂੰ ਤਰਜੀਹ ਦੇਣਾ ਚਾਹੁੰਦੇ ਹਨ।

ਸਿਹਤ ਮੰਤਰੀ ਨੇ ਅੱਗੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਯੂਸ਼ ਨੀਤੀ ਦੇ ਪ੍ਰਭਾਵੀ ਅਮਲ ਅਤੇ ਮਰੀਜ਼ਾਂ ਨੂੰ ਮਿਆਰੀ ਸਹੂਲਤਾਂ ਦੇਣ ਲਈ ਹਸਪਤਾਲਾਂ ਦੇ ਸੂਚੀਬੱਧ ਕਰਨ (Empanellment) 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਆਯੂਸ਼ ਮੈਡੀਕਲ ਪ੍ਰਤੀਪੂਰਤੀ ਨੀਤੀ ਤਹਿਤ ਹੁਣ ਤੱਕ ਆਯੂਸ਼ ਵਿਭਾਗ ਵੱਲੋਂ 18 ਨਿੱਜੀ ਅਤੇ ਮਾਹਰ ਹਸਪਤਾਲਾਂ ਨੂੰ ਐਂਪੈਨਲਡ ਕੀਤਾ ਜਾ ਚੁੱਕਾ ਹੈ। ਇਨ੍ਹਾਂ ਸੂਚੀਬੱਧ ਹਸਪਤਾਲਾਂ ਵਿੱਚ ਮਰੀਜ਼ ਬੇਝਿਜਕ ਹੋ ਕੇ ਆਯੂਸ਼ ਪੱਧਤੀਆਂ ਤੋਂ ਇਲਾਜ ਪ੍ਰਾਪਤ ਕਰ ਸਕਦੇ ਹਨ ਅਤੇ ਬਾਅਦ ਵਿੱਚ ਨੀਤੀ ਦੇ ਨਿਯਮਾਂ ਅਨੁਸਾਰ ਆਪਣੇ ਖਰਚਿਆਂ ਦਾ ਦਾਅਵਾ ਪੇਸ਼ ਕਰ ਸਕਦੇ ਹਨ। ਰਾਜ ਸਰਕਾਰ ਦਾ ਟੀਚਾ ਆਉਣ ਵਾਲੇ ਸਮੇਂ ਵਿੱਚ ਇਸ ਨੈੱਟਵਰਕ ਨੂੰ ਹੋਰ ਜ਼ਿਆਦਾ ਮਜ਼ਬੂਤ ਕਰਨਾ ਹੈ ਤਾਂ ਜੋ ਦੂਰ-ਦੁਰਾਡੇ ਦੇ ਇਲਾਕਿਆਂ ਵਿੱਚ ਰਹਿਣ ਵਾਲੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਵੀ ਨੇੜਲੇ ਆਯੂਸ਼ ਕੇਂਦਰਾਂ ਦਾ ਲਾਭ ਮਿਲ ਸਕੇ।

ਸਿਹਤ ਵਿਭਾਗ ਦਾ ਮੰਨਣਾ ਹੈ ਕਿ ਇਸ ਨੀਤੀ ਨਾਲ ਨਾ ਸਿਰਫ਼ ਰਵਾਇਤੀ ਭਾਰਤੀ ਮੈਡੀਕਲ ਪੱਧਤੀਆਂ ਨੂੰ ਬਲ ਮਿਲ ਰਿਹਾ ਹੈ, ਸਗੋਂ ਸਰਕਾਰੀ ਸੇਵਾ ਨਾਲ ਜੁੜੇ ਲੱਖਾਂ ਪਰਿਵਾਰਾਂ 'ਤੇ ਅਚਾਨਕ ਆਉਣ ਵਾਲੇ ਮੈਡੀਕਲ ਵਿੱਤੀ ਬੋਝ ਵਿੱਚ ਵੀ ਕਾਫ਼ੀ ਕਮੀ ਆਈ ਹੈ।

# ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੇ ਤਾਲਮੇਲ ਨਾਲ ਦਵਿੰਦਰ ਬੰਬੀਹਾ ਗੈਂਗ ਦੇ ਤਿੰਨ ਕਾਰਕੁਨਾਂ ਨੂੰ ਮਲੇਸ਼ੀਆ ਤੋਂ ਵਾਪਸ ਭਾਰਤ ਲਿਆਂਦਾ

## ਕਤਲ, ਫਿਰੌਤੀ ਅਤੇ ਯੋਜਨਾਬੱਧ ਗ੍ਰਨੇਡ ਧਮਾਕੇ ਸਮੇਤ ਕਈ ਮਾਮਲਿਆਂ ਵਿੱਚ ਲੋੜੀਂਦੇ ਹਨ ਡਿਪੋਰਟ ਕੀਤੇ ਦੋਸ਼ੀ : ਡੀ.ਜੀ.ਪੀ.

**ਚੰਡੀਗੜ੍ਹ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਚੱਲ ਰਹੀ ਗੈਂਗਸਟਰਾਂ ਤੇ ਵਾਰ ਮੁਹਿੰਮ ਦੌਰਾਨ ਅੰਤਰ-ਰਾਸ਼ਟਰੀ ਸੰਗਠਿਤ ਅਪਰਾਧ ਵਿਰੁੱਧ ਵੱਡੀ ਸਫਲਤਾ ਦਰਜ ਕਰਦਿਆਂ ਕਾਊਂਟਰ ਇੰਟੈਲੀਜੈਂਸ ਵਿੰਗ ਦੇ ਓਵਰਸੀਜ਼ ਫਿਊਜਿਟਿਵ ਟਰੈਕਿੰਗ ਐਂਡ ਐਕਸਟ੍ਰੀਡੀਸ਼ਨ ਸੈੱਲ (ਓ.ਐਫ.ਟੀ.ਈ.ਸੀ.) ਨੇ ਕੇਂਦਰੀ ਏਜੰਸੀਆਂ ਦੇ ਤਾਲਮੇਲ ਨਾਲ,ਦਵਿੰਦਰ ਬੰਬੀਹਾ ਗੈਂਗ ਦੇ ਤਿੰਨ ਲੋੜੀਂਦੇ ਕਾਰਕੁਨਾਂ ਦੀ ਸੁਰੱਖਿਅਤ ਹਵਾਲਗੀ ਹਾਸਿਲ ਕੀਤੀ ਹੈ । ਇਹ ਜਾਣਕਾਰੀ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ।

ਡਿਪੋਰਟ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਜਸਪ੍ਰੀਤ ਸਿੰਘ ਉਰਫ਼ ਜਸ ਬਹਿਬਲ, ਵਾਸੀ ਫਰੀਦਕੋਟ ਅਤੇ ਅਜੈ ਸਿੰਘ ਅਤੇ ਪਵਨਦੀਪ ਸਿੰਘ ਵਾਸੀ ਸ੍ਰੀ ਗੰਗਾਨਗਰ, ਰਾਜਸਥਾਨ ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮਲੇਸ਼ੀਆ ਤੋਂ ਭਾਰਤ ਲਿਆਂਦੇ ਤਿੰਨਾਂ ਮੁਲਜ਼ਮਾਂ ਨੂੰ ਪੰਜਾਬ ਪੁਲਿਸ ਨੇ ਨਵੀਂ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਗ੍ਰਿਫ਼ਤਾਰ ਕੀਤਾ ਅਤੇ ਬਾਅਦ ਵਿੱਚ ਅਗਲੇਰੀ ਜਾਂਚ ਲਈ ਉਨ੍ਹਾਂ ਨੂੰ ਪੰਜਾਬ ਲਿਆਂਦਾ ਗਿਆ ।

ਡੀਜੀਪੀ ਨੇ ਕਿਹਾ ਕਿ ਇਹ ਤਿੰਨੋਂ ਦੋਸ਼ੀ ਮਲੇਸ਼ੀਆ ਸਥਿਤ ਦਵਿੰਦਰ ਬੰਬੀਹਾ ਗੈਂਗ ਦੇ ਮੁੱਖ ਕਾਰਕੁਨ ਹਨ ਅਤੇ ਇਹਨਾਂ ਦੇ ਪਾਕਿਸਤਾਨ ਦੀ ਆਈਐਸਆਈ ਨਾਲ ਵੀ ਸਬੰਧ ਹਨ । ਉਕਤ ਤਿੰਨੋਂ ਦੋਸ਼ੀ ਕਤਲ, ਜਬਰਨ ਵਸੂਲੀ, ਵਿਸਫੋਟਕ ਅਤੇ ਲੁਧਿਆਣਾ ਵਿਖੇ ਹੈਂਡ ਗ੍ਰਨੇਡ ਧਮਾਕੇ ਦੀ ਯੋਜਨਾ ਬਣਾਉਣ ਸਮੇਤ ਕਈ ਮਾਮਲਿਆਂ ਵਿੱਚ ਲੋੜੀਂਦੇ ਹਨ।

ਹੋਰ ਵੇਰਵੇ ਸਾਂਝੇ ਕਰਦਿਆਂ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਕਾਊਂਟਰ ਇੰਟੈਲੀਜੈਂਸ ਅਮਿਤ ਪ੍ਰਸਾਦ ਨੇ ਕਿਹਾ ਕਿ ਇਨ੍ਹਾਂ ਤਿੰਨਾਂ ਭਗੌੜਿਆਂ ਦੀ ਹਵਾਲਗੀ ਅਤੇ ਗ੍ਰਿਫ਼ਤਾਰੀ ਇੱਕ ਨਿਰੰਤਰ ਖੁਫੀਆ-ਅਗਵਾਈ ਵਾਲੀ ਕਾਰਵਾਈ ਦਾ ਸਿੱਟਾ ਹੈ, ਜੋ ਕਈ ਮਹੀਨਿਆਂ ਤੱਕ ਜਾਰੀ ਰਹੀ, ਜਿਸ ਦੌਰਾਨ ਭਗੌੜਿਆਂ ਦੀਆਂ ਗਤੀਵਿਧੀਆਂ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਸੀ । ਉਨ੍ਹਾਂ ਕਿਹਾ ਕਿ ਪੂਰਨ ਤਾਲਮੇਲ ਵਾਲੇ ਯਤਨਾਂ ਦੇ ਨਤੀਜੇ ਵਜੋਂ ਉਨ੍ਹਾਂ ਨੂੰ ਮਲੇਸ਼ੀਆ ਵਿਖੇ ਹਿਰਾਸਤ ਵਿੱਚ ਲੈ ਲਿਆ ਗਿਆ ਅਤੇ ਭਾਰਤ ਭੇਜ ਦਿੱਤਾ ਗਿਆ। ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਓ.ਐਫ.ਟੀ.ਈ.ਸੀ. ਅਸ਼ੀਸ਼ ਚੌਧਰੀ ਨੇ ਦੱਸਿਆ ਕਿ ਦੋਸ਼ੀ ਜਸਪ੍ਰੀਤ ਉਰਫ਼ ਜਸ ਬਹਿਬਲ ਜੂਨ 2019 ਵਿੱਚ ਮਲੇਸ਼ੀਆ ਗਿਆ ਸੀ, ਜਿੱਥੇ ਉਹ ਇੱਕ ਭਗੌੜੇ ਗੈਂਗਸਟਰ ਦੇ ਸੰਪਰਕ ਵਿੱਚ ਆਇਆ, ਉਸੇ ਰਾਹੀਂ ਉਹ ਦਵਿੰਦਰ ਬੰਬੀਹਾ ਗੈਂਗ ਵਿੱਚ ਸ਼ਾਮਲ ਹੋਇਆ ਅਤੇ ਹੌਲੀ-ਹੌਲੀ ਗੈਂਗ ਦੇ ਅਹਿਮ ਕਾਰਕੁਨ ਵਜੋਂ ਉਭਰਿਆ। ਉਨ੍ਹਾਂ ਕਿਹਾ ਕਿ ਦੋਸ਼ੀ ਨੂੰ 2025 ਵਿੱਚ ਯਾਦਵਿੰਦਰ ਸਿੰਘ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਾਬਕਾ ਆਗੂ ਜੀਵਨਜੋਤ ਸਿੰਘ ਚਾਹਲ ਉਰਫ਼ ਜੁਗਨੂੰ ਦੇ ਡਰਾਈਵਰ , ਦੇ ਕਤਲ ਕੇਸ ਦੇ ਸਬੰਧ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਆਈਜੀਪੀ ਨੇ ਦੱਸਿਆ ਕਿ ਦੋਸ਼ੀ ਅਜੈ ਸਿੰਘ ਅਤੇ ਪਵਨਦੀਪ ਸਿੰਘ ਵੀ ਦਵਿੰਦਰ ਬੰਬੀਹਾ ਗੈਂਗ ਦੇ ਮੁੱਖ ਕਾਰਕੁਨ ਹਨ, ਜਿਨ੍ਹਾਂ ਨੇ 2025 ਵਿੱਚ ਆਪਣੇ ਹੋਰ ਕਾਰਕੁਨਾਂ ਨੂੰ ਲੁਧਿਆਣਾ ਸ਼ਹਿਰ ਵਿੱਚ ਹੈਂਡ-ਗ੍ਰੇਨੇਡ ਧਮਾਕਾ ਕਰਨ ਦਾ ਕੰਮ ਸੌਂਪਿਆ ਸੀ। ਹਾਲਾਂਕਿ, ਲੁਧਿਆਣਾ ਕਮਿਸ਼ਨਰੇਟ ਪੁਲਿਸ ਵੱਲੋਂ 27 ਅਕਤੂਬਰ, 2025 ਨੂੰ ਉਨ੍ਹਾਂ ਦੇ ਦੋ ਸਾਥੀਆਂ ਦੀ ਗ੍ਰਿਫ਼ਤਾਰੀ ਨਾਲ ਹਮਲਾ ਟਾਲ ਦਿੱਤਾ ਗਿਆ ਸੀ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਚੀਨ ਦਾ ਬਣਿਆ ਇੱਕ ਪੀ86 ਹੈਂਡ ਗ੍ਰਨੇਡ ਵੀ ਬਰਾਮਦ ਕੀਤਾ ਸੀ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ, ਪੰਜਾਬ ਪੁਲਿਸ ਨੇ ਵਿਦੇਸ਼ਾਂ ਵਿੱਚ ਬੈਠੇ ਅਪਰਾਧੀਆਂ ਤੱਕ ਪਹੁੰਚ ਕਰਨ ਅਤੇ ਉਨ੍ਹਾਂ ਦੀ ਹਵਾਲਗੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਲਈ ਓ.ਐਫ.ਟੀ.ਈ.ਸੀ. ਦੀ ਸਥਾਪਨਾ ਕੀਤੀ ਹੈ ਤਾਂ ਜੋ ਅਜਿਹੇ ਮੁਲਜ਼ਮਾਂ ਨੂੰ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨ ਲਈ ਪੰਜਾਬ ਵਾਪਸ ਲਿਆਂਦਾ ਜਾ ਸਕੇ।

# ਸਿੱਖਿਆ ਮੰਤਰੀ ਨੇ ਪੀ.ਐਮ. ਸ਼੍ਰੀ ਸਰਕਾਰੀ ਸਕੂਲ ਦਾ ਕੀਤਾ ਅਚਨਚੇਤ ਨਿਰੀਖਣ; ਪ੍ਰਬੰਧਾਂ ਦਾ ਲਿਆ ਜਾਇਜ਼ਾ, ਵਿਦਿਆਰਥੀਆਂ ਨਾਲ ਕੀਤੀ ਗੱਲਬਾਤ

**ਚੰਡੀਗੜ੍ਹ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਪ੍ਰਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਸੁਧਾਰਨ ਅਤੇ ਜ਼ਮੀਨੀ ਹਾਲਤ ਨੂੰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਐਕਸ਼ਨ ਮੋਡ ਵਿੱਚ ਹਨ। ਇਸੇ ਕੜੀ ਤਹਿਤ ਬੁੱਧਵਾਰ ਨੂੰ ਸਿੱਖਿਆ ਮੰਤਰੀ ਨੇ ਸੋਨੀਪਤ ਜ਼ਿਲ੍ਹੇ ਦੇ ਗੰਨੌਰ ਖੇਤਰ ਦੇ ਦਾਤੌਲੀ ਪਿੰਡ ਸਥਿਤ ਪੀ.ਐਮ. ਸ਼੍ਰੀ ਜੀ.ਜੀ.ਐਸ.ਐਸ.ਐਸ. ਦਾ ਅਚਨਚੇਤ ਨਿਰੀਖਣ ਕੀਤਾ। ਨਿਰੀਖਣ ਦੌਰਾਨ ਉਨ੍ਹਾਂ ਨੇ ਸਕੂਲ ਕੰਪਲੈਕਸ ਦੀ ਸਾਫ਼-ਸਫ਼ਾਈ, ਬੁਨਿਆਦੀ ਸਹੂਲਤਾਂ ਅਤੇ ਪ੍ਰਸ਼ਾਸਕੀ ਪ੍ਰਬੰਧਾਂ ਦਾ ਬਾਰੀਕੀ ਨਾਲ ਜਾਇਜ਼ਾ ਲਿਆ।

**ਵਿਦਿਆਰਥੀਆਂ ਨਾਲ ਗੱਲਬਾਤ ਕਰਕੇ ਜਾਣੀਆਂ ਸਮੱਸਿਆਵਾਂ**

ਸਕੂਲ ਪਹੁੰਚੇ ਸਿੱਖਿਆ ਮੰਤਰੀ ਨੇ ਨਾ ਸਿਰਫ਼ ਭੌਤਿਕ ਪ੍ਰਬੰਧਾਂ ਦੀ ਜਾਂਚ ਕੀਤੀ, ਸਗੋਂ ਕਲਾਸਾਂ ਵਿੱਚ ਜਾ ਕੇ ਵਿਦਿਆਰਥੀਆਂ ਨਾਲ ਸਿੱਧਾ ਸੰਵਾਦ ਵੀ ਕਾਇਮ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਤੋਂ ਪੜ੍ਹਾਈ ਦੇ ਪੱਧਰ, ਅਧਿਆਪਕਾਂ ਦੀ ਹਾਜ਼ਰੀ, ਪੜ੍ਹਾਈ-ਲਿਖਾਈ ਦੀ ਸਮੱਗਰੀ ਅਤੇ ਸਕੂਲ ਵਿੱਚ ਮਿਲਣ ਵਾਲੀਆਂ ਸਹੂਲਤਾਂ ਬਾਰੇ ਖੁੱਲ੍ਹ ਕੇ ਗੱਲਬਾਤ ਕੀਤੀ। ਮੰਤਰੀ ਨੇ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਕਿ ਵਿਦਿਆਰਥੀਆਂ ਦੀ ਹਰ ਲੋੜ ਅਤੇ ਸਮੱਸਿਆ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ।

**ਜ਼ਮੀਨੀ ਪੱਧਰ 'ਤੇ ਉੱਤਰ ਕੇ ਪ੍ਰਬੰਧਾਂ ਨੂੰ ਪਰਖਣ ਦੀ ਅਨੋਖੀ ਪਹਿਲ**

ਪ੍ਰਦੇਸ਼ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਦੇਖਣ ਨੂੰ ਮਿਲ ਰਿਹਾ ਹੈ ਜਦੋਂ ਕੋਈ ਸਿੱਖਿਆ ਮੰਤਰੀ ਖ਼ੁਦ ਜ਼ਮੀਨੀ ਪੱਧਰ 'ਤੇ ਉੱਤਰ ਕੇ ਸਰਕਾਰੀ ਸਕੂਲਾਂ ਅਤੇ ਕਾਲਜਾਂ ਦੇ ਪ੍ਰਬੰਧਾਂ ਦੀ ਸਿੱਧੀ ਮਾਨੀਟਰਿੰਗ ਕਰ ਰਿਹਾ ਹੈ। ਮੰਤਰੀ ਮਹੀਪਾਲ ਢਾਂਡਾ ਦਾ ਮੰਨਣਾ ਹੈ ਕਿ ਸਿਰਫ਼ ਦਫ਼ਤਰਾਂ ਵਿੱਚ ਬੈਠ ਕੇ ਨੀਤੀਆਂ ਬਣਾਉਣ ਨਾਲ ਜ਼ਮੀਨੀ ਬਦਲਾਅ ਸੰਭਵ ਨਹੀਂ ਹੈ, ਸਗੋਂ ਉਸ ਲਈ ਖ਼ੁਦ ਮੌਕੇ 'ਤੇ ਜਾ ਕੇ ਘਾਟਾਂ ਨੂੰ ਦੇਖਣਾ ਅਤੇ ਸੁਧਾਰ ਕਰਨਾ ਜ਼ਰੂਰੀ ਹੈ। ਉਨ੍ਹਾਂ ਦੀ ਇਸ ਹਿੰਮਤੀ ਅਤੇ ਸੰਵੇਦਨਸ਼ੀਲ ਕਾਰਜਸ਼ੈਲੀ ਦੀ ਆਮ ਲੋਕਾਂ ਅਤੇ ਮਾਪਿਆਂ ਵਿੱਚ ਸ਼ਲਾਘਾ ਹੋ ਰਹੀ ਹੈ।

ਸਿੱਖਿਆ ਪ੍ਰਣਾਲੀ ਨੂੰ ਦਰੁਸਤ ਕਰਨ ਦੀ ਇਹ ਮੁਹਿੰਮ ਲਗਾਤਾਰ ਜਾਰੀ ਹੈ। ਪਿਛਲੇ 11 ਦਿਨਾਂ ਦੇ ਅੰਦਰ ਸਿੱਖਿਆ ਮੰਤਰੀ ਮਹੀਪਾਲ ਢਾਂਡਾ ਕਈ ਪ੍ਰਮੁੱਖ ਸਿੱਖਿਆ ਸੰਸਥਾਵਾਂ ਦਾ ਅਚਨਚੇਤ ਦੌਰਾ ਕਰ ਚੁੱਕੇ ਹਨ। ਇਸ ਤੋਂ ਪਹਿਲਾਂ ਉਹ ਪੰਚਕੂਲਾ ਦੇ ਸਰਕਾਰੀ ਕਾਲਜ, ਬਸਤਾੜਾ ਦੇ ਸਰਕਾਰੀ ਮਹਿਲਾ ਕਾਲਜ, ਪਾਣੀਪਤ ਦੇ ਸੈਕਟਰ-18 ਸਥਿਤ ਸਰਕਾਰੀ ਕਾਲਜ ਅਤੇ ਪਾਣੀਪਤ ਦੇ ਨਿਜ਼ਾਮਪੁਰ ਪਿੰਡ ਸਥਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਾ ਵੀ ਡੂੰਘਾ ਨਿਰੀਖਣ ਕਰ ਚੁੱਕੇ ਹਨ।

# ਭਗਵੰਤ ਮਾਨ ਸਰਕਾਰ ਨੇ ਖੇਡਾਂ ਵਤਨ ਪੰਜਾਬ ਦੀਆਂ ਨਾਲ ਪੰਜਾਬ ਨੂੰ ਖੇਡਾਂ 'ਚ ਬਣਾਇਆ ਮੋਹਰੀ: ਬਲਤੇਜ ਸਿੰਘ ਪੰਨੂ



ਖੇਡਾਂ ਵਤਨ ਪੰਜਾਬ ਦੀਆਂ-4 ਦੀ ਮਸ਼ਾਲ ਨੂੰ ਪਟਿਆਲਾ ਤੋਂ ਵਿਦਾਇਗੀ ਦਿੰਦੇ ਹੋਏ ਬਲਤੇਜ ਸਿੰਘ ਪੰਨੂ, ਐਡਵੋਕੇਟ ਹਰਪਾਲ ਜੁਨੇਜਾ, ਚੇਅਰਮੈਨ ਤੇਜਿੰਦਰ ਮਹਿਤਾ, ਯਾਦਵਿੰਦਰ ਸਿੰਘ ਗੋਲਡੀ, ਏ.ਡੀ.ਸੀ ਦਮਨਜੀਤ ਸਿੰਘ ਮਾਨ ਤੇ ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ ਧਾਲੀਵਾਲ ਸਮੇਤ ਹੋਰ ਖਿਡਾਰੀ ਤੇ ਪਤਵੰਤੇ।

**ਪਟਿਆਲਾ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡ ਵਿਭਾਗ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਸੀਜ਼ਨ-4 ਦੇ ਮਸ਼ਾਲ ਮਾਰਚ ਨੂੰ ਰਾਤ ਪਟਿਆਲਾ ਠਹਿਰਾਉ ਉਪਰੰਤ ਅੱਜ ਕਿਲਾ ਹਾਲ ਬਾਰਾਂਦਰੀ ਤੋਂ ਅਗਲੇ ਪੜਾਅ ਫ਼ਤਹਿਗੜ੍ਹ ਸਾਹਿਬ ਲਈ ਰਵਾਨਾ ਕੀਤਾ ਗਿਆ।

ਇਸ ਮੌਕੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਤੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਖੇਡਾਂ ਵਤਨ ਪੰਜਾਬ ਦੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚ ਖੇਡਾਂ ਦਾ ਸੱਭਿਆਚਾਰ ਪੈਦਾ ਕਰਨ ਅਤੇ ਪੰਜਾਬ ਨੂੰ ਖੇਡਾਂ ਵਿੱਚ ਦੇਸ਼ ਦਾ ਨੰਬਰ ਇਕ ਸੂਬਾ ਪੈਦਾ ਕਰਨ ਦੇ ਸੁਫ਼ਨੇ ਨੂੰ ਹਕੀਕੀ ਰੂਪ ਦਿੱਤਾ ਹੈ। ਇਸ ਮੌਕੇ ਪੀ.ਆਰ.ਟੀ.ਸੀ ਚੇਅਰਮੈਨ ਹਰਪਾਲ ਜੁਨੇਜਾ, ਜ਼ਿਲ੍ਹਾ ਯੋਜਨਾ ਕਮੇਟੀ ਚੇਅਰਮੈਨ ਤੇਜਿੰਦਰ ਮਹਿਤਾ, ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਕੋਆਰਡੀਨੇਟਰ ਯਾਦਵਿੰਦਰ ਸਿੰਘ ਗੋਲਡੀ ਤੇ ਏ.ਡੀ.ਸੀ ਦਮਨਜੀਤ ਸਿੰਘ ਮਾਨ ਵੀ ਪੁੱਜੇ ਹੋਏ ਸਨ।

ਬਲਤੇਜ ਸਿੰਘ ਪੰਨੂ ਨੇ ਕਿਹਾ ਕਿ ਖੇਡਾਂ ਨੇ ਰਾਜ ਅੰਦਰ ਨਸ਼ਿਆਂ 'ਤੇ ਲਗਾਮ ਕਸਣ 'ਚ ਵੀ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ 'ਚ ਰਾਜ ਅੰਦਰ 3100 ਖੇਡ ਸਟੇਡੀਅਮ ਬਣੇ ਹਨ ਅਤੇ ਇਹ ਖੇਡਾਂ ਸਾਡੇ ਸੂਬੇ ਦੇ ਲੋਕਾਂ ਦੀ ਤਿੰਨ ਪੀੜ੍ਹੀਆਂ ਨੂੰ ਇੱਕ ਜਗ੍ਹਾ ਖੇਡਣ ਦਾ ਮੌਕਾ ਦੇ ਰਹੀਆਂ ਹਨ।

ਬਲਤੇਜ ਸਿੰਘ ਪੰਨੂ ਨੇ ਦੱਸਿਆ ਕਿ ਨਸ਼ੇ ਇਕੱਲੇ ਪੰਜਾਬ ਦੀ ਸਮੱਸਿਆ ਨਹੀਂ ਬਲਕਿ ਇਹ ਪੂਰੇ ਭਾਰਤ ਤੇ ਪੂਰੇ ਵਿਸ਼ਵ ਦੀ ਸਮੱਸਿਆ ਹੈ, ਪਰੰਤੂ ਜਿਹੋ ਜਿਹੀ ਯੋਜਨਾਬੱਧ 'ਯੁੱਧ ਨਸ਼ਿਆਂ ਵਿਰੁੱਧ' ਜੰਗ, ਸੂਬੇ ਦੇ ਲੋਕਾਂ ਨੂੰ ਨਾਲ ਲੈਕੇ ਭਗਵੰਤ ਮਾਨ ਸਰਕਾਰ ਨੇ ਵਿੱਢੀ ਹੈ, ਨਸ਼ਿਆਂ ਵਿਰੁੱਧ ਅਜਿਹੀ ਲੜਾਈ ਪੂਰੇ ਦੇਸ਼ ਭਰ 'ਚ ਕਿਤੇ ਵੀ ਨਹੀਂ ਹੈ, ਇੱਥੋਂ ਤੱਕ ਕਿ ਗੁਜਰਾਤ ਵਿੱਚ ਵੀ ਨਹੀਂ, ਜਿੱਥੇ ਸਿਰਫ਼ ਮਾਤਰਾ 'ਚ ਨਸ਼ੇ ਫੜੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਸ ਯੋਜਨਾਬੱਧ ਜੰਗ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਬਲਤੇਜ ਸਿੰਘ ਪੰਨੂ ਨੇ ਇੱਕ ਸਵਾਲ ਦੇ ਜਵਾਬ 'ਚ ਕਿਹਾ ਕਿ ਪੰਜਾਬ 'ਚ ਅੰਦਰ ਅਮਨ-ਕਾਨੂੰਨ ਦੀ ਸਥਿਤੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸੁਰੱਖਿਅਤ ਹੱਥਾਂ 'ਚ ਹੈ, ਇਸ ਦੀ ਵਿਰੋਧੀਆਂ ਨੂੰ ਫ਼ਿਕਰ ਕਰਨ ਦੀ ਲੋੜ ਨਹੀਂ ਹੈ। ਉਨ੍ਹਾਂ ਭਾਰਤ ਅਮਰੀਕਾ ਵਪਾਰ ਸਮਝੌਤੇ ਦੀ ਅਲੋਚਨਾ ਕਰਦਿਆਂ ਕਿਹਾ ਕਿ ਇਸ ਦਾ ਸਭ ਤੋਂ ਵੱਡਾ ਖਾਮਿਆਜਾ ਸਾਡੇ ਕਿਸਾਨਾਂ ਨੂੰ ਭੁਗਤਣਾ ਪਵੇਗਾ ਅਤੇ ਪ੍ਰਧਾਨ ਮੰਤਰੀ ਨੂੰ ਕਿਸਾਨਾਂ ਦੀਆਂ ਜਾਇਜ਼ ਮੰਗਾਂ ਸੁਣਨੀਆਂ ਚਾਹੀਦੀਆਂ ਹਨ। ਇਸ ਦੌਰਾਨ ਬਲਤੇਜ ਸਿੰਘ ਪੰਨੂ ਨੇ ਤਲਵਾਰਬਾਜ਼ੀ ਦੀ ਰਾਸ਼ਟਰ ਮੰਡਲ ਚੈਂਪੀਅਨਸ਼ਿਪ 'ਚ ਵੈਟਿਲ ਕੈਟੇਗਰੀ 'ਚ ਕਾਂਸੀ ਤਗਮਾ ਜੇਤੂ ਖਿਡਾਰੀ ਤੇ ਕੋਚ ਅਰਜਨ, ਅਥਲੈਟਿਕਸ 'ਚ ਓਲੰਪੀਅਨ ਕੋਚ ਗੁਰਪ੍ਰੀਤ ਸਿੰਘ ਅਤੇ ਏਸ਼ੀਅਨ ਸਿਲਵਰ ਮੈਡਲ ਜੇਤੂ ਕ੍ਰਿਕਟਰ ਤੇ ਕੋਚ ਕਨਿਕਾ ਅਹੂਜਾ ਨੂੰ ਸਨਮਾਨਤ ਕੀਤਾ।

ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ ਦੌਰਾਨ ਬਲਾਕ ਪੱਧਰ 'ਤੇ 5 ਖੇਡਾਂ, ਕਬੱਡੀ, ਖੋ-ਖੋ, ਵਾਲੀਬਾਲ, ਫੁਟਬਾਲ ਤੇ ਅਥਲੈਟਿਕਸ ਦੇ ਮੁਕਾਬਲੇ ਕਰਵਾਏ ਜਾਣਗੇ, ਜ਼ਿਲ੍ਹਾ ਪੱਧਰ 'ਤੇ 28 ਅਤੇ ਰਾਜ ਪੱਧਰ 'ਤੇ 38 ਖੇਡਾਂ ਦੇ ਮੁਕਾਬਲੇ ਹੋਣਗੇ।

ਇਸ ਮੌਕੇ ਓਐਸਡੀ ਗੁਰਵਿੰਦਰ ਸਿੰਘ, ਜ਼ਿਲ੍ਹੇ ਦੇ ਉੱਘੇ ਖਿਡਾਰੀਆਂ ਸਮੇਤ ਕੋਚ ਗੁਰਵਿੰਦਰ ਸਿੰਘ, ਗੌਰਵ ਸ਼ਰਮਾ ਆਰਚਰੀ ਕੋਚ, ਭਿਵਾ ਏਸ਼ੀਅਨ ਚੈਂਪੀਅਨਸ਼ਿਪ ਗੋਲਡ ਮੈਡਲਿਸਟ, ਨਵਿੰਦਰ ਸਿੰਘ ਫੁੱਟਬਾਲ ਕੋਚ, ਗੁਰਪਾਲ ਸਿੰਘ ਅਥਲੈਟਿਕਸ ਕੋਚ, ਕੰਵਲਦੀਪ ਸਿੰਘ ਬਾਸਕਟਬਾਲ ਕੋਚ, ਪਰਮਿੰਦਰ ਸਿੰਘ ਵਾਲੀਬਾਲ ਕੋਚ, ਹਰਮਿੰਦਰ ਸਿੰਘ ਕਾਮਨਵੈਲਥ ਗੇਮਜ਼ ਮੈਡਲਿਸਟ (ਐਥਲੈਟਿਕਸ), ਸਹਿਜਦੀਪ ਸਿੰਘ ਸੁਪਰਵਾਈਜ਼ਰ ਨਰਸਰੀ, ਨਵਜੋਤ ਪਾਲ ਸਿੰਘ ਫੁੱਟਬਾਲ ਕੋਚ, ਗੁਰਮੀਤ ਸਿੰਘ ਬਾਸਕਿਟਬਾਲ ਕੋਚ ਅਤੇ ਗੁਰਦੀਪ ਕੌਰ ਕਬੱਡੀ ਕੋਚ, ਰਮਨੀਕ ਅਹੂਜਾ ਕ੍ਰਿਕਟ ਕੋਚ ਗੁਰਪ੍ਰੀਤ ਸਿੰਘ ਬਾਸਕਟਬਾਲ ਕੋਚ ਅਤੇ ਸੰਦੀਪ ਸਿੰਘ ਕ੍ਰਿਕਟ ਕੋਚ ਸਮੇਤ ਸਕੂਲਾਂ ਤੇ ਕਾਲਜਾਂ ਦੇ ਵੱਡੀ ਗਿਣਤੀ ਵਿਦਿਆਰਥੀ ਤੇ ਖਿਡਾਰੀ, ਕੋਚ ਤੇ ਅਧਿਆਪਕ ਵੀ ਮੌਜੂਦ ਸਨ।

# ਵਿਦਿਆਰਥੀ ਜਥੇਬੰਦੀਆਂ ਵੱਲੋਂ ਫੀਸ ਵਾਧੇ ਵਿਰੋਧੀ ਫਰੰਟ ਬਣਾ ਕੇ ਵਾਈਸ ਚਾਂਸਲਰ ਦਫ਼ਤਰ ਸਾਹਮਣੇ ਦਿਨ-ਰਾਤ ਦਾ ਪੱਕਾ ਮੋਰਚਾ ਲਗਾਇਆ



**ਪਟਿਆਲਾ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚ ਵਿਦਿਆਰਥੀ ਜਥੇਬੰਦੀਆਂ ਵੱਲੋਂ ਫੀਸ ਵਾਧੇ ਵਿਰੋਧੀ ਫਰੰਟ ਬਣਾ ਕੇ ਵਾਈਸ ਚਾਂਸਲਰ ਦਫ਼ਤਰ ਸਾਹਮਣੇ ਦਿਨ-ਰਾਤ ਦਾ ਪੱਕਾ ਮੋਰਚਾ ਲਗਾਇਆ ਗਿਆ। ਅੱਜ ਇਸ ਮੋਰਚੇ ਦਾ ਛੇਵਾਂ ਦਿਨ ਸੀ , ਜਿਸ ਵਿੱਚ ਵਿਦਿਆਰਥੀਆਂ ਦਾ ਇਕੱਠ ਹੋਇਆ। ਅੱਜ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਮੋਰਚੇ ਦੀ ਹਮਾਇਤ ਤੇ ਪਹੁੰਚੀਆਂ, ਜਿਸ ਵਿੱਚ ਸਕੂਲ ਅਧਿਆਪਕਾਂ ਦੀ ਜਥੇਬੰਦੀ ਡੈਮੋਕਰੇਟਿਕ ਟੀਚਰ ਫਰੰਟ(4"6) ਦੇ ਸੂਬਾ ਪ੍ਰਧਾਨ ਬਿਕਰਮਦੇਵ ਸਿੰਘ ਅਤੇ ਡੈਮੋਕਰੇਟਿਕ ਮੁਲਾਜ਼ਮ ਫੈਡਰੇਸ਼ਨ (DMF) ਦੇ ਆਗੂ ਗੁਰਜੀਤ ਸਿੰਘ ਆਪਣੇ ਸਾਥੀਆਂ ਸਮੇਤ ਮੋਰਚੇ ਵਿੱਚ ਸ਼ਾਮਿਲ ਹੋਏ। ਯੂਨੀਵਰਸਿਟੀ ਕਰਮਚਾਰੀ ਸੰਘ ਦੇ ਪ੍ਰਧਾਨ ਗੁਰਜੀਤ ਸਿੰਘ ਗੋਪਾਲਪੁਰੀ , ਪੰਜਾਬੀ ਯੂਨੀਵਰਸਿਟੀ ਟੀਚਰ ਐਸੋਸੀਏਸ਼ਨ (PUTA) ਦੇ ਪ੍ਰਧਾਨ ਨਿਸ਼ਾਨ ਸਿੰਘ ਦਿਉਲ ਅਤੇ ਗੈਸਟ ਫੈਕਲਟੀ ਯੂਨੀਅਨ ਤੋਂ ਵਰਿੰਦਰ ਖੁਰਾਣਾ ਨੇ ਸੰਬੋਧਨ ਕੀਤਾ ਅਤੇ ਮੋਰਚੇ ਨੂੰ ਸਮਰਥਨ ਕੀਤਾ।

ਇਸ ਦੇ ਨਾਲ ਹੀ ਯੂਨੀਵਰਸਿਟੀ ਦੇ ਹੋਰ ਮੁਲਾਜ਼ਮ ਆਗੂ ਕੁਲਵਿੰਦਰ ਸਿੰਘ ਕਕਰਾਲਾ, ਹਰਦਾਸ ਸਿੰਘ, ਸਫਾਈ ਯੂਨੀਅਨ ਦੇ ਆਗੂ ਆਪਣੇ ਸਾਥੀਆਂ ਸਮੇਤ ਅਤੇ ਹੋਰ ਮੁਲਾਜ਼ਿਮ ਵੀ ਮੋਰਚੇ ਦੀ ਹਮਾਇਤ ਤੇ ਪਹੁੰਚੇ।

ਫੀਸ ਵਾਧੇ ਵਿਰੋਧੀ ਫਰੰਟ ਵਿੱਚ ਸ਼ਾਮਿਲ ਜਥੇਬੰਦੀਆਂ (ਪੀ.ਐਸ.ਯੂ , ਏ.ਆਈ.ਐਸ.ਐਫ, ਐਸ.ਐਫ.ਆਈ, ਪੀ.ਐਸ.ਯੂ(ਲ), ਪੀ.ਆਰ.ਐਸ.ਯੂ , ਅਗਰਗਾਮੀ, ਡੀ.ਐਸ.ਓ, ਪੀ.ਐਸ.ਐਫ ) ਨੇ ਅੱਜ ਇਹ ਮੋਰਚੇ ਵਿੱਚ ਐਲਾਨ ਕੀਤਾ ਕੀ 20 ਅਗਸਤ ਦੀ ਰਾਤ ਨੂੰ ਵੀ.ਸੀ. ਦਫਤਰ ਤੋਂ ਵੀ.ਸੀ. ਦੀ ਕੋਠੀ ਵੱਲ ਜਾਗੋ ਮਾਰਚ ਕੱਢਿਆ ਜਾਵੇਗਾ। ਮੋਰਚੇ ਦੇ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਪੰਜਾਬੀ ਯੂਨੀਵਰਸਿਟੀ ਦਾ ਕਰਜ਼ਾ ਮਾਫ਼ ਕਰਨ ਦਾ ਐਲਾਨ ਦੋ ਵਾਰ ਕਰ ਚੁੱਕੇ ਹਨ ਪਰ ਹਜੇ ਵੀ ਯੂਨੀਵਰਸਿਟੀ ਸਿਰ 150 ਕਰੋੜ ਤੱਕ ਕਰਜ਼ਾ ਖੜਾ ਹੈ, ਇਸ ਕਰਕੇ ਫੀਸ ਵਾਧੇ ਵਿਰੋਧੀ ਫਰੰਟ ਵੱਲੋਂ 20 ਅਗਸਤ ਨੂੰ ਪੰਜਾਬ ਸਰਕਾਰ ਦੇ ਵਿਧਾਇਕਾਂ ਦੀ ਐਂਟਰੀ ਯੂਨੀਵਰਸਿਟੀ ਤੇ ਪਾਬੰਦੀ ਲਗਾਈ ਜਾਵੇਗੀ।

# ਕਰੀਬ 38 ਲੱਖ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦਾ ਵਿਧਾਇਕ ਦਿਆਲਪੁਰਾ ਅਤੇ ਪ੍ਰਧਾਨ ਕੁੰਦਰਾ ਨੇ ਕੀਤਾ ਉਦਘਾਟਨ



**ਮਾਛੀਵਾੜਾ ਸਾਹਿਬ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਛੀਵਾੜਾ ਸਾਹਿਬ ਦੇ ਵਿਕਾਸ ਨੂੰ ਹੋਰ ਗਤੀ ਦੇਣ ਦੇ ਮੰਤਵ ਨਾਲ ਅੱਜ ਇੰਦਰਾ ਕਲੋਨੀ ਵਿਖੇ ਨਗਰ ਕੌਂਸਲ ਵੱਲੋਂ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਕਾਰਜ ਦਾ ਉਦਘਾਟਨ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਅਤੇ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਸਾਂਝੇ ਤੌਰ 'ਤੇ ਕੀਤਾ। ਕੁੱਲ 37 ਲੱਖ 98 ਹਜ਼ਾਰ ਰੁਪਏ ਦੀ ਲਾਗਤ ਨਾਲ ਇੰਦਰਾ ਕਲੋਨੀ ਵਿੱਚ ਸੜਕਾਂ, ਨਾਲੀਆਂ ਅਤੇ ਸਟਰੀਟ ਲਾਈਟਾਂ ਸਮੇਤ ਹੋਰ ਬੁਨਿਆਦੀ ਸਹੂਲਤਾਂ ਦਾ ਕੰਮ ਕੀਤਾ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਅਤੇ ਨਗਰ ਕੌਂਸਲ ਦੇ ਕੌਂਸਲਰ ਵੀ ਹਾਜ਼ਰ ਸਨ। ਨੀਂਹ ਪੱਥਰ ਰੱਖਣ ਤੋਂ ਬਾਅਦ ਪ੍ਰੈਸ ਨਾਲ ਗੱਲਬਾਤ ਕਰਦਿਆਂ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਕਿਹਾ ਕਿ ਮਾਛੀਵਾੜਾ ਸਾਹਿਬ ਨੂੰ ਇੱਕ ਆਦਰਸ਼ ਸ਼ਹਿਰ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਉਨ੍ਹਾਂ ਕਿਹਾ ਕਿ ਪਿਛਲੇ ਕੁਝ ਮਹੀਨਿਆਂ ਦੌਰਾਨ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਕਰਵਾਏ ਗਏ ਹਨ, ਜਿਸ ਕਾਰਨ ਸ਼ਹਿਰ ਵਾਸੀਆਂ ਵਿੱਚ ਖੁਸ਼ੀ ਦਾ ਮਾਹੌਲ ਹੈ। ਉਨ੍ਹਾਂ ਕਿਹਾ ਸਾਡੀ ਪਹਿਲ ਹੈ ਕਿ ਸ਼ਹਿਰ ਦੀ ਹਰ ਗਲੀ, ਹਰ ਕਲੋਨੀ ਵਿੱਚ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮਿਲਣ। ਇੰਦਰਾ ਕਲੋਨੀ ਦੇ ਲੋਕਾਂ ਦੀ ਲੰਬੇ ਸਮੇਂ ਤੋਂ ਇਹ ਮੰਗ ਸੀ ਜਿਸਨੂੰ ਅੱਜ ਪੂਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਨੇ ਕਿਹਾ ਕਿ ਨਗਰ ਕੌਂਸਲ ਸ਼ਹਿਰ ਦੀ ਸਫਾਈ, ਸੜਕਾਂ ਅਤੇ ਹੋਰ ਵਿਕਾਸ ਕਾਰਜਾਂ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਸ਼ਹਿਰ ਦੇ ਬਾਕੀ ਰਹਿੰਦੇ ਵਾਰਡਾਂ ਵਿੱਚ ਵੀ ਇਸੇ ਤਰ੍ਹਾਂ ਦੇ ਵਿਕਾਸ ਕਾਰਜ ਸ਼ੁਰੂ ਕੀਤੇ ਜਾਣਗੇ। ਧਾਨ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਕਾਰਜਾਂ ਵਿੱਚ ਨਗਰ ਕੌਂਸਲ ਦਾ ਸਹਿਯੋਗ ਕਰਨ ਤਾਂ ਜੋ ਕੰਮ ਨੂੰ ਸਮੇਂ ਸਿਰ ਅਤੇ ਗੁਣਵੱਤਾ ਨਾਲ ਮੁਕੰਮਲ ਕੀਤਾ ਜਾ ਸਕੇ। ਇਲਾਕਾ ਨਿਵਾਸੀਆਂ ਨੇ ਵਿਧਾਇਕ ਅਤੇ ਨਗਰ ਕੌਂਸਲ ਪ੍ਰਧਾਨ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਸੁਖਵਿੰਦਰ ਸਿੰਘ ਗਿੱਲ, ਕੌਂਸਲਰ ਧਰਮਪਾਲ, ਨਿਰੰਜਣ ਸਿੰਘ,ਨਰਿੰਦਰ ਨਿੰਦੀ, ਬਲਜਿੰਦਰ ਸਿੰਘ ਰਿੰਕੂ,ਨਿਰਮਲ ਸਿੰਘ ਰਾਜੂ,ਲੱਕੀ ਰਾਣਾ, ਧਰਮਵੀਰ ਕੌਂਸਲ ਅਧਿਕਾਰੀ ਅਤੇ ਕਲੋਨੀ ਦੇ ਪਤਵੰਤੇ ਸੱਜਣ ਮੌਜੂਦ ਸਨ।

# ਡੇਅਰੀ ਵਿਕਾਸ ਵਿਭਾਗ ਵੱਲੋਂ 2 ਹਫ਼ਤੇ ਦਾ ਡੇਅਰੀ ਸਿਖ਼ਲਾਈ ਕੋਰਸ 24 ਅਗਸਤ ਤੋਂ

**ਜਲੰਧਰ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਡਾਇਰੈਕਟਰ, ਡੇਅਰੀ ਵਿਕਾਸ ਕਪਲਮੀਤ ਸਿੰਘ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਵਲੋਂ ਲਾਭਪਾਤਰੀਆਂ ਲਈ ਦੋ ਹਫ਼ਤੇ ਦਾ ਡੇਅਰੀ ਸਿਖ਼ਲਾਈ ਕੋਰਸ ਦਾ ਬੈਚ 24 ਅਗਸਤ 2026 ਤੋਂ ਡੇਅਰੀ ਟ੍ਰੇਨਿਗ ਸੈਂਟਰ ਫਗਵਾੜਾ ਵਿਖੇ ਸ਼ੁਰੂ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਟ੍ਰੇਨਿੰਗ ਵਿੱਚ ਦੁਧਾਰੂ ਪਸ਼ੂਆਂ ਦੀ ਖ਼ਰੀਦ ਤੋਂ ਲੈ ਕੇ ਪਸ਼ੂ ਖੁਰਾਕ, ਨਸਲ ਸੁਧਾਰ, ਸਾਂਭ-ਸੰਭਾਲ ਅਤੇ ਸੁਚੱਜੇ ਮੰਡੀਕਰਨ ਦੀਆਂ ਨਵੀਨਤਮ ਤਕਨੀਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ ਅਤੇ ਸਿਖਿਆਰਥੀਆਂ ਨੂੰ ਵਿਭਾਗੀ ਲਿਟਰੇਚਰ ਮੁਫ਼ਤ ਦਿੱਤਾ ਜਾਵੇਗਾ।

ਉਨ੍ਹਾਂ ਅੱਗੇ ਦੱਸਿਆ ਕਿ ਪੇਂਡੂ ਪਿਛੋਕੜ ਨਾਲ ਸੰਬੰਧ ਰੱਖਣ ਵਾਲੇ ਵਿਅਕਤੀ (ਮਰਦ/ਔਰਤ), ਜਿਨ੍ਹਾਂ ਦੀ ਉਮਰ 18 ਤੋਂ 55 ਸਾਲ ਦੇ ਵਿੱਚ ਹੋਵੇ, ਪੰਜਵੀਂ ਪਾਸ ਹੋਣ, ਸਿਖ਼ਲਾਈ ਵਿੱਚ ਹਿੱਸਾ ਲੈ ਸਕਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਟ੍ਰੇਨਿੰਗ ਉਪਰੰਤ ਉਮੀਦਵਾਰਾਂ ਨੂੰ 2,5,10 ਤੇ 20 ਦੁਧਾਰੂ ਪਸ਼ੂਆਂ ਦੀ ਖ਼ਰੀਦ 'ਤੇ 33% ਅਤੇ 25% ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਜਨਰਲ ਕੈਟਾਗਰੀ ਲਈ ਫੀਸ 1000 ਰੁਪਏ ਅਤੇ ਅਨੁਸੂਚਿਤ ਜਾਤੀ ਲਈ ਫੀਸ 750 ਰੁਪਏ ਹੋਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਜਲੰਧਰ ਦੇ ਸਿਖ਼ਲਾਈ ਲੈਣ ਦੇ ਚਾਹਵਾਨ ਉਮੀਦਵਾਰ 21 ਅਗਸਤ 2026 ਤੱਕ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਜਲੰਧਰ, ਆਰ.ਡੀ.ਡੀ.ਐਲ ਕੰਪਲੈਕਸ ਲਾਡੋਵਾਲੀ ਰੋਡ ਵਿਖੇ ਹਾਜ਼ਰ ਹੋ ਸਕਦੇ ਹਨ। ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 81949-08659 ਤੇ 73408-86952 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਸ੍ਰੀ ਗੁਰੂ ਰਵਿਦਾਸ ਮੰਦਿਰ ਵਿਖੇ ਹੋਏ ਨਤਮਸਤਕ




**ਜਲੰਧਰ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਭਾਦੋਂ ਮਹੀਨੇ ਦੀ ਸੰਗਰਾਦ ਦੇ ਪਵਿੱਤਰ ਦਿਹਾੜੇ ਮੌਕੇ ਸ੍ਰੀ ਗੁਰੂ ਰਵਿਦਾਸ ਮੰਦਿਰ, ਫਿਲੌਰ ਵਿਖੇ ਨਤਮਸਤਕ ਹੋ ਕੇ ਸੂਬੇ ਦੀ ਤਰੱਕੀ ਤੇ ਖੁਸ਼ਹਾਲੀ ਲਈ ਅਰਦਾਸ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ 'ਆਪ' ਆਗੂ ਹਰਜੋਤ ਕੌਰ ਲੋਹਟੀਆ ਵੀ ਮੌਜੂਦ ਸਨ।

ਸ੍ਰੀ ਗੁਰੂ ਰਵਿਦਾਸ ਮੰਦਿਰ ਵਿਖੇ ਨਤਮਸਤਕ ਹੋਣ ਉਪਰੰਤ ਸ਼੍ਰੀ ਗੜ੍ਹੀ ਨੇ ਕਿਹਾ ਕਿ ਉਹ ਬਹੁਤ ਭਾਗਾਂ ਵਾਲੇ ਹਨ, ਜੋ ਉਨ੍ਹਾਂ ਨੂੰ ਭਾਦੋਂ ਮਹੀਨੇ ਦੀ ਪਵਿੱਤਰ ਸੰਗਰਾਦ ਮੌਕੇ ਸ੍ਰੀ ਗੁਰੂ ਰਵਿਦਾਸ ਮੰਦਿਰ ਵਿਖੇ ਕਰਵਾਏ ਗਏ ਸਮਾਗਮ ਵਿੱਚ ਸ਼ਾਮਲ ਹੋਣ ਦਾ ਮੌਕਾ ਮਿਲਿਆ।

ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਸਮੁੱਚੀ ਲੋਕਾਈ ਨੂੰ ਮਨੁੱਖਤਾ ਦੀ ਭਲਾਈ ਅਤੇ ਸਰਬ ਸਾਂਝੀਵਾਲਤਾ ਦਾ ਉਪਦੇਸ਼ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦਾ ਯਤਨ ਕਰਨਾ ਚਾਹੀਦਾ ਹੈ ਤਾਂ ਜੋ ਆਦਰਸ਼ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਬੜੀ ਖੁਸ਼ੀ ਦੀ ਗੱਲ ਹੈ ਕਿ ਵੱਖ-ਵੱਖ ਵਰਗਾਂ ਦੇ ਲੋਕਾਂ ਵਲੋਂ ਧਾਰਮਿਕ ਸਮਾਗਮਾਂ ਨੂੰ ਮਿਲਜੁਲ ਕੇ ਮਨਾਇਆ ਜਾਂਦਾ ਹੈ, ਜੋ ਕਿ ਭਾਈਚਾਰਕ ਸਾਂਝ ਦਾ ਸਭ ਤੋਂ ਵੱਡਾ ਪ੍ਰਤੀਕ ਹੈ।

ਸ਼੍ਰੀ ਗੜ੍ਹੀ ਨੇ ਕਿਹਾ ਕਿ ਪੰਜਾਬ ਸਰਕਾਰ ਸਾਡੇ ਮਹਾਨ ਗੁਰੂਆਂ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈ ਕੇ ਹਰ ਵਰਗ ਦੀ ਭਲਾਈ ਲਈ ਅਣਥੱਕ ਯਤਨ ਕਰ ਰਹੀ ਹੈ ਅਤੇ ਇਨ੍ਹਾਂ ਯਤਨਾਂ ਨੂੰ ਭਵਿੱਖ ਵਿੱਚ ਵੀ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਉਨ੍ਹਾਂ ਵਿਧਾਨ ਸਭਾ ਹਲਕਾ ਫਿਲੌਰ ਦੇ ਵਿਕਾਸ ਵਿੱਚ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪਕਾਸ਼ ਪੁਰਬ ਨੂੰ ਸਮਰਪਿਤ ਵੱਡੇ ਪੱਧਰ 'ਤੇ ਸਮਾਗਮ ਉਲੀਕੇ ਗਏ ਹਨ। ਪਿੰਡਾਂ ਵਿੱਚ ਵਿਸ਼ੇਸ਼ ਐਲ.ਈ.ਡੀ.ਵੈਨਾਂ ਰਾਹੀਂ ਗੁਰੂ ਜੀ ਦੇ ਜੀਵਨ ਅਤੇ ਫਲਸਫ਼ੇ ਤੋਂ ਲੋਕਾਂ ਨੂੰ ਜਾਣੂ ਕਰਵਾਇਆ ਜਾ ਰਿਹਾ ਹੈ।

ਇਸ ਮੌਕੇ ਹਰਜੋਤ ਕੌਰ ਲੋਹਟੀਆ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ 22 ਅਗਸਤ ਨੂੰ ਕੀਰਤਨ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਰਾਜ ਕੁਮਾਰ ਸੰਧੂ, ਸੈਕਟਰੀ ਤਾਰਾ ਚੰਦ ਜੱਖੂ, ਚਮਨ ਲਾਲ, ਦਲਬੀਰ ਚੰਦ, ਬਾਬਾ ਸਰੂਪ ਸਿੰਘ, ਵੈਭਵ ਸ਼ਰਮਾ, ਭਾਰਤੀ ਤੇ ਹੋਰ ਅਹੁਦੇਦਾਰ ਵੀ ਮੌਜੂਦ ਸਨ।

# ਸ਼ਹੀਦ ਨਿਰਮਲ ਸਿੰਘ ਦੀ ਸ਼ਹਾਦਤ ਨੂੰ ਸਿਜਦਾ, ਵਿਧਾਇਕ ਅਤੇ ਡਿਪਟੀ ਕਮਿਸ਼ਨਰ ਵੱਲੋਂ ਸ਼ਰਧਾ ਦੇ ਫੁੱਲ ਭੇਟ



**ਮਲੇਰਕੋਟਲਾ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿੰਡ ਭੂਰਥਲਾ ਮੰਡੇਰ ਵਿਖੇ ਦੇਸ਼ ਦੀ ਰੱਖਿਆ ਲਈ 1971 ਦੇ ਭਾਰਤ-ਪਾਕਿਸਤਾਨ ਯੁੱਧ ਦੌਰਾਨ ਆਪਣੀ ਜਾਨ ਨਿਛਾਵਰ ਕਰਨ ਵਾਲੇ ਸ਼ਹੀਦ ਨਿਰਮਲ ਸਿੰਘ ਦੀ ਯਾਦ ਵਿੱਚ ਸਥਾਪਿਤ ਸ਼ਹੀਦੀ ਸਮਾਰਕ ਵਿਖੇ ਵਿਧਾਇਕ ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਣ ਮਾਜਰਾ ਅਤੇ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਵਿਰਾਜ ਐਸ. ਤਿੜਕੇ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਮਹਾਨ ਸ਼ਹੀਦ ਦੀ ਲਾਸਾਨੀ ਕੁਰਬਾਨੀ ਨੂੰ ਸਿਜਦਾ ਕੀਤਾ। ਇਸ ਮੌਕੇ ਸ਼ਹੀਦ ਦੇ ਪਰਿਵਾਰਕ ਮੈਂਬਰਾਂ, ਪਿੰਡ ਵਾਸੀਆਂ ਅਤੇ 15 ਪੰਜਾਬ ਬਟਾਲੀਅਨ ਦੇ ਫੌਜੀ ਜਵਾਨਾਂ ਵੱਲੋਂ ਵੀ ਸ਼ਹੀਦ ਨੂੰ ਨਮਨ ਕੀਤਾ ਗਿਆ।

ਵਿਧਾਇਕ ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਣ ਮਾਜਰਾ ਨੇ ਕਿਹਾ ਕਿ ਸ਼ਹੀਦ ਨਿਰਮਲ ਸਿੰਘ ਵਰਗੇ ਸੂਰਮੇ ਸਾਡੇ ਦੇਸ਼ ਦੀ ਅਮੁੱਲੀ ਵਿਰਾਸਤ ਹਨ, ਜਿਨ੍ਹਾਂ ਦੀ ਬਹਾਦਰੀ ਅਤੇ ਦੇਸ਼ਭਗਤੀ ਹਰ ਪੀੜ੍ਹੀ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਲਈ ਆਪਣਾ ਜੀਵਨ ਵਾਰ ਦੇਣ ਵਾਲੇ ਸ਼ਹੀਦਾਂ ਦੀ ਬਦੌਲਤ ਹੀ ਅਸੀਂ ਆਜ਼ਾਦੀ, ਅਮਨ ਅਤੇ ਸੁਰੱਖਿਆ ਦਾ ਮਾਣ ਮਾਣ ਰਹੇ ਹਾਂ। ਸ਼ਹੀਦ ਨਿਰਮਲ ਸਿੰਘ ਨੇ ਦੁਸਮਣਾ ਦਾ ਬਹਾਦਰੀ ਨਾਲ ਮੁਕਾਬਲਾ ਕਰਦਿਆਂ ਰਾਵੀ ਦਰਿਆ ਵਿੱਚ ਆਪਣੀ ਜਾਨ ਕੁਰਬਾਨ ਕਰ ਦਿੱਤੀ, ਪਰ ਦੁਸ਼ਮਣ ਅੱਗੇ ਸਮਰਪਣ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਅਜਿਹੀ ਸ਼ਹਾਦਤ ਕਦੇ ਵੀ ਵਿਅਰਥ ਨਹੀਂ ਜਾਂਦੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਮਹਾਨ ਸਪੂਤ ਦੀ ਕੁਰਬਾਨੀ ਤੋਂ ਦੇਸ਼ ਪ੍ਰੇਮ ਦੀ ਪ੍ਰੇਰਣਾ ਲੈਣੀ ਚਾਹੀਦੀ ਹੈ।

ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਨੇ ਕਿਹਾ ਕਿ ਸ਼ਹੀਦ ਨਿਰਮਲ ਸਿੰਘ ਦੀ ਕੁਰਬਾਨੀ ਸਿਰਫ਼ ਪਿੰਡ ਭੂਰਥਲਾ ਮੰਡੇਰ ਜਾਂ ਮਾਲੇਰਕੋਟਲਾ ਲਈ ਹੀ ਨਹੀਂ, ਸਗੋਂ ਸਮੁੱਚੇ ਦੇਸ਼ ਲਈ ਮਾਣ ਦਾ ਵਿਸ਼ਾ ਹੈ।

ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀਆਂ ਗਾਥਾਵਾਂ ਨੂੰ ਯਾਦ ਕਰਨਾ ਅਤੇ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੇ ਜੀਵਨ ਤੋਂ ਸਾਨੂੰ ਦੇਸ਼ ਪ੍ਰਤੀ ਫਰਜ਼, ਹਿੰਮਤ, ਅਨੁਸ਼ਾਸਨ ਅਤੇ ਸਮਰਪਣ ਦੀ ਸਿੱਖਿਆ ਮਿਲਦੀ ਹੈ। ਉਨ੍ਹਾਂ ਸ਼ਹੀਦ ਦੇ ਪਰਿਵਾਰ ਅਤੇ ਪਿੰਡ ਵਾਸੀਆਂ ਵੱਲੋਂ ਹਰ ਸਾਲ ਕਰਵਾਏ ਜਾਂਦੇ ਸ਼ਰਧਾਂਜਲੀ ਸਮਾਗਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਦੇਸ਼ ਭਗਤੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।

ਜ਼ਿਕਰਯੋਗ ਹੈ ਕਿ ਸ਼ਹੀਦ ਨਿਰਮਲ ਸਿੰਘ ਦਾ ਜਨਮ 10 ਮਾਰਚ 1950 ਨੂੰ ਮਾਤਾ ਇੰਦ ਕੌਰ ਅਤੇ ਪਿਤਾ ਕਰਤਾਰ ਸਿੰਘ ਦੇ ਘਰ ਪਿੰਡ ਭੂਰਥਲਾ ਮੰਡੇਰ ਵਿਖੇ ਹੋਇਆ।

# ਮੰਗਾਂ ਨਾ ਮੰਨੀਆਂ ਤਾਂ ਅੱਠ ਸਤੰਬਰ ਨੂੰ ਪੀ ਆਰ ਟੀ ਸੀ ਪਟਿਆਲਾ ਦੇ ਮੁੱਖ ਦਫਤਰ ਦੇ ਸਾਹਮਣੇ ਲਗਾਇਆ ਜਾਵੇਗਾ ਵਿਸ਼ਾਲ ਧਰਨਾ

**ਪਟਿਆਲਾ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਪੀ ਆਰ ਟੀ ਸੀ ਵਰਕਰਜ ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਅਤੇ ਮੈਂਬਰਾਨ ਸਰਬ ਸ੍ਰੀ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖੱਟੜਾ ਨਸੀਬ ਚੰਦ, ਤਰਸੇਮ ਸਿੰਘ ਅਤੇ ਮੁਹੰਮਦ ਖਲੀਲ ਨੇ ਕਿਹਾ ਕਿ ਪੀਆਰਟੀਸੀ ਦੀ ਮੈਨੇਜਮੈਂਟ ਜਿੱਥੇ ਵਰਕਰਾਂ ਦੇ ਕਾਨੂੰਨੀ ਤੌਰ ਤੇ ਪ੍ਰਵਾਨਤ ਕਈ ਤਰ੍ਹਾਂ ਦੇ ਵਿਤੀ ਲਾਭ ਲਾਗੂ ਕਰਨ ਤੋਂ ਮੁਜਰਮਾਨਾ ਤਰੀਕੇ ਨਾਲ ਕੁਤਾਹੀ ਕਰਕੇ ਕਾਨੂੰਨ ਦੀ ਮਿਟੀ ਪਲੀਤ ਕਰ ਰਹੀ ਹੈ। ਉੱਥੇ ਹੀ ਹੁਣ ਮੈਨੇਜਮੈਂਟ ਅਦਾਰੇ ਦੀ ਬੇਹਤਰੀ ਅਤੇ ਸੰਚਾਲਨ ਕਰਨ ਵਿੱਚ ਬੁਰੀ ਤਰ੍ਹਾਂ ਫੇਲ ਹੋ ਚੁੱਕੀ ਹੈ ਸਪਸ਼ਟ ਤੌਰ ਤੇ ਅਦਾਰੇ ਦੇ ਹਰ ਪੱਖ ਦੀ ਦੁਰਪ੍ਰਬੰਧ ਕਾਰਨ ਘੋਰ ਅਣਦੇਖੀ ਕੀਤੀ ਜਾ ਰਹੀ ਹੈ ਜਿਸ ਤੋਂ ਸਾਫ ਨਜ਼ਰ ਆ ਰਿਹਾ ਹੈ ਕਿ ਅਦਾਰੇ ਦਾ ਭਵਿੱਖ ਬਹੁਤ ਧੁੰਦਲਾ ਹੋ ਜਾਣਾ ਹੈ ਅਤੇ ਵਿਤੀ ਸੰਕਟ ਖੜਾ ਹੋ ਜਾਏਗਾ ਜਿਸ ਦਾ ਖਮਿਆਜਾ ਪੀਆਰਟੀਸੀ ਦੇ ਮੌਜੂਦਾ ਕਰਮਚਾਰੀ ਅਤੇ ਪੈਨਸ਼ਨਰ ਭੁਗਤਣਗੇ ਪਰ ਇਸ ਦੁਰਪ੍ਰਬੰਧ ਲਈ ਅਦਾਰੇ ਦੇ ਕਿਸੇ ਅਧਿਕਾਰੀ ਨੂੰ ਇਸ ਭ੍ਰਿਸ਼ਟ ਨਿਜ਼ਾਮ ਵਿੱਚ ਕੁਝ ਨਹੀਂ ਕਿਹਾ ਜਾਵੇਗਾ

ਐਕਸਨ ਕਮੇਟੀ ਦੇ ਆਗੂਆਂ ਨੇ ਸਖਤ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਪੀਆਰਟੀਸੀ ਦੀ ਮੈਨੇਜਮੈਂਟ ਨੇ ਸਰਕਾਰ ਵੱਲੋਂ ਐਨ ਪੀ ਐਸ ਸਬੰਧੀ ਕੀਤੇ ਹੋਏ ਹੁਕਮਾਂ ਦੀ ਉਲੰਘਣਾ ਕਰਕੇ ਹੱਕਦਾਰ ਵਰਕਰਾਂ ਨੂੰ ਐਨਪੀਐਸ ਦਾ ਅਜੇ ਤੱਕ ਹੱਕਦਾਰ ਨਹੀਂ ਬਣਾਇਆ ਜਿਸ ਨਾਲ ਵਰਕਰਾਂ ਦਾ ਭਵਿੱਖ ਦਾ ਅਣਕਿਆਸਿਆ ਨੁਕਸਾਨ ਹੋ ਰਿਹਾ ਹੈ। ਇਸੇ ਤਰ੍ਹਾਂ 50 ਕੁ ਕਰਮਚਾਰੀ ਜਿਨਾਂ ਨੇ ਜਨਵਰੀ 2004 ਤੋਂ ਪਹਿਲਾਂ ਨੌਕਰੀ ਲਈ ਅਪਲਾਈ ਕੀਤਾ ਸੀ ਪਰ ਨੌਕਰੀ ਜਨਵਰੀ 2004 ਤੋਂ ਬਾਅਦ ਮਿਲੀ ਸੀ ਉਹ ਸਰਕਾਰ ਦੇ ਹੁਕਮਾਂ ਮੁਤਾਬਿਕ ਪੁਰਾਣੀ ਪੈਨਸ਼ਨ ਦੇ ਹੱਕਦਾਰ ਹਨ ਪਰ ਪ੍ਰਬੰਧਕਾਂ ਨੇ ਅਜੇ ਤੱਕ ਵੀ ਉਹਨਾਂ ਨੂੰ ਪੈਨਸ਼ਨ ਦਾ ਲਾਭ ਨਹੀਂ ਦਿੱਤਾ। ਐਕਸ਼ਨ ਕਮੇਟੀ ਦੇ ਆਗੂਆਂ ਨੇ ਐਲਾਨ ਕੀਤਾ ਕਿ ਜੇਕਰ ਬਿਨਾਂ ਕਿਸੇ ਟਾਲ ਮਟੋਲ ਤੋਂ ਵਰਨਣ ਕੀਤੀਆਂ ਮੰਗਾਂ 15 ਦਿਨਾਂ ਦੇ ਅੰਦਰ ਅੰਦਰ ਪੂਰਨ ਰੂਪ ਵਿੱਚ ਮੰਨ ਕੇ ਲਾਗੂ ਨਾ ਕੀਤੀਆਂ ਗਈਆਂ ਤਾਂ ਅੱਠ ਸਤੰਬਰ 2026 ਨੂੰ ਪੀ ਆਰ ਟੀ ਸੀ ਪਟਿਆਲਾ ਦੇ ਮੁੱਖ ਦਫਤਰ ਦੇ ਸਾਹਮਣੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ ਅਤੇ ਇਸ ਤੋਂ ਪਹਿਲਾਂ ਰੈਲੀਆਂ ਪ੍ਰੈਸ ਨੋਟ ਮੀਟਿੰਗਾਂ ਆਦਿ ਦਾ ਸਿਲਸਿਲਾ ਲਗਾਤਾਰ ਜਾਰੀ ਰਖਿਅ ਜਾਵੇਗਾ

# ਵਪਾਰੀਆਂ ਦੇ ਮਸਲੇ ਸਬੰਧੀ ਹ਼ਫਤਾਵਾਰੀ ਸਮੀਖਿਆ ਬੈਠਕ ਕੀਤੀ ਗਈ



**ਬਠਿੰਡਾ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਉਪ ਮੰਡਲ ਮੈਜਿਸਟਰੇਟ ਬਠਿੰਡਾ ਸ਼੍ਰੀ ਅਮਨਦੀਪ ਸਿੰਘ ਮਾਵੀ ਨੇ ਜ਼ਿਲ੍ਹੇ ਦੇ ਪ੍ਰਸ਼ਾਸਕੀ ਵਿਭਾਗਾਂ ਦੀ ਬੈਠਕ ਦੌਰਾਨ ਵਪਾਰੀ ਵਰਗ ਦੇ ਮਸਲਿਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਹਰ ਸੋਮਵਾਰ ਨੂੰ ਜ਼ਿਲ੍ਹਾ ਪੱਧਰ ਉੱਤੇ ਵਪਾਰੀ ਵਰਗ ਨਾਲ ਸਬੰਧਤ ਮਸਲੇ ਹੱਲ ਕੀਤੇ ਜਾਂਦੇ ਹਨ ਅਤੇ ਸਬੰਧਿਤ ਉਪ ਮੰਡਲ ਮਜਿਸਟ੍ਰੇਟਾਂ ਵੱਲੋ ਵੀ ਆਪਣੀ ਸਬ ਡਵੀਜ਼ਨਾਂ 'ਚ ਵਪਾਰੀਆਂ ਨਾਮ ਮੀਟਿੰਗ ਕੀਤੀ ਜਾਂਦੀ ਹੈ।

ਇਸ ਮੌਕੇ ਐਕਸਾਈਜ਼ ਐਂਡ ਟੈਕਸੇਸ਼ਨ ਬਠਿੰਡਾ ਦੇ ਚੇਅਰਮੈਨ ਸ੍ਰੀ ਬਿਕਰਮ ਲਵਲੀ, ਪ੍ਰਧਾਨ ਪੰਜਾਬ ਕ੍ਰਿਕਟ ਐਸੋਸੀਏਸ਼ਨ ਸ਼੍ਰੀ ਅਮਰਜੀਤ ਮਹਿਤਾ, ਸਹਾਇਕ ਕਮਿਸ਼ਨਰ ਆਬਕਾਰੀ ਵਿਭਾਗ (ਜੀ.ਐੱਸ.ਟੀ) ਮੈਡਮ ਪ੍ਰਭਦੀਪ ਕੌਰ, ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ ਸ਼੍ਰੀ ਜਸਵਿੰਦਰ ਸਿੰਘ, ਤੋਂ ਇਲਾਵਾ ਪੁਲਸ, ਲੋਕ ਨਿਰਮਾਣ ਵਿਭਾਗ, ਮੰਡੀ ਬੋਰਡ, ਬਿਜਲੀ ਵਿਭਾਗ, ਸਥਾਨਕ ਸਰਕਾਰਾਂ, ਮਾਰਕੀਟ ਕਮੇਟੀ, ਨਗਰ ਨਿਗਮ, ਸਿੰਚਾਈ ਵਿਭਾਗ, ਪੁੱਡਾ ਅਤੇ ਹੋਰਨਾਂ ਵਿਭਾਗਾਂ ਦੇ ਅਧਿਕਾਰੀਆਂ ਆਦਿ ਹਾਜ਼ਰ ਸਨ।

ਇਸ ਮੌਕੇ ਸਹਾਇਕ ਕਮਿਸ਼ਨਰ ਨੇ ਸਮੂਹ ਵਿਭਾਗੀ ਮੁਖੀਆਂ ਅਤੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਵਪਾਰੀ ਵਰਗ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਕਿਸੇ ਵੀ ਪੱਧਰ 'ਤੇ ਅਣਗਹਿਲੀ ਜਾਂ ਬੇਲੋੜੀ ਦੇਰੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜੋ ਪੋਰਟਲ 'ਤੇ ਪ੍ਰਾਪਤ ਸ਼ਿਕਾਇਤਾਂ ਪ੍ਰਾਪਤ ਹੁੰਦੀਆਂ ਹਨ, ਉਨ੍ਹਾਂ ਸ਼ਿਕਾਇਤਾਂ ਨੂੰ ਨਿਰਧਾਰਿਤ ਸਮਾਂ-ਸੀਮਾ ਅੰਦਰ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇ।

ਬੈਠਕ ਦੌਰਾਨ ਵੱਖ-ਵੱਖ ਵਿਧਾਨ ਸਭਾ ਹਲਕਿਆਂ ਦੇ ਬਾਜ਼ਾਰਾਂ ਚ ਦਰਪੇਸ਼ ਆਉਣ ਵਾਲੀਆਂ ਪੀਣ ਵਾਲੇ ਪਾਣੀ, ਸੀਵਰ, ਵੱਖ-ਵੱਖ ਸ਼ਹਿਰਾਂ ਦੇ ਜਨਤਕ ਪਖਾਨਿਆਂ, ਸੜਕਾਂ ਸਬੰਧੀ ਸਮੱਸਿਆ, ਸਟਰੀਟ ਲਾਇਟਾਂ, ਕੂੜਾ ਚੁੱਕਣ ਆਦਿ ਸਬੰਧੀ ਮੁੱਦੇ ਹੱਲ ਕੀਤੇ ਗਏ।

ਇਸ ਮੀਟਿੰਗ ਵਿੱਚ ਸ੍ਰੀ ਰਾਕੇਸ਼ ਗੁਪਤਾ ਬਠਿੰਡਾ ਅਰਬਨ ਦੇ ਚੇਅਰਮੈਨ ਐਕਸਾਈਜ਼ ਐਂਡ ਟੈਕਸੇਸ਼ਨ ਅਤੇ ਸੀਨੀਅਰ ਮੈਂਬਰਾਂ ਸਮੇਤ ਵੱਡੀ ਗਿਣਤੀ ਵਿੱਚ ਵਪਾਰੀ ਵਰਗ ਵੱਲੋਂ ਪੂਰੇ ਉਤਸ਼ਾਹ ਨਾਲ ਭਾਗ ਲਿਆ ਗਿਆ।

# ਡਾ. ਬਲਜੀਤ ਕੌਰ ਵੱਲੋਂ ਗੁਰਦਾਸਪੁਰ ਦੇ ਘੱਟ ਗਿਣਤੀ ਬਹੁਲ ਖੇਤਰਾਂ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ 8.33 ਕਰੋੜ ਰੁਪਏ ਜਾਰੀ ਕਰਨ ਦਾ ਐਲਾਨ



**ਚੰਡੀਗੜ੍ਹ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਐਲਾਨ ਕੀਤਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਗੁਰਦਾਸਪੁਰ ਜ਼ਿਲ੍ਹੇ ਦੇ ਘੱਟ ਗਿਣਤੀ ਬਹੁਲ ਖੇਤਰਾਂ ਵਿੱਚ ਅਹਿਮ ਬੁਨਿਆਦੀ ਢਾਂਚਾਗਤ ਪ੍ਰੋਜੈਕਟਾਂ ਨੂੰ ਮੁਕੰਮਲ ਕਰਨ ਲਈ 8.33 ਕਰੋੜ ਰੁਪਏ ਮਨਜ਼ੂਰ ਕਰਕੇ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਇਹ ਉਪਰਾਲੇ ਸੂਬਾ ਸਰਕਾਰ ਵੱਲੋਂ ਜਨਤਕ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਘੱਟ ਗਿਣਤੀ ਭਾਈਚਾਰਿਆਂ ਦੇ ਵਿਦਿਅਕ, ਸਮਾਜਿਕ ਅਤੇ ਆਰਥਿਕ ਸਸ਼ਕਤੀਕਰਨ ਨੂੰ ਯਕੀਨੀ ਬਣਾਉਣ ਲਈ ਕੀਤੀ ਜਾ ਰਹੀ ਦ੍ਰਿੜ ਵਚਨਬੱਧਤਾ ਦਾ ਪ੍ਰਤੀਕ ਹਨ, ਜਿਸ ਨਾਲ ਸਮਾਵੇਸ਼ੀ ਵਿਕਾਸ ਨੂੰ ਹੋਰ ਗਤੀ ਮਿਲੇਗੀ।

ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਹ ਰਾਸ਼ੀ ਗੁਰਦਾਸਪੁਰ, ਕਲਾਨੌਰ, ਡੇਰਾ ਬਾਬਾ ਨਾਨਕ ਅਤੇ ਧਾਰੀਵਾਲ ਬਲਾਕਾਂ ਵਿੱਚ 258 ਆਂਗਣਵਾੜੀ ਕੇਂਦਰਾਂ, 4 ਕਮਿਊਨਿਟੀ ਕੰਪਲੈਕਸਾਂ ਅਤੇ 6 ਐਡੀਸ਼ਨਲ ਕਲਾਸ ਰੂਮਾਂ ਦੇ ਨਿਰਮਾਣ ਕਾਰਜ ਮੁਕੰਮਲ ਕਰਨ ਲਈ ਵਰਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਨਾਲ ਭਾਈਚਾਰਕ ਬੁਨਿਆਦੀ ਢਾਂਚਾ ਹੋਰ ਮਜ਼ਬੂਤ ਹੋਵੇਗਾ, ਲੋਕਾਂ ਨੂੰ ਬਿਹਤਰ ਜਨਤਕ ਸੇਵਾਵਾਂ ਮਿਲਣਗੀਆਂ ਅਤੇ ਬੱਚਿਆਂ, ਮਹਿਲਾਵਾਂ ਅਤੇ ਸਥਾਨਕ ਵਸਨੀਕਾਂ ਲਈ ਸੁਵਿਧਾਵਾਂ ਵਿੱਚ ਵਾਧਾ ਹੋਵੇਗਾ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਮਨਜ਼ੂਰਸ਼ੁਦਾ ਪ੍ਰੋਜੈਕਟਾਂ ਵਿੱਚ ਗੁਰਦਾਸਪੁਰ ਬਲਾਕ ਵਿੱਚ 78 ਆਂਗਣਵਾੜੀ ਕੇਂਦਰਾਂ ਅਤੇ 01 ਕਮਿਊਨਿਟੀ ਕੰਪਲੈਕਸ, ਡੇਰਾ ਬਾਬਾ ਨਾਨਕ ਬਲਾਕ ਵਿੱਚ 57 ਆਂਗਣਵਾੜੀ ਕੇਂਦਰਾਂ, 01 ਕਮਿਊਨਿਟੀ ਕੰਪਲੈਕਸ ਅਤੇ 5 ਐਡੀਸ਼ਨਲ ਕਲਾਸ ਰੂਮ, ਕਲਾਨੌਰ ਬਲਾਕ ਵਿੱਚ 51 ਆਂਗਣਵਾੜੀ ਕੇਂਦਰਾਂ, 01 ਕਮਿਊਨਿਟੀ ਕੰਪਲੈਕਸ ਅਤੇ 01 ਐਡੀਸ਼ਨਲ ਕਲਾਸ ਰੂਮ, ਜਦਕਿ ਧਾਰੀਵਾਲ ਬਲਾਕ ਵਿੱਚ 72 ਆਂਗਣਵਾੜੀ ਕੇਂਦਰਾਂ ਅਤੇ 01 ਕਮਿਊਨਿਟੀ ਕੰਪਲੈਕਸ ਦੇ ਨਿਰਮਾਣ ਕਾਰਜ ਮੁਕੰਮਲ ਕੀਤੇ ਜਾਣਗੇ।

ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਪ੍ਰੋਜੈਕਟ ਸਥਾਈ ਭਾਈਚਾਰਕ ਸੰਪਤੀਆਂ ਸਿਰਜਣ ਦੇ ਨਾਲ-ਨਾਲ ਲੋਕਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਲਿਆਉਣਗੇ ਅਤੇ ਵਿਕਾਸ ਦੇ ਲਾਭ ਜ਼ਿਲ੍ਹੇ ਦੇ ਹਰ ਕੋਨੇ ਤੱਕ ਪਹੁੰਚਾਉਣ ਨੂੰ ਯਕੀਨੀ ਬਣਾਉਣਗੇ।

ਡਾ. ਬਲਜੀਤ ਕੌਰ ਨੇ ਦੁਹਰਾਇਆ ਕਿ ਇਹ ਪ੍ਰੋਜੈਕਟ ਜ਼ਮੀਨੀ ਪੱਧਰ 'ਤੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਬਾਲ ਸੰਭਾਲ, ਸਿੱਖਿਆ ਅਤੇ ਭਾਈਚਾਰਕ ਸੇਵਾਵਾਂ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣਗੇ, ਜਿਸ ਦਾ ਲਾਭ ਸਮਾਜ ਦੇ ਹਰ ਵਰਗ ਨੂੰ ਮਿਲੇਗਾ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਆਧੁਨਿਕ ਜਨਤਕ ਬੁਨਿਆਦੀ ਢਾਂਚੇ ਦੇ ਵਿਕਾਸ ਰਾਹੀਂ ਸਮਾਜ ਦੇ ਹਰ ਵਰਗ ਤੱਕ ਵਿਕਾਸ ਦੇ ਲਾਭ ਪਹੁੰਚਾਉਣ ਅਤੇ ਰੰਗਲਾ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਟਰਾਂਸਪੋਰਟ ਅਤੇ ਜਲ ਸਪਲਾਈ ਵਿਭਾਗ ਦੀਆਂ ਮੁਲਾਜ਼ਮ ਯੂਨੀਅਨਾਂ ਨਾਲ ਮੀਟਿੰਗਾਂ



**ਚੰਡੀਗੜ੍ਹ, 20 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਜੋ ਕਿ ਮੁਲਾਜ਼ਮਾਂ ਦੇ ਮਸਲਿਆਂ ਅਤੇ ਸ਼ਿਕਾਇਤਾਂ ਦੇ ਹੱਲ ਲਈ ਬਣਾਈ ਗਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵੀ ਹਨ, ਨੇ ਅੱਜ ਟਰਾਂਸਪੋਰਟ ਅਤੇ ਜਲ ਸਪਲਾਈ ਵਿਭਾਗ ਦੀਆਂ ਮੁਲਾਜ਼ਮ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗਾਂ ਦੀ ਪ੍ਰਧਾਨਗੀ ਕੀਤੀ।

ਪੰਜਾਬ ਰੋਡਵੇਜ਼ ਪਨਬੱਸ / ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ, ਗ੍ਰਾਮ ਪੰਚਾਇਤ ਜਲ ਸਪਲਾਈ ਪੰਪ ਆਪਰੇਟਰਜ਼ ਐਸੋਸੀਏਸ਼ਨ ਅਤੇ ਸੋਸ਼ਲ ਇੰਪਲਾਈਜ਼ ਯੂਨੀਅਨ ਨਾਲ ਹੋਈਆਂ ਮੀਟਿੰਗਾਂ ਬਾਰੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਆਊਟਸੋਰਸਡ ਪ੍ਰਬੰਧਾਂ ਤੋਂ ਸਿੱਧੇ ਠੇਕਾ ਅਧਾਰਤ ਰੁਜ਼ਗਾਰ ਵਿੱਚ ਤਬਦੀਲੀ ਬਾਰੇ ਯੂਨੀਅਨ ਦੇ ਨੁਮਾਇੰਦਿਆਂ ਵੱਲੋਂ ਉਠਾਏ ਗਏ ਮੁੱਦਿਆਂ 'ਤੇ ਵਿਸਤਾਰ ਨਾਲ ਚਰਚਾ ਕੀਤੀ ਗਈ। ਬਿੱਲ ਪਾਸ ਹੋਣ ਤੋਂ ਬਾਅਦ, ਸਬੰਧਤ ਵਿਭਾਗਾਂ ਵੱਲੋਂ ਲੋੜੀਂਦੀਆਂ ਪ੍ਰਸ਼ਾਸਕੀ ਪ੍ਰਕਿਰਿਆਵਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਨੂੰ ਜਲਦੀ ਹੀ ਅੰਤਿਮ ਰੂ? ਦੇ ਦਿੱਤਾ ਜਾਵੇਗਾ।

ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਇਸ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੰਦਿਆਂ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਵਿਭਾਗਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਇਹ ਯਕੀਨੀ ਬਣਾਉਣ ਕਿ ਸਮੁੱਚੀ ਕਾਰਵਾਈ ਪਾਰਦਰਸ਼ੀ ਅਤੇ ਤੇਜ਼ੀ ਨਾਲ ਨੇਪਰੇ ਚਾੜ੍ਹੀ ਜਾਵੇ ਤਾਂ ਜੋ ਯੋਗ ਆਊਟਸੋਰਸਡ ਵਰਕਰਾਂ ਨੂੰ ਨਵੇਂ ਕਾਨੂੰਨੀ ਦਾਇਰੇ ਦਾ ਲਾਭ ਲੈਣ ਵਿੱਚ ਬੇਲੋੜੀ ਦੇਰੀ ਦਾ ਸਾਹਮਣਾ ਨਾ ਕਰਨਾ ਪਵੇ।

ਯੂਨੀਅਨ ਦੇ ਨੁਮਾਇੰਦਿਆਂ ਨੇ ਕੈਬਨਿਟ ਸਬ-ਕਮੇਟੀ ਨੂੰ ਆਪਣੀਆਂ ਚਿੰਤਾਵਾਂ ਤੋਂ ਜਾਣੂ ਕਰਵਾਇਆ ਅਤੇ ਆਊਟਸੋਰਸਡ ਕਰਮਚਾਰੀਆਂ ਨੂੰ ਠੇਕਾ ਅਧਾਰਤ ਰੁਜ਼ਗਾਰ ਵਿੱਚ ਤਬਦੀਲ ਕਰਨ ਨਾਲ ਸਬੰਧਤ ਉਪਬੰਧਾਂ ਨੂੰ ਸਮੇਂ ਸਿਰ ਲਾਗੂ ਕਰਨ ਦੀ ਮੰਗ ਕੀਤੀ। ਵਿੱਤ ਮੰਤਰੀ ਨੇ ਕਿਹਾ, ਪੰਜਾਬ ਸਰਕਾਰ ਇਸ ਬਿੱਲ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਕਦਮ ਚੁੱਕਣ ਲਈ ਵਚਨਬੱਧ ਹੈ ਕਿ ਯੋਗ ਵਰਕਰਾਂ ਨੂੰ ਇਸ ਤਹਿਤ ਮਿਲਦੇ ਲਾਭ ਮਿਲ ਸਕਣ।

ਇਨ੍ਹਾਂ ਮੀਟਿੰਗਾਂ ਵਿੱਚ ਵਰਿੰਦਰ ਸਿੰਘ ਮੋਮੀ, ਰੇਸ਼ਮ ਸਿੰਘ ਗਿੱਲ, ਸ਼ਮਸ਼ੇਰ ਸਿੰਘ, ਹਰਕੇਸ਼ ਕੁਮਾਰ ਰੋਹੀ ਰਾਮ, ਬਲਜੀਤ ਸਿੰਘ, ਬਲਵਿੰਦਰ ਸਿੰਘ ਰਾਠ, ਜਗਜੀਤ ਸਿੰਘ, ਜਤਿੰਦਰ ਸਿੰਘ, ਰਣਜੀਤ ਸਿੰਘ, ਸੁਰਜੀਤ ਕੌਰ, ਜਸਦੀਪ ਸਿੰਘ ਅਤੇ ਬਲਜੀਤ ਸਿੰਘ ਸਮੇਤ ਪ੍ਰਮੁੱਖ ਮੁਲਾਜ਼ਮ ਯੂਨੀਅਨ ਆਗੂ ਹਜ਼ਾਰ ਸਨ।

# ਪੰਜਾਬ ਦੇ ਮੁੱਦੇ ਛੱਡ ਕੁਰਸੀ ਦੀ ਲੜਾਈ ਲੜ ਰਹੀਆਂ ਸਿਆਸੀ ਧਿਰਾਂ : ਸਤਨਾਮ ਸੰਧੂ

**ਕੌਮੀ ਪਤ੍ਰਿਕਾ**

ਸ੍ਰੀ ਅਨੰਦਪੁਰ ਸਾਹਿਬ 20 ਅਗਸਤ। ਰਾਜ ਸਭਾ ਮੈਂਬਰ ਅਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸਤਨਾਮ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਦੀਆਂ ਸਿਆਸੀ ਪਾਰਟੀਆਂ ਸੂਬੇ ਦੇ ਗੰਭੀਰ ਮੁੱਦਿਆਂ ਨੂੰ ਹੱਲ ਕਰਨ ਦੀ ਬਜਾਏ ਕੁਰਸੀ ਦੀ ਲੜਾਈ ਵਿੱਚ ਉਲਝੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਇਸ ਸਮੇਂ ਕਰਜ਼ੇ, ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ, ਕਿਸਾਨੀ ਸੰਕਟ, ਬੇਰੁਜ਼ਗਾਰੀ, ਜਵਾਨੀ ਦੇ ਵਿਦੇਸ਼ ਜਾਣ ਅਤੇ ਕੁਦਰਤੀ ਆਫ਼ਤਾਂ ਵਰਗੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ, ਪਰ ਇਨ੍ਹਾਂ ਦੇ ਹੱਲ ਲਈ ਸਿਆਸੀ ਪੱਧਰ 'ਤੇ ਲੋੜੀਂਦੀ ਗੰਭੀਰਤਾ ਨਹੀਂ ਦਿਖਾਈ ਜਾ ਰਹੀ। ਸ੍ਰੀ ਆਨੰਦਪੁਰ ਸਾਹਿਬ ਵਿਖੇ ਰੋਟਰੀ ਕਲੱਬ ਦੀ ਇੰਸਟਾਲੇਸ਼ਨ ਸੈਰੇਮਨੀ ਵਿੱਚ ਸ਼ਿਰਕਤ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਸੰਧੂ ਨੇ ਕਿਹਾ ਕਿ ਪੰਜਾਬ ਸਿਰ ਕਰੀਬ ਪੌਣੇ ਪੰਜ ਲੱਖ ਕਰੋੜ ਰੁਪਏ ਦਾ ਕਰਜ਼ਾ ਹੈ ਅਤੇ ਧਰਤੀ ਹੇਠਲਾ ਪਾਣੀ ਲਗਾਤਾਰ ਹੇਠਾਂ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਆਏ ਹੜ੍ਹਾਂ ਨੇ ਵੀ ਸੂਬੇ ਨੂੰ ਵੱਡਾ ਨੁਕਸਾਨ ਪਹੁੰਚਾਇਆ। ਸਿਆਸੀ



ਪਾਰਟੀਆਂ ਦੀ ਪਹਿਲੀ ਤਰਜੀਹ ਪੰਜਾਬ ਨੂੰ ਇਨ੍ਹਾਂ ਸੰਕਟਾਂ ਵਿੱਚੋਂ ਕੱਢਣਾ ਹੋਣੀ ਚਾਹੀਦੀ ਹੈ। ਭਾਜਪਾ-ਅਕਾਲੀ ਦਲ ਗੱਠਜੋੜ ਦੀਆਂ ਚਰਚਾਵਾਂ ਬਾਰੇ ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਨੂੰ ਸਿੱਧੇ ਤੌਰ 'ਤੇ ਗੱਠਜੋੜ ਨਾਲ ਜੋੜਨਾ ਜਲਦਬਾਜ਼ੀ ਹੋਵੇਗੀ। ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਦੀਆਂ ਸਾਰੀਆਂ 117 ਵਿਧਾਨ ਸਭਾ ਸੀਟਾਂ 'ਤੇ ਚੋਣ ਲੜਨ ਲਈ ਤਿਆਰ ਹੈ ਅਤੇ ਭਵਿੱਖ ਵਿੱਚ ਗੱਠਜੋੜ ਸਬੰਧੀ ਅੰਤਿਮ ਫੈਸਲਾ ਪਾਰਟੀ ਦੀ ਹਾਈਕਮਾਂਡ ਹੀ ਕਰੇਗੀ। ਸਿਆਸਤ ਵਿੱਚ ਡਿੱਗ ਰਹੇ ਮਿਆਰਾਂ 'ਤੇ ਚਿੰਤਾ ਜ਼ਾਹਿਰ ਕਰਦਿਆਂ ਸ੍ਰੀ ਸੰਧੂ ਨੇ ਕਿਹਾ ਕਿ ਵਿਚਾਰਾਂ ਦੇ ਵਖਰੇਵੇਂ ਨੂੰ ਨਿੱਜੀ ਦੂਸ਼ਣਬਾਜ਼ੀ ਅਤੇ ਕਿਰਦਾਰਕੁਸ਼ੀ ਵਿੱਚ ਨਹੀਂ ਬਦਲਣਾ ਚਾਹੀਦਾ। ਉਨ੍ਹਾਂ ਏ.ਆਈ ਦੀ ਦੁਰਵਰਤੋਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਆਗੂਆਂ ਦੇ ਜਾਅਲੀ ਕਿਰਦਾਰ ਤਿਆਰ ਕਰਕੇ ਉਨ੍ਹਾਂ ਨੂੰ ਬਦਨਾਮ ਕਰਨਾ ਬੇਹੱਦ ਗੈਰ-ਜ਼ਿੰਮੇਵਾਰਾਨਾ ਕਾਰਵਾਈ ਹੈ। ਬੰਦੀ ਸਿੰਘਾਂ ਦੀ ਰਿਹਾਈ ਦੇ ਮੁੱਦੇ 'ਤੇ ਉਨ੍ਹਾਂ ਕਿਹਾ ਕਿ ਅਜਿਹੇ ਮਾਮਲਿਆਂ ਨੂੰ ਸਿਆਸੀ ਲਾਹੇ ਦੀ ਬਜਾਏ ਗੰਭੀਰਤਾ ਨਾਲ ਹੱਲ ਕਰਵਾਉਣ ਦੀ ਲੋੜ ਹੈ। ਇਸ ਮੌਕੇ ਭਾਜਪਾ ਆਗੂ ਰਤਨ ਕੁਮਾਰ ਧਨੇੜਾ, ਅਮਰ ਸੋਢੀ ਆਦਿ ਹਾਜਰ ਸਨ। ਸੰਸਦ ਦੇ ਮਾਨਸੂਨ ਇਜਲਾਸ ਬਾਰੇ ਉਨ੍ਹਾਂ ਵਿਰੋਧੀ ਧਿਰ 'ਤੇ ਲਗਾਤਾਰ ਹੰਗਾਮਾ ਕਰਨ ਦਾ ਦੋਸ਼ ਲਾਇਆ। ਉਨ੍ਹਾਂ ਕਿਹਾ ਕਿ ਇਸ ਕਾਰਨ ਲੋਕਾਂ ਨਾਲ ਸਬੰਧਤ ਮੁੱਦੇ ਸੰਸਦ ਵਿੱਚ ਉਠਾਉਣ ਦਾ ਮੌਕਾ ਨਹੀਂ ਮਿਲ ਰਿਹਾ। ਉਨ੍ਹਾਂ ਕਿਹਾ ਕਿ ਉਹ ਰੂਪਨਗਰ ਦੀ ਇਤਿਹਾਸਕ ਵਿਰਾਸਤ, ਨਹਿਰੀ ਸਿੰਚਾਈ ਅਤੇ ਸੜਕਾਂ ਨਾਲ ਜੁੜੇ ਮੁੱਦੇ ਰਾਜ ਸਭਾ ਵਿੱਚ ਉਠਾਉਣਾ ਚਾਹੁੰਦੇ ਹਨ। ਉਨ੍ਹਾਂ ਵਿਰੋਧੀ ਧਿਰ ਨੂੰ ਹੰਗਾਮੇ ਦੀ ਬਜਾਏ ਸੰਸਦ ਦੇ ਅੰਦਰ ਮੁੱਦੇ ਉਠਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਦੇ ਭਵਿੱਖ ਲਈ ਸਿਆਸੀ ਲੜਾਈ ਕੁਰਸੀ ਦੀ ਬਜਾਏ ਮੁੱਦਿਆਂ ਅਤੇ ਨੀਤੀਆਂ 'ਤੇ ਹੋਣੀ ਚਾਹੀਦੀ ਹੈ।

## ਮਲਕੀਤ ਹੁੰਦਲ ਸ਼ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਯੂਥ ਵਿੰਗ ਮਾਝਾ ਜ਼ੋਨ ਦੇ ਪ੍ਰਧਾਨ ਨਿਯੁਕਤ

ਅੰਮ੍ਰਿਤਸਰ 20 ਅਗਸਤ। ਸ਼?ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੀਆਂ ਦਿਸ਼ਾ ਨਿਰਦੇਸ਼ਾਂ ਤਹਿਤ ਯੂਥ ਵਿੰਗ ਪੰਜਾਬ ਦੇ ਪ੍ਰਧਾਨ ਗੁਰਜੀਤ ਸਿੰਘ ਤਲਵੰਡੀ ਵੱਲੋਂ ਗੁਰੂ ਨਗਰੀ ਦੇ ਮਿਹਨਤੀ ਅਤੇ ਹੋਣਹਾਰ ਨੌਜਵਾਨ ਮਲਕੀਤ ਸਿੰਘ ਹੁੰਦਲ ਨੂੰ ਮਾਝਾ ਜ਼ੋਨ ਦਾ ਪ੍ਰਧਾਨ ਨਿਯੁਕਤ ਕੀਤਾ ਹੈ। ਇਸ ਸਬੰਧ 'ਚ ਗੱਲਬਾਤ ਕਰਦਿਆਂ ਮਲਕੀਤ ਸਿੰਘ ਹੁੰਦਲ ਨੇ ਕਿਹਾ ਕਿ ਸ਼?ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਯੂਥ ਵਿੰਗ ਮਾਝਾ ਜ਼ੋਨ ਦਾ ਮੈਨੂੰ ਪ੍ਰਧਾਨ ਨਿਯੁਕਤ ਕਰਕੇ ਜੋ ਮਾਣ ਤੇ ਸਤਿਕਾਰ ਬਖ਼ਸ਼ਿਆ ਗਿਆ ਹੈ ਉਸ ਲਈ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ, ਗੁਰਪ੍ਰਤਾਪ ਸਿੰਘ ਵਡਾਲਾ, ਬੀਬੀ ਜਗੀਰ ਕੌਰ, ਜਥੇ.ਸੁੱਚਾ ਸਿੰਘ ਛੋਟੇਪੁਰ ਅਤੇ ਯੂਥਵਿੰਗ ਪੰਜਾਬ ਦੇ ਪ੍ਰਧਾਨ ਗੁਰਜੀਤ ਸਿੰਘ ਤਲਵੰਡੀ ਦਾ ਮੈਂ ਤਹਿਦਿਲੋਂ ਸ਼ੁੱਕਰਗੁਜ਼ਾਰ ਹਾਂ ਅਤੇ ਭਰੋਸਾ ਦਿਵਾਉਂਦਾ ਹਾਂ ਕਿ ਇਸ ਜ਼ਿੰਮੇਵਾਰੀ ਨੂੰ ਪੂਰੀ ਮਿਹਨਤ ਤੇ ਲਗਨ ਨਾਲ ਨਿਭਾਵਾਂਗਾ। ਮਲਕੀਤ ਸਿੰਘ ਹੁੰਦਲ ਨੇ ਕਿਹਾ ਕਿ ਅਗਾਮੀ 2027 ਦੀਆਂ ਵਿਧਾਨ ਸਭਾ ਚੋਣ ਦੇ ਮੱਦੇਨਜ਼ਰ ਪਾਰਟੀ ਨੂੰ ਬੂਥ ਪੱਧਰ ਤੱਕ ਹੋਰ ਵਧੇਰੇ ਮਜ਼ਬੂਤ ਕਰਨ ਲਈ ਸਖ਼ਤ ਮਿਹਨਤ ਕੀਤੀ ਜਾਵੇਗੀ ਅਤੇ ਪਾਰਟੀ ਦੀਆਂ ਨੀਤੀਆਂ ਅਤੇ ਪ੍ਰਾਪਤੀਆਂ ਨੂੰ ਹਰ ਘਰ ਤੱਕ ਪਹੁੰਚਾਇਆ ਜਾਵੇਗਾ। ਇਸ ਮੌਕੇ 'ਤੇ ਵੱਖ-ਵੱਖ ਆਗੂਆਂ ਨੇ ਮਲਕੀਤ ਸਿੰਘ ਹੁੰਦਲ ਨੂੰ ਮਾਝਾ ਜੋਨ ਦਾ ਪ੍ਰਧਾਨ ਬਣਾਏ ਜਾਣ ਦਾ ਸਵਾਗਤ ਕਰਦਿਆਂ ਆਖਿਆ ਕਿ ਪਾਰਟੀ ਦੀ ਚੜ੍ਹਦੀ ਕਲਾ ਅਤੇ ਹੋਰ ਵਧੇਰੇ ਮਜ਼ਬੂਤੀ ਵਾਸਤੇ ਹੁੰਦਲ ਜਿਹੇ ਦੂਰ ਅੰਦੇਸ਼ੀ ਸੋਚ ਵਾਲੇ ਧੜੱਲੇਦਾਰ ਨੌਜਵਾਨਾ ਨੂੰ ਅਹਿਮ ਅਹੁੱਦਿਆਂ ਨਾਲ ਨਿਵਾਜ ਕੇ ਅੱਗੇ ਲਿਆਉਣਾ ਸਮੇਂ ਦੀ ਮੁੱਖ ਮੰਗ ਹੈ।

# ਮੀਂਹ ਨੇ ਵਿਗਾੜਿਆ ਰਸੋਈ ਦਾ ਬਜਟ, ਸਬਜ਼ੀਆਂ ਦੀਆਂ ਕੀਮਤਾਂ 'ਚ ਭਾਰੀ ਉਛਾਲ

ਨੈਸ਼ਨਲ ਡੈਸਕ 20 ਅਗਸਤ। ਚੰਡੀਗੜ੍ਹ ਮਾਨਸੂਨ ਦੀ ਤੇਜ਼ ਬਾਰਿਸ਼ ਨੇ ਜਿੱਥੇ ਜਨਜੀਵਨ ਨੂੰ ਪ੍ਰਭਾਵਿਤ ਕੀਤਾ ਹੈ, ਉੱਥੇ ਹੀ ਇਸ ਦਾ ਅਸਰ ਹੁਣ ਆਮ ਆਦਮੀ ਦੀ ਰਸੋਈ 'ਤੇ ਵੀ ਪੈਣ ਲੱਗਾ ਹੈ। ਬਾਰਿਸ਼ ਕਾਰਨ ਖੇਤਾਂ 'ਚ ਟਮਾਟਰ, ਗੋਭੀ ਸਮੇਤ ਕਈ ਸਬਜ਼ੀਆਂ ਦੀ ਫਸਲ ਪ੍ਰਭਾਵਿਤ ਹੋਈ ਹੈ। ਕਈ ਇਲਾਕਿਆਂ 'ਚ ਖੇਤਾਂ 'ਚ ਹੀ ਸਬਜ਼ੀਆਂ ਖ਼ਰਾਬ ਹੋਣ ਕਾਰਨ ਮੰਡੀਆਂ 'ਚ ਸਪਲਾਈ ਘੱਟ ਹੋ ਗਈ ਹੈ। ਇਸ ਦਾ ਸਿੱਧਾ ਅਸਰ ਸਬਜ਼ੀਆਂ ਦੀਆਂ ਕੀਮਤਾਂ 'ਤੇ ਪਿਆ ਹੈ। ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼, ਕਸ਼ਮੀਰ, ਪੰਜਾਬ, ਮਹਾਰਾਸ਼ਟਰ ਅਤੇ ਉਤਰਾਖੰਡ ਸਮੇਤ ਕਈ ਸੂਬਿਆਂ 'ਚ ਭਾਰੀ ਬਾਰਿਸ਼ ਕਾਰਨ ਫਸਲਾਂ ਨੂੰ ਨੁਕਸਾਨ ਪਹੁੰਚਿਆ ਹੈ। ਇਸ ਦਾ ਅਸਰ ਟ?ਰਾਈਸਿਟੀ ਦੀਆਂ ਮੰਡੀਆਂ 'ਚ



ਵੀ ਦਿਖਾਈ ਦੇ ਰਿਹਾ ਹੈ। ਚੰਡੀਗੜ੍ਹ, ਪੰਚਕੂਲਾ ਅਤੇ ਮੋਹਾਲੀ 'ਚ ਟਮਾਟਰ ਦੀ ਕੀਮਤ ਵਧ ਕੇ 40 ਤੋਂ 50 ਰੁਪਏ ਪ੍ਰਤੀ ਕਿਲੋ ਤੱਕ ਪਹੁੰਚ ਗਈ ਹੈ। ਪਿਛਲੇ ਹਫ਼ਤੇ ਟਮਾਟਰ 20 ਤੋਂ 25 ਰੁਪਏ ਕਿਲੋ ਵਿਕ ਰਿਹਾ ਸੀ। ਬਾਰਿਸ਼ ਕਾਰਨ ਜ਼ਿਆਦਾਤਰ ਹਰੀਆਂ ਸਬਜ਼ੀਆਂ ਦੀ ਕੀਮਤ ਵੀ 50 ਰੁਪਏ ਕਿਲੋ ਤੋਂ ਵੱਧ ਹੋ ਗਈ ਹੈ। ਆਲੂ ਕਰੀਬ 40 ਰੁਪਏ ਕਿਲੋ ਵਿਕ ਰਿਹਾ ਹੈ, ਜਦੋਂ ਕਿ 50 ਰੁਪਏ ਕਿਲੋ ਮਿਲਣ ਵਾਲੀ ਗੋਭੀ ਹੁਣ ਕਰੀਬ 100 ਰੁਪਏ ਕਿਲੋ ਤੱਕ ਪਹੁੰਚ ਗਈ ਹੈ। ਟਮਾਟਰ ਮਹਿੰਗਾ ਹੋਣ ਕਾਰਨ ਲੋਕਾਂ ਨੇ ਖਰੀਦਦਾਰੀ ਵੀ ਘੱਟ ਕਰ ਦਿੱਤੀ ਹੈ। ਪਹਿਲੇ ਲੋਕ 2-3 ਕਿਲੋ ਟਮਾਟਰ ਇਕੱਠੇ ਖਰੀਦ ਲੈਂਦੇ ਸਨ ਪਰ ਹੁਣ ਅੱਧਾ ਤੋਂ ਇਕ ਕਿਲੋ 'ਚ ਵੀ ਕੰਮ ਚਲਾ ਰਹੇ ਹਨ। ਸਬਜ਼ੀ ਮੰਡੀ ਦੇ ਦੁਕਾਨਦਾਰਾਂ ਦਾ ਕਹਿਣਾ ਹੈ ਕਿ ਬਾਰਿਸ਼ ਦੌਰਾਨ ਖੇਤਾਂ 'ਚ ਸਬਜ਼ੀਆਂ ਖ਼ਰਾਬ ਹੋਣ ਕਾਰਨ ਮੰਡੀਆਂ 'ਚ ਸਪਲਾਈ ਵੀ ਘੱਟ ਜਾਂਦੀ ਹੈ। ਮੰਗ ਦੇ ਮੁਕਾਬਲੇ ਸਪਲਾਈ ਘੱਟ ਹੋਣ ਕਾਰਨ ਕੀਮਤਾਂ 'ਚ ਅਚਾਨਕ ਤੇਜ਼ੀ ਆਉਂਦੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਬਾਰਿਸ਼ ਦਾ ਦੌਰ ਘੱਟ ਹੋਣ ਅਤੇ ਸਬਜ਼ੀਆਂ ਦੀ ਸਪਲਾਈ ਆਮ ਹੋਣ ਤੋਂ ਬਾਅਦ ਕੀਮਤਾਂ 'ਚ ਗਿਰਾਵਟ ਦੀ ਉਮੀਦ ਹੈ।

# ਆਸਾਮ 'ਚ ਸਥਿਤੀ ਗੰਭੀਰ, ਮ੍ਰਿਤਕਾਂ ਦੀ ਗਿਣਤੀ 100 ਪਹੁੰਚੀ, ਹੜ੍ਹ ਕਾਰਨ 1.4 ਲੱਖ ਲੋਕ ਪ੍ਰਭਾਵਿਤ

ਗੁਹਾਟੀ 20 ਅਗਸਤ। ਆਸਾਮ 'ਚ ਹੜ੍ਹ ਦੀ ਸਥਿਤੀ ਸੋਮਵਾਰ ਨੂੰ ਵੀ ਗੰਭੀਰ ਬਣੀ ਰਹੀ। 2 ਹੋਰ ਲੋਕਾਂ ਦੀ ਮੌਤ ਤੋਂ ਬਾਅਦ ਹੜ੍ਹ ਨਾਲ ਮਰਨ ਵਾਲਿਆਂ ਦੀ ਗਿਣਤੀ ਵਧ ਕੇ 100 ਹੋ ਗਈ, ਜਦੋਂ ਕਿ 7 ਜ਼ਿਲ੍ਹਿਆਂ 'ਚ ਕਰੀਬ 1.4 ਲੱਖ ਲੋਕ ਹੜ੍ਹ ਨਾਲ ਪ੍ਰਭਾਵਿਤ ਹਨ। ਇਕ ਅਧਿਕਾਰਤ ਬੁਲੇਟਿਨ ਤੋਂ ਇਹ ਜਾਣਕਾਰੀ ਪ੍ਰਾਪਤ ਹੋਈ। ਆਸਾਮ ਰਾਜ ਆਫ਼ਤ ਪ੍ਰਬੰਧਨ ਅਥਾਰਟੀ (ਏ.ਐੱਸ.ਡੀ.ਐੱਮ.ਏ.) ਦੇ ਇਕ ਅਧਿਕਾਰੀ ਨੇ ਕਿਹਾ ਕਿ ਕਈ ਨਦੀਆਂ ਖ਼ਤਰੇ ਦੇ ਨਿਸ਼ਾਨ ਤੋਂ ਉੱਪਰ ਵਹਿ ਰਹੀਆਂ ਹਨ, ਜਿਸ ਨਾਲ ਨਵੇਂ ਇਲਾਕਿਆਂ 'ਚ ਹੜ੍ਹ ਦਾ ਖ਼ਤਰਾ ਵਧ ਗਿਆ ਹੈ। ਐਤਵਾਰ ਰਾਤ ਨੂੰ ਜਾਰੀ ਕੀਤੇ ਗਏ ਅਥਾਰਟੀ ਦੇ ਰੋਜ਼ਾਨਾ ਹੜ੍ਹ ਬੁਲੇਟਿਨ ਦੇ ਅਨੁਸਾਰ, ਪਿਛਲੇ 24 ਘੰਟਿਆਂ 'ਚ ਗੋਲਾਘਾਟ ਅਤੇ ਕਾਰਬੀ ਆਂਗਲੋਂਗ ਜ਼ਿਲ੍ਹਿਆਂ 'ਚ ਹੜ੍ਹ ਕਾਰਨ 2 ਲੋਕਾਂ ਦੀ ਮੌਤ ਹੋ ਗਈ। ਇਨ੍ਹਾਂ ਮੌਤਾਂ ਦੇ ਨਾਲ, ਇਸ ਸਾਲ ਹੜ੍ਹਾਂ ਕਾਰਨ ਹੋਈਆਂ ਮੌਤਾਂ ਦੀ ਕੁੱਲ ਗਿਣਤੀ 100 ਹੋ ਗਈ ਹੈ। ਮੌਜੂਦਾ ਸਮੇਂ ਆਸਾਮ 'ਚ 456 ਪਿੰਡ ਹੜ੍ਹਾਂ



ਨਾਲ ਪ੍ਰਭਾਵਿਤ ਹਨ, ਜਦੋਂ ਕਿ 11,933.46 ਹੈਕਟੇਅਰ ਫਸਲੀ ਖੇਤਰ ਨੂੰ ਨੁਕਸਾਨ ਪਹੁੰਚਿਆ ਹੈ। ASDMA ਦੀ ਰੋਜ਼ਾਨਾ ਹੜ੍ਹ ਰਿਪੋਰਟ ਦੇ ਅਨੁਸਾਰ, ਚਰਾਈਦੇਵ, ਦਰਾਂਗ, ਗੋਲਾਘਾਟ, ਜੋਰਹਾਟ, ਕਾਰਬੀ ਆਂਗਲੋਂਗ, ਨਾਗਾਓਂ ਅਤੇ ਸ਼ਿਵਸਾਗਰ ਜ਼ਿਲ੍ਹਿਆਂ 'ਚ 1.37 ਲੱਖ ਤੋਂ ਵੱਧ ਲੋਕ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਹਨ। ਰਿਪੋਰਟ ਦੇ ਅਨੁਸਾਰ, ਗੋਲਾਘਾਟ ਜ਼ਿਲ੍ਹਾ ਹੜ੍ਹਾਂ ਨਾਲ ਸਭ ਤੋਂ ਵੱਧ ਪ੍ਰਭਾਵਿਤ ਹੋਇਆ ਹੈ, ਜਿਸ 'ਚ ਲਗਭਗ 70,000 ਲੋਕ ਪ੍ਰਭਾਵਿਤ ਹੋਏ ਹਨ। ਇਸ ਤੋਂ ਬਾਅਦ ਸ਼ਿਵਸਾਗਰ ਲਗਭਗ 40,000 ਲੋਕਾਂ ਨਾਲ ਅਤੇ ਜੋਰਹਾਟ 16,000 ਤੋਂ ਵੱਧ ਲੋਕਾਂ ਨਾਲ ਆਉਂਦਾ ਹੈ। ASDMA ਦੇ ਇਕ ਅਧਿਕਾਰੀ ਨੇ ਕਿਹਾ ਕਿ ਗੋਲਾਘਾਟ ਅਤੇ ਨੁਮਾਲੀਗੜ੍ਹ 'ਚ ਧਨਸਿਰੀ ਨਦੀ ਅਤੇ ਸ਼੍ਰੀਭੂਮੀ 'ਚ ਕੁਸ਼ਿਆਰਾ ਨਦੀ ਖ਼ਤਰੇ ਦੇ ਨਿਸ਼ਾਨ ਤੋਂ ਉੱਪਰ ਵਹਿ ਰਹੀ ਹੈ। ਉਨ੍ਹਾਂ ਕਿਹਾ ਕਿ ਗੋਲਾਘਾਟ ਜ਼ਿਲ੍ਹੇ 'ਚ ਧਨਸਿਰੀ ਨਦੀ ਦਾ ਪਾਣੀ ਦਾ ਪੱਧਰ ਲਗਾਤਾਰ ਵੱਧ ਰਿਹਾ ਹੈ, ਇਸ ਲਈ ਲੋਕਾਂ ਨੂੰ ਨਦੀ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ ਗਈ ਹੈ। ASDMA ਨੇ ਕਿਹਾ ਕਿ ਪ੍ਰਸ਼ਾਸਨ 6 ਜ਼ਿਲ੍ਹਿਆਂ 'ਚ 125 ਰਾਹਤ ਕੈਂਪ ਅਤੇ ਰਾਹਤ ਵੰਡ ਕੇਂਦਰ ਚਲਾ ਰਿਹਾ ਹੈ, ਜਿੱਥੇ ਇਸ ਸਮੇਂ 49,061 ਲੋਕਾਂ ਦੀ ਦੇਖਭਾਲ ਕੀਤੀ ਜਾ ਰਹੀ ਹੈ।

# ਕਾਂਗਰਸ ਸਰਕਾਰ ਬਣੀ ਤਾਂ ਪੰਜਾਬ 'ਚੋਂ ਇੱਕ ਮਹੀਨੇ 'ਚ ਗੈਂਗਸਟਰਵਾਦ ਖ਼ਤਮ ਕਰ ਦਿਆਂਗੇ: ਰਾਜਾ ਵੜਿੰਗ

**ਕੌਮੀ ਪਤ੍ਰਿਕਾ**

ਮਾਲੇਰਕੋਟਲਾ 20 ਅਗਸਤ। ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਦਾਅਵਾ ਕੀਤਾ ਹੈ ਕਿ ਜੇ ਸੂਬੇ ਵਿੱਚ ਕਾਂਗਰਸ ਦੀ ਸਰਕਾਰ ਬਣੀ ਤਾਂ ਇੱਕ ਮਹੀਨੇ ਦੇ ਅੰਦਰ ਗੈਂਗਸਟਰਵਾਦ ਨੂੰ ਖ਼ਤਮ ਕਰ ਦਿੱਤਾ ਜਾਵੇਗਾ। ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ ਅਤੇ ਸੂਬੇ ਦੀ 'ਆਪ' ਸਰਕਾਰ ਗੈਂਗਸਟਰਵਾਦ ਨੂੰ ਨੱਥ ਪਾਉਣ ਵਿੱਚ ਬੁਰੀ ਤਰ੍ਹਾਂ ਨਾਕਾਮ ਰਹੀਆਂ ਹਨ। ਮਲੇਰਕੋਟਲਾ ਵਿੱਚ 'ਹਰ ਬੂਥ ਕਾਂਗਰਸ ਮਜ਼ਬੂਤ' ਮੁਹਿੰਮ ਤਹਿਤ ਕੀਤੀ ਰੈਲੀ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਵੜਿੰਗ ਨੇ ਕਿਹਾ ਕਿ ਸੂਬੇ ਵਿੱਚ ਦਿਨ-ਦਿਹਾੜੇ ਕਤਲਾਂ ਅਤੇ ਫਿਰੌਤੀਆਂ ਦੀਆਂ ਘਟਨਾਵਾਂ ਕਾਰਨ ਲੋਕਾਂ ਵਿੱਚ ਡਰ ਦਾ ਮਾਹੌਲ ਬਣਿਆ ਹੋਇਆ ਹੈ। ਉਨ੍ਹਾਂ ਕਿਹਾ, "ਜੇ ਵਾਹਿਗੁਰੂ ਨੇ ਸੁੱਖ ਰੱਖੀ ਤਾਂ ਪੰਜਾਬ ਵਿੱਚ ਕਾਂਗਰਸ ਸਰਕਾਰ ਬਣਨ 'ਤੇ ਇੱਕ ਮਹੀਨੇ ਅੰਦਰ ਗੈਂਗਸਟਰਵਾਦ ਖ਼ਤਮ ਕਰ ਦਿੱਤਾ ਜਾਵੇਗਾ। ਅਕਾਲੀ ਦਲ ਵੱਲੋਂ ਭਾਜਪਾ ਨਾਲ ਮੁੜ ਸਮਝੌਤੇ ਦੀਆਂ ਸੰਭਾਵਨਾਵਾਂ



ਬਾਰੇ ਪੁੱਛੇ ਸਵਾਲ 'ਤੇ ਰਾਜਾ ਵੜਿੰਗ ਨੇ ਕਿਹਾ ਕਿ ਦੋਵੇਂ ਪਾਰਟੀਆਂ ਪਹਿਲਾਂ ਹੀ ਆਪਸ ਵਿੱਚ ਮਿਲੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਜੇ ਇਹ ਸਿਆਸੀ ਸਮਝੌਤਾ ਖੁੱਲ੍ਹ ਕੇ ਸਾਹਮਣੇ ਆ ਜਾਂਦਾ ਹੈ ਤਾਂ ਚੰਗਾ ਹੋਵੇਗਾ। ਉਨ੍ਹਾਂ ਦਾਅਵਾ ਕੀਤਾ ਕਿ ਹਰਸਿਮਰਤ ਕੌਰ ਬਾਦਲ ਦੀ ਭਾਜਪਾ ਨਾਲ ਸਾਂਝ ਹੋਣ ਕਾਰਨ ਕਾਂਗਰਸ ਨੂੰ ਇਸ ਨਾਲ ਕੋਈ ਫ਼ਰਕ ਨਹੀਂ ਪਵੇਗਾ। ਧਰਨੇ ਦੇ ਰਹੇ ਮੁਲਾਜ਼ਮਾਂ ਦੇ ਮੁੱਦੇ 'ਤੇ ਸ੍ਰੀ ਵੜਿੰਗ ਨੇ ਕਿਹਾ ਕਿ ਸਰਕਾਰ ਨੂੰ ਹਾਲੇ ਇਨ੍ਹਾਂ ਮੁਲਾਜ਼ਮਾਂ ਨੇ "ਟ?ਰੇਲਰ" ਹੀ ਦਿਖਾਇਆ ਹੈ, ਜਦਕਿ ਪੂਰਾ ਪੰਜਾਬ ਉਨ੍ਹਾਂ ਦੇ ਨਾਲ ਖੜ੍ਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਨੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਵਾਅਦਾ ਕੀਤਾ ਸੀ ਪਰ ਅਜੇ ਤੱਕ ਇਸ ਸਬੰਧੀ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਆਪਣੇ ਹੱਕਾਂ ਲਈ ਆਵਾਜ਼ ਉਠਾਉਣ ਵਾਲੇ ਮੁਲਾਜ਼ਮਾਂ ਨੂੰ ਨੌਕਰੀ ਤੋਂ ਕੱਢਣ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਮਨਰੇਗਾ ਮੁਲਾਜ਼ਮਾਂ, ਸਫ਼ਾਈ ਸੇਵਕਾਂ ਅਤੇ ਪਟਵਾਰੀਆਂ ਸਮੇਤ ਵੱਖ-ਵੱਖ ਵਰਗਾਂ ਦੇ ਮੁਲਾਜ਼ਮਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਰਕਾਰ ਨੂੰ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਦੀ ਆਦਤ ਪਾਉਣੀ ਚਾਹੀਦੀ ਹੈ। ਮੁੱਖ ਮੰਤਰੀ 'ਤੇ ਤਿੱਖਾ ਹਮਲਾ ਕਰਦਿਆਂ ਰਾਜਾ ਵੜਿੰਗ ਨੇ ਕਿਹਾ ਕਿ "ਅਹਿਮਦ ਸ਼ਾਹ ਅਬਦਾਲੀ ਵੀ ਇੰਨਾ ਹੰਕਾਰੀ ਨਹੀਂ ਹੋਇਆ ਹੋਵੇਗਾ, ਜਿੰਨਾ ਹੰਕਾਰ ਮੁੱਖ ਮੰਤਰੀ ਨੇ ਚੁੱਕਿਆ ਹੋਇਆ ਹੈ।" ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਹਰ ਵਿਅਕਤੀ ਨੂੰ ਆਪਣੇ ਹੱਕਾਂ ਲਈ ਧਰਨਾ ਦੇਣ ਅਤੇ ਰੋਸ ਪ੍ਰਗਟ ਕਰਨ ਦਾ ਅਧਿਕਾਰ ਹੈ। ਜਦੋਂ ਸਰਕਾਰਾਂ ਲੋਕਾਂ ਦੀ ਗੱਲ ਨਹੀਂ ਸੁਣਦੀਆਂ ਤਾਂ ਲੋਕਾਂ ਨੂੰ ਧਰਨੇ ਲਾਉਣ ਲਈ ਮਜਬੂਰ ਹੋਣਾ ਪੈਂਦਾ ਹੈ। ਇਸ ਮੌਕੇ ਕਾਂਗਰਸ ਦੀ ਜ਼ਿਲ੍ਹਾ ਪ੍ਰਧਾਨ ਨਿ ਨਿਸ਼ਾਤ ਅਖ਼ਤਰ, ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ, ਸੰਸਦ ਮੈਂਬਰ ਅਮਰ ਸਿੰਘ, ਕਮਲ ਧਾਲੀਵਾਲ, ਸਾਬਕਾ ਵਿਧਾਇਕ ਜੱਸੀ ਖੰਗੂੜਾ ਸਮੇਤ ਕਾਂਗਰਸ ਦੇ ਹੋਰ ਆਗੂ ਅਤੇ ਵਰਕਰ ਹਾਜ਼ਰ ਸਨ।

# ਪੰਜਾਬ 'ਚ ਰਾਸ਼ਨ ਕਾਰਡ ਬਣਾਉਣ ਵਾਲਿਆਂ ਲਈ ਪਿਆ ਵੱਡਾ ਪੰਗਾ !

**ਕੌਮੀ ਪਤ੍ਰਿਕਾ**

ਮੋਰਿੰਡਾ 20 ਅਗਸਤ। ਪੰਜਾਬ ਸਰਕਾਰ ਵੱਲੋਂ ਲੰਬੇ ਸਮੇਂ ਬਾਅਦ ਨਵੇਂ ਰਾਸ਼ਨ ਕਾਰਡ ਬਣਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੇ ਜਾਣ ਨਾਲ ਲੋਕਾਂ 'ਚ ਪੈਦਾ ਹੋਈ ਉਮੀਦ ਉਸ ਵੇਲੇ ਨਿਰਾਸ਼ਾ 'ਚ ਬਦਲ ਗਈ, ਜਦੋਂ ਅਰਜ਼ੀਆਂ ਤੇ ਦਸਤਾਵੇਜ਼ ਅਪਲੋਡ ਕਰਨ ਦੀ ਆਖ਼ਰੀ ਤਾਰੀਖ਼ ਵਾਲੇ ਦਿਨ ਹੀ ਸਰਕਾਰੀ ਪੋਰਟਲ ਨੇ ਲੋਕਾਂ ਨੂੰ ਖੱਜਲ-ਖੁਆਰ ਕਰ ਦਿੱਤਾ। ਮੰਗਲਵਾਰ ਸਵੇਰ ਤੋਂ ਹੀ ਸਾਈਟ ਦੇ ਬੰਦ ਰਹਿਣ ਜਾਂ ਬੇਹੱਦ ਹੌਲੀ ਚੱਲਣ ਕਾਰਨ ਸੁਵਿਧਾ ਕੇਂਦਰ ਮੋਰਿੰਡਾ ਵਿਖੇ ਰਾਸ਼ਨ ਕਾਰਡ ਬਣਵਾਉਣ ਲਈ ਪਹੁੰਚੇ ਲੋਕਾਂ ਨੂੰ ਕਈ ਘੰਟੇ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਸੁਵਿਧਾ ਕੇਂਦਰ ਵਿਖੇ ਸਵੇਰ ਤੋਂ ਹੀ ਨਵੇਂ ਰਾਸ਼ਨ ਕਾਰਡ ਬਣਵਾਉਣ ਲਈ ਲੋਕਾਂ, ਖ਼ਾਸ ਕਰਕੇ ਮਹਿਲਾਵਾਂ ਦੀਆਂ ਲੰਬੀਆਂ ਕਤਾਰਾਂ ਲੱਗੀਆਂ ਰਹੀਆਂ। ਲੋਕ ਵਾਰੀ ਦੀ ਉਡੀਕ 'ਚ ਘੰਟਿਆਂ ਤੱਕ ਖੜ੍ਹੇ ਰਹੇ ਪਰ ਪੋਰਟਲ ਦੀ ਤਕਨੀਕੀ ਸਮੱਸਿਆ ਕਾਰਨ ਜ਼ਿਆਦਾਤਰ ਲੋਕਾਂ ਦੇ ਦਸਤਾਵੇਜ਼ ਅਪਲੋਡ ਨਹੀਂ ਹੋ ਸਕੇ। ਕਈ ਘੰਟਿਆਂ ਦੀ ਉਡੀਕ ਤੋਂ ਬਾਅਦ ਸੈਂਕੜੇ ਲੋਕ ਬਿਨਾਂ ਕੰਮ ਕਰਵਾਏ ਹੀ ਨਿਰਾਸ਼ ਹੋ ਕੇ ਘਰਾਂ ਨੂੰ ਪਰਤ ਗਏ। ਦਿਲਚਸਪ ਗੱਲ ਇਹ ਰਹੀ ਕਿ ਸ਼ਾਮ 4 ਵਜੇ ਤੱਕ ਵੀ ਕਈ ਲੋਕ ਇਸ ਉਮੀਦ ਨਾਲ ਸੁਵਿਧਾ ਕੇਂਦਰ 'ਚ ਬੈਠੇ ਰਹੇ ਕਿ ਸ਼ਾਇਦ ਪੋਰਟਲ ਚਾਲੂ ਹੋ ਜਾਵੇ ਅਤੇ ਉਹ ਆਪਣੇ ਰਾਸ਼ਨ ਕਾਰਡ ਲਈ ਲੋੜੀਂਦੇ ਦਸਤਾਵੇਜ਼ ਜਮ?ਹਾਂ ਕਰਵਾ ਸਕਣ ਪਰ ਸਾਈਟ ਦੀ ਸਮੱਸਿਆ ਜਾਰੀ ਰਹਿਣ ਕਾਰਨ ਉਨ੍ਹਾਂ ਦੀ ਉਡੀਕ ਦਾ ਕੋਈ ਨਤੀਜਾ ਨਹੀਂ ਨਿਕਲਿਆ। ਸੁਵਿਧਾ ਕੇਂਦਰ ਮੋਰਿੰਡਾ ਵਿਖੇ ਖੱਜਲ-ਖੁਆਰ ਹੋ ਰਹੇ ਸਿਮਰਨਜੀਤ ਸਿੰਘ ਰੰਗੀਆਂ, ਬਖਸ਼ੀਸ਼ ਸਿੰਘ ਮੋਰਿੰਡਾ, ਹਰਪ੍ਰੀਤ ਸਿੰਘ ਮੜੌਲੀ ਕਲਾਂ ਸਮੇਤ ਹੋਰ ਲੋਕਾਂ ਤੇ ਮਹਿਲਾਵਾਂ ਨੇ ਸਰਕਾਰੀ ਪ੍ਰਬੰਧਾਂ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਜੇਕਰ ਆਖ਼ਰੀ ਮਿਤੀ ਵਾਲੇ ਦਿਨ ਹੀ ਸਰਕਾਰੀ ਪੋਰਟਲ ਨੇ ਕੰਮ ਨਹੀਂ ਕਰਨਾ ਸੀ ਤਾਂ ਲੋਕਾਂ ਨੂੰ ਪਹਿਲਾਂ ਤੋਂ ਇਸ ਬਾਰੇ ਸੂਚਿਤ ਕਿਉਂ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਦੂਰ-ਦੁਰਾਡੇ



ਇਲਾਕਿਆਂ ਤੋਂ ਲੋਕ ਆਪਣਾ ਕੰਮ ਛੱਡ ਕੇ ਸੁਵਿਧਾ ਕੇਂਦਰਾਂ 'ਚ ਪਹੁੰਚੇ ਸਨ। ਕਈ ਲੋਕਾਂ ਨੇ ਕਤਾਰਾਂ 'ਚ ਘੰਟਿਆਂ ਤੱਕ ਖੜ੍ਹੇ ਰਹਿਣ ਦੇ ਬਾਵਜੂਦ ਵੀ ਆਪਣਾ ਕੰਮ ਨਹੀਂ ਕਰਵਾ ਸਕੇ। ਲੋਕਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਪੋਰਟਲ ਦੀ ਤਕਨੀਕੀ ਖ਼ਰਾਬੀ ਕਾਰਨ ਜਿਹੜੇ ਲੋਕ ਅਰਜ਼ੀਆਂ ਜਮ?ਹਾਂ ਨਹੀਂ ਕਰਵਾ ਸਕੇ, ਉਨ੍ਹਾਂ ਨੂੰ ਰਾਹਤ ਦਿੰਦਿਆਂ ਰਾਸ਼ਨ ਕਾਰਡ ਬਣਾਉਣ ਦੀ ਮਿਆਦ ਤੁਰੰਤ ਵਧਾਈ ਜਾਵੇ। ਇਸ ਸਬੰਧੀ ਜਦੋਂ ਡੀ. ਐੱਫ. ਐੱਸ. ਓ. ਰੂਪਨਗਰ ਸੁਖਦੇਵ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਸਾਈਟ ਸਬੰਧੀ ਤਕਨੀਕੀ ਸਮੱਸਿਆ ਆ ਰਹੀ ਹੈ ਅਤੇ ਜਲਦ ਹੀ ਇਸ ਦੇ ਠੀਕ ਹੋਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਸਾਈਟ ਚਾਲੂ ਹੋਣ ਉਪਰੰਤ ਦਸਤਾਵੇਜ਼ ਅਪਲੋਡ ਕਰਨ ਦਾ ਕੰਮ ਸ਼ੁਰੂ ਹੋ ਜਾਵੇਗਾ। ਹਾਲਾਂਕਿ ਸ਼ਾਮ 4 ਵਜੇ ਤੱਕ ਵੀ ਸੁਵਿਧਾ ਕੇਂਦਰ 'ਚ ਕਈ ਲੋਕ ਪੋਰਟਲ ਚਾਲੂ ਹੋਣ ਦੀ ਉਡੀਕ ਕਰਦੇ ਰਹੇ। ਲੋਕਾਂ ਦਾ ਕਹਿਣਾ ਸੀ ਕਿ ਸਰਕਾਰੀ ਪੱਧਰ 'ਤੇ ਤਕਨੀਕੀ ਖਾਮੀ ਦਾ ਖਮਿਆਜ਼ਾ ਆਮ ਲੋਕਾਂ ਨੂੰ ਨਹੀਂ ਭੁਗਤਣਾ ਚਾਹੀਦਾ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਅੰਤਿਮ ਮਿਤੀ 'ਚ ਵਾਧਾ ਕੀਤਾ ਜਾਵੇ, ਤਾਂ ਜੋ ਤਕਨੀਕੀ ਕਾਰਨਾਂ ਕਰਕੇ ਵਾਂਝੇ ਰਹਿ ਗਏ ਲੋਕਾਂ ਨੂੰ ਰਾਸ਼ਨ ਕਾਰਡ ਬਣਾਉਣ ਦਾ ਮੌਕਾ ਮਿਲ ਸਕੇ।

# ਪੰਜਾਬ 'ਚ ਨਸ਼ਿਆਂ ਦੀ ਦੁਰਵਰਤੋਂ ਅਤੇ ਵਿਗੜਦੀ ਕਾਨੂੰਨ ਵਿਵਸਥਾ 'ਤੇ ਤਰੁਣ ਚੁੱਘ ਦਾ ਅਹਿਮ ਬਿਆਨ

ਨਵੀਂ ਦਿੱਲੀ 20 ਅਗਸਤ। ਭਾਜਪਾ ਦੇ ਤਰੁਣ ਚੁੱਘ ਨੇ ਪੰਜਾਬ ਵਿੱਚ ਕਥਿਤ ਤੌਰ 'ਤੇ ਵਧ ਰਹੇ ਨਸ਼ਿਆਂ ਦੇ ਖਤਰੇ ਅਤੇ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਲੈ ਕੇ ਸੂਬਾ ਸਰਕਾਰ 'ਤੇ ਸ਼ਬਦੀ ਹਮਲਾ ਕਰਦੇ ਸੋਮਵਾਰ ਨੂੰ ਰਾਜ ਸਭਾ ਵਿੱਚ ਦਾਅਵਾ ਕੀਤਾ ਕਿ ਸਰਹੱਦੀ ਖੇਤਰਾਂ ਵਿੱਚ ਇੱਕ ਵੱਡਾ ਡਰੱਗ ਨੈੱਟਵਰਕ ਲੰਬੇ ਸਮੇਂ ਤੋਂ ਸਰਗਰਮ ਹੈ, ਜਿਸ ਕਾਰਨ ਵੱਡੀ ਗਿਣਤੀ ਵਿੱਚ ਨੌਜਵਾਨ ਇਸ ਦਾ ਸ਼ਿਕਾਰ ਹੋ ਰਹੇ ਹਨ। ਉਪਰਲੇ ਸਦਨ ਵਿੱਚ ਸਿਫ਼ਰ ਕਾਲ ਦੌਰਾਨ ਇਹ ਮੁੱਦਾ ਉਠਾਉਂਦੇ ਹੋਏ ਚੁੱਘ ਨੇ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨੇ ਪੰਜਾਬ ਵਿੱਚ ਸਮਾਜਿਕ ਵਿਵਸਥਾ ਅਤੇ ਕਾਨੂੰਨ ਵਿਵਸਥਾ ਨੂੰ ਗੰਭੀਰਤਾ ਨਾਲ ਪ੍ਰਭਾਵਿਤ ਕੀਤਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਸੂਬੇ ਵਿੱਚ ਨਸ਼ੇ ਨਾਲ ਸਬੰਧਤ ਮਾਮਲੇ ਲਗਾਤਾਰ ਵਧ ਰਹੇ ਹਨ ਅਤੇ ਸਰਕਾਰ ਇਸ ਸਮੱਸਿਆ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਕਾਬੂ ਕਰਨ ਵਿੱਚ ਅਸਫਲ ਰਹੀ ਹੈ। 2024 ਦੀ ਅਪਰਾਧ ਰਿਪੋਰਟ ਵਿੱਚ ਨਸ਼ਿਆਂ ਨਾਲ ਸਬੰਧਤ ਕਈ ਮਾਮਲਿਆਂ ਨੂੰ ਉਜਾਗਰ ਕੀਤਾ ਗਿਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇੱਕ ਸਾਲ ਵਿੱਚ ਛੇ ਤੋਂ ਸੱਤ ਵੱਡੀਆਂ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਘਟਨਾਵਾਂ ਸਾਹਮਣੇ ਆਈਆਂ ਹਨ। ਪੰਜਾਬ ਵਿੱਚ ਨਸ਼ੇ ਕਾਰਨ ਕਈ ਲੋਕਾਂ ਦੀ ਮੌਤ ਹੋ ਰਹੀ ਹੈ ਅਤੇ ਇਸ ਸਾਲ ਵੀ ਅਜਿਹੇ ਕਈ ਮਾਮਲੇ ਸਾਹਮਣੇ ਆਏ ਹਨ। ਭਾਜਪਾ ਮੈਂਬਰ ਨੇ ਦੋਸ਼ ਲਗਾਇਆ ਕਿ ਸਰਕਾਰ ਨਾ ਤਾਂ ਅਪਰਾਧ ਨੂੰ ਰੋਕ ਰਹੀ ਹੈ ਅਤੇ ਨਾ ਹੀ ਨਸ਼ੀਲੇ ਪਦਾਰਥਾਂ ਦੇ ਨੈੱਟਵਰਕ ਨੂੰ ਖਤਮ ਕਰਨ ਲਈ ਪ੍ਰਭਾਵਸ਼ਾਲੀ ਕਦਮ ਚੁੱਕ ਰਹੀ ਹੈ। ਸਰਹੱਦੀ ਸੂਬਾ ਹੋਣ ਕਰਕੇ ਪੰਜਾਬ ਨੂੰ ਵਿਸ਼ੇਸ਼ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਚੁੱਘ ਨੇ ਦੋਸ਼ ਲਗਾਇਆ ਕਿ ਪਾਕਿਸਤਾਨ ਤੋਂ ਡਰੋਨ ਰਾਹੀਂ ਹਥਿਆਰ ਅਤੇ ਨਸ਼ੀਲੇ ਪਦਾਰਥ ਭੇਜੇ ਜਾ ਰਹੇ ਹਨ, ਜਿਸ ਨਾਲ ਸੂਬੇ ਦੀ ਸੁਰੱਖਿਆ ਲਈ ਖ਼ਤਰਾ ਵਧ ਰਿਹਾ ਹੈ। ਪੰਜਾਬ ਦੇ ਕਈ ਸ਼ਹਿਰਾਂ ਅਤੇ ਪਿੰਡਾਂ ਵਿੱਚ ਨੌਜਵਾਨ ਨਸ਼ੇ ਦੀ ਸਮੱਸਿਆ ਨਾਲ ਜੂਝ ਰਹੇ ਹਨ ਅਤੇ ਵੱਡੀ ਗਿਣਤੀ ਵਿੱਚ ਪਰਿਵਾਰ ਇਸ ਤੋਂ ਪ੍ਰਭਾਵਿਤ ਹੋ ਰਹੇ ਹਨ। ਸੂਬੇ ਵਿੱਚ ਵੱਧ ਰਹੀ ਹਿੰਸਾ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪੁਲਸ ਸਟੇਸ਼ਨਾਂ ਨੂੰ ਵੀ ਨਿਸ਼ਾਨਾ ਬਣਾਇਆ ਗਿਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਕਈ ਪੁਲਸ ਸਟੇਸ਼ਨਾਂ 'ਤੇ ਬੰਬ ਧਮਾਕੇ ਹੋਏ ਹਨ ਅਤੇ ਇੱਕ ਸਟੇਸ਼ਨ 'ਤੇ ਰਾਕੇਟ ਲਾਂਚਰ ਨਾਲ ਵੀ ਹਮਲਾ ਕੀਤਾ ਗਿਆ ਹੈ। ਰਾਜ ਸਰਕਾਰ ਕਾਨੂੰਨ ਵਿਵਸਥਾ ਬਣਾਈ ਰੱਖਣ ਦੀ ਜ਼ਿੰਮੇਵਾਰੀ ਲੈਂਦੀ ਹੈ ਪਰ ਮੌਜੂਦਾ ਸਥਿਤੀ ਦੱਸਦੀ ਹੈ ਕਿ ਸਰਕਾਰ ਇਸ ਮੋਰਚੇ 'ਤੇ ਅਸਫਲ ਰਹੀ ਹੈ।

# 'ਮੱਛਰਾਂ ਨੂੰ ਮਾਰਨ ਲਈ ਤਲਵਾਰਾਂ ਨਾ ਚਲਾਓ', ਬੰਬੇ ਹਾਈ ਕੋਰਟ ਨੇ ਮਹਾਰਾਸ਼ਟਰ 641 ਨੂੰ ਸੁਣਾਈਆਂ ਖਰੀਆਂ-ਖਰੀਆਂ

ਮੁੰਬਈ 20 ਅਗਸਤ। ਬੰਬੇ ਹਾਈ ਕੋਰਟ ਨੇ ਮਹਾਰਾਸ਼ਟਰ ਐੱਫ. ਡੀ. ਏ. ਭਾਵ ਫੂਡ ਐਂਡ ਡਰੱਗ ਐਡਮਿਨਿਸਟ?ਰੇਸ਼ਨ ਨੂੰ ਖਰੀਆਂ-ਖਰੀਆਂ ਸੁਣਾਉਂਦੇ ਹੋਏ ਮੰਗਲਵਾਰ ਕਿਹਾ ਕਿ ਉਹ ਮੱਛਰਾਂ ਨੂੰ ਮਾਰਨ ਲਈ ਤਲਵਾਰਾਂ' ਦੀ ਵਰਤੋਂ ਕਰ ਰਿਹਾ ਹੈ। ਉਸ ਨੂੰ ਆਪਣੀਆਂ ਸ਼ਕਤੀਆਂ ਦੀ ਸਮਝਦਾਰੀ ਨਾਲ ਵਰਤੋਂ ਕਰਨੀ ਚਾਹੀਦੀ ਹੈ। ਹਾਈ ਕੋਰਟ ਨੇ ਚਿਤਾਵਨੀ ਦਿੱਤੀ ਕਿ ਜੇ ਉਸ ਦੀ ਸਖ਼ਤ ਕਾਰਵਾਈ ਦੇ ਮਾਮਲੇ ਸਾਹਮਣੇ ਆਉਂਦੇ ਹਨ ਤਾਂ ਭਾਰੀ ਜੁਰਮਾਨਾ ਲਾਇਆ ਜਾਏਗਾ। ਕੈਡਿਲਾ ਫਾਰਮਾਸਿਊਟੀਕਲਜ਼ ਵੱਲੋਂ ਕੁਝ ਦਵਾਈਆਂ ਵਿਰੁੱਧ ਐੱਫ. ਡੀ. ਏ. ਦੀ ਕਾਰਵਾਈ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ ਅਦਾਲਤ ਨੇ ਏਜੰਸੀ ਨੂੰ ਨਿਰਦੇਸ਼ ਦਿੱਤਾ ਕਿ ਕੋਈ ਵੀ ਸਖ਼ਤ ਕਾਰਵਾਈ ਕਰਨ ਤੋਂ ਪਹਿਲਾਂ ਕੰਪਨੀ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਵੇ। ਕਾਰਜਕਾਰੀ ਚੀਫ ਜਸਟਿਸ ਰਵਿੰਦਰ ਘੁਗੇ ਤੇ ਜਸਟਿਸ ਗੌਤਮ ਦੀ ਬੈਂਚ ਦੀਆਂ ਟਿੱਪਣੀਆਂ ਤੋਂ ਬਾਅਦ ਐੱਫ. ਡੀ. ਏ. ਨੇ ਕਿਹਾ ਕਿ ਰੈਗੂਲੇਟਰ ਪਟੀਸ਼ਨਰ ਵਿਰੁੱਧ ਆਪਣਾ ਹੁਕਮ ਵਾਪਸ ਲਵੇਗਾ, ਕਾਰਨ ਦੱਸੋ ਨੋਟਿਸ ਜਾਰੀ ਕਰੇਗਾ ਅਤੇ ਕੋਈ ਵੀ ਸਖ਼ਤ ਹੁਕਮ ਪਾਸ ਕਰਨ ਤੋਂ ਪਹਿਲਾਂ ਉਸ ਨੂੰ ਸੁਣਵਾਈ ਦਾ ਮੌਕਾ ਪ੍ਰਦਾਨ ਕਰੇਗਾ। ਕੈਡਿਲਾ ਫਾਰਮਾਸਿਊਟੀਕਲਜ਼ ਲਿਮਟਿਡ ਨੇ ਐੱਫ. ਡੀ. ਏ. ਦੇ ਉਸ ਹੁਕਮ ਨੂੰ ਚੁਣੌਤੀ ਦਿੱਤੀ ਹੈ ਜਿਸ 'ਚ ਬ੍ਰਾਂਡਿੰਗ 'ਚ ਬਰਾਬਰੀ ਕਾਰਨ ਸੂਬੇ 'ਚ ਉਸ ਦੀਆਂ ਕੁਝ ਦਵਾਈਆਂ ਦੀ ਵਿਕਰੀ ਅਤੇ ਵੰਡ 'ਤੇ ਪਾਬੰਦੀ ਲਾਉਣ ਤੇ 2.45 ਕਰੋੜ ਰੁਪਏ ਦੇ ਸਟਾਕ ਨੂੰ ਜ਼ਬਤ ਕਰਨ ਦਾ ਹੁਕਮ ਦਿੱਤਾ ਗਿਆ ਸੀ । ਸਰਕਾਰੀ ਵਕੀਲ ਨੇਹਾ ਨੇ ਅਦਾਲਤ ਨੂੰ ਦੱਸਿਆ ਕਿ ਦਵਾਈਆਂ 'ਚ ਭੁਲੇਖੇ ਵਾਲੀ ਸਥਿਤੀ ਸੀ, ਜਿਸ ਕਾਰਨ ਇਹ ਫੈਸਲਾ ਲਿਆ ਗਿਆ।

# ਵਿਦੇਸ਼ਾਂ 'ਚ ਪਾਵਨ ਬੀੜਾਂ ਦੀ ਅਣਅਧਿਕਾਰਤ ਪ੍ਰਕਾਸ਼ਨਾ ਵਿਰੁੱਧ ਹੋਵਗੀ ਸਖ਼ਤ ਕਾਰਵਾਈ : ਗੜਗੱਜ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 20 ਅਗਸਤ। ਯੂ.ਐੱਸ.ਏ. ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਧਿਕਾਰਤ ਕਮੇਟੀ ਦੇ ਕੋਆਰਡੀਨੇਟਰ ਤੇ ਮੈਂਬਰ ਭਾਈ ਸਵਿੰਦਰ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਦੋਵਾਂ ਵਿਚਕਾਰ ਯੂ.ਐੱਸ.ਏ. ਅੰਦਰ ਵੱਸਦੇ ਸਿੱਖਾਂ ਅਤੇ ਉਥੋਂ ਦੇ ਗੁਰਦੁਆਰਾ ਸਾਹਿਬਾਨ ਨਾਲ ਸਬੰਧਤ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਚੱਲ ਰਹੇ ਕਈ ਅਹਿਮ ਮਾਮਲਿਆਂ 'ਤੇ ਗੰਭੀਰ ਵਿਚਾਰ-ਵਟਾਂਦਰਾ ਹੋਇਆ ਅਤੇ ਭਵਿੱਖੀ ਤਰਜੀਹਾਂ ਨਿਰਧਾਰਤ ਕੀਤੀਆਂ ਗਈਆਂ। ਮੁਲਾਕਾਤ ਦੌਰਾਨ ਬੀਤੇ ਸਮੇਂ ਕੁਝ ਵਿਅਕਤੀਆਂ ਵੱਲੋਂ ਵਿਦੇਸ਼ਾਂ ਤੋਂ ਅਣਅਧਿਕਾਰਤ ਤੌਰ ਉੱਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪਾਵਨ ਬੀੜਾਂ ਦੀ ਪ੍ਰਕਾਸ਼ਨਾ ਕਰ ਕੇ



ਸ਼ਰਧਾਲੂ ਸਿੱਖਾਂ ਨੂੰ ਵੇਚਣ, ਵਿਦੇਸ਼ਾਂ ਵਿਚ ਵੱਸਦੇ ਸਿੱਖਾਂ ਨੂੰ ਪਾਵਨ ਬੀੜਾਂ ਮੁਹੱਈਆ ਕਰਵਾਉਣ, ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਾਂ ਵਿਚ ਮਰਿਆਦਾ ਦੀ ਉਲੰਘਣਾ ਤੇ ਅਣਗਹਿਲੀ, ਸਿੱਖਾਂ ਦੇ ਆਪਸੀ ਬੇਲੋੜੇ ਵਿਵਾਦਾਂ, ਇਕ-ਦੂਜੇ ਵਿਰੁੱਧ ਦੂਸ਼ਣਬਾਜ਼ੀ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਗ਼ਲਤ ਤੇ ਗੁਮਰਾਹਕੁੰਨ ਜਾਣਕਾਰੀਆਂ ਭੇਜਣ ਦੇ ਮਾਮਲੇ ਗੰਭੀਰਤਾ ਨਾਲ ਵਿਚਾਰੇ ਗਏ। ਇਸ ਦੌਰਾਨ ਇਹ ਵੀ ਵਿਚਾਰ ਹੋਈ ਕਿ ਮੌਜੂਦਾ ਸਮੇਂ ਪੰਥਕ ਏਕਤਾ ਦੇ ਮੱਦੇਨਜ਼ਰ ਕਾਰਜ ਕਰਦਿਆਂ ਸਿੱਖ ਸੰਗਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਪ੍ਰਤੀ ਕੇਂਦ੍ਰਿਤ ਤੇ ਸਮਰਪਿਤ ਰੱਖਣਾ ਅਤਿ ਜ਼ਰੂਰੀ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਬੀਤੇ ਸਮੇਂ ਕੁਝ ਵਿਅਕਤੀਆਂ ਵੱਲੋਂ ਅਣਅਧਿਕਾਰਤ ਤੌਰ 'ਤੇ ਚੀਨ ਅਤੇ ਵਿਦੇਸ਼ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪਾਵਨ ਬੀੜਾਂ ਪ੍ਰਕਾਸ਼ਿਤ ਕਰਵਾਈਆਂ ਗਈਆਂ ਸਨ, ਜਿਸ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਖ਼ਤ ਕਾਰਵਾਈ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਹੁਣ ਫਿਰ ਇਹ ਜਾਣਕਾਰੀ ਪ੍ਰਾਪਤ ਹੋ ਰਹੀ ਹੈ ਕਿ ਯੂ.ਐੱਸ.ਏ. ਅਤੇ ਯੂ.ਕੇ. ਅੰਦਰ ਕੁਝ ਵਿਅਕਤੀਆਂ ਦੇ ਸਮੂਹ ਵੱਲੋਂ ਫਿਰ ਤੋਂ ਇਹ ਕੰਮ ਕੀਤਾ ਜਾ ਰਿਹਾ ਹੈ, ਜਿਸ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਕਰੜਾ ਨੋਟਿਸ ਲੈਂਦਿਆਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵਿਸ਼ਵ ਭਰ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਬਿਨਾਂ ਕਿਸੇ ਵੀ ਵਿਅਕਤੀ ਜਾਂ ਸੰਸਥਾ ਨੂੰ ਆਪਣੇ ਪੱਧਰ ਉੱਤੇ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਪ੍ਰਕਾਸ਼ਿਤ ਕਰਨ ਤੇ ਛਪਾਈ ਕਰਨ ਦਾ ਅਧਿਕਾਰ ਨਹੀਂ ਹੈ। ਉਨ੍ਹਾਂ ਕਿਹਾ ਕਿ ਪਾਵਨ ਬੀੜਾਂ ਦੀ ਵਿਦੇਸ਼ਾਂ ਵਿਚ ਅਣਅਧਿਕਾਰਤ ਤੌਰ 'ਤੇ ਪ੍ਰਕਾਸ਼ਨਾ ਸਬੰਧੀ ਜੋ ਵੀ ਜਾਣਕਾਰੀ ਪੁੱਜੀ ਹੈ, ਉਸ ਦੀ ਗੰਭੀਰਤਾ ਨਾਲ ਜਾਂਚ ਕਰਵਾ ਕੇ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਉਹ ਯੂ.ਐੱਸ.ਏ. ਦਾ ਦੌਰਾ ਕਰਨਗੇ ਅਤੇ ਉਥੇ ਵੱਸਦੀ ਸਿੱਖ ਸੰਗਤ ਨਾਲ ਵਿਚਾਰ ਕਰਨਗੇ। ਇਸ ਮੌਕੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਬਗੀਚਾ ਸਿੰਘ, ਮੀਡੀਆ ਸਲਾਹਕਾਰ ਜਸਕਰਨ ਸਿੰਘ, ਸਟਾਫ਼ ਮੈਂਬਰ ਹਰਜੋਧ ਸਿੰਘ ਵੀ ਹਾਜ਼ਰ ਸਨ।